ਸ਼ੁੱਕਰਵਾਰ, 21 ਅਗਸਤ, 2026
5 ਭਾਦੋਂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 80

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • FRIDAY, 21 AUGUST, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ ਬੰਦ ਅੱਜ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕੌਮੀ ਇਨਸਾਫ ਮੋਰਚੇ ਵੱਲੋਂ 21 ਅਗਸਤ ਨੂੰ ਸਵੇਰੇ 7 ਵਜੇ ਤੋਂ ਲੈ ਕੇ ਦੁਪਹਿਰ 2 ਵਜੇ ਤੱਕ ਪੰਜਾਬ ਬੰਦ ਦਾ ਐਲਾਨ ਕੀਤਾ ਗਿਆ ਹੈ। ਇਸ ਦੌਰਾਨ ਆਵਾਜਾਈ ਬੰਦ ਰਹੇਗੀ ਅਤੇ ਐਮਰਜੈਂਸੀ ਸੇਵਾਵਾਂ ਬਹਾਲ ਰਹਿਣਗੀਆਂ। ਪ੍ਰੈੱਸ ਕਾਨਫਰੰਸ ਦੌਰਾਨ ਕੌਮੀ ਇਨਸਾਫ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਥਾਂ ਪੁਲਸ ਵੱਲੋਂ ਉਨ੍ਹਾਂ ਖਿਲਾਫ ਹੀ ਕਾਰਵਾਈ ਕੀਤੀ ਗਈ, ਜਿਸ ਦੇ ਚੱਲਦੇ ਉਨ੍ਹਾਂ ਨੇ 21 ਅਗਸਤ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਹੈ।

## ਸੱਜਣ ਕੁਮਾਰ ਦਾ ਦੇਹਾਂਤ



ਨਵੀਂ ਦਿੱਲੀ : 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਦਾ ਵੀਰਵਾਰ ਨੂੰ ਦੇਹਾਂਤ ਹੋ ਗਿਆ ਹੈ। ਸਫਦਰਜੰਗ ਹਸਪਤਾਲ ਦੇ ਸੂਤਰਾਂ ਨੇ ਇਸ ਦੀ ਪੁਸ਼ਟੀ ਕੀਤੀ ਹੈ। ਹਸਪਤਾਲ ਵੱਲੋਂ ਉਨ੍ਹਾਂ ਦੀ ਮੌਤ ਦੇ ਕਾਰਨਾਂ ਬਾਰੇ ਕੋਈ ਸਪੱਸ਼ਟ ਜਾਣਕਾਰੀ ਨਹੀਂ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਦਿੱਲੀ ਹਾਈ ਕੋਰਟ ਨੇ 17 ਦਸੰਬਰ 2018 ਨੂੰ 1984 ਦੇ ਸਿੱਖ ਵਿਰੋਧੀ ਦੰਗਿਆਂ ਦੌਰਾਨ ਪੰਜ ਸਿੱਖਾਂ ਦੇ ਕਤਲ ਅਤੇ ਇੱਕ ਗੁਰਦੁਆਰੇ ਨੂੰ ਸਾੜਨ ਦੇ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਇਸ ਤੋਂ ਪਹਿਲਾਂ ਉਹ ਤਿਹਾੜ ਜੇਲ੍ਹ ਵਿੱਚ ਬੰਦ ਸਨ। ਇਸ ਤੋਂ ਇਲਾਵਾ, ਫਰਵਰੀ 2025 ਵਿੱਚ ਦਿੱਲੀ ਦੀ ਇੱਕ ਹੋਰ ਅਦਾਲਤ ਨੇ ਵੀ ਦੰਗਿਆਂ ਦੌਰਾਨ ਦੋ ਸਿੱਖ ਵਿਅਕਤੀਆਂ ਦੇ ਕਤਲ ਨਾਲ ਜੁੜੇ ਇੱਕ ਵੱਖਰੇ ਮਾਮਲੇ ਵਿੱਚ ਉਨ੍ਹਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਸੱਜਣ ਕੁਮਾਰ ਤਿੰਨ ਵਾਰ ਲੋਕ ਸਭਾ ਮੈਂਬਰ ਰਹੇ।

## ਫਿਰ ਘਿਰ ਗਿਆ ਹਰਭਜਨ ਸਿੰਘ



ਚੰਡੀਗੜ੍ਹ : ਰਾਜਸਥਾਨ ਵਾਲੇ ਵੀਡੀਓ ਵਿਵਾਦ ਤੋਂ ਬਾਅਦ, ਹਰਭਜਨ ਸਿੰਘ ਨੇ ਸਕੂਲ ਦੇ ਪਖਾਨਿਆਂ ਅਤੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਨਾਲ ਸੰਬੰਧਤ ਵੀਡੀਓ ਰਾਹੀਂ ਇੱਕ ਵਾਰ ਫਿਰ 'ਆਪ' ਸਰਕਾਰ ਨੂੰ ਘੇਰਨ ਦਾ ਯਤਨ ਕੀਤਾ। ਹਰਭਜਨ ਨੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਜਲਹਣ ਦੇ ਸਰਕਾਰੀ ਹਾਈ ਸਕੂਲ ਵਿੱਚ ਪਖਾਨਿਆਂ ਦੀ ਕਥਿਤ ਮਾੜੀ ਹਾਲਤ ਨੂੰ ਉਜਾਗਰ ਕਰਦੇ ਹੋਏ ਆਪਣੇ ਐਕਸ ਹੈਂਡਲ 'ਤੇ ਲਗਾਤਾਰ ਦੋ ਵੀਡੀਓ ਸਾਂਝੇ ਕੀਤੇ ਹਨ, ਪ੍ਰੰਤੂ ਸਾਂਝੀ ਕੀਤੀ ਗਈ ਵੀਡੀਓ 2018 ਵਿੱਚ ਬਣਾਈ ਗਈ ਇੱਕ ਪੁਰਾਣੀ ਵੀਡੀਓ ਨਿਕਲੀ ਹੈ। ਵੀਡੀਓ ਸ਼ੇਅਰ ਕਰਨ ਦੇ ਕੁਝ ਘੰਟਿਆਂ ਬਾਅਦ ਹੀ ਕ੍ਰਿਕਟਰ ਨੂੰ ਗੁੰਮਰਾਹਕੁੰਨ ਸਮੱਗਰੀ ਸਾਂਝੀ ਕਰਨ ਲਈ ਤਿੱਖੀ ਆਲੋਚਨਾ ਦਾ ਸਾਹਮਣਾ ਕਰਨਾ ਪਿਆ। ਹਾਲਾਂਕਿ ਹਰਭਜਨ ਦੁਆਰਾ ਸਾਂਝੀ ਕੀਤੀ ਗਈ ਦੂਜੀ ਵੀਡੀਓ ਦੀ ਕੋਈ ਆਲੋਚਨਾ ਨਹੀਂ ਹੋਈ ਹੈ, ਜਿਸ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਤਲਵੰਡੀ ਦੇ ਨਿਵਾਸੀਆਂ ਨੇ ਇੱਕ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਗਿੱਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਜੀਵਨ ਸਿੰਘ ਸੰਗੋਵਾਲ ਨੂੰ ਘੇਰਿਆ ਸੀ। ਸਾਫ਼ ਤੌਰ 'ਤੇ ਗੁੱਸੇ ਵਿੱਚ ਆਏ ਪਿੰਡ ਵਾਸੀਆਂ ਨੇ ਵਧ ਰਹੀ ਨਸ਼ੇ ਦੀ ਸਮੱਸਿਆ ਅਤੇ ਪਿੰਡ ਵਿੱਚ ਬੁਨਿਆਦੀ ਢਾਂਚੇ ਦੀ ਖਸਤਾ ਹਾਲਤ ਸਮੇਤ ਕਈ ਮੁੱਦੇ ਉਠਾਏ।

## ਪਾਕਿ ਹਾਈ ਕਮਿਸ਼ਨ ਦੇ ਬਾਹਰੋਂ ਸੁਰੱਖਿਆ ਘੇਰਾ ਹਟਾਇਆ

ਨਵੀਂ ਦਿੱਲੀ : ਪਾਕਿਸਤਾਨ ਨਾਲ ਜਾਰੀ ਤਣਾਅ ਦਰਮਿਆਨ ਇੱਕ ਜਵਾਬੀ ਕਾਰਵਾਈ ਤਹਿਤ ਭਾਰਤੀ ਅਧਿਕਾਰੀਆਂ ਨੇ ਨਵੀਂ ਦਿੱਲੀ ਵਿੱਚ ਪਾਕਿਸਤਾਨ ਹਾਈ ਕਮਿਸ਼ਨ ਦੇ ਬਾਹਰ ਲੱਗੇ ਬੈਰੀਕੇਡ, ਟਰੈਫਿਕ ਬੋਲਾਰਡ ਅਤੇ ਹੋਰ ਚੀਜ਼ਾਂ ਨੂੰ ਹਟਾ ਦਿੱਤਾ ਹੈ, ਜਿਸ ਨਾਲ ਡਿਪਲੋਮੈਟਿਕ ਕੰਪਲੈਕਸ ਦੇ ਬਾਹਰਲਾ ਸੁਰੱਖਿਆ ਘੇਰਾ ਖ਼ਤਮ ਹੋ ਗਿਆ ਹੈ। ਇਹ ਕਾਰਵਾਈ ਪਾਕਿਸਤਾਨੀ ਅਧਿਕਾਰੀਆਂ ਵੱਲੋਂ ਇਸਲਾਮਾਬਾਦ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਲੱਗੇ ਖੰਭਿਆਂ ਨੂੰ ਹਟਾਉਣ ਦੀਆਂ ਰਿਪੋਰਟਾਂ ਤੋਂ ਬਾਅਦ ਸਾਹਮਣੇ ਆਈ ਹੈ। ਚਾਣਕਿਆਪੁਰੀ ਵਿੱਚ ਪਾਕਿਸਤਾਨ ਮਿਸ਼ਨ ਦੇ ਵੀਜ਼ਾ ਸੈਕਸ਼ਨ ਦੇ ਬਾਹਰ ਬਣੇ ਚਾਰਿਆਂ ਅਤੇ ਰੁਕਾਵਟਾਂ ਨੂੰ ਸਾਫ਼ ਕਰਨ ਲਈ ਜੇ.ਸੀ.ਬੀ. ਦੀ ਵਰਤੋਂ ਕੀਤੀ ਗਈ।

## ਇਮਤਿਹਾਨ ਦੇਣ ਲਈ ਮੀਟਿੰਗ ਛੱਡੀ : ਚੰਨੀ



ਚੰਡੀਗੜ੍ਹ : ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਵੀਰਵਾਰ ਕਿਹਾ ਕਿ ਪਾਰਟੀ ਹਾਈ ਕਮਾਨ ਨੇ ਉਨ੍ਹਾਂ ਨੂੰ ਕਾਂਗਰਸ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚੋਂ ਗੈਰ-ਹਾਜ਼ਰ ਰਹਿਣ ਦੀ ਇਜਾਜ਼ਤ ਦੇ ਦਿੱਤੀ ਸੀ, ਕਿਉਂਕਿ ਉਨ੍ਹਾਂ ਇੱਥੇ ਪੰਜਾਬ ਯੂਨੀਵਰਸਿਟੀ ਵਿੱਚ ਇਮਤਿਹਾਨ ਦੇਣਾ ਸੀ। ਜਲੰਧਰ ਤੋਂ ਮੌਜੂਦਾ ਸੰਸਦ ਮੈਂਬਰ ਚੰਨੀ ਪੰਜਾਬ ਯੂਨੀਵਰਸਿਟੀ ਤੋਂ ਰਾਜਨੀਤੀ ਸ਼ਾਸਤਰ ਵਿੱਚ ਪੀ ਐੱਚ ਡੀ ਕਰ ਰਹੇ ਹਨ ਅਤੇ ਉਹ ਇਸ ਸਮੇਂ ਪਬਲਿਕ ਐਡਮਨਿਸਟ੍ਰੇਸ਼ਨ ਵਿੱਚ ਮਾਸਟਰ ਡਿਗਰੀ ਕਰ ਰਹੇ ਹਨ। ਚੰਨੀ ਨੇ ਕਿਹਾ, 'ਮੈਂ ਪਾਰਟੀ ਹਾਈ ਕਮਾਨ ਤੋਂ ਲਿਖਤੀ ਇਜਾਜ਼ਤ ਲਈ ਸੀ ਕਿ ਮੈਂ ਬੁੱਧਵਾਰ ਨੂੰ ਮੀਟਿੰਗ ਵਿੱਚ ਸ਼ਾਮਲ ਨਹੀਂ ਹੋ ਸਕਾਂਗਾ।'

# ਨੌਜਵਾਨ ਫਾਸ਼ੀਵਾਦ ਸ਼ਾਸਨ ਦਾ ਅੰਤ ਨੇੜੇ ਲੈ ਆਏ : ਪ੍ਰਕਾਸ਼ ਰਾਜ



ਤ੍ਰਿਸ਼ੂਰ (ਨ ਜ਼ ਸ)
ਉੱਘੇ ਫਿਲਮੀ ਅਦਾਕਾਰ ਪ੍ਰਕਾਸ਼ ਰਾਜ ਨੇ ਵੀਰਵਾਰ ਕਿਹਾ ਕਿ ਨੀਟ ਪੇਪਰ ਲੀਕ ਦੇ ਖ਼ਿਲਾਫ਼ ਨੌਜਵਾਨਾਂ ਦੇ ਪ੍ਰੋਟੈਸਟ ਦੇ ਬਾਅਦ ਦੇਸ਼ ਵਿੱਚ ਫਾਸ਼ੀਵਾਦੀ ਸ਼ਾਸਨ ਆਪਣੇ ਅੰਤ ਦੇ ਨੇੜੇ ਹੈ ਅਤੇ ਨੌਜਵਾਨ ਇਹ ਯਕੀਨੀ ਬਣਾਉਣ ਕਿ ਅਜਿਹੀਆਂ ਤਾਕਤਾਂ ਦੁਬਾਰਾ ਸੱਤਾ ਵਿੱਚ ਨਾ ਆਉਣ। ਕੇਰਲਮ ਦੇ ਤ੍ਰਿਸ਼ੂਰ ਵਿੱਚ ਡੈਮੋਕ੍ਰੇਟਿਕ ਯੂਥ ਫੈਡਰੇਸ਼ਨ ਆਫ ਇੰਡੀਆ ਦੇ ਸੂਬਾ ਪੱਧਰੀ ਸੰਮੇਲਨ ਦੇ ਉਦਘਾਟਨ ਤੋਂ ਬਾਅਦ ਰੈਲੀ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੌਜਵਾਨਾਂ ਦੀ ਮੁਜ਼ਾਹਮਤ ਦੀ ਤੁਲਨਾ ਸ਼ੇਰ ਨੂੰ ਦੇਖ ਕੇ ਸਾਥੀਆਂ ਨੂੰ ਖ਼ਬਰਦਾਰ ਕਰਨ ਵਾਲੇ ਹਿਰਨ ਨਾਲ ਕੀਤੀ। ਉਨ੍ਹਾਂ ਕਿਹਾ, "ਵਰ੍ਹਿਆਂ ਤੋਂ ਅਸੀਂ ਸੋਚਦੇ ਰਹੇ ਹਾਂ ਕਿ ਹਿਰਨ ਨੇ ਹੋਰਨਾਂ ਹਿਰਨਾਂ ਨੂੰ ਭੱਜ ਜਾਣ ਲਈ ਕਿਹਾ ਸੀ, ਪਰ ਨਹੀਂ। ਜਦੋਂ ਹਿਰਨ ਨੇ ਸ਼ੇਰ ਦੇਖਿਆ ਤਾਂ ਉਸ ਨੇ ਉਸ ਵੱਲ ਇੱਕ ਕਦਮ ਵਧ ਕੇ ਪੁੱਛਿਆ 'ਕਾ?' ਉਹ ਸ਼ੇਰ ਨੂੰ ਕਹਿ ਰਿਹਾ ਸੀ ਕਿ ਮੈਂ ਤੈਨੂੰ ਦੇਖ ਲਿਆ ਹੈ। ਹੁਣ ਦੇਸ਼ ਦੇ ਨੌਜਵਾਨ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਿਹਾ ਹੈ 'ਕਾ?' ਹੁਣ ਮੈਂ ਤੈਨੂੰ ਪਛਾਣ ਲਿਆ ਹੈ। ਤੇਰੀ ਸਿਆਸਤ ਨੂੰ ਜਾਣ ਲਿਆ ਹੈ। ਨੌਜਵਾਨਾਂ ਨੇ ਸ਼ਿਕਾਰੀ ਦੀ ਪਛਾਣ ਕਰਕੇ ਹਾਕਮਾਂ ਦੀ ਆਕੜ ਦੀ ਫੂਕ ਕੱਢ ਦਿੱਤੀ ਹੈ। ਇਸੇ ਕਰਕੇ ਭਾਜਪਾ ਸਰਕਾਰ ਡਰੀ ਹੋਈ ਹੈ। ਬਹੁਤੇ ਨੌਜਵਾਨ ਪ੍ਰੋਟੈਸਟਰ ਉਦੋਂ ਬੱਚੇ ਸਨ, ਜਦੋਂ ਇਹ ਸਰਕਾਰ ਬਣੀ। ਉਨ੍ਹਾਂ ਨੇ ਇਨ੍ਹਾਂ ਨੂੰ ਨਹੀਂ ਚੁਣਿਆ। ਉਹ ਹੁਣ ਵੱਡੇ ਹੋ ਗਏ ਹਨ ਤੇ ਕਹਿ ਰਹੇ ਹਨ 'ਕਾ?' ਇਹ ਸ਼ਾਨਦਾਰ ਪੜਾਅ ਹੈ, ਜਿੱਥੇ ਜ਼ਾਲਮ ਨੂੰ ਸ਼ੁਰੂ ਨਹੀਂ ਰਿਹਾ ਕਿ ਹੁਣ ਕੀ ਕਰਨਾ ਹੈ।"
ਉਨ੍ਹਾਂ ਕਿਹਾ ਕਿ ਨੌਜਵਾਨਾਂ ਨੇ ਸਰਕਾਰ ਨੂੰ ਦੱਸ ਦਿੱਤਾ ਹੈ ਕਿ ਉਹ ਡਰਦੇ ਨਹੀਂ ਹਨ ਅਤੇ ਉਸ ਦੀ ਸਿਆਸਤ ਨੂੰ ਸਮਝਦੇ ਹਨ। ਦਿੱਲੀ

• ਬਾਕੀ ਸਫ਼ਾ 2 'ਤੇ

# ਇਪਟਾ ਪੰਜਾਬ-ਚੰਡੀਗੜ੍ਹ ਵੱਲੋਂ ਸੈਨੇਟ ਲਈ ਡਾ. ਸੁਖਦੇਵ ਸਿੰਘ ਸਿਰਸਾ ਦੀ ਹਮਾਇਤ ਦਾ ਐਲਾਨ



ਚੰਡੀਗੜ੍ਹ (ਗੁਰਜੀਤ ਬਿੱਲਾ)
ਇਪਟਾ ਪੰਜਾਬ ਅਤੇ ਚੰਡੀਗੜ੍ਹ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨਟ ਚੋਣ ਵਿੱਚ ਗਰੈਜੂਏਟ ਚੋਣ ਹਲਕੇ ਤੋਂ ਚੋਣ ਲੜ ਰਹੇ ਪੰਜਾਬੀ ਕਵੀ, ਆਲੋਚਕ, ਚਿੰਤਕ, ਸਾਹਿਤਕ ਜਥੇਬੰਦੀਆਂ ਦੇ ਅਣਥੱਕ ਕਾਮੇ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪੰਜਾਬੀ ਅਧਿਐਨ ਸਕੂਲ ਦੇ ਪ੍ਰੋਫੈਸਰ ਅਤੇ ਮੁਖੀ ਰਹੇ ਡਾ. ਸੁਖਦੇਵ ਸਿੰਘ ਸਿਰਸਾ ਦੀ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ ਹੈ। ਇਪਟਾ ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਤੇ ਇਪਟਾ ਚੰਡੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਨੇ ਦੱਸਿਆ ਕਿ ਪ੍ਰਗਤੀਸ਼ੀਲ ਲੇਖਕ ਸੰਘ ਦੇ ਮੌਜੂਦਾ ਰਾਸ਼ਟਰੀ ਜਨਰਲ ਸੱਕਤਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਤੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਤੇ ਜਨਰਲ ਸਕੱਤਰ ਰਹੇ ਮੋਗਾ ਜ਼ਿਲ੍ਹੇ ਦੇ ਪਿੰਡ ਦੱਧਾਹੂਰ ਵਿਚ ਖੁਸ਼ਹਾਲ ਪਰਵਾਰ ਨਾਲ ਸੰਬੰਧਤ ਡਾ. ਸਿਰਸਾ ਦਾ ਕਾਵਿ-ਸੰਗ੍ਰਹਿ 'ਕਵਿਤਾ ਦਾ ਦੇਸ' ਪਿਛਲੇ ਸਾਲ 2025 ਵਿਚ ਸਾਹਿਤਕ ਹਲਕਿਆਂ 'ਚ ਚਰਚਿਤ ਰਿਹਾ, ਜਿਸ ਨੇ ਮਨੁੱਖ ਦੀ ਤਲਾਸ਼ ਦੇ ਸੰਘਰਸ਼ ਦੀ ਸ਼ਾਇਰੀ ਵਜੋਂ ਦੇਖਦਿਆਂ ਆਧੁਨਿਕ ਮਨੁੱਖ ਦੀ ਵਧ ਰਹੀ ਬੇਗਾਨਗੀ ਅਤੇ ਅੰਦਰਲੇ ਮਾਰੂਥਲ ਨੂੰ ਮਹੱਤਵਪੂਰਨ ਪੱਖ ਵਜੋਂ ਰੇਖਾਂਕਿਤ ਕੀਤਾ। ਇਪਟਾ ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ ਅਤੇ ਇਪਟਾ ਚੰਡੀਗੜ੍ਹ ਦੇ ਜਨਰਲ ਸਕੱਤਰ ਕਮਲ ਨੈਨ ਸਿੰਘ ਸੇਖੋਂ ਤੇ ਇਪਟਾ ਪੰਜਾਬ ਦੇ ਆਗੂ ਬਠਿੰਡਾ ਤੋਂ ਗੁਰਮੀਤ ਸਿੰਘ, ਮਾਨਸਾ ਤੋਂ ਮੇਘ ਰਾਜ

• ਬਾਕੀ ਸਫ਼ਾ 2 'ਤੇ

## ਪੰਜਾਬ 'ਵਰਸਿਟੀ ਦੀਆਂ ਵਿਦਿਆਰਥੀ ਕੌਂਸਲ ਚੋਣਾਂ 31 ਨੂੰ

ਚੰਡੀਗੜ੍ਹ : ਪੰਜਾਬ ਯੂਨੀਵਰਸਿਟੀ ਵਿੱਚ ਪੰਜਾਬ ਯੂਨੀਵਰਸਿਟੀ ਕੈਂਪਸ ਸਟੂਡੈਂਟਸ ਕੌਂਸਲ ਦੀਆਂ ਚੋਣਾਂ 31 ਅਗਸਤ ਨੂੰ ਕਰਵਾਈਆਂ ਜਾਣਗੀਆਂ। ਯੂਨੀਵਰਸਿਟੀ ਵੱਲੋਂ ਚੋਣਾਂ ਦਾ ਸ਼ਡਿਊਲ ਜਾਰੀ ਕਰ ਦਿੱਤਾ ਗਿਆ ਹੈ। ਚੋਣ ਪ੍ਰੋਗਰਾਮ ਅਨੁਸਾਰ 24 ਅਗਸਤ ਨੂੰ ਸਵੇਰੇ 9.30 ਵਜੇ ਤੋਂ 10.30 ਵਜੇ ਤੱਕ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਜਾਣਗੇ। ਇਸ ਤੋਂ ਬਾਅਦ ਸਵੇਰੇ 10.35 ਵਜੇ ਤੋਂ ਨਾਮਜ਼ਦਗੀ ਪੱਤਰਾਂ ਦੀ ਜਾਂਚ ਸ਼ੁਰੂ ਹੋਵੇਗੀ।
ਦੁਪਹਿਰ 12 ਵਜੇ ਸੰਬੰਧਤ ਵਿਭਾਗਾਂ ਦੇ ਨੋਟਿਸ ਬੋਰਡ 'ਤੇ ਉਮੀਦਵਾਰਾਂ ਦੀ ਸੂਚੀ ਲਗਾਈ ਜਾਵੇਗੀ। ਇਸ ਤੋਂ ਬਾਅਦ ਦੁਪਹਿਰ 12.30 ਵਜੇ ਤੋਂ 1.30 ਵਜੇ ਤੱਕ ਇਤਰਾਜ਼ ਦਰਜ ਕਰਵਾਏ ਜਾ ਸਕਣਗੇ। ਉਮੀਦਵਾਰਾਂ ਨੂੰ ਆਰਜ਼ੀ ਸੂਚੀ ਅਤੇ ਇਤਰਾਜ਼ ਦੁਪਹਿਰ 2.30 ਵਜੇ ਤੱਕ ਡੀ ਐੱਸ ਡਬਲਿਊ ਦਫ਼ਤਰ ਵਿੱਚ ਭੇਜਣ ਦੀ ਇਜਾਜ਼ਤ ਹੋਵੇਗੀ। 25 ਅਗਸਤ ਨੂੰ ਸਵੇਰੇ 10 ਵਜੇ ਮਨਜ਼ੂਰਸ਼ੁਦਾ ਉਮੀਦਵਾਰਾਂ ਦੀ ਸੂਚੀ ਜਾਰੀ ਕੀਤੀ ਜਾਵੇਗੀ। ਇਸ ਤੋਂ ਬਾਅਦ ਸਵੇਰੇ 10.30 ਵਜੇ ਤੋਂ ਦੁਪਹਿਰ 12 ਵਜੇ ਤੱਕ ਉਮੀਦਵਾਰਾਂ ਨੂੰ ਨਾਮਜ਼ਦਗੀ ਵਾਪਸ ਲੈਣ ਦਾ ਮੌਕਾ ਦਿੱਤਾ ਜਾਵੇਗਾ। ਦੁਪਹਿਰ 2.30 ਵਜੇ ਡੀ ਐੱਸ ਡਬਲਿਊ ਦਫ਼ਤਰ ਵਿੱਚ ਚੋਣ ਲੜਨ ਵਾਲੇ ਉਮੀਦਵਾਰਾਂ ਦੀ ਅੰਤਿਮ ਸੂਚੀ ਜਾਰੀ ਕੀਤੀ ਜਾਵੇਗੀ। 31 ਅਗਸਤ ਨੂੰ ਸਵੇਰੇ 9.30 ਵਜੇ ਤੋਂ ਵੋਟਿੰਗ ਸ਼ੁਰੂ ਹੋਵੇਗੀ। ਚੋਣ ਨਤੀਜੇ 8 ਸਤੰਬਰ ਨੂੰ ਡੀ ਐੱਸ ਡਬਲਿਊ ਦਫ਼ਤਰ ਨੂੰ ਭੇਜੇ ਜਾਣਗੇ। ਇਸ ਤੋਂ ਬਾਅਦ ਐਗਜ਼ੈਕਟਿਵ ਦੀ ਚੋਣ 11 ਸਤੰਬਰ ਨੂੰ ਕਰਵਾਈ ਜਾਵੇਗੀ।

## ਆਦਿਲ ਬਰਾੜ ਨੂੰ ਪ੍ਰਧਾਨਗੀ ਅਹੁਦੇ ਦਾ ਉਮੀਦਵਾਰ ਐਲਾਨਿਆ



ਚੰਡੀਗੜ੍ਹ (ਨ ਜ਼ ਸ)-ਆਮ ਆਦਮੀ ਪਾਰਟੀ ਦੇ ਵਿਦਿਆਰਥੀ ਵਿੰਗ ਏ ਐੱਸ ਏ ਪੀ (ਐਸੋਸੀਏਸ਼ਨ ਆਫ ਸਟੂਡੈਂਟਸ ਫਾਰ ਅਲਟਰਨੇਟਿਵ ਪੋਲੀਟਿਕਸ) ਨੇ ਵੀਰਵਾਰ ਪੰਜਾਬ ਯੂਨੀਵਰਸਿਟੀ ਵਿਦਿਆਰਥੀ ਚੋਣਾਂ ਲਈ ਆਦਿਲ ਬਰਾੜ ਨੂੰ ਪ੍ਰਧਾਨਗੀ ਅਹੁਦੇ ਲਈ ਆਪਣਾ ਉਮੀਦਵਾਰ ਐਲਾਨ ਦਿੱਤਾ ਹੈ। 'ਆਪ' ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਤੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਉਨ੍ਹਾਂ ਦੀ ਉਮੀਦਵਾਰੀ ਦਾ ਐਲਾਨ ਕਰਦਿਆਂ ਵਿਦਿਆਰਥੀ ਅਧਿਕਾਰਾਂ ਅਤੇ ਸਰਗਰਮੀਆਂ ਵਿੱਚ ਉਨ੍ਹਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਸ਼ਮੂਲੀਅਤ ਨੂੰ ਉਜਾਗਰ ਕੀਤਾ। ਮੀਤ ਹੇਅਰ ਨੇ ਕਿਹਾ ਕਿ ਆਦਿਲ ਬਰਾੜ ਸੈਨੇਟ ਰੋਸ ਪ੍ਰਦਰਸ਼ਨ ਸਮੇਤ ਵਿਦਿਆਰਥੀਆਂ ਦੇ ਮੁੱਦਿਆਂ ਨੂੰ ਉਠਾਉਣ ਵਿੱਚ ਲਗਾਤਾਰ ਸਰਗਰਮ ਰਹੇ ਹਨ।

# ਮੰਤਰੀਆਂ ਦੇ ਕੁੱਤਿਆਂ ਨੂੰ ਵੀ ਪਾੜ੍ਹਿਆਂ ਨਾਲੋਂ ਬਿਹਤਰ ਸਹੂਲਤਾਂ : ਦੀਪਕੇ

ਨਵੀਂ ਦਿੱਲੀ : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਕਨਵੀਨਰ ਅਭਿਜੀਤ ਦੀਪਕੇ ਨੇ ਵੀਰਵਾਰ ਨੂੰ ਮਹਾਰਾਸ਼ਟਰ ਦੇ ਸਕੂਲ ਸਿੱਖਿਆ ਮੰਤਰੀ ਦਾਦਾ ਭੂਸੇ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਦੋਸ਼ ਲਗਾਇਆ ਕਿ ਰਾਜ ਭਰ ਦੇ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਦੀ ਘਾਟ ਹੈ ਅਤੇ ਦਾਅਵਾ ਕੀਤਾ ਕਿ ਮੰਤਰੀਆਂ ਦੇ ਕੁੱਤਿਆਂ ਨੂੰ ਵੀ ਵਿਦਿਆਰਥੀਆਂ ਨਾਲੋਂ ਬਿਹਤਰ ਸਹੂਲਤਾਂ ਮਿਲਦੀਆਂ ਹਨ। ਦੀਪਕੇ ਨੇ ਕਿਹਾ "ਇਹ ਵਿਦਿਆਰਥੀਆਂ ਦੀ ਜ਼ਿੰਦਗੀ ਦਾ ਸਵਾਲ ਹੈ। ਕੋਈ ਰਾਜਨੀਤਕ ਨੇਤਾ ਵਿਦਿਆਰਥੀਆਂ ਲਈ ਕੁਝ ਨਹੀਂ ਕਰ ਰਹੇ ਹਨ, ਤਾਂ ਲੋਕ ਉਨ੍ਹਾਂ ਨੂੰ ਵੋਟ ਕਿਉਂ ਪਾਉਣ? ਕੀ ਲੋਕ ਉਨ੍ਹਾਂ ਨੂੰ ਇਸ ਲਈ ਵੋਟ ਦਿੰਦੇ ਹਨ ਤਾਂ ਜੋ ਉਹ ਸਿਰਫ਼ ਹੈਲੀਕਾਪਟਰਾਂ ਵਿੱਚ ਯਾਤਰਾ ਕਰ ਸਕਣ? ਲੋਕਾਂ ਨੂੰ ਦੇਖਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਬੱਚੇ ਕਿਸ ਹਾਲਾਤ ਵਿੱਚ ਪੜ੍ਹ ਰਹੇ ਹਨ। ਇਨ੍ਹਾਂ ਮੰਤਰੀਆਂ ਦੇ ਕੁੱਤਿਆਂ ਨੂੰ ਇਸ ਤੋਂ ਬਿਹਤਰ ਸਹੂਲਤਾਂ ਮਿਲਦੀਆਂ ਹਨ।" ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੀਪਕੇ ਨੇ ਕਿਹਾ ਕਿ ਚੁਣੇ ਹੋਏ ਪ੍ਰਤੀਨਿਧੀਆਂ ਅਤੇ ਮੰਤਰੀਆਂ ਨੂੰ ਸਕੂਲਾਂ ਦੀ ਹਾਲਤ ਲਈ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ, ਜਿਨ੍ਹਾਂ ਵਿੱਚੋਂ ਬਹੁਤਿਆਂ ਵਿੱਚ ਢੁਕਵੇਂ ਕਲਾਸਰੂਮ, ਬੈਂਚ, ਪਖਾਨੇ ਅਤੇ ਸੁਰੱਖਿਅਤ ਪਹੁੰਚ ਸੜਕਾਂ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਘਾਟ ਹੈ। ਉਸ ਨੇ ਦੋਸ਼ ਲਾਇਆ ਕਿ ਕੁਝ ਸਕੂਲਾਂ ਵਿੱਚ ਵਿਦਿਆਰਥੀਆਂ ਨਾਲ 'ਜਾਨਵਰਾਂ ਤੋਂ ਵੀ ਭੈੜਾ' ਵਿਹਾਰ ਕੀਤਾ ਜਾ ਰਿਹਾ ਹੈ। ਦੀਪਕੇ, ਜਿਸ ਦੇ ਸਮੂਹ ਨੇ ਪਿਛਲੇ ਹਫ਼ਤੇ 'ਸਕੂਲ ਠੀਕ ਕਰੋ' (ਸਰਕਾਰੀ ਸਕੂਲਾਂ ਵਿੱਚ ਸੁਧਾਰ)

• ਬਾਕੀ ਸਫ਼ਾ 2 'ਤੇ

## ਦਿੱਲੀ ਹਿੰਸਾ ਦੀ ਜਾਂਚ ਲਈ ਕਮੇਟੀ ਦਾ ਗਠਨ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਹਾਲ ਹੀ ਵਿੱਚ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੀ ਅਗਵਾਈ 'ਚ ਹੋਏ ਪ੍ਰਦਰਸ਼ਨ ਦੌਰਾਨ ਵਿਦਿਆਰਥੀ ਪ੍ਰਦਰਸ਼ਨਕਾਰੀਆਂ ਵਿਰੁੱਧ ਪੁਲਸ ਵਧੀਕੀਆਂ ਅਤੇ ਪੁਲਸ ਕਰਮਚਾਰੀਆਂ ਵਿਰੁੱਧ ਹਿੰਸਾ ਦੇ ਦੋਸ਼ਾਂ ਦੀ ਜਾਂਚ ਲਈ ਸਾਬਕਾ ਸੁਪਰੀਮ ਕੋਰਟ ਜਸਟਿਸ ਆਰ ਸੁਭਾਸ਼ ਰੈਡੀ ਦੀ ਅਗਵਾਈ ਵਿੱਚ 5 ਮੈਂਬਰੀ ਉੱਚ-ਸ਼ਕਤੀਸ਼ਾਲੀ ਕਮੇਟੀ ਬਣਾਈ ਹੈ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਅਤੇ ਵੀ ਮੋਹਨਾ ਦੇ ਬੈਂਚ ਨੇ

• ਬਾਕੀ ਸਫ਼ਾ 2 'ਤੇ

# ਗੰਨੇ ਤੋਂ ਈਥਾਨੌਲ ਬਣਾਉਣ ਨਾਲ 17 ਦਿਨਾਂ 'ਚ ਖੰਡ 20 ਰੁਪਏ ਮਹਿੰਗੀ : ਕੇਜਰੀਵਾਲ



ਨਵੀਂ ਦਿੱਲੀ
(ਨਵਾਂ ਜ਼ਮਾਨਾ ਸਰਵਿਸ)
ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਦੇਸ਼ ਭਰ ਵਿੱਚ ਚੀਨੀ ਦੀਆਂ ਕੀਮਤਾਂ ਵਿੱਚ ਭਾਰੀ ਵਾਧੇ ਲਈ ਮੋਦੀ ਸਰਕਾਰ ਦੇ ਗਲਤ ਫੈਸਲੇ ਨੂੰ ਜ਼ਿੰਮੇਵਾਰ ਠਹਿਰਾਇਆ ਹੈ। ਉਨ੍ਹਾਂ ਕਿਹਾ ਕਿ ਗੰਨੇ ਤੋਂ ਈਥਾਨੌਲ ਬਣਾਉਣ ਨਾਲ ਚੀਨੀ ਦਾ ਉਤਪਾਦਨ ਡਿੱਗ ਗਿਆ ਅਤੇ 17 ਦਿਨਾਂ ਵਿੱਚ ਖੰਡ 20 ਰੁਪਏ ਪ੍ਰਤੀ ਕਿੱਲੋ ਮਹਿੰਗੀ ਹੋ ਗਈ। ਇਹ ਲੋਕ ਈਥਾਨੌਲ ਨੂੰ ਪੈਟਰੋਲ ਵਿੱਚ ਮਿਲਾ ਕੇ ਤੇਲ ਦਰਾਮਦ 'ਤੇ ਖਰਚ ਹੋਣ ਵਾਲੀ ਵਿਦੇਸ਼ੀ ਮੁਦਰਾ ਬਚਾਉਣ ਦੀ ਗੱਲ ਕਰ ਰਹੇ ਸਨ। ਹਕੀਕਤ ਅਜਿਹੇ ਹੋ ਗਏ ਹਨ ਕਿ ਹੁਣ ਉਹੀ ਵਿਦੇਸ਼ੀ ਮੁਦਰਾ ਖਰਚ ਕੇ ਖੰਡ ਦਰਾਮਦ ਕਰਨ ਦੀ ਨੌਬਤ ਆ ਗਈ ਹੈ। ਇਹ ਸਰਕਾਰ ਹੈ ਜਾਂ ਮਜ਼ਾਕ? ਪੂਰੀ ਦੀ ਪੂਰੀ ਅਨਪੜ੍ਹਾਂ ਦੀ ਸਰਕਾਰ ਹੈ। ਕਿਸੇ ਨੂੰ ਕੁਝ ਨਹੀਂ ਪਤਾ ਕਿ ਕੀ ਕਰਨ ਨਾਲ ਕੀ ਹੋਵੇਗਾ? ਵੀਰਵਾਰ ਇੱਕ ਵੀਡੀਓ ਜਾਰੀ ਕਰਕੇ ਕੇਜਰੀਵਾਲ ਨੇ ਕਿਹਾ ਕਿ ਅਜਿਹਾ ਲੱਗਦਾ ਹੈ, ਜਿਵੇਂ ਮੋਦੀ ਸਰਕਾਰ ਬਿਲਕੁਲ ਅਨਪੜ੍ਹ ਲੋਕਾਂ ਦੀ ਸਰਕਾਰ ਹੈ, ਉਨ੍ਹਾਂ ਨੂੰ ਇਹ ਨਹੀਂ ਪਤਾ ਕਿ ਉਹ ਕੀ ਫੈਸਲਾ ਲੈ ਰਹੇ ਹਨ ਅਤੇ ਉਸ ਦਾ ਕੀ ਅਸਰ ਹੋਵੇਗਾ। ਇਹਨਾਂ ਗੰਨੇ ਦੀ ਖੇਤੀ ਨੂੰ ਈਥਾਨੌਲ ਬਣਾਉਣ ਲਈ ਡਾਇਵਰਟ ਕੀਤਾ ਅਤੇ ਈਥਾਨੌਲ ਨੂੰ ਪੈਟਰੋਲ ਵਿੱਚ ਮਿਲਾਉਣਾ ਚਾਲੂ ਕਰ ਦਿੱਤਾ। ਕਿਹਾ ਗਿਆ ਕਿ ਇਸ ਨਾਲ ਪੈਟਰੋਲ ਬਚੇਗਾ ਅਤੇ ਵਿਦੇਸ਼ੀ ਮੁਦਰਾ ਦੀ ਬਚਤ ਹੋਵੇਗੀ, ਜਿਸ ਨੂੰ ਅਸੀਂ ਵਿਦੇਸ਼ਾਂ ਤੋਂ ਤੇਲ ਦਰਾਮਦ ਕਰਨ ਲਈ ਖਰਚ ਕਰਦੇ ਹਾਂ। ਗੰਨੇ ਦੀ ਖੇਤੀ ਨੂੰ ਈਥਾਨੌਲ ਬਣਾਉਣ ਲਈ ਡਾਇਵਰਟ ਕਰਨ ਨਾਲ ਦੇਸ਼ ਵਿੱਚ ਖੰਡ ਦੀ ਭਾਰੀ ਕਮੀ ਹੋ ਗਈ। ਖੰਡ ਦੀ ਕਮੀ ਦੇ ਕਾਰਨ ਪਿਛਲੇ 17 ਦਿਨਾਂ ਵਿੱਚ ਇਸ ਦੇ ਮੁੱਲ 20 ਰੁਪਏ ਪ੍ਰਤੀ ਕਿੱਲੋ ਵਧ ਗਏ ਹਨ। 17 ਦਿਨ ਪਹਿਲਾਂ ਜੋ ਖੰਡ 46 ਰੁਪਏ ਕਿੱਲੋ ਸੀ, ਉਹ ਹੁਣ 65 ਰੁਪਏ ਕਿੱਲੋ ਹੋ ਗਈ ਹੈ। ਕੇਜਰੀਵਾਲ ਨੇ ਕਿਹਾ ਕਿ ਸਾਡਾ ਦੇਸ਼ ਖੰਡ ਐਕਸਪੋਰਟ ਕਰਦਾ ਸੀ, ਪਰ ਹੁਣ ਇੰਪੋਰਟ ਕਰਨ ਦੀ ਪਲਾਨਿੰਗ ਕਰ ਰਿਹਾ ਹੈ। ਤੇਲ 'ਤੇ ਖਰਚ ਹੋਣ ਵਾਲੀ ਵਿਦੇਸ਼ੀ ਮੁਦਰਾ ਬਚਾਉਣ ਲਈ ਈਥਾਨੌਲ ਬਣਾਇਆ ਗਿਆ ਅਤੇ ਹੁਣ ਉਸੇ ਵਿਦੇਸ਼ੀ ਮੁਦਰਾ ਨੂੰ ਅਸੀਂ ਖੰਡ ਇੰਪੋਰਟ ਕਰਨ 'ਤੇ ਖਰਚ ਕਰਾਂਗੇ। ਇੱਕ ਪਾਸੇ ਈਥਾਨੌਲ ਵਾਲੇ ਪੈਟਰੋਲ ਨਾਲ ਲੋਕਾਂ ਦੀਆਂ ਗੱਡੀਆਂ ਖਰਾਬ ਹੋ ਰਹੀਆਂ ਹਨ ਅਤੇ ਮਾਈਲੇਜ ਡਿੱਗ ਰਹੀ ਹੈ, ਉੱਥੇ ਹੀ ਦੂਜੇ ਪਾਸੇ ਲੋਕਾਂ ਨੂੰ ਹੁਣ ਮਹਿੰਗੀ ਚੀਨੀ ਖਰੀਦਣੀ ਪੈ ਰਹੀ ਹੈ। ਸਰਕਾਰ ਫੈਸਲੇ ਲੈਂਦੀ ਹੈ, ਪਰ ਇਹਨਾਂ ਨੂੰ ਇਹ ਨਹੀਂ ਪਤਾ ਕਿ ਇਸ ਦਾ ਕੀ ਅਸਰ ਹੋਣ ਵਾਲਾ ਹੈ। ਜਦੋਂ ਗੰਨੇ ਨੂੰ ਈਥਾਨੌਲ ਲਈ ਡਾਇਵਰਟ ਕੀਤਾ ਗਿਆ, ਤਾਂ ਇਹਨਾਂ ਨੂੰ ਸੋਚਣਾ ਚਾਹੀਦਾ ਸੀ ਕਿ ਏਨਾ ਗੰਨਾ ਈਥਾਨੌਲ ਵਿੱਚ ਜਾਵੇਗਾ ਤਾਂ ਖੰਡ ਕਿੱਥੋਂ ਆਵੇਗੀ? ਸਮਝ ਨਹੀਂ ਆਉਂਦਾ ਕਿ ਮੋਦੀ ਸਰਕਾਰ ਵਿੱਚ ਉਪਰ ਤੋਂ ਲੈ ਕੇ ਹੇਠਾਂ ਤੱਕ ਸਾਰੇ ਅਨਪੜ੍ਹ ਹਨ ਕੀ? ਕੇਜਰੀਵਾਲ ਨੇ ਕਿਹਾ ਕਿ ਇਹਨਾਂ ਨੇ ਹੁਣ ਤੱਕ ਜਿੰਨੇ ਵੀ ਫੈਸਲੇ ਲਏ ਹਨ, ਉਨ੍ਹਾਂ ਦਾ ਕੋਈ ਫਾਇਦਾ ਨਹੀਂ ਹੋਇਆ। ਨੋਟਬੰਦੀ ਵਿੱਚ ਪੂਰੇ ਦੇਸ਼ ਵਿੱਚ ਕਈ ਲੋਕ ਮਾਰੇ ਗਏ। ਕਰੋਨਾ ਆਇਆ ਤਾਂ ਲੋਕਾਂ ਨੂੰ ਆਕਸੀਜਨ ਸਿਲੰਡਰ ਨਹੀਂ ਮਿਲੇ। ਇਹ ਦੇਸ਼ ਨੂੰ ਸਹੀ ਤਰੀਕੇ ਨਾਲ ਸਫਲਤਾ ਨਾਲ ਚਲਾਉਣ ਵਾਲੀ ਸਰਕਾਰ ਨਹੀਂ ਹੈ। ਅਜਿਹਾ ਲੱਗਦਾ ਹੈ ਕਿ ਪੂਰੀ ਦੀ ਪੂਰੀ ਸਰਕਾਰ ਅਨਪੜ੍ਹ ਲੋਕਾਂ ਦੀ ਹੈ, ਪਰ ਕਸੂਰ ਸਾਡਾ ਆਪਣਾ ਹੈ ਕਿ ਅਸੀਂ ਇਹਨਾਂ ਅਨਪੜ੍ਹ ਲੋਕਾਂ ਨੂੰ ਵੋਟ ਦੇ ਕੇ ਉੱਥੇ ਬਿਠਾ ਦਿੱਤਾ, ਜਿਹਨਾਂ ਨੂੰ ਕੋਈ ਅਕਲ ਨਹੀਂ। ਇਹਨਾਂ ਨੂੰ ਸਰਕਾਰ ਚਲਾਉਣੀ ਨਹੀਂ ਆਉਂਦੀ ਅਤੇ ਦੁਖੀ ਅਸੀਂ ਲੋਕ ਹੋ ਰਹੇ ਹਾਂ।

# ਪਤਨੀ ਤੇ ਭੈਣ ਨੂੰ ਮਾਰਨ ਉਪਰੰਤ ਖੁਦਕੁਸ਼ੀ



ਲਖਨਊ : ਉੱਤਰ ਪ੍ਰਦੇਸ਼ ਦੇ ਲਖਨਊ ਵਿੱਚ ਇੱਕ ਹੈਰਾਨ ਕਰਨ ਵਾਲੀ ਘਟਨਾ ਵਿੱਚ ਆਈ ਸੀ ਆਈ ਸੀ ਆਈ ਬੈਂਕ ਦੀ ਗੋਮਤੀ ਨਗਰ ਸ਼ਾਖਾ ਦੀ ਇੱਕ ਜਨ ਸੰਪਰਕ ਮੈਨੇਜਰ ਨੂੰ ਉਸ ਦੇ ਪਤੀ ਨੇ ਦਿਨ-ਦਿਹਾੜੇ ਗੋਲੀ ਮਾਰ ਕੇ ਮਾਰ ਦਿੱਤਾ। ਬਾਅਦ ਵਿੱਚ ਆਪਣੀ ਭੈਣ ਨੂੰ ਮਾਰਨ ਉਪਰੰਤ ਖੁਦ ਨੂੰ ਗੋਲੀ ਮਾਰ ਕੇ ਖੁਦਕੁਸ਼ੀ ਕਰ ਲਈ। ਦੋਸ਼ੀ, ਜਿਸ ਦੀ ਪਛਾਣ ਮਾਣਕ ਮਿਸ਼ਰਾ ਵਜੋਂ ਹੋਈ ਹੈ, ਆਪਣੀ ਪਤਨੀ ਦਿਵਿਆ ਮਿਸ਼ਰਾ ਦੇ ਬੈਂਕ ਦੇ ਬਾਹਰ ਇੱਕ ਆਟੋ ਵਿੱਚ ਉਡੀਕ ਕਰ ਰਿਹਾ ਸੀ ਅਤੇ ਜਿਵੇਂ ਹੀ ਉਹ ਕਾਰ ਤੋਂ ਬਾਹਰ ਆਈ, ਉਸ ਨੇ ਉਸ ਨੂੰ ਗੋਲੀ ਮਾਰ ਦਿੱਤੀ। ਦੋਸ਼ੀ ਨੇ ਆਪਣੀ ਪਤਨੀ ਦੇ ਕਤਲ ਅਤੇ ਆਪਣੀ ਖੁਦਕੁਸ਼ੀ ਬਾਰੇ ਇੱਕ ਵਟਸਐਪ ਸਟੋਰੀ ਵੀ ਅਪਲੋਡ ਕੀਤੀ, ਜਿਸ ਵਿੱਚ ਖੁਲਾਸਾ ਕੀਤਾ ਗਿਆ ਕਿ ਉਹ ਆਪਣੀ ਭੈਣ ਨੂੰ ਵੀ ਮਾਰ ਦੇਵੇਗਾ। ਉਸ ਨੇ ਲਿਖਿਆ, "ਅੱਜ ਮੈਂ ਆਪਣੀ ਪਤਨੀ ਨੂੰ ਮਾਰ ਦਿੱਤਾ, ਕਿਉਂਕਿ ਉਸ ਨੇ ਮੇਰੇ ਨਾਲ ਧੋਖਾ ਕੀਤਾ ਸੀ... ਹੁਣ ਮੈਨੂੰ ਆਪਣੇ-ਆਪ ਨੂੰ ਅਤੇ ਆਪਣੀ ਭੈਣ ਨੂੰ ਮਾਰਨਾ ਪਵੇਗਾ... ਭੈਣ ਪ੍ਰਗਿਆ ਅਤੇ ਭਰਤ ਸਭ ਕੁਝ ਜਾਣਦੇ ਹਨ।" ਵਧੀਕ ਡਿਪਟੀ ਕਮਿਸ਼ਨਰ ਪੁਲਸ (ਪੂਰਬੀ) ਅਮੋਲ ਮੁਰਕੁਟ ਨੇ ਅਪਰਾਧ ਸਥਾਨ ਦੇ ਬਾਹਰ ਪੱਤਰਕਾਰਾਂ ਨੂੰ ਦੱਸਿਆ ਕਿ ਜੋੜੇ ਨੂੰ ਕੁਝ ਸਮੱਸਿਆਵਾਂ ਸਨ। ਪਤਾ ਲੱਗਾ ਹੈ ਕਿ ਜੋੜੇ ਦੇ ਤਲਾਕ ਦੇ ਕੇਸ ਦੀ ਕਾਰਵਾਈ ਚੱਲ ਰਹੀ ਸੀ। ਦੋਸ਼ੀ ਪਤੀ ਵੀ ਕਥਿਤ ਤੌਰ 'ਤੇ ਇੱਕ ਬੈਂਕਰ ਸੀ।

## ਅਮਰੀਕਾ 'ਚ ਆਰ ਐੱਸ ਐੱਸ 'ਤੇ ਪਾਬੰਦੀ ਦੀ ਮੰਗ

ਵਾਸ਼ਿੰਗਟਨ (ਨ ਜ਼ ਸ)-ਅਮਰੀਕੀ ਧਾਰਮਿਕ ਆਜ਼ਾਦੀ ਕਮਿਸ਼ਨ ਨੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) 'ਤੇ ਪਾਬੰਦੀ ਲਗਾਉਣ ਦੀ ਮੰਗ ਕੀਤੀ ਹੈ। ਕਮਿਸ਼ਨ ਨੇ ਅਮਰੀਕੀ ਸਰਕਾਰ ਨੂੰ ਆਰ ਐੱਸ ਐੱਸ ਨੇਤਾਵਾਂ ਨੂੰ ਕੂਟਨੀਤਕ ਸਨਮਾਨ ਦੇਣ ਤੋਂ ਇਨਕਾਰ ਕਰਨ ਅਤੇ ਉਨ੍ਹਾਂ ਨਾਲ ਉੱਚ ਪੱਧਰੀ ਮੀਟਿੰਗਾਂ 'ਤੇ ਪਾਬੰਦੀ ਲਗਾਉਣ ਲਈ ਕਿਹਾ ਹੈ। ਕਮਿਸ਼ਨ ਦੇ ਚੇਅਰਮੈਨ ਆਸਿਫ ਮਹਿਮੂਦ ਨੇ ਬੁੱਧਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਆਰ ਐੱਸ ਐੱਸ ਦੇ ਮੈਂਬਰ ਹਨ ਅਤੇ ਇਸ ਨਾਲ ਜੁੜੇ ਸੰਗਠਨਾਂ ਨੇ ਧਾਰਮਿਕ ਘੱਟਗਿਣਤੀਆਂ 'ਤੇ ਹਮਲੇ ਕੀਤੇ ਹਨ। ਪਾਕਿਸਤਾਨੀ ਮੂਲ ਦੇ ਮਹਿਮੂਦ ਨੇ ਇਹ ਬਿਆਨ ਆਰ ਐੱਸ ਐੱਸ ਮੁਖੀ ਮੋਹਨ ਭਾਗਵਤ ਦੇ 25 ਅਗਸਤ ਤੋਂ ਸ਼ੁਰੂ ਹੋ ਰਹੇ ਅਮਰੀਕਾ, ਕੈਨੇਡਾ ਅਤੇ ਯੂ ਕੇ ਦੇ ਦੌਰੇ ਤੋਂ ਕੁਝ ਦਿਨ ਪਹਿਲਾਂ ਦਿੱਤਾ ਹੈ। ਭਾਗਵਤ 29 ਅਗਸਤ ਨੂੰ ਨਿਊਯਾਰਕ ਵਿੱਚ 'ਯੂਨੀਵਰਸਲ ਵਨਨੈਸ ਸੈਲੀਬ੍ਰੇਸ਼ਨ' ਸਮਾਗਮ ਵਿੱਚ ਸ਼ਾਮਲ ਹੋਣਗੇ। ਭਾਗਵਤ ਨੇ ਸਤੰਬਰ 2018 ਵਿੱਚ ਅਮਰੀਕਾ ਦਾ ਦੌਰਾ ਕੀਤਾ ਸੀ ਅਤੇ ਸ਼ਿਕਾਗੋ ਵਿੱਚ ਵਿਸ਼ਵ ਹਿੰਦੂ ਕਾਂਗਰਸ ਨੂੰ ਸੰਬੋਧਨ ਕੀਤਾ ਸੀ। ਕਮਿਸ਼ਨ ਦੇ ਕਮਿਸ਼ਨਰ ਜੀਨ ਮਿੰਗ ਨੇ ਕਿਹਾ ਕਿ ਅਮਰੀਕੀ ਸਰਕਾਰ ਨੂੰ ਧਾਰਮਿਕ ਆਜ਼ਾਦੀ ਦੀ ਉਲੰਘਣਾ ਲਈ ਜ਼ਿੰਮੇਵਾਰ ਆਰ ਐੱਸ ਐੱਸ ਮੈਂਬਰਾਂ 'ਤੇ ਪਾਬੰਦੀਆਂ ਲਗਾਉਣ ਬਾਰੇ ਵਿਚਾਰ ਕਰਨਾ ਚਾਹੀਦਾ ਹੈ।

## ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਮਿਲੇ 9 ਨਵੇਂ ਵਾਧੂ ਜੱਜ

ਚੰਡੀਗੜ੍ਹ : ਕੇਂਦਰ ਸਰਕਾਰ ਨੇ ਹਰਿਆਣਾ ਦੇ ਐਡਵੋਕੇਟ ਜਨਰਲ ਪਰਵਿੰਦਰ ਸਿੰਘ ਚੌਹਾਨ ਸਮੇਤ 9 ਵਕੀਲਾਂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਵਾਧੂ ਜੱਜ ਵਜੋਂ ਨਿਯੁਕਤ ਕਰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਹ ਕਦਮ ਉਸ ਸਮੇਂ ਚੁੱਕਿਆ ਗਿਆ ਹੈ ਜਦੋਂ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੀ ਸਾਂਝੀ ਹਾਈ ਕੋਰਟ 85 ਦੀ ਮਨਜ਼ੂਰਸ਼ੁਦਾ ਤਾਕਤ ਦੇ ਮੁਕਾਬਲੇ ਸਿਰਫ 55 ਜੱਜਾਂ ਨਾਲ ਕੰਮ ਕਰ ਰਹੀ ਹੈ ਅਤੇ ਇਸ ਸਮੇਂ ਅਦਾਲਤ ਵਿੱਚ 4,23,312 ਕੇਸ ਲੰਬਿਤ ਪਏ ਹਨ। ਵਾਧੂ ਜੱਜ ਵਜੋਂ ਨਿਯੁਕਤ ਕੀਤੇ ਗਏ 9 ਵਕੀਲਾਂ ਵਿਚ ਮੋਨਿਕਾ ਛਿੱਬਰ ਸ਼ਰਮਾ, ਹਰਮੀਤ ਸਿੰਘ ਦਿਓਲ, ਪਵਿੱਤਰਾ ਸਿੰਘ ਚੌਹਾਨ, ਰਾਜੇਸ਼ ਗੌੜ, ਪੂਜਾ ਚੌਪੜਾ, ਸੁਨੀਲ ਸਿੰਗਲਿਸ, ਮਿੰਦਰਜੀਤ ਯਾਦਵ, ਦਿਵਿਆ ਸ਼ਰਮਾ ਅਤੇ ਰਵਿੰਦਰ ਮਲਿਕ ਸ਼ਾਮਲ ਹਨ।

## ਅਸਲ ਮੁੱਦਾ ਮਨੀਪੁਰ ਦੇ ਲੋਕਾਂ ਦੀ ਅਣਦੇਖੀ : ਕਾਂਗਰਸ



ਨਵੀਂ ਦਿੱਲੀ : ਮਨੀਪੁਰ ਕਾਂਗਰਸ ਦੇ ਮੁਖੀ ਦੇ ਇਬੋਬੀ ਸਿੰਘ ਨੇ ਕਿਹਾ ਕਿ ਅਸਲ ਮੁੱਦਾ ਕੇਂਦਰ ਦੀ ਰਾਜ ਦੇ ਲੋਕਾਂ ਦੀਆਂ ਇੱਛਾਵਾਂ ਪ੍ਰਤੀ ਅਣਦੇਖੀ ਹੈ। ਇਬੋਬੀ ਸਿੰਘ ਨੇ ਅਪੀਲ ਕੀਤੀ ਕਿ ਜੇਕਰ ਕੇਂਦਰ ਕੋਲ ਵਚਨਬੱਧਤਾ ਅਤੇ ਦ੍ਰਿੜ੍ਹਤਾ ਹੈ, ਤਾਂ ਉਹ ਰਾਜ ਨਾਲ ਸੰਬੰਧਤ ਕਿਸੇ ਵੀ ਮੁੱਦੇ ਨੂੰ ਦੋ ਤੋਂ ਤਿੰਨ ਮਹੀਨਿਆਂ ਵਿੱਚ ਹੱਲ ਕਰ ਸਕਦਾ ਹੈ, ਜਿਸ ਵਿੱਚ ਰਾਸ਼ਟਰੀ ਨਾਗਰਿਕ ਰਜਿਸਟਰ (ਐੱਨ ਆਰ ਸੀ) ਨੂੰ ਲਾਗੂ ਕਰਨਾ ਵੀ ਸ਼ਾਮਲ ਹੈ। ਉਹ ਮਨੀਪੁਰ ਦੇ ਕਈ ਸਿਵਲ ਸੋਸਾਇਟੀ ਸੰਗਠਨਾਂ ਦੇ ਪ੍ਰਤੀਨਿਧੀਆਂ ਨਾਲ ਕੇਂਦਰੀ ਮੰਤਰੀਆਂ ਅਤੇ ਭਾਜਪਾ ਨੇਤਾਵਾਂ ਨੂੰ ਰਾਜ ਵਿੱਚ ਜਨਗਣਨਾ 2027 ਦੇ ਸੰਚਾਲਨ ਤੋਂ ਪਹਿਲਾਂ ਐੱਨ ਆਰ ਸੀ ਅਪਡੇਟ ਕਰਨ ਦੀ ਆਪਣੀ ਮੰਗ ਤੋਂ ਜਾਣੂ ਕਰਵਾਉਣ ਲਈ ਨਵੀਂ ਦਿੱਲੀ ਪੁੱਜੇ। ਇਬੋਬੀ ਸਿੰਘ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਚਾਹੁੰਦੀ ਹੈ ਤਾਂ ਮਨੀਪੁਰ ਵਿੱਚ ਐੱਨ ਆਰ ਸੀ ਲਾਗੂ ਕਰਨਾ ਕੋਈ ਮੁੱਦਾ ਨਹੀਂ ਹੈ, ਜਨਗਣਨਾ ਤੋਂ ਪਹਿਲਾਂ ਐੱਨ ਆਰ ਸੀ ਨੂੰ ਅੱਪਡੇਟ ਕੀਤਾ ਜਾਣਾ ਚਾਹੀਦਾ ਹੈ ਤੇ ਜੇਕਰ ਲੋੜ ਹੋਵੇ, ਤਾਂ ਸੰਵਿਧਾਨ ਵਿੱਚ ਸੋਧ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਡਾ ਰਾਜ ਬਹੁਤ ਛੋਟਾ ਹੈ। ਜੇਕਰ ਕੇਂਦਰ ਸਰਕਾਰ ਦ੍ਰਿੜ੍ਹ ਅਤੇ ਵਚਨਬੱਧ ਹੈ, ਤਾਂ ਇਸ ਨੂੰ ਹੱਲ ਕਰਨਾ ਸਿਰਫ ਦੋ-ਤਿੰਨ ਮਹੀਨਿਆਂ ਦੀ ਗੱਲ ਹੈ। ਜ਼ਿਕਰਯੋਗ ਹੈ ਕਿ ਮਈ 2023 ਤੋਂ ਇੰਫਾਲ ਘਾਟੀ-ਅਧਾਰਤ ਮੈਤੇਈਸ ਅਤੇ ਨਾਲ ਲੱਗਦੀਆਂ ਪਹਾੜੀਆਂ-ਅਧਾਰਤ ਕੂਕੀਆਂ ਵਿਚਕਾਰ ਹਿੰਸਾ ਵਿੱਚ 260 ਤੋਂ ਵੱਧ ਲੋਕ ਮਾਰੇ ਗਏ ਹਨ ਅਤੇ ਹਜ਼ਾਰਾਂ ਬੇਘਰ ਹੋ ਗਏ ਹਨ।

## ਅੱਜ-ਨਾਮਾ

ਰਹਿੰਦਾ ਚਰਚਾ ਦੇ ਵਿੱਚ ਹਰਭਜਨ ਭੱਜੀ,
ਐਵੇਂ ਈ ਛੇੜ ਛੱਡਦਾ ਗਲਤ ਗੱਲ ਬੇਲੀ।
ਲੋਕੀਂ ਨੁਕਸ ਫਿਰ ਜੜ੍ਹਾਂ ਤੋਂ ਆਣ ਫੜਦੇ,
ਸੋਸ਼ਲ ਮੀਡੀਆ ਲਾਹੁੰਦਾ ਈ ਖੱਲ ਬੇਲੀ।
ਭਾਜਪਾ ਆਗੂਆਂ ਦੀ ਚਾਹੇ ਨਜ਼ਰ ਚੜ੍ਹਨਾ,
ਖੜਕਾਈ ਜਾਵੇ ਕਈ ਝੂਠ ਦੇ ਟੱਲ ਬੇਲੀ।
ਕਰੀਏ ਕੰਮ ਤਾਂ ਫੇਰ ਕੋਈ ਸਿਫਤ ਹੁੰਦੀ,
ਗਪੌੜੇ ਮਾਰਨ ਤੋਂ ਲੱਭੂ ਨਹੀਂ ਭੱਲ ਬੇਲੀ।
ਪੋਸਟ ਪਾਵੇ ਜਾਂ ਵੀਡੀਓ ਸ਼ੇਅਰ ਕਰਦਾ,
ਉਲਟਾ ਵੱਜਣ ਫਿਰ ਲੱਗਦਾ ਢੋਲ ਬੇਲੀ।
ਨਿੱਗਰ ਗੱਲ ਨਾ ਕੋਈ ਵੀ ਕਰਨ ਸਿੱਖੀ,
ਹੁੰਦਾ ਜ਼ਾਹਰ ਨਿੱਤ ਢੋਲ ਦਾ ਪੋਲ ਬੇਲੀ।

-ਤੀਸ ਮਾਰ ਖਾਂ

# ਮੋਦੀ ਸਰਕਾਰ ਕਾਰਪੋਰੇਟ ਜਗਤ ਦੀ ਸਰਕਾਰ : ਦਵਿੰਦਰ ਸੋਹਲ



ਤਰਨ ਤਾਰਨ (ਨ ਜ਼ ਸ)
ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਪਹਿਲੀ ਸਤੰਬਰ ਦੀ ਦਿੱਲੀ ਰੈਲੀ ਸੰਬੰਧੀ ਤਰਨ ਤਾਰਨ ਦੇ ਬੋਹੜੀ ਚੌਕ ਵਿੱਚ ਇਕੱਠ ਕਰਕੇ ਬਜ਼ਾਰਾਂ 'ਚ ਪੈਦਲ ਮਾਰਚ ਕੀਤਾ ਗਿਆ। ਇਸ ਪ੍ਰੋਗਰਾਮ ਦੀ ਅਗਵਾਈ ਤਾਰਾ ਸਿੰਘ ਖਹਿਰਾ, ਐਡਵੋਕੇਟ ਸਟਾਲਿਨਜੀਤ ਸਿੰਘ ਸੰਧੂ, ਅਵਤਾਰ ਸਿੰਘ ਪਲਾਸੌਰ, ਗੁਰਦਿਆਲ ਸਿੰਘ ਤਰਨ ਤਾਰਨ ਨੇ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ, ਦੇਵੀ ਕੁਮਾਰੀ ਤੇ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਅੱਜ ਦੇਸ਼ ਦੀ ਮੋਦੀ ਸਰਕਾਰ ਆਮ ਜਨਤਾ ਲਈ ਕੋਈ ਕੰਮ ਨਹੀਂ ਕਰ ਰਹੀ, ਉਹ ਸਿਰਫ ਅਡਾਨੀ, ਅੰਬਾਨੀ ਤੇ ਹੋਰ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੇ ਹਿੱਤ ਪੂਰ ਰਹੀ ਹੈ। ਇਸ ਕਰਕੇ ਉਹ ਅਮਰੀਕਾ ਨਾਲ ਮੁਕਤ ਵਪਾਰ ਸਮਝੌਤਾ ਕਰਨ ਜਾ ਰਹੀ ਹੈ, ਜਿਸ ਨਾਲ ਸਾਡੀ ਖੇਤੀ, ਡੇਅਰੀ ਫਾਰਮਿੰਗ, ਮੱਛੀ ਪਾਲਣ ਅਤੇ ਸਾਡੇ ਹੋਰ ਕਾਰੋਬਾਰ, ਜਿਵੇਂ ਆਮ ਦੁਕਾਨਦਾਰੀਆਂ, ਨਿੱਕੀਆਂ ਫੈਕਟਰੀਆਂ ਤੇ ਵਪਾਰ ਸਾਰੇ ਤਬਾਹ ਹੋ ਕੇ ਰਹਿ ਜਾਣਗੇ। ਅੱਜ ਦੇਸ਼ ਦੀ ਸਭ ਤੋਂ ਵੱਡੀ ਸਮੱਸਿਆ ਬੇਰੁਜ਼ਗਾਰੀ ਹੈ। ਬੇਰੁਜ਼ਗਾਰੀ ਕਾਰਨ ਹੀ ਦੇਸ਼ ਦਾ ਨੌਜਵਾਨ ਨਸ਼ਿਆਂ, ਲੁੱਟਾਂ-ਖੋਹਾਂ, ਗੈਂਗਸਟਰ ਪੁਣੇ ਵੱਲ ਜਾ ਰਿਹਾ ਹੈ। ਜਵਾਨੀ ਵਿੱਚ ਬੇਚੈਨੀ ਕਾਰਨ ਹੀ ਪਿਛਲੇ ਦਿਨੀਂ ਜੈੱਨ ਜ਼ੀ ਦਾ ਵੱਡਾ ਅੰਦੋਲਨ ਦਿੱਲੀ ਵਿੱਚ ਹੋਇਆ। ਮਜ਼ਦੂਰ ਜਮਾਤ ਦਾ ਵੱਡਾ ਘਾਣ ਮੋਦੀ ਸਰਕਾਰ ਸਮੇਂ ਹੋ ਰਿਹਾ ਹੈ। ਕਿਸਾਨਾਂ ਨਾਲ ਵਾਅਦਾ ਕਰਕੇ ਐੱਮ ਐੱਸ ਪੀ ਨਹੀਂ ਦਿੱਤੀ ਗਈ। ਮਹਿੰਗਾਈ ਸਿਖਰਾਂ ਛੂਹ ਰਹੀ ਹੈ। ਖੇਤ ਮਜ਼ਦੂਰਾਂ ਦੀ ਦਿਹਾੜੀ ਦੀ ਪਹੁੰਚ ਤੋਂ ਬਾਹਰ ਹੋ ਗਈ ਹੈ। ਕਾਰਪੋਰੇਟ ਘਰਾਣਿਆਂ ਵੱਲੋਂ ਲੁੱਟ ਮਚਾ ਰੱਖੀ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਪਹਿਲੀ ਸਤੰਬਰ ਦਿੱਲੀ ਰੈਲੀ ਵਿੱਚ ਧੂਮ-ਧਾਮ ਕੇ ਪਹੁੰਚੋ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਾਰ ਸਿੰਘ ਦਦੇਹਰ, ਵਿਸ਼ਾਲਦੀਪ ਵਲਟੋਹਾ, ਰਛਪਾਲ ਸਿੰਘ ਬਾਠ, ਰੁਪਿੰਦਰ ਕੌਰ ਮਾੜੀਮੇਘਾ, ਘੁੱਕ ਸਿੰਘ ਸਮੇਤ ਕਈ ਆਗੂ ਤੇ ਵਰਕਰ ਹਾਜ਼ਰ ਸਨ।

## ਬਰਨਾਲਾ ਦੇ ਪਿੰਡਾਂ 'ਚ ਬਦਲਾਅ ਲਈ ਹੋਕਾ



ਬਰਨਾਲਾ (ਨ ਜ਼ ਸ)
ਭਾਰਤੀ ਕਮਿਊਨਿਸਟ ਪਾਰਟੀ ਦੀ ਦਿੱਲੀ ਰੈਲੀ ਲਈ ਬਰਨਾਲਾ ਦੇ ਪਿੰਡਾਂ ਵਿੱਚ ਜਾ ਕੇ ਬਦਲਾਅ ਦਾ ਹੋਕਾ ਦਿੱਤਾ ਗਿਆ। ਸ਼ਹਿਰ ਬਰਨਾਲਾ, ਹੰਡਿਆਇਆ, ਧੌਲਾ, ਖੁੱਡੀ ਖੁਰਦ, ਮਹਿਤਾ, ਘੁੰਨਸ, ਜੇਠੂਕੇ ਆਦਿ ਪਿੰਡਾਂ ਵਿੱਚ ਜਥਾ ਮਾਰਚ ਦੀ ਅਗਵਾਈ ਖੁਸ਼ੀਆ ਸਿੰਘ ਸੀ ਪੀ ਆਈ ਜ਼ਿਲ੍ਹਾ ਸਕੱਤਰ ਬਰਨਾਲਾ, ਜਗਰਾਜ ਸਿੰਘ ਰਾਮਾ ਮਨਰੇਗਾ ਯੂਨੀਅਨ ਪ੍ਰਧਾਨ, ਸੁਮਨ ਨੌਜਵਾਨ ਆਗੂ, ਅਲੀ ਤੇ ਸ੍ਰੀ ਰਾਮ ਨੇ ਕੀਤੀ। ਖੁਸ਼ੀਆ ਸਿੰਘ ਨੇ ਕਿਹਾ ਕਿ ਮੋਦੀ ਦੀਆਂ ਨੀਤੀਆਂ ਲੋਕ ਵਿਰੋਧੀ ਹਨ। ਦੇਸ਼ ਦੇ ਸੰਵਿਧਾਨ ਨੂੰ ਤੋੜਨਾ, ਵਧ ਰਹੀ ਮਹਿੰਗਾਈ ਨੂੰ ਨਾ ਰੋਕਣਾ, ਫਿਰਕਾਪ੍ਰਸਤੀ ਨੂੰ ਬੜ੍ਹਾਵਾ ਦੇਣਾ, ਦੇਸ਼ ਦੇ ਨੌਜਵਾਨਾਂ ਨੂੰ ਜਾ ਨੌਕਰੀ ਦਿੱਤੀ ਜਾਵੇ ਜਾਂ ਤਾਂ ਗੁਜ਼ਾਰਾ ਭੱਤਾ ਦਿੱਤਾ ਜਾਵੇ। ਐੱਮ ਐੱਸ ਪੀ ਪੱਕੇ ਤੌਰ 'ਤੇ ਲਾਗੂ ਕੀਤੀ ਜਾਵੇ। ਮਜ਼ਦੂਰਾਂ ਤੇ ਕਿਸਾਨਾਂ ਦੇ ਸਿਰ 'ਤੇ ਚੜ੍ਹਿਆ ਕਰਜ਼ਾ ਮੁਆਫ ਕੀਤਾ ਜਾਵੇ। ਔਰਤ ਨੂੰ 55 ਸਾਲ ਤੋਂ ਪੁਰਸ਼ ਨੂੰ 60 ਸਾਲ ਤੋਂ 10,000 ਪੈਨਸ਼ਨ ਦਿੱਤੀ ਜਾਵੇ। ਸਿੱਖਿਆ ਦਾ ਵਪਾਰੀਕਰਨ ਬੰਦ ਕੀਤਾ ਜਾਵੇ, ਸਿੱਖਿਆ ਸਕੂਲਾਂ ਤੋਂ ਲੈ ਕੇ ਪ੍ਰਾਈਵੇਟ ਕਾਲਜਾਂ ਤੱਕ ਮੁਫ਼ਤ ਕੀਤੀ ਜਾਵੇ। ਮਨਰੇਗਾ ਨੂੰ ਪੂਰਨ ਬਹਾਲ ਕੀਤਾ ਜਾਵੇ ਤੇ ਮਨਰੇਗਾ ਵਿਚ ਕੰਮ ਕਰਦੀਆਂ ਔਰਤਾਂ ਅਤੇ ਪੁਰਸ਼ਾਂ ਦੀ ਦਿਹਾੜੀ 700 ਰੁਪਏ ਕੀਤੀ

• ਬਾਕੀ ਸਫ਼ਾ 2 'ਤੇ

## ਰਿਟੇਲ ਕਰਿਆਨਾ ਐਸੋਸੀਏਸ਼ਨ ਨੇ ਖੰਡ ਦੀਆਂ ਕੀਮਤਾਂ 'ਚ ਵਾਧੇ 'ਤੇ ਚਿੰਤਾ ਪ੍ਰਗਟਾਈ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜ਼ੈਂਡਰ ਡਿਸੂਜ਼ਾ)**-ਪ੍ਰਚੂਨ ਕਰਿਆਨਾ ਐਸੋਸੀਏਸ਼ਨ ਨੇ ਖੰਡ ਦੀਆਂ ਕੀਮਤਾਂ ਵਿੱਚ ਹੋਏ ਬੇਮਿਸਾਲ ਵਾਧੇ 'ਤੇ ਡੂੰਘੀ ਚਿੰਤਾ ਤੇ ਸਖ਼ਤ ਵਿਰੋਧ ਪ੍ਰਗਟ ਕੀਤਾ ਹੈ।ਇਥੇ ਇਸ ਮੁੱਦੇ 'ਤੇ ਬੋਲਦਿਆਂ ਰਿਟੇਲ ਕਰਿਆਨਾ ਐਸੋਸੀਏਸ਼ਨ ਦੇ ਪ੍ਰਧਾਨ ਚੰਦਨ ਕਾਮਰੇਡ, ਚੇਅਰਮੈਨ ਵਰਿੰਦਰ ਕੁਮਾਰ ਸ਼ਾਹ ਤੇ ਚੇਅਰਮੈਨ ਸ਼ਾਮ ਸੁੰਦਰ ਕਾਮਰੇਡ ਨੇ ਕਿਹਾ ਕਿ 15 ਅਗਸਤ ਨੂੰ ਖੰਡ ਦੀ ਕੀਮਤ ਲਗਭਗ 46 ਰੁਪਏ ਪ੍ਰਤੀ ਕਿੱਲੋ ਸੀ, ਜੋ ਹੁਣ ਵੱਧ ਕੇ 61 ਰੁਪਏ ਪ੍ਰਤੀ ਕਿੱਲੋ ਤੇ ਗਈ ਹੈ।ਇਨੇ ਥੋੜ੍ਹੇ ਸਮੇਂ ਵਿੱਚ ਲਗਭਗ 33% ਦੇ ਇਸ ਵਾਧੇ ਨੇ ਆਮ ਲੋਕਾਂ, ਛੋਟੇ ਵਪਾਰੀਆਂ ਅਤੇ ਭੋਜਨ ਤੇ ਪੀਣ ਵਾਲੇ ਪਦਾਰਥਾਂ ਦੇ ਉਦਯੋਗ 'ਤੇ ਇੱਕ ਵੱਡਾ ਵਿੱਤੀ ਬੋਝ ਪਾਇਆ ਹੈ।ਇਸ ਅਚਾਨਕ ਕੀਮਤਾਂ ਵਿੱਚ ਵਾਧੇ ਨੇ ਬਾਜ਼ਾਰ ਵਿੱਚ ਚਿੰਤਾ, ਅਨਿਸ਼ਚਤਤਾ ਤੇ ਅਸ਼ਾਂਤੀ ਦਾ ਮਾਹੌਲ ਪੈਦਾ ਕਰ ਦਿੱਤਾ ਹੈ।ਕਰਿਆਨਾ ਵੇਚਣ ਵਾਲੇ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਦੇਸ਼ ਭਰ ਦੇ ਆਮ ਨਾਗਰਿਕ ਰੋਜ਼ਾਨਾ ਵਰਤੋਂ ਦੀਆਂ ਕੀਮਤਾਂ ਦਾ ਸਾਹਮਣਾ ਕਰ ਰਹੇ ਹਨ।ਲੋਕ ਇਸ ਬਾਰੇ ਸਵਾਲ ਉਠਾ ਰਹੇ ਹਨ, ਪਰ ਇਸ ਕੀਮਤ ਵਾਧੇ ਲਈ ਦੁਕਾਨਦਾਰਾਂ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ।ਉਨ੍ਹਾਂ ਲਈ ਤਸੱਲੀਬਖਸ਼ ਜਵਾਬ ਦੇਣਾ ਬਹੁਤ ਮੁਸ਼ਕਲ ਹੋ ਗਿਆ ਹੈ, ਕਿਉਂਕਿ ਉਹ ਖੁਦ ਵੱਧ ਕੀਮਤਾਂ 'ਤੇ ਖੰਡ ਖਰੀਦਣ ਲਈ ਮਜਬੂਰ ਹਨ।ਇਸ ਵਧੀਆਂ ਕੀਮਤਾਂ ਵਿੱਚ ਵਾਧੇ ਨੇ ਗਰੀਬ ਤੇ ਮੱਧ ਵਰਗ ਦੇ ਪਰਿਵਾਰਾਂ ਦੇ ਘਰੇਲੂ ਬਜਟ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ ਅਤੇ ਮਠਿਆਈਆਂ, ਬੇਕਰੀ ਉਤਪਾਦ ਤੇ ਹੋਰ ਖਾਣ-ਪੀਣ ਦੀਆਂ ਚੀਜ਼ਾਂ ਵੀ ਮਹਿੰਗੀਆਂ ਹੁੰਦੀਆਂ ਜਾ ਰਹੀਆਂ ਹਨ।ਸੰਗਠਨ ਨੇ ਮੰਗ ਕੀਤੀ ਕਿ ਕੇਂਦਰ ਤੇ ਰਾਜ ਸਰਕਾਰਾਂ ਖੰਡ ਦੀਆਂ ਕੀਮਤਾਂ ਵਿੱਚ ਇਸ ਰਿਕਾਰਡ ਵਾਧੇ ਦੀ ਤੁਰੰਤ ਜਾਂਚ ਕਰਨ ਤੇ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰਨ। ਇਸ ਮੌਕੇ ਰਿਟੇਲ ਕਰਿਆਨਾ ਐਸੋਸੀਏਸ਼ਨ ਫਰੀਦਕੋਟ ਦੇ ਮੈਂਬਰ ਵੱਡੀ ਗਿਣਤੀ ਵਿੱਚ ਇਸ ਮੀਟਿੰਗ ਵਿੱਚ ਸ਼ਾਮਲ ਹੋਏ।

## ਜਨਰਲ ਕੈਟਾਗਰੀ ਕਮਿਸ਼ਨ ਨੂੰ ਕਾਰਜਸ਼ੀਲ ਕੀਤਾ ਜਾਵੇ : ਅਰਸ਼ ਸੱਚਰ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ/ਗੁਰਪ੍ਰੀਤ ਸਿੰਘ)**



ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਸਮਾਜ ਸੇਵੀ ਅਰਸ਼ ਸੱਚਰ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਜਨਰਲ ਵਰਗ, ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਏ ਗਏ 'ਜਨਰਲ ਕੈਟਾਗਰੀ ਕਮਿਸ਼ਨ' ਨੂੰ ਤੁਰੰਤ ਪੂਰੀ ਤਰ੍ਹਾਂ ਕਾਰਜਸ਼ੀਲ ਕੀਤਾ ਜਾਵੇ।ਅਰਸ਼ ਸੱਚਰ ਨੇ ਦੱਸਿਆ ਕਿ ਇਸ ਕਮਿਸ਼ਨ ਸਬੰਧੀ ਨੋਟੀਫਿਕੇਸ਼ਨ ਪਹਿਲਾਂ ਹੀ ਜਾਰੀ ਹੋ ਚੁੱਕਾ ਹੈ,ਹੁਣ ਲੋੜ ਹੈ ਕਿ ਇਸ ਦੇ ਚੇਅਰਮੈਨ ਤੇ ਮੈਂਬਰਾਂ ਦੀ ਨਿਯੁਕਤੀ ਕੀਤੀ ਜਾਵੇ ਅਤੇ ਕਮਿਸ਼ਨ ਨੂੰ ਦਫ਼ਤਰ, ਲੋੜੀਂਦਾ ਸਟਾਫ਼ ਤੇ ਹੋਰ ਪ੍ਰਸ਼ਾਸਨਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਇਹ ਸੁਚਾਰੂ ਢੰਗ ਨਾਲ ਕੰਮ ਕਰ ਸਕੇ। ਉਨ੍ਹਾਂ ਕਿਹਾ ਕਿ ਜਨਰਲ ਵਰਗ ਦੇ ਲੋੜਵੰਦ ਪਰਵਾਰਾਂ ਨੂੰ ਸਿੱਖਿਆ, ਰੁਜ਼ਗਾਰ ਤੇ ਸਮਾਜਿਕ ਸੁਰੱਖਿਆ ਨਾਲ ਜੁੜੇ ਮਸਲਿਆਂ ਲਈ ਇੱਕ ਮਜ਼ਬੂਤ ਸੰਸਥਾਗਤ ਮੰਚ ਦੀ ਲੋੜ ਹੈ।ਇੱਕ ਸਰਗਰਮ ਕਮਿਸ਼ਨ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਦੇ ਨਾਲ-ਨਾਲ ਸਰਕਾਰ ਨੂੰ ਢੁੱਕਵੇਂ ਸੁਝਾਅ ਤੇ ਸਿਫ਼ਾਰਸ਼ਾਂ ਵੀ ਦੇ ਸਕਦਾ ਹੈ।ਆਗੂ ਨੇ ਦੱਸਿਆ ਕਿ ਪੰਜਾਬ ਭਰ ਦੀਆਂ ਜਨਰਲ ਕੈਟਾਗਰੀ ਜਥੇਬੰਦੀਆਂ ਦੇ ਨੁਮਾਇੰਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸ੍ਰੀ ਮਨੀਸ਼ ਸਿਸੋਦੀਆ ਨਾਲ ਮੁਲਾਕਾਤ ਕਰਕੇ ਆਪਣੀਆਂ ਮੰਗਾਂ ਰੱਖਣਾ ਚਾਹੁੰਦੇ ਹਨ।ਇਸ ਲਈ ਸਰਕਾਰ ਤੋਂ ਮੁਲਾਕਾਤ ਲਈ ਸਮਾਂ ਦੇਣ ਦੀ ਮੰਗ ਕੀਤੀ ਗਈ ਹੈ।ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਸਮਾਜਿਕ ਨਿਆਂ ਤੇ ਲੋਕ-ਹਿੱਤ ਨੂੰ ਮੁੱਖ ਰੱਖਦਿਆਂ ਇਸ ਪ੍ਰਕਿਰਿਆ ਨੂੰ ਜਲਦ ਮੁਕੰਮਲ ਕੀਤਾ ਜਾਵੇ।

## ਐੱਨ ਐੱਚ ਐੱਮ ਮੁਲਾਜ਼ਮਾਂ ਤੇ ਆਸ਼ਾ ਵਰਕਰਾਂ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨੈਸ਼ਨਲ ਹੈੱਲਥ ਮਿਸ਼ਨ (ਐੱਨ ਐੱਚ ਐੱਮ.) ਅਧੀਨ ਕੰਮ ਕਰ ਰਹੇ ਮੁਲਾਜ਼ਮਾਂ ਤੇ ਆਸ਼ਾ ਵਰਕਰਾਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਪਿਛਲੇ ਲਗਭਗ ਇਕ ਹਫ਼ਤੇ ਤੋਂ ਸੰਘਰਸ਼ ਲਗਾਤਾਰ ਜਾਰੀ ਹੈ। ਇਸੇ ਸੰਘਰਸ਼ ਦੀ ਅਗਲੀ ਕੜੀ ਵਜੋਂ ਅੱਜ ਫ਼ਿਰੋਜ਼ਪੁਰ ਵਿਖੇ ਐੱਨ ਐੱਚ ਐੱਮ. ਮੁਲਾਜ਼ਮਾਂ ਅਤੇ ਆਸ਼ਾ ਯੂਨੀਅਨ ਵੱਲੋਂ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਯਰੀਬ ਸਿੰਘ ਐੱਨ ਐੱਚ ਐੱਮ. ਨੇ ਦੱਸਿਆ ਕਿ ਮੁਲਾਜ਼ਮਾਂ ਦੀ ਮੁੱਖ ਮੰਗ ਹੈ ਕਿ 'ਬਰਾਬਰ ਕੰਮ, ਬਰਾਬਰ ਤਨਖਾਹ' ਦੇ ਸਿਧਾਂਤ ਨੂੰ ਲਾਗੂ ਕਰਦਿਆਂ ਬਰਾਬਰ ਕੰਮ ਕਰਨ ਵਾਲੇ ਮੁਲਾਜ਼ਮਾਂ ਨੂੰ ਬਰਾਬਰ ਤਨਖਾਹ ਦਿੱਤੀ ਜਾਵੇ। ਇਸ ਦੇ ਨਾਲ ਹੀ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਮੁਲਾਜ਼ਮਾਂ ਲਈ ਲੋਇਲਟੀ ਬੋਨਸ ਦੀ ਮੰਗ ਵੀ ਪ੍ਰਮੁੱਖ ਹੈ। ਇਸ ਮੌਕੇ ਆਸ਼ਾ ਵਰਕਰ ਦੇ ਪ੍ਰਧਾਨ ਰਾਜਵੰਤ ਕੌਰ ਨੇ ਯੂਨੀਅਨ ਵੱਲੋਂ ਵੀ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ। ਆਸ਼ਾ ਵਰਕਰਾਂ ਦੀ ਮੁੱਖ ਮੰਗ ਹੈ ਕਿ ਉਨ੍ਹਾਂ ਨੂੰ ਘੱਟੋ-ਘੱਟ 26,000 ਪ੍ਰਤੀ ਮਹੀਨਾ ਤਨਖ਼ਾਹ ਦਿੱਤੀ ਜਾਵੇ ਤੇ ਕਟੇ ਹੋਏ ਭੱਤੇ ਬਹਾਲ ਕੀਤੇ ਜਾਣ। ਆਸ਼ਾ ਵਰਕਰ ਪਿੰਡਾਂ ਤੇ ਸ਼ਹਿਰਾਂ ਵਿਚ ਲੋਕਾਂ ਨੂੰ ਸਿਹਤ ਸੇਵਾਵਾਂ ਨਾਲ ਜੋੜਨ, ਮਾਤਾ-ਬੱਚਾ ਸਿਹਤ, ਟੀਕਾਕਰਨ ਤੇ ਹੋਰ ਅਹਿਮ ਸਿਹਤ ਪ੍ਰੋਗਰਾਮਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਸ ਮੌਕੇ ਕਮਿਊਨਿਟੀ ਹੈੱਲਥ ਅਫ਼ਸਰ ਨਰਿੰਦਰ ਸਿੰਘ ਨੇ ਕਿਹਾ ਕਿ ਐੱਨ ਐੱਚ ਐੱਮ. ਮੁਲਾਜ਼ਮ ਤੇ ਆਸ਼ਾ ਵਰਕਰ ਸਿਹਤ ਵਿਭਾਗ ਦੀਆਂ ਅਹਿਮ ਸੇਵਾਵਾਂ ਨੂੰ ਪੂਰੀ ਜ਼ਿੰਮੇਵਾਰੀ ਤੇ ਸਮਰਪਣ ਨਾਲ ਨਿਭਾਅ ਰਹੇ ਹਨ। ਇਸ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਵੱਲ ਲੰਮੇ ਸਮੇਂ ਤੋਂ ਬਣਦਾ ਧਿਆਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਮੁਲਾਜ਼ਮਾਂ ਤੇ ਆਸ਼ਾ ਵਰਕਰਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕਮਿਊਨਿਟੀ ਹੈੱਲਥ ਅਫ਼ਸਰ ਡਾ. ਪ੍ਰੀਤ ਮੁਖੀਜਾ ਨੇ ਕਿਹਾ ਕਿ ਇਹ ਮੰਗਾਂ ਕੋਈ ਵੱਡੀਆਂ ਨਹੀਂ, ਸਗੋਂ ਮਿਹਨਤ ਕਰਨ ਵਾਲੇ ਕਾਮਿਆਂ ਦੇ ਹੱਕ ਦੀ ਮੰਗ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਮੁਲਾਜ਼ਮਾਂ ਤੇ ਆਸ਼ਾ ਵਰਕਰਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਠੋਸ ਫ਼ੈਸਲੇ ਕੀਤੇ ਜਾਣ। ਇਸ ਮੌਕੇ ਐੱਨ ਐੱਚ ਐੱਮ. ਯੂਨੀਅਨ ਦੇ ਸਾਥੀ ਡਾ. ਨੀਤਿਕਾ, ਡਾ. ਸ਼ਿਵਕਾਂਤ, ਰਾਜਵਿੰਦਰ ਕੌਰ, ਨੇਹਾ, ਸੰਦੀਪ ਸਿੰਘ, ਪਰਮਿੰਦਰ ਕੌਰ, ਹਰਜਿੰਦਰ ਸਿੰਘ, ਹਰਬੰਸ ਲਾਲ, ਰਿਤੂ ਕੰਬੋਜ਼ ਡਾ. ਲਲਿਤ, ਪੂਜਾ, ਸੰਗੀਤਾ, ਅਜੇ, ਸੁਖਦੇਵ ਸਿੰਘ ਤੋਂ ਇਲਾਵਾ ਪੈਰਾਮੈਡੀਕਲ ਯੂਨੀਅਨ ਦੇ ਆਗੂ ਨਰਿੰਦਰ ਸ਼ਰਮਾ, ਰਾਮ ਪ੍ਰਸਾਦ, ਕਰਨਜੀਤ ਅਤੇ ਆਸ਼ਾ ਵਰਕਰ ਰਾਜਵੰਤ ਕੌਰ, ਪਰਮਜੀਤ ਕੌਰ, ਇੰਦਰਜੀਤ ਕੌਰ, ਵੀਰਪਾਲ ਕੌਰ, ਰਮਨਦੀਪ ਕੌਰ, ਕਰਨਦੀਪ ਕੌਰ ਹਾਜ਼ਰ ਸਨ।

## ਆਰੀਅਨ ਸਕੂਲ ਵਿਖੇ ਹਰਿਆਲੀ ਤੀਜ ਦਾ ਤਿਉਹਾਰ ਮਨਾਇਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਆਰੀਅਨ ਪਬਲਿਕ ਸਕੂਲ ਗਿੱਦੜਬਾਹਾ ਵਿਖੇ ਹਰਿਆਲੀ ਤੀਜ ਦਾ ਤਿਉਹਾਰ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸਮਾਗਮ ਦੌਰਾਨ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਵਿਦਿਆਰਥੀਆਂ ਵੱਲੋਂ ਤੀਜ ਦੇ ਤਿਉਹਾਰ ਨਾਲ ਸਬੰਧਤ ਗੀਤ, ਨਾਚ ਤੇ ਹੋਰ ਰੰਗਾਰੰਗ ਪੇਸ਼ਕਾਰੀਆਂ ਦਿੱਤੀਆਂ ਗਈਆਂ।ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਵੀ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਮਾਗਮ ਦੌਰਾਨ ਵੱਖ-ਵੱਖ ਤਰ੍ਹਾਂ ਦੀਆਂ ਮਨੋਰੰਜਕ ਤੇ ਖੇਡ ਮੁਕਾਬਲੇ ਵੀ ਕਰਵਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ।ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ ਪ੍ਰਬੰਧਕਾਂ ਵੱਲੋਂ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਪ੍ਰਧਾਨ ਦੀਪਕ ਗੋਇਲ, ਸਕੱਤਰ ਸੁਭਾਸ਼ ਗਰਗ ਤੇ ਪ੍ਰਿੰਸੀਪਲ ਸੁਚਰਿਤਾ ਗਰਗ ਸਮੇਤ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

## ਸਬਜ਼ੀ ਮੰਡੀ ਦੀਆਂ ਸਮੱਸਿਆਵਾਂ ਸੰਬੰਧੀ ਮੰਗ ਪੱਤਰ ਦਿੱਤਾ



**ਰਾਜਪੁਰਾ (ਰਮੇਸ਼ ਕਟਾਰੀਆ)**-ਸਬਜ਼ੀ ਮੰਡੀ ਆੜ੍ਹਤੀ ਐਸੋਸੀਏਸ਼ਨ ਵੱਲੋਂ ਮੰਡੀ ਦੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਮੀਟਿੰਗ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਦੀਪਕ ਸੂਦ ਨਾਲ ਕੀਤੀ ਗਈ।ਇਸ ਮੌਕੇ ਸਬਜ਼ੀ ਮੰਡੀ ਦੇ ਆੜ੍ਹਤੀ ਭਰਾਵਾਂ ਨੂੰ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਚੇਅਰਮੈਨ ਸ੍ਰੀ ਦੀਪਕ ਸੂਦ ਨੂੰ ਵਿਸਥਾਰਪੂਰਵਕ ਜਾਣੂ ਕਰਾਇਆ ਗਿਆ।ਮੀਟਿੰਗ ਦੌਰਾਨ ਮੰਡੀ ਦੇ ਪ੍ਰਬੰਧਨ, ਸਫ਼ਾਈ ਦੀ ਕਮੀ, ਕੂੜੇ ਦੀ ਸਮੱਸਿਆ ਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਜੁੜੇ ਮੁੱਦਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਦੌਰਾਨ ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ ਤੇ ਬਾਕੀ ਰਹਿੰਦੇ ਕੰਮਾਂ ਸਬੰਧੀ ਸਬੰਧਤ ਮੈਂਬਰਾਂ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ, ਤਾਂ ਜੁ ਕੰਮ ਬਿਨਾਂ ਕਿਸੇ ਦੇਰੀ ਦੇ ਪੂਰੇ ਕੀਤੇ ਜਾ ਸਕਣ।ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਚੇਅਰਮੈਨ ਸ੍ਰੀ ਦੀਪਕ ਸੂਦ ਨੂੰ ਸੌਂਪਿਆ ਗਿਆ, ਜਿਸ ਨੂੰ ਉਨ੍ਹਾਂ ਵੱਲੋਂ ਸਵੀਕਾਰ ਕਰਦਿਆਂ ਆੜ੍ਹਤੀ ਭਾਈਚਾਰੇ ਦੀਆਂ ਜਾਇਜ਼ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰ ਕੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਤੋਂ ਬਾਅਦ ਸ੍ਰੀ ਦੀਪਕ ਸੂਦ ਵੱਲੋਂ ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰਾਂ ਨਾਲ ਮਾਰਕੀਟ ਦਾ ਪੈਦਲ ਦੌਰਾ ਵੀ ਕੀਤਾ ਗਿਆ। ਇਸ ਦੌਰਾਨ ਮੌਕੇ 'ਤੇ ਮੰਡੀ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਅਤੇ ਲੋੜੀਂਦੇ ਸੁਧਾਰਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

## ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਗਿੱਦੜਬਾਹਾ ਵਿਖੇ ਚੱਲ ਰਹੇ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ਦੀ ਸਮਾਪਤੀ ਲੜਕਿਆਂ ਦੇ ਕੁਸ਼ਤੀ ਮੁਕਾਬਲਿਆਂ ਨਾਲ ਹੋਈ।ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਕੁਸ਼ਤੀ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਪਹਿਲੀਆਂ, ਦੂਜੀਆਂ ਤੇ ਤੀਜੀਆਂ ਪੁਜ਼ੀਸ਼ਨਾਂ ਹਾਸਲ ਕੀਤੀਆਂ।ਫਰੀ ਸਟਾਈਲ ਕੁਸ਼ਤੀ ਦੇ 38 ਕਿੱਲੋ ਭਾਰ ਵਰਗ 'ਚ ਅਰਸ਼ਦੀਪ ਸਿੰਘ ਨੇ ਪਹਿਲਾ ਸਥਾਨ, 55 ਕਿੱਲੋ 'ਚ ਅਤੁਲ ਨੇ ਦੂਜਾ ਸਥਾਨ ਤੇ 48 ਕਿੱਲੋ 'ਚ ਕੇਸ਼ਵ ਖੰਨਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਗ੍ਰੀਕੋ-ਰੋਮਨ ਕੁਸ਼ਤੀ ਦੇ 55 ਕਿੱਲੋ ਭਾਰ ਵਰਗ 'ਚ ਰੌਸ਼ਨਦੀਪ ਸਿੰਘ ਤੇ 45 ਕਿੱਲੋ ਭਾਰ ਵਰਗ 'ਚ ਪੁਸ਼ਵਿੰਦਰ ਕੁਮਾਰ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਇੰਚਾਰਜ ਕੁਲਦੀਪ ਸਿੰਘ ਦੀ ਅਗਵਾਈ ਹੇਠ ਰਜਨੀ ਬਾਲਾ, ਮਨਪ੍ਰੀਤ ਕੌਰ, ਪੰਕਜ ਗੁਪਤਾ, ਜਸਪ੍ਰੀਤ ਕੌਰ, ਗੀਤਾ ਰਾਣੀ, ਹਰਮੀਤ ਸਿੰਘ, ਹਰਜਿੰਦਰ ਸਿੰਘ, ਕੰਵਰ ਯਾਦਵਿੰਦਰ, ਖੁਸ਼ਹਾਲ ਬਾਂਸਲ ਤੇ ਰੋਹਿਤ ਵੱਲੋਂ ਸਵੇਰ ਦੀ ਸਭਾ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।

## ਨਵ-ਨਿਯੁਕਤ ਅਹੁਦੇਦਾਰਾਂ ਦੇ ਸਨਮਾਨ ਮੌਕੇ ਅਕਾਲੀ ਦਲ ਦੀ ਜਥੇਬੰਦਕ ਤਾਕਤ ਦਾ ਪ੍ਰਗਟਾਵਾ : ਗਰੇਵਾਲ, ਮੱਲ੍ਹਾ, ਡੱਲਾ

**ਜਗਰਾਓਂ (ਨਛੱਤਰ ਸੰਧੂ)**



ਸ਼੍ਰੋਮਣੀ ਅਕਾਲੀ ਦਲ ਹਲਕਾ ਵੱਲੋਂ ਪਾਰਟੀ ਦੇ ਨਵ-ਨਿਯੁਕਤ ਅਹੁਦੇਦਾਰਾਂ ਦੇ ਸਨਮਾਨ ਵਿੱਚ ਸਨਮਾਨ ਸਮਾਰੋਹ ਸ਼੍ਰੋਮਣੀ ਅਕਾਲੀ ਦਲ ਦਫ਼ਤਰ ਵਿਖੇ ਕਰਾਇਆ ਗਿਆ।ਸਮਾਰੋਹ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ, ਸਾਬਕਾ ਵਿਧਾਇਕ ਤੇ ਹਲਕਾ ਜਗਰਾਓਂ ਦੇ ਇੰਚਾਰਜ ਐੱਸ.ਆਰ.ਕਲੇਰ ਨੇ ਕੀਤੀ।ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ ਨੂੰ ਪੰਜਾਬ ਦਾ ਜਥੇਬੰਦਕ ਸਕੱਤਰ, ਪਰਮਿੰਦਰ ਸਿੰਘ ਚੀਮਾ ਨੂੰ ਪੀ.ਏ.ਸੀ. ਮੈਂਬਰ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ ਤੇ ਦੀਪਇੰਦਰ ਸਿੰਘ ਭੰਡਾਰੀ ਨੂੰ ਪੀ.ਏ.ਸੀ. ਮੈਂਬਰ ਤੇ ਜਤਿੰਦਰ ਸਿੰਘ ਜੱਟ ਗਰੇਵਾਲ ਤੇ ਵਰਿੰਦਰਪਾਲ ਸਿੰਘ ਪਾਲੀ ਗਿੱਲ ਨੂੰ ਯੂਥ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ 'ਤੇ ਸਨਮਾਨਤ ਕੀਤਾ ਗਿਆ।ਐੱਸ. ਆਰ. ਕਲੇਰ ਨੇ ਕਿਹਾ ਕਿ ਪਾਰਟੀ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਨਾਲ ਜਥੇਬੰਦੀ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਸਾਰੇ ਅਹੁਦੇਦਾਰ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਦੇ ਨਾਲ-ਨਾਲ ਵਰਕਰਾਂ ਨਾਲ ਮਜ਼ਬੂਤ ਤਾਲਮੇਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ।ਭਾਈ ਗੁਰਚਰਨ ਸਿੰਘ ਗਰੇਵਾਲ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਆਗੂਆਂ ਤੇ ਵਰਕਰਾਂ ਦਾ ਇਕਜੁੱਟ ਹੋਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੀ ਚੜ੍ਹਦੀ ਕਲਾ ਅਤੇ ਜਥੇਬੰਦੀ ਦੀ ਮਜ਼ਬੂਤੀ ਲਈ ਹਰ ਵਰਕਰ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਮਿਹਨਤ ਕਰੇ।ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਨੇ ਕਿਹਾ ਕਿ ਪਾਰਟੀ ਵੱਲੋਂ ਨਵੀਆਂ ਜ਼ਿੰਮੇਵਾਰੀਆਂ ਦੇ ਕੇ ਆਗੂਆਂ ਨੂੰ ਅੱਗੇ ਲਿਆਉਣਾ ਜਥੇਬੰਦੀ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ।ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਉਹ ਪਾਰਟੀ ਦੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਉਣਗੇ।ਕਮਲਜੀਤ ਸਿੰਘ ਮੱਲ੍ਹਾ ਨੇ ਸਨਮਾਨ ਲਈ ਹਲਕਾ ਜਗਰਾਓਂ ਦੀ ਸਮੁੱਚੀ ਲੀਡਰਸ਼ਿਪ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਉਨ੍ਹਾਂ ਲਈ ਸਨਮਾਨ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ।ਪਰਮਿੰਦਰ ਸਿੰਘ ਚੀਮਾ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ।

ਉਨ੍ਹਾਂ ਕਿਹਾ ਕਿ ਵਰਕਰਾਂ ਨਾਲ ਮਜ਼ਬੂਤ ਸੰਪਰਕ ਕਾਇਮ ਕਰਕੇ ਪਾਰਟੀ ਦੀ ਜਥੇਬੰਦੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਯਤਨ ਕੀਤੇ ਜਾਣਗੇ।ਜਤਿੰਦਰ ਸਿੰਘ ਜੱਟ ਗਰੇਵਾਲ ਨੇ ਕਿਹਾ ਕਿ ਯੂਥ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨਾ ਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਪਾਰਟੀ ਨਾਲ ਜੋੜਨਾ ਉਨ੍ਹਾਂ ਦੀ ਮੁੱਖ ਤਰਜ਼ੀਹ ਹੋਵੇਗੀ।ਰੇਸ਼ਮ ਸਿੰਘ ਮਾਣੂੰਕੇ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀ ਲੋੜ ਹੈ।

## ਖੇਤੀਬਾੜੀ ਹਾਦਸਿਆਂ ਦੇ ਪੀੜਤਾਂ ਨੂੰ 4 ਲੱਖ 20 ਹਜ਼ਾਰ ਦੇ ਚੈੱਕ ਵੰਡੇ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਮੰਡੀ ਬੋਰਡ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਮਾਰਕਿਟ ਕਮੇਟੀ ਦੇ ਨੋਟੀਫਾਈਡ ਏਰੀਏ ਅੰਦਰ ਖੇਤੀਬਾੜੀ ਦਾ ਕੰਮ ਕਰਦੇ ਹੋਏ ਖੇਤੀਬਾੜੀ ਮਸ਼ੀਨਰੀ ਨਾਲ ਹਾਦਸਾਗ੍ਰਸਤ ਹੋਏ ਪੀੜਤਾਂ ਤੇ ਉਨ੍ਹਾਂ ਦੇ ਵਾਰਸਾਂ ਨੂੰ ਵਿੱਤੀ ਸਹਾਇਤਾ ਵਜੋਂ 4 ਲੱਖ 20 ਹਜ਼ਾਰ ਰੁਪਏ ਦੇ ਚੈੱਕ ਵੰਡੇ ਗਏ।ਇਹ ਚੈੱਕ ਚੇਅਰਮੈਨ ਮਾਰਕਿਟ ਕਮੇਟੀ ਸ਼੍ਰੀ ਪਰਮਜੀਤ ਸਿੰਘ ਨੂਰਸ਼ਾਹ ਵੱਲੋਂ ਪੀੜਤਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਸੌਂਪੇ ਗਏ।ਉਨ੍ਹਾਂ ਨਾਲ ਸਕੱਤਰ ਮਾਰਕਿਟ ਕਮੇਟੀ ਸ਼੍ਰੀ ਮਨਦੀਪ ਕਾਮਰਾ, ਸ਼੍ਰੀ ਸੰਦੀਪ ਕੁਮਾਰ, ਲੇਖਾਕਾਰ ਤੇ ਸ਼੍ਰੀ ਅਰਵਿੰਦ ਕੁਮਾਰ, ਕਲਰਕ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਚੇਅਰਮੈਨ ਪਰਮਜੀਤ ਸਿੰਘ ਨੂਰਸ਼ਾਹ ਨੇ ਕਿਹਾ ਕਿ ਖੇਤਾਂ 'ਚ ਕੰਮ ਕਰਦੇ ਸਮੇਂ ਹਾਦਸਾਗ੍ਰਸਤ ਹੋਏ ਕਿਸਾਨਾਂ ਤੇ ਮਜ਼ਦੂਰਾਂ ਦੇ ਪਰਵਾਰਾਂ ਨੂੰ ਸਮੇਂ ਸਿਰ ਸਹਾਇਤਾ ਦੇਣਾ ਸਾਡਾ ਫ਼ਰਜ਼ ਹੈ।ਪੰਜਾਬ ਸਰਕਾਰ ਤੇ ਮੰਡੀ ਬੋਰਡ ਦੀਆਂ ਹਦਾਇਤਾਂ ਅਨੁਸਾਰ ਅਜਿਹੇ ਪੀੜਤਾਂ ਨੂੰ ਜਲਦੀ ਤੋਂ ਜਲਦੀ ਰਾਹਤ ਦੇਣ ਲਈ ਕਮੇਟੀ ਵਚਨਬੱਧ ਹੈ।

## ਸਨੌਰ ਹਲਕੇ 'ਚ ਗੌਰਵ ਸੰਧੂ ਨੇ ਸਰਗਰਮੀਆਂ ਕੀਤੀਆਂ ਤੇਜ਼



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਿਧਾਨ ਸਭਾ ਹਲਕਾ ਸਨੌਰ 'ਚ ਕਾਂਗਰਸ ਦੇ ਸੀਨੀਅਰ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੀਨੀਅਰ ਵਾਇਸ ਪ੍ਰਧਾਨ ਗੌਰਵ ਸੰਧੂ ਨੇ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਕਾਂਗਰਸ ਸੀਨੀਅਰ ਆਗੂ ਗੌਰਵ ਸੰਧੂ ਵੱਲੋਂ ਮਿਸ਼ਨ 2027 ਤਹਿਤ ਕਾਂਗਰਸ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਮੁਹਿੰਮ ਵਿੱਢ ਦਿੱਤੀ ਗਈ ਹੈ। ਸਨੌਰ ਵਿਖੇ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਨੂੰ ਸੰਬੋਧਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੰਧੂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਚੋਣ ਵਾਅਦੇ ਸਿਰਫ ਕਾਗਜ਼ੀ ਵਿਖਾਵਾ ਹਨ ਤੇ ਪੂਰੇ ਕੀਤੇ ਜਾ ਰਹੇ ਵਾਅਦਿਆਂ ਦੀ ਜ਼ਮੀਨੀ ਸੱਚਾਈ ਹੋਰ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਅਗਾਮੀ ਚੋਣਾਂ ਲਈ ਕਾਂਗਰਸ ਪੂਰੀ ਤਰ੍ਹਾਂ ਤਿਆਰ ਹੈ। ਉਨ੍ਹਾਂ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਸਰਕਾਰ ਦੇ ਆਲੋਚਕਾਂ ਦੇ ਕਥਿਤ ਅਕਾਊਂਟ ਟੇਕ ਡਾਊਨ ਨੂੰ ਲੈ ਕੇ ਆਮ ਆਦਮੀ ਪਾਰਟੀ 'ਤੇ ਦੋਸ਼ ਲਾਇਆ ਕਿ ਕੇਂਦਰ 'ਚ ਆਮ ਆਦਮੀ ਪਾਰਟੀ ਸੋਸ਼ਲ ਮੀਡੀਆ ਕੰਟੈਂਟ ਹਟਾਏ ਜਾਣ ਨੂੰ ਮੌਲਿਕ ਅਧਿਕਾਰਾਂ 'ਤੇ ਹਮਲਾ ਦੱਸਦੀ ਹੈ, ਪਰ ਪੰਜਾਬ 'ਚ ਉਨ੍ਹਾਂ ਦੀ ਪਾਰਟੀ ਨਾਲ ਜੁੜੀ ਸਰਕਾਰ 'ਤੇ ਆਲੋਚਕਾਂ ਨੂੰ ਕਥਿਤ ਤੌਰ 'ਤੇ ਦਬਾਉਣ ਲਈ ਕਾਪੀ ਰਾਈਟ ਸਟ੍ਰਾਈਕ ਦੀ ਵਰਤੋਂ ਕਰਨ ਦੇ ਦੋਸ਼ ਲੱਗ ਰਹੇ ਹਨ।ਉਨ੍ਹਾਂ ਨੇ ਪੰਜਾਬ ਸਰਕਾਰ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜੇਕਰ ਸਰਕਾਰ ਕੋਲ ਛੁਪਾਉਣ ਲਈ ਕੁਝ ਨਹੀਂ ਹੈ, ਤਾਂ ਉਹ ਆਲੋਚਨਾ ਤੋਂ ਇੰਨੀ ਚਿੰਤਤ ਕਿਉਂ ਹੈ ? ਇਸ ਮੌਕੇ ਕਾਂਗਰਸ ਮੌਕੇ ਕਾਂਗਰਸ ਦੇ ਬਹੁਤ ਸਾਰੇ ਆਗੂ ਮੌਜੂਦ ਸਨ।

## ਲਹਿਰਾ ਥਰਮਲ ਦੇ ਠੇਕਾ ਮੁਲਾਜ਼ਮਾਂ ਦੀ ਹੜਤਾਲ 27ਵੇਂ ਦਿਨ ਵੀ ਜਾਰੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਾਵਰਕਾਮ ਤੇ ਟ੍ਰਾਂਸਕੋ ਆਊਟਸੋਰਸਡ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਦੇ ਸੱਦੇ 'ਤੇ ਗੁਰੂ ਹਰਿਗੋਬਿੰਦ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਵਿਭਾਗ ਵਿੱਚ ਪੱਕਾ ਕਰਨ ਦੀ ਮੰਗ ਨੂੰ ਲੈ ਕੇ 25 ਜੁਲਾਈ ਤੋਂ ਸ਼ੁਰੂ ਕੀਤੀ ਹੜਤਾਲ ਅੱਜ 27ਵੇਂ ਦਿਨ ਵੀ ਜਾਰੀ ਹੈ। ਆਗੂਆਂ ਜਗਰੂਪ ਸਿੰਘ, ਜਗਸੀਰ ਭੰਗੂ, ਲਛਮਣ ਰਾਮਪੁਰਾ ਤੇ ਹਰਦੀਪ ਤੱਗੜ ਆਦਿ ਨੇ ਸੰਬੋਧਨ ਕਰਦਿਆਂ ਨੇ ਕਿਹਾ ਕਿ ਪਾਵਰ ਕਾਰਪੋਰੇਸ਼ਨ ਵਿੱਚ ਪਿਛਲੇ ਦੋ-ਢਾਈ ਦਹਾਕਿਆਂ ਦੇ ਲੰਬੇ ਅਰਸੇ ਤੋਂ ਲਗਾਤਾਰ ਨਿਗੂਣੀਆਂ ਤਨਖਾਹਾਂ ਤੇ ਸੇਵਾਵਾਂ ਦੇ ਰਹੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਵਿਭਾਗ ਵਿੱਚ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਪਿਛਲੇ ਲੰਬੇ ਸਮੇਂ ਤੋਂ ਕੀਤੇ ਜਾ ਰਹੇ ਲਗਾਤਾਰ ਸੰਘਰਸ਼ਾਂ ਦੀ ਬਦੌਲਤ ਪੰਜਾਬ ਸਰਕਾਰ ਵੱਲੋਂ ਮੌਨਸੂਨ ਸੈਸ਼ਨ ਦੌਰਾਨ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਠੇਕੇ 'ਤੇ ਹੀ ਭਰਤੀ ਕਰਨ ਲਈ ਵਿਧਾਨ ਸਭਾ ਵਿੱਚ ਕਾਨੂੰਨ ਪਾਸ ਕੀਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਇਹ ਕਾਨੂੰਨ ਠੇਕਾ ਮੁਲਾਜ਼ਮ ਪੱਖੀ ਨਹੀਂ ਹੈ, ਕਿਉਂਕਿ ਇਹ ਕਾਨੂੰਨ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਸਿੱਧਾ ਠੇਕੇ 'ਤੇ ਭਰਤੀ ਕਰਨ ਦੀ ਵਕਾਲਤ ਕਰਦਾ ਹੈ ਤੇ ਇਨ੍ਹਾਂ ਨੂੰ ਵਿਭਾਗ ਵਿੱਚ ਠੇਕੇ 'ਤੇ ਭਰਤੀ ਕਰਨ ਉਪਰੰਤ ਵਿਭਾਗ ਵਿੱਚ 10 ਸਾਲ ਲਗਾਤਾਰ ਸੇਵਾਵਾਂ ਦੇਣ ਤੋਂ ਬਾਅਦ ਵਿਭਾਗ ਵਿੱਚ ਪੱਕਾ ਕਰਨ ਬਾਰੇ ਵਿਚਾਰਨ ਦੀ ਗੱਲ ਕਰਦਾ ਹੈ ਅਤੇ ਇਸ ਕਾਨੂੰਨ ਵਿੱਚ ਹੋਰ ਬਹੁਤ ਸਾਰੀਆਂ ਇਹੋ ਜਿਹੀਆਂ ਸ਼ਰਤਾਂ ਹਨ ਜੋ ਆਊਟਸੋਰਸਡ ਠੇਕਾ ਮੁਲਾਜ਼ਮ ਪੂਰੀਆਂ ਨਹੀਂ ਕਰਦੇ। ਪੰਜਾਬ ਸਰਕਾਰ ਦੇ ਇਸ ਧੋਖੇ ਦੇ ਵਿਰੋਧ ਵਜੋਂ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮ ਲਗਾਤਾਰ ਹੜਤਾਲ 'ਤੇ ਹਨ। ਆਗੂਆਂ ਨੇ ਮੰਗ ਕੀਤੀ ਕਿ ਪਾਵਰ ਕਾਰਪੋਰੇਸ਼ਨ ਦੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਤਰਜਬੇ ਦੇ ਆਧਾਰ 'ਤੇ ਬਿਨਾਂ ਸ਼ਰਤ ਵਿਭਾਗ ਵਿੱਚ ਪੱਕਾ ਕੀਤਾ ਜਾਵੇ ਤੇ ਕਾਨੂੰਨ ਦੇ ਘੇਰੇ ਵਿੱਚੋਂ ਬਾਹਰ ਰੱਖੀਆਂ ਕੈਟਾਗਿਰੀਆਂ ਨੂੰ ਕਾਨੂੰਨ ਵਿੱਚ ਸ਼ਾਮਲ ਕੀਤਾ ਜਾਵੇ।

## ਕਾਂਗਰਸ ਨੇ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਕੀਤਾ ਯਾਦ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ, ਭਾਰਤ ਰਤਨ ਸਵ. ਰਾਜੀਵ ਗਾਂਧੀ ਦੀ ਜਨਮ ਵਰ੍ਹੇਗੰਢ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਫ਼ਤਰ ਵਿਖੇ ਨਰੇਸ਼ ਕੁਮਾਰ ਦੁੱਗਲ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਦੀ ਅਗਵਾਈ ਵਿੱਚ ਕਾਂਗਰਸ ਦੇ ਸਮੂਹ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਉਨ੍ਹਾਂ ਦੀ ਤਸਵੀਰ ਅੱਗੇ ਸ਼ਰਧਾ ਦੇ ਫੁੱਲ ਭੇਟ ਕਰਕੇ ਨਮਨ ਕੀਤਾ ਗਿਆ। ਇਨ੍ਹਾਂ ਆਗੂਆਂ ਨੇ ਕਿਹਾ ਕਿ ਰਾਜੀਵ ਗਾਂਧੀ ਨੇ ਦੇਸ਼ ਦੀ ਅਖੰਡਤਾ ਲਈ ਆਪਣਾ ਬਲੀਦਾਨ ਦਿੱਤਾ।

## ਗੁਰੂ ਕਾਸ਼ੀ ਕੈਂਪਸ ਦੇ ਅਧਿਆਪਕਾਂ ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਵਿਰੁੱਧ ਧਰਨਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਅਧਿਆਪਕਾਂ ਵੱਲੋਂ ਵੀਰਵਾਰ ਸਵੇਰੇ 11 ਵਜੇ ਤੋਂ 1 ਵਜੇ ਤੱਕ ਧਰਨਾ ਦਿੱਤਾ ਗਿਆ।ਇਹ ਧਰਨਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਅਧਿਆਪਕ ਐਸੋਸੀਏਸ਼ਨ (ਪੂਟਾ) ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਦੁਆਰਾ ਅਧਿਆਪਕਾਂ ਦੀ ਤਰੱਕੀ ਵਿੱਚ ਬੇਵਜ੍ਹਾ ਰੁਕਾਵਟਾਂ ਪੈਦਾ ਕਰਨ ਦੇ ਰੋਸ ਵਜੋਂ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਪ੍ਰਸ਼ਾਸਨ ਯੂ ਜੀ ਸੀ ਵੱਲੋਂ ਨਿਰਧਾਰਤ ਨਿਯਮਾਂ ਨੂੰ ਨਜ਼ਰ ਅੰਦਾਜ਼ ਕਰਕੇ ਆਪਣੇ ਹੀ ਨਿਯਮ ਬਣਾ ਕੇ ਅਧਿਆਪਕਾਂ 'ਤੇ ਥੋਪ ਰਹੇ ਹਨ, ਜਿਸ ਕਰਕੇ ਅਧਿਆਪਕਾਂ ਦਾ ਕੋਈ ਵੀ ਕਸੂਰ ਨਾ ਹੋਣ ਦੇ ਬਾਵਜੂਦ ਉਨ੍ਹਾਂ ਦੀ ਸੀਨੀਆਰਤਾ ਦੋ ਸਾਲਾਂ ਤੋਂ ਪੰਜ ਸਾਲਾਂ ਤੱਕ ਘਟਾਈ ਜਾ ਰਹੀ ਹੈ।ਉਪਰੋਕਤ ਧਰਨਾ ਤਲਵੰਡੀ ਸਾਬੋ ਕੈਂਪਸ ਦੇ ਪੂਟਾ ਮੈਂਬਰ ਡਾਕਟਰ ਜਗਤਾਰ ਸਿੰਘ ਤੇ ਡਾਕਟਰ ਜਗਦੀਪ ਸਿੰਘ ਦੀ ਅਗਵਾਈ ਹੇਠ ਦਿੱਤਾ ਗਿਆ, ਜਿਸ ਵਿੱਚ ਸੀਨੀਅਰ ਪ੍ਰੋਫੈਸਰ ਡਾਕਟਰ ਹਜ਼ੂਰ ਸਿੰਘ ਤੇ ਡਾਕਟਰ ਜਗਤਾਰ ਸਿੰਘ ਤੋਂ ਇਲਾਵਾ ਡਾਕਟਰ ਲਖਬੀਰ ਸਿੰਘ, ਡਾਕਟਰ ਕੈਂਡੀ ਗੋਇਲ, ਡਾਕਟਰ ਮਨੋਜ ਕੁਮਾਰ, ਡਾਕਟਰ ਸੰਜੀਵ ਮਹਿਤਾ, ਡਾਕਟਰ ਸੰਦੀਪ ਰਾਣਾ, ਡਾਕਟਰ ਸੁਨੀਤਾ ਰਾਣੀ, ਡਾਕਟਰ ਸੁਮੀਤ ਕੌਰ, ਡਾਕਟਰ ਬਲਜਿੰਦਰ ਕੌਰ, ਡਾਕਟਰ ਭਾਵਨਾ ਸ਼ਰਮਾ ਤੇ ਡਾਕਟਰ ਸਰੂਤੀ ਤੋਂ ਇਲਾਵਾ ਹੋਰ ਬਹੁਤ ਸਾਰੇ ਅਧਿਆਪਕ ਸਾਹਿਬਾਨ ਸ਼ਾਮਲ ਹੋਏ ਅਤੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਧੱਕੇ ਦਾ ਵਿਰੋਧ ਕੀਤਾ।

## ਦੋ ਰਿਫਿਊਜ਼ਲ ਹੋਣ ਦੇ ਬਾਵਜੂਦ ਕੈਨੇਡਾ ਸਪਾਊਸ ਵਰਕ ਵੀਜ਼ਾ ਲਵਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਜੇ.ਐਮ.ਐੱਸ. ਇਮੀਗ੍ਰੇਸ਼ਨ, ਜੋ ਰਫਿਊਜ਼ ਕੇਸਾਂ ਨੂੰ ਹੱਲ ਕਰਨ 'ਚ ਮਾਹਿਰ ਦੇ ਨਾਂਅ ਨਾਲ ਜਾਣੀ ਜਾਂਦੀ ਹੈ।ਇਸਦੇ ਨਾਲ-ਨਾਲ ਹੁਣ ਸੰਸਥਾਂ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ 'ਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾ ਵੱਲੋਂ ਰਾਜਵੀਰ ਸਿੰਘ ਵਾਸੀ ਸ਼ੇਰਸਿੰਘ ਵਾਲਾ ਦਾ ਦੋ ਰਫਿਊਜ਼ਲ ਹੋਣ ਦੇ ਬਾਵਜੂਦ ਕਨੇਡਾ ਦਾ ਸਪਾਊਸ ਵਰਕ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਵਾ ਕੇ ਦਿੱਤਾ ਗਿਆ ਹੈ।ਰਾਜਵੀਰ ਸਿੰਘ ਨੇ ਕਿਹਾ ਕਿ ਉਸ ਨੂੰ ਬਹੁਤ ਹੀ ਜਲਦ ਜੇ.ਐਮ.ਐੱਸ. ਸੰਸਥਾ ਵੱਲੋਂ ਕੈਨੇਡਾ ਦਾ ਸਪਾਊਸ ਵਰਕ ਵੀਜ਼ਾ ਪ੍ਰਾਪਤ ਹੋਇਆ ਹੈ।ਦੱਸਣਯੋਗ ਹੈ ਕਿ ਮਾਹਿਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ਼ ਤਸੱਲੀਬਖਸ਼ ਪੂਰੇ ਕੀਤੇ ਜਾਂਦੇ ਹਨ ਤੇ ਵਿਦੇਸ਼ਾਂ 'ਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾਂ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ।ਸੰਸਥਾ ਵੱਲੋਂ ਵਿਜ਼ਿਟਰ ਵੀਜ਼ਾ, ਸਪਾਊਸ ਓਪਨ ਵਰਕ ਪਰਮਿਟ, ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਵਾ ਕੇ ਦਿੱਤੇ ਜਾਂਦੇ ਹਨ।ਜੇਕਰ ਤੁਸੀਂ ਵੀ ਆਪਣੇ ਵਿਦੇਸ਼ਾਂ ਵਿੱਚ ਘੁੰਮਣ ਜਾਣ ਦੇ ਸੁਪਨਿਆਂ ਨੂੰ ਉੱਚੀ ਉਡਾਣ ਦੇਣਾ ਚਾਹੁੰਦੇ ਹੋ ਤਾਂ ਇੱਕ ਵਾਰ ਸੰਸਥਾਂ ਵਿਖੇ ਪਹੁੰਚ ਕੇ ਆਪਣੇ ਦਸਤਾਵੇਜ਼ ਜ਼ਰੂਰ ਸਾਂਝੇ ਕਰੋ।

## ਹੋਲੀ ਹਾਰਟ ਸਕੂਲ ਵਿਖੇ ਬੱਚਿਆਂ ਲਈ ਰਚਨਾਤਮਕ ਤੇ ਮਨੋਰੰਜਕ ਗਤੀਵਿਧੀਆਂ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਵੱਖ-ਵੱਖ ਰਚਨਾਤਮਕ ਤੇ ਮਨੋਰੰਜਕ ਗਤੀਵਿਧੀਆਂ ਦਾ ਵਿਸ਼ਾਲ ਆਯੋਜਨ ਕੀਤਾ ਗਿਆ।ਪ੍ਰੋਗਰਾਮ ਵਿੱਚ ਛੋਟੇ ਬੱਚਿਆਂ ਨੇ ਬੜੇ ਹੀ ਉਤਸ਼ਾਹ ਤੇ ਖੁਸ਼ੀ ਨਾਲ ਭਾਗ ਲਿਆ ਅਤੇ ਆਪਣੇ ਅੰਦਰ ਲੁਕਿਆ ਹੋਇਆ ਹੁਨਰ ਸਭ ਦੇ ਸਾਹਮਣੇ ਪੇਸ਼ ਕੀਤਾ।ਬੱਚਿਆਂ ਨੇ ਕਾਗ਼ਜ਼ ਤੇ ਹੋਰ ਸਮੱਗਰੀ ਦੀ ਵਰਤੋਂ ਕਰਕੇ ਬਹੁਤ ਹੀ ਸੁੰਦਰ ਤੇ ਰੰਗ-ਬਰੰਗੇ ਕ੍ਰਾਫਟ ਆਈਟਮ ਤਿਆਰ ਕੀਤੇ, ਜਿਹੜੇ ਉਨ੍ਹਾਂ ਦੀ ਕਲਪਨਾ ਸ਼ਕਤੀ, ਸਿਰਜਣਾਤਮਕ ਸੋਚ ਤੇ ਕਲਾਤਮਕ ਕਾਬਲੀਅਤ ਦਾ ਜੀਵੰਤ ਪ੍ਰਤੀਕ ਸਨ।ਇਸ ਗਤੀਵਿਧੀ ਦੌਰਾਨ ਬੱਚਿਆਂ ਨੂੰ ਨਵੀਂਆਂ-ਨਵੀਂਆਂ ਤਕਨੀਕਾਂ ਸਿਖਾਈਆਂ ਗਈਆਂ ਤੇ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਆਪਣੇ ਵਿਚਾਰਾਂ ਨੂੰ ਰੂਪ ਦੇਣ ਅਤੇ ਨਵੀਂ ਚੀਜ਼ਾਂ ਬਣਾਉਣ ਵਿੱਚ ਰੁਚੀ ਲੈਣ।ਅਧਿਆਪਕਾਂ ਨੇ ਬੱਚਿਆਂ ਦੀ ਹਰ ਕਦਮ 'ਤੇ ਰਹਿਨੁਮਾਈ ਕੀਤੀ ਅਤੇ ਉਨ੍ਹਾਂ ਨੂੰ ਸਮਝਾਇਆ ਕਿ ਅਜਿਹੀਆਂ ਗਤੀਵਿਧੀਆਂ ਨਾ ਸਿਰਫ਼ ਮਨੋਰੰਜਨ ਪ੍ਰਦਾਨ ਕਰਦੀਆਂ ਹਨ, ਸਗੋਂ ਬੱਚਿਆਂ ਦੀ ਬੁੱਧੀਮਾਨੀ, ਧਿਆਨ ਕੇਂਦ੍ਰਿਤ ਕਰਨ ਦੀ ਸਮਰੱਥਾ ਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਨੂੰ ਵੀ ਮਜ਼ਬੂਤ ਬਣਾਉਂਦੀਆਂ ਹਨ।ਅੰਤ ਬੱਚਿਆਂ ਵੱਲੋਂ ਤਿਆਰ ਕੀਤੇ ਗਏ ਸੁੰਦਰ ਕ੍ਰਾਫਟ ਆਈਟਮਾਂ ਦੀ ਪ੍ਰਦਰਸ਼ਨੀ ਲਾਈ ਗਈ, ਜਿਸ ਨੂੰ ਦੇਖ ਕੇ ਅਧਿਆਪਕਾਂ ਅਤੇ ਹੋਰ ਸਟਾਫ਼ ਮੈਂਬਰਾਂ ਨੇ ਬੱਚਿਆਂ ਦੀ ਖੂਬ ਪ੍ਰਸ਼ੰਸਾ ਕੀਤੀ।ਸਾਰੇ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਗਰਵ ਸਪੱਸ਼ਟ ਦਿਖਾਈ ਦੇ ਰਹੇ ਸਨ।

## ਸਿਮਰਨਜੀਤ ਕੌਰ ਨੂੰ ਰਾਜ ਪੱਧਰੀ ਤੀਜ ਸਮਾਗਮ ਦੌਰਾਨ ਸਨਮਾਨਤ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ ਤੀਆਂ ਦੇ ਸਮਾਗਮ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧੂਰੀ ਪਿੰਡ (ਸੰਗਰੂਰ) ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਸਿਮਰਨਜੀਤ ਕੌਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਨ੍ਹਾਂ ਦੀ ਧਰਮਪਤਨੀ ਡਾ. ਗੁਰਪ੍ਰੀਤ ਕੌਰ ਮਾਨ ਵੱਲੋਂ ਸਨਮਾਨਤ ਕੀਤਾ ਗਿਆ।ਲੈਕਚਰਾਰ ਕਾਮਰਸ ਰਮਨਦੀਪ ਕੌਰ ਤੇ ਨਵਦੀਪ ਕੌਰ ਮੈਥ ਮਿਸਟ੍ਰੈਸ ਦੀ ਦੇਖ-ਰੇਖ ਹੇਠ ਸਿਮਰਨਜੀਤ ਕੌਰ, ਸਹਿਜਪ੍ਰੀਤ ਕੌਰ, ਰਮਨਪ੍ਰੀਤ ਕੌਰ, ਨਵਜੋਤ ਕੌਰ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਭਾਗ ਲਿਆ, ਜਿਸ ਵਿੱਚ ਸਿਮਰਨਜੀਤ ਕੌਰ ਨੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਮਾਤਾ-ਪਿਤਾ ਤੇ ਇਲਾਕੇ ਦਾ ਨਾਂਅ ਚਮਕਾਇਆ ਹੈ।ਸਕੂਲ ਮੁਖੀ ਨੀਲਮ ਸ਼ਰਮਾ ਤੇ ਸਮੂਹ ਸਟਾਫ਼ ਨੇ ਵਧਾਈ ਦਿੰਦਿਆਂ ਕਿਹਾ ਕਿ ਇਸ ਸਫ਼ਲਤਾ ਦਾ ਸਿਹਰਾ ਵਿਦਿਆਰਥਣ ਦੀ ਮਿਹਨਤ ਤੇ ਗਾਇਡ ਅਧਿਆਪਕਾਂ ਦੀ ਮਿਹਨਤ ਸਿਰ ਜਾਂਦਾ ਹੈ।ਉਨ੍ਹਾਂ ਜਾਣਕਾਰੀ ਦਿੰਦੇ ਕਿਹਾ ਕਿ ਸਾਡੀਆਂ ਧੀਆਂ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ।

## ਸਫਾ 1 ਦੇ ਬਾਕੀ...

### ਨੌਜਵਾਨ ਫਾਸ਼ੀਵਾਦ...

ਦੇ ਜੰਤਰ-ਮੰਤਰ 'ਤੇ ਹੋਏ ਵਿਰੋਧ ਪ੍ਰਦਰਸ਼ਨ ਨੂੰ ਯਾਦ ਕਰਦਿਆਂ, ਉਨ੍ਹਾ ਕਿਹਾ ਕਿ ਲੱਗਭੱਗ ਇੱਕ ਲੱਖ ਲੋਕ ਉੱਥੇ ਇਕੱਠੇ ਹੋਏ ਸਨ, ਜਦੋਂ ਕਿ ਚਾਰ ਲੱਖ ਹੋਰ ਕੌਮੀ ਰਾਜਧਾਨੀ ਦੀਆਂ ਸੜਕਾਂ 'ਤੇ ਸਨ। ਉਹ ਪਹਿਲੀ ਵਾਰ ਦਿੱਲੀ ਪੁੱਜੇ ਸਨ। ਪਹਿਲੀ ਵਾਰ ਉਹ ਵਿਰੋਧ ਕਰਨਾ ਚਾਹੁੰਦੇ ਸਨ, ਉਹ ਸੰਸਦ ਜਾਣਾ ਚਾਹੁੰਦੇ ਸਨ ਅਤੇ ਸੰਸਦ ਹਿੱਲ ਗਈ। ਉਨ੍ਹਾ ਕਿਹਾ, "ਮੈਨੂੰ ਮਾਣ ਹੈ ਕਿ ਨੌਜਵਾਨਾਂ ਨੇ ਹਿੰਸਾ ਦਾ ਸਹਾਰਾ ਨਹੀਂ ਲਿਆ ਅਤੇ ਇਸ ਦੀ ਬਜਾਏ ਸਵਾਲ ਪੁੱਛੇ। ਇਸ ਲਈ ਅੱਜ, ਜਦੋਂ ਮੈਂ ਤੁਹਾਡੇ ਸਾਹਮਣੇ ਖੜ੍ਹਾ ਹਾਂ, ਇੱਕ ਦਹਾਕੇ ਬਾਅਦ ਪਹਿਲੀ ਵਾਰ, ਮੈਨੂੰ ਵਧੇਰੇ ਵਿਸ਼ਵਾਸ ਹੈ ਕਿ ਫਾਸ਼ੀਵਾਦੀ ਸ਼ਾਸਨ ਦਾ ਅੰਤ ਨੇੜੇ ਆ ਰਿਹਾ ਹੈ।"

ਉਨ੍ਹਾ ਕਿਹਾ, 'ਨੌਜਵਾਨਾਂ ਕਰਕੇ ਹੀ ਪ੍ਰਧਾਨ ਮੰਤਰੀ ਨੇ ਗੀਲ੍ਹਾਂ ਬਣਾਉਣੀਆਂ ਸ਼ੁਰੂ ਕੀਤੀਆਂ। ਨੌਜਵਾਨਾਂ ਕਰਕੇ ਉਹ ਸਾਨੂੰ ਦਿਮਾਗੀ ਨਕਸਲ ਕਹਿ ਰਹੇ ਹਨ। ਇਹ ਤਮਗਾ ਦੇਣਾ ਦਿਖਾਉਂਦਾ ਹੈ ਕਿ ਹਾਕਮ ਮੰਨ ਗਏ ਹਨ ਕਿ ਲੋਕ ਸੋਚਣ ਤੇ ਸਵਾਲ ਕਰਨ ਲੱਗ ਪਏ ਹਨ। ਆਖਰ ਮੋਦੀ ਨੇ ਮੰਨ ਲਿਆ ਹੈ ਕਿ ਸਾਡੇ ਸਭ ਕੋਲ ਦਿਮਾਗ ਹਨ। ਉਹ ਦਿਮਾਗਾਂ ਤੋਂ ਡਰ ਰਿਹਾ ਹੈ, ਲੋਕਾਂ ਵੱਲੋਂ ਸਵਾਲ ਪੁੱਛਣ ਤੋਂ ਡਰ ਰਿਹਾ ਹੈ ਤੇ ਪ੍ਰੋਟੈਸਟ ਤੋਂ ਡਰ ਰਿਹਾ ਹੈ।' ਉਨ੍ਹਾ ਕਿਹਾ, 'ਪ੍ਰੋਟੈਸਟ ਦੀ ਨੌਈਅਤ ਬਦਲ ਗਈ ਹੈ। ਹੁਣ ਇਹ ਸਿਰਫ ਜੰਤਰ-ਮੰਤਰ ਹੀ ਨਹੀਂ, ਹਰ ਪਾਸੇ ਹੋ ਰਹੇ ਹਨ। ਅਸੀਂ ਕਿਸਾਨਾਂ ਤੇ ਮਜ਼ਦੂਰਾਂ ਦੇ ਪ੍ਰੋਟੈਸਟਾਂ ਸਣੇ ਕਈ ਪ੍ਰੋਟੈਸਟ ਦੇਖੇ ਹਨ। ਇਨ੍ਹਾਂ ਵਿੱਚੋਂ ਬਹੁਤੇ ਨੌਕਰੀਆਂ, ਜ਼ਮੀਨਾਂ ਤੇ ਰੋਜ਼ੀ-ਰੋਟੀ ਖੁੱਸਣ ਦੇ ਡਰੋਂ ਨਾਕਾਮ ਹੁੰਦੇ ਰਹੇ, ਪਰ ਇਨ੍ਹਾਂ ਨੌਜਵਾਨਾਂ ਕੋਲ ਗੁਆਉਣ ਲਈ ਕੁਝ ਨਹੀਂ।' ਉਨ੍ਹਾ ਨੌਜਵਾਨਾਂ ਨੂੰ ਕਿਹਾ ਕਿ ਉਹ ਸੜਕਾਂ 'ਤੇ ਪ੍ਰੋਟੈਸਟ ਕਰਨ ਦੀ ਥਾਂ ਡੂੰਘੀ ਸਿਆਸੀ ਜਾਗਰੂਕਤਾ ਵਿਕਸਤ ਕਰਨ।

ਉਨ੍ਹਾ ਕਿਹਾ ਕਿ ਆਪਣੇ ਬੱਚਿਆਂ ਦੇ ਭਵਿੱਖ ਬਾਰੇ ਚਿੰਤਤ ਮਾਪਿਆਂ ਵੱਲੋਂ ਵੀ ਵਿਰੋਧ ਪ੍ਰਦਰਸ਼ਨਾਂ ਦਾ ਸਮਰਥਨ ਕੀਤਾ ਜਾ ਰਿਹਾ ਹੈ। ਸੋਸ਼ਲ ਮੀਡੀਆ ਨੇ ਵਿਰੋਧ ਪ੍ਰਦਰਸ਼ਨਾਂ ਦੀ ਗਤੀਸ਼ੀਲਤਾ ਨੂੰ ਬਦਲ ਦਿੱਤਾ ਹੈ। ਪਹਿਲਾਂ ਇਸ 'ਤੇ ਸੱਤਾਧਾਰੀ ਧਿਰ ਦਾ ਦਬਦਬਾ ਸੀ ਪਰ ਹੁਣ ਨੌਜਵਾਨਾਂ ਵੱਲੋਂ ਇਸ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾ ਨਾਗਰਿਕਾਂ ਨੂੰ ਸਿਆਸਤ ਵਿੱਚ ਵੱਡੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਲੋਕਾਂ ਵੱਲੋਂ ਚੁਣੇ ਗਏ ਲੋਕਾਂ ਨੂੰ ਨਾਗਰਿਕਾਂ ਤੋਂ ਸਿਆਸਤ ਵਿੱਚ ਸ਼ਾਮਲ ਹੋਣ ਦੀ ਉਮੀਦ ਕਰਨ ਦੀ ਬਜਾਏ ਆਪਣਾ ਕੰਮ ਕਰਨਾ ਚਾਹੀਦਾ ਹੈ। ਉਨ੍ਹਾ ਇਹ ਵੀ ਚੇਤਾਵਨੀ ਦਿੱਤੀ ਕਿ ਸਿਰਫ ਭਾਜਪਾ ਜਾਂ ਮੌਜੂਦਾ ਸਰਕਾਰ ਨੂੰ ਹਰਾਉਣਾ ਕਾਫੀ ਨਹੀਂ ਹੋਵੇਗਾ। ਇਸ ਦੇਸ਼ ਵਿੱਚ ਕੋਈ ਵੀ ਵਿਰੋਧੀ ਪਾਰਟੀ ਭਾਜਪਾ ਨੂੰ ਨਹੀਂ ਡੇਗ ਸਕਦੀ। ਸਿਆਸਤ ਵਿੱਚ, ਵਿਰੋਧੀ ਪਾਰਟੀਆਂ ਜਿੱਤਦੀਆਂ ਨਹੀਂ; ਸੱਤਾਧਾਰੀ ਪਾਰਟੀਆਂ ਹਾਰਦੀਆਂ ਹਨ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਵਿਕਲਪ ਚੁਣਦੇ ਸਮੇਂ ਸਿਆਸੀ ਤੌਰ 'ਤੇ ਜਾਗਰੂਕ ਰਹਿਣਾ ਚਾਹੀਦਾ ਹੈ ਤਾਂ ਜੋ ਇੱਕ ਹੋਰ ਫਾਸ਼ੀਵਾਦੀ ਸ਼ਕਤੀ ਇੱਕ ਵੱਖਰੇ ਰੂਪ ਵਿੱਚ ਸੱਤਾ ਵਿੱਚ ਨਾ ਆਵੇ। ਇਸ ਲਈ ਡੀ ਵਾਈ ਐੱਫ ਆਈ, ਨੌਜਵਾਨਾਂ ਅਤੇ ਬਜ਼ੁਰਗਾਂ ਨੂੰ ਨਾ ਸਿਰਫ ਫਾਸ਼ੀਵਾਦੀਆਂ ਨੂੰ ਡੇਗਣ ਲਈ ਲਗਾਤਾਰ ਕੰਮ ਕਰਨਾ ਪਵੇਗਾ, ਸਗੋਂ ਹਰ ਨਾਗਰਿਕ, ਹਰ ਨੌਜਵਾਨ ਨੂੰ ਬਦਲ ਦੀ ਚੋਣ ਕਰਨ ਬਾਰੇ ਜਾਗਰੂਕ ਕਰਨਾ ਪਵੇਗਾ। ਉਨ੍ਹਾ ਕਿਹਾ, "ਸਿਰਫ ਇਨ੍ਹਾਂ ਫਾਸ਼ੀਵਾਦੀਆਂ ਨੂੰ ਢਾਹੁਣਾ ਕਾਫੀ ਨਹੀਂ ਹੈ; ਜਾਗਰੂਕਤਾ ਆਉਣੀ ਚਾਹੀਦੀ ਹੈ। ਨਿਆਂ ਲਈ ਲੜਨਾ, ਇੱਕ ਬਿਹਤਰ ਸਮਾਜ ਬਣਾਉਣ ਲਈ ਲੜਨਾ ਜੀਵਨ ਦਾ ਇੱਕ ਤਰੀਕਾ ਹੈ।" ਉਨ੍ਹਾ ਨੌਜਵਾਨ ਪੀੜ੍ਹੀ ਨੂੰ ਸਿਆਸੀ ਜਾਗਰੂਕਤਾ ਪੈਦਾ ਕਰਨ ਅਤੇ ਪਿਛਲੀਆਂ ਪੀੜ੍ਹੀਆਂ ਦੁਆਰਾ ਦੇਸ਼ ਨੂੰ ਹੋਏ ਨੁਕਸਾਨ ਦੀ ਮੁਰੰਮਤ ਕਰਨ ਦੀ ਅਪੀਲ ਕੀਤੀ। ਉਨ੍ਹਾ ਕਿਹਾ, "ਇਹ ਸਿਰਫ ਲੜਾਈ ਨਹੀਂ ਹੈ; ਇਹ ਇੱਕ ਲੰਮਾ ਸਫਰ ਹੈ।"

### ਮੰਤਰੀਆਂ ਦੇ ਕੁੱਤਿਆਂ...

ਮੁਹਿੰਮ ਸ਼ੁਰੂ ਕੀਤੀ ਸੀ, ਨੇ ਲਾਤੂਰ ਦੀ ਔਸਾ ਤਹਿਸੀਲ ਦੇ ਉਜਾਨੀ ਪਿੰਡ ਦੇ ਇੱਕ ਜ਼ਿਲ੍ਹਾ ਪ੍ਰੀਸ਼ਦ ਸਕੂਲ ਦਾ ਦੌਰਾ ਕੀਤਾ। ਦੀਪਕੇ ਨੇ ਲੋਕਾਂ ਨੂੰ ਰਾਜਨੀਤਿਕ ਪਾਰਟੀਆਂ ਦੇ ਨੇਤਾਵਾਂ ਨੂੰ ਪਹਿਲਾਂ ਸਿੱਖਿਆ ਲਈ ਕੰਮ ਕਰਨ ਅਤੇ ਫਿਰ ਵੋਟਾਂ ਮੰਗਣ ਲਈ ਮਜਬੂਰ ਕਰਨ ਲਈ ਵੀ ਕਿਹਾ। ਉਸ ਨੇ ਕਿਹਾ, "ਲੋਕਾਂ ਨੂੰ ਆਪਣੇ ਪਿੰਡ ਆਉਣ ਵਾਲੇ ਨੇਤਾਵਾਂ ਨੂੰ, ਭਾਵੇਂ ਕੋਈ ਵੀ ਰਾਜਨੀਤਿਕ ਪਾਰਟੀ ਹੋਵੇ, ਸਿੱਖਿਆ ਲਈ ਕੰਮ ਕਰਨ ਲਈ ਕਹਿਣਾ ਚਾਹੀਦਾ ਹੈ। ਉਨ੍ਹਾਂ ਨੂੰ ਕਹਿਣਾ ਚਾਹੀਦਾ ਹੈ ਕਿ ਜਦੋਂ ਤੱਕ ਉਹ ਸਿੱਖਿਆ ਲਈ ਕੰਮ ਨਹੀਂ ਕਰਦੇ, ਸਾਡੇ ਦਰਵਾਜ਼ੇ 'ਤੇ ਵੋਟਾਂ ਲੈਣ ਨਾ ਆਉਣ। ਰਾਜਨੀਤੀ ਲਈ, ਅਸੀਂ ਆਪਣੇ ਘਰਾਂ ਤੋਂ ਜਾਤ ਅਤੇ ਭਾਈਚਾਰੇ ਦੇ ਝੰਡੇ ਲੈ ਕੇ ਨਿਕਲਦੇ ਹਾਂ। ਇਸੇ ਤਰ੍ਹਾਂ, ਸਾਨੂੰ ਆਪਣੇ ਬੱਚਿਆਂ ਦੇ ਸਕੂਲਾਂ ਲਈ ਬਾਹਰ ਆਉਣਾ ਚਾਹੀਦਾ ਹੈ।"

### ਦਿੱਲੀ ਹਿੰਸਾ ਦੀ ...

ਕਿਹਾ ਕਿ ਕਮੇਟੀ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਚੀਫ਼ ਜਸਟਿਸ ਰਵੀ ਸ਼ੰਕਰ ਝਾਅ, ਦਿੱਲੀ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਸ਼ਲਿੰਦਰ ਕੌਰ, ਸੀ ਬੀ ਆਈ ਦੇ ਸਾਬਕਾ ਡਾਇਰੈਕਟਰ ਰਿਸ਼ੀ ਕੁਮਾਰ ਸ਼ੁਕਲਾ ਅਤੇ ਮੇਘਾਲਿਆ ਦੇ ਸੇਵਾ-ਮੁਕਤ ਡੀ ਜੀ ਪੀ ਐੱਲ ਆਰ ਬਿਸ਼ਨੋਈ ਸ਼ਾਮਲ ਹੋਣਗੇ। ਬੈਂਚ ਅਨੁਸਾਰ, 'ਇਹ ਐਚ ਪੀ ਈ ਸੀ (ਉੱਚ-ਪਾਵਰਡ ਇਨਕੁਆਰੀ ਕਮੇਟੀ) ਕਈ ਤਰ੍ਹਾਂ ਦੇ ਵਿਚਾਰਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਈ ਗਈ ਹੈ, ਜਿਸ ਵਿੱਚ ਇਸ ਦੇ ਹਰੇਕ ਮੈਂਬਰ ਦੀ ਵਿਅਕਤੀਗਤ ਮੁਹਾਰਤ ਅਤੇ ਅਨੁਭਵ ਅਤੇ ਨਾਲ ਹੀ ਕਮੇਟੀ ਦੀ ਵਿਭਿੰਨਤਾ, ਹੋਰ ਕਾਰਕਾਂ ਦੇ ਨਾਲ-ਨਾਲ ਸ਼ਾਮਲ ਹਨ।' ਬੈਂਚ ਅਨੁਸਾਰ ਸਾਨੂੰ ਵਿਸ਼ਵਾਸ ਹੈ ਕਿ ਕਮੇਟੀ ਦੀਆਂ ਸਿਫ਼ਾਰਸ਼ਾਂ ਇਸ ਅਦਾਲਤ ਲਈ ਅਨਮੋਲ ਸਹਾਇਤਾ ਕਰਨਗੀਆਂ ਅਤੇ ਕਮੇਟੀ ਸੰਬੰਧਤ ਸਾਰੇ ਮੁੱਦਿਆਂ ਦਾ ਵਿਆਪਕ ਮੁਲਾਂਕਣ ਕਰਨ ਦੇ ਯੋਗ ਹੋਵੇਗੀ। ਸਿਖਰਲੀ ਅਦਾਲਤ ਨੇ ਸਿਫ਼ਾਰਸ਼ ਕੀਤੀ ਕਿ ਕਮੇਟੀ ਨੂੰ ਕੁਝ ਮੁੱਦਿਆਂ ਨੂੰ ਤਰਜੀਹ ਦੇ ਆਧਾਰ 'ਤੇ ਲੈਣਾ ਹੋਵੇਗਾ, ਜਿਨ੍ਹਾਂ ਵਿਚ ਸਭ ਤੋਂ ਪਹਿਲਾਂ ਕਥਿਤ ਘਟਨਾਵਾਂ ਨਾਲ ਸੰਬੰਧਤ ਮਾਮਲਾ ਹੈ। ਹਿੰਸਾ, ਪਰੇਸ਼ਾਨੀ ਅਤੇ ਮਹਿਲਾ ਪ੍ਰਦਰਸ਼ਨਕਾਰੀਆਂ ਨਾਲ ਛੇੜਛਾੜ ਦੇ ਮੁੱਦੇ ਸ਼ਾਮਲ ਹਨ।

### ਇਪਟਾ ਪੰਜਾਬ-ਚੰਡੀਗੜ੍ਹ...

ਰੱਲਾ, ਸੰਗਰੂਰ ਤੋਂ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠਾ ਸੇਖਵਾਂ, ਪਟਿਆਲਾ ਤੋਂ ਹਰਜੀਤ ਕੈਂਥ ਅਤੇ ਡਾ. ਕੁਲਦੀਪ ਸਿੰਘ ਦੀਪ, ਮੁਹਾਲੀ ਤੋਂ ਨਰਿੰਦਰਪਾਲ ਨੀਨਾ ਅਤੇ ਡਾ. ਅਮਨ ਭੋਗਲ, ਰੋਪੜ ਤੋਂ ਸੁਰਿੰਦਰ ਰਸੂਲਪੁਰ ਤੇ ਰਾਬਿੰਦਰ ਰੱਬੀ, ਅੰਮ੍ਰਿਤਸਰ ਤੋਂ ਬਲਬੀਰ ਮੂਧਲ ਅਤੇ ਦਲਜੀਤ ਸੋਨਾ, ਗੁਰਦਾਸਪੁਰ ਤੋਂ ਗੁਰਮੀਤ ਪਾਹੜਾ, ਗੁਰਮੀਤ ਬਾਜਵਾ ਅਤੇ ਬੂਟਾ ਰਾਮ ਅਜ਼ਾਦ, ਪਠਾਨਕੋਟ ਤੋਂ ਸੁਰੇਸ਼ ਮਹਿਤਾ, ਕਪੂਰਥਲਾ ਤੋਂ ਡਾ. ਹਰਭਜਨ ਸਿੰਘ, ਲੁਧਿਆਣਾ ਤੋਂ ਪ੍ਰਦੀਪ ਸ਼ਰਮਾ, ਮੋਗੇ ਤੋਂ ਇੰਦਰਜੀਤ ਮੋਗਾ ਅਤੇ ਅਵਤਾਰ ਸਿੰਘ ਮੋਗਾ, ਜਲੰਧਰ ਤੋਂ ਨੀਰਜ ਕੌਸ਼ਿਕ ਤੇ ਗੁਰਵਿੰਦਰ ਸਿੰਘ, ਹੁਸ਼ਿਆਰਪੁਰ ਤੋਂ ਅਸ਼ੋਕ ਪੁਰੀ ਅਤੇ ਸਰਘੀ ਪਰਵਾਰ ਦੇ ਰੰਗਕਰਮੀ ਕੁੱਕੂ ਦੀਵਾਨ, ਰੰਜੀਵਨ ਸਿੰਘ, ਨਰਿੰਦਰ ਨਸਰੀਨ, ਰਿੱਤੂਰਾਗ ਅਤੇ ਗੁਰਵਿੰਦਰ ਬਾਕਰਪੁਰੀਆਂ ਨੇ ਅਕਾਦਮਿਕ ਖ਼ੁਦਮੁਖ਼ਤਿਆਰੀ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਹੱਕ, ਖੋਜ ਦੀ ਆਜ਼ਾਦੀ, ਪੰਜਾਬੀ ਭਾਸ਼ਾ ਅਤੇ ਮਨੁੱਖੀ ਵਿਗਆਨਾਂ ਦੀ ਮਹੱਤਤਾ, ਯੂਨੀਵਰਸਿਟੀ ਦੇ ਲੋਕਤੰਤਰਿਕ ਸਰੂਪ ਦੀ ਰੱਖਿਆ ਅਤੇ ਉਚ ਸਿੱਖਿਆ ਨੂੰ ਬਾਜ਼ਾਰੂ ਦਬਾਵਾਂ ਤੋਂ ਬਚਾਉਣ ਦੇ ਸਵਾਲ ਨੂੰ ਲੈ ਕੇ ਚੋਣ ਲੜ ਰਹੇ ਡਾ. ਸੁਖਦੇਵ ਸਿੰਘ ਸਿਰਸਾ ਨੂੰ 20 ਸਤੰਬਰ ਨੂੰ ਹੋ ਰਹੀ ਚੋਣ ਵਿੱਚ ਪਹਿਲੀ/ਦੂਜੀ ਤਰਜੀਹ ਦੀਆਂ ਵੋਟਾਂ ਪਾਉਣ ਦੀ ਗੁਜਾਰਿਸ਼ ਕੀਤੀ ਹੈ।

### ਬਰਨਾਲਾ ਦੇ ਪਿੰਡਾਂ...

ਜਾਵੇ।ਚਾਰ ਲੇਬਰ ਕੋਡ ਰੱਦ ਕੀਤੇ ਜਾਣ।21 ਅਗਸਤ ਨੂੰ ਫ਼ਰੀਦ ਨਗਰ ਵਿੱਚ ਬਾਬਾ ਅਰਜਨ ਸਿੰਘ ਭਵਨ ਬਰਨਾਲਾ ਵਿੱਚ ਕਨਵੈਨਸ਼ਨ ਕਰਕੇ ਡੀ ਸੀ ਦਫਤਰ ਤੱਕ ਮਾਰਚ ਕਰਕੇ ਡੀ ਸੀ ਰਾਹੀਂ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ।ਸਾਰਿਆਂ ਨੂੰ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ ਨੇ ਅਪੀਲ ਕੀਤੀ ਕਿ ਸਾਰੀਆਂ ਜਥੇਬੰਦੀਆਂ ਤੇ ਵਰਕਰ ਸਮੇਂ ਸਿਰ ਪਹੁੰਚਣ। ਸੂਬਾ ਸਕੱਤਰ ਸੀ ਪੀ ਆਈ ਪੰਜਾਬ ਨਿਰਮਲ ਸਿੰਘ ਧਾਲੀਵਾਲ ਕਨਵੈਨਸ਼ਨ ਨੂੰ ਸੰਬੋਧਨ ਕਰਨਗੇ।

## ਆਮ ਆਦਮੀ ਪਾਰਟੀ ਲੇਡੀਜ਼ ਵਿੰਗ ਦੀ ਹੋਈ ਮੀਟਿੰਗ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਵਾਰਡ ਨੰਬਰ 3 ਦੀ ਕੌਂਸਲਰ ਸ੍ਰੀਮਤੀ ਚਰਨਜੀਤ ਕੌਰ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਲੇਡੀਜ਼ ਵਿੰਗ ਦੀ ਮੀਟਿੰਗ ਹੋਈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸਾਹਿਬ ਸਿੰਘ ਵੀ ਮੌਜੂਦ ਰਹੇ ਉਹਨਾਂ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋ ਕੰਮ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਵਿੱਚ ਹੋਏ ਹਨ, ਸ਼ਹਿਰ ਦੇ ਹਰ ਗਲੀ-ਮੁਹੱਲੇ ਵਿੱਚ ਵਾਟਰ ਸਪਲਾਈ ਸੀਵਰੇਜ ਦੇ ਨਾਲ ਜੋੜ ਦਿੱਤਾ ਹੈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਮੈਡਮ ਪ੍ਰਭਜੋਤ ਕੌਰ ਨੇ ਵਾਰਡ ਨੰਬਰ 3 ਦੀਆਂ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸ਼ਹਿਰ ਦੇ ਹਰ ਵਾਰਡ ਵਿੱਚ ਵਿਆਪਕ ਕੰਮ ਕਰਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਜੋ ਅਧੂਰੇ ਪ੍ਰੋਜੈਕਟ ਚੱਲ ਰਹੇ ਹਨ, ਉਹ ਨੂੰ ਵੀ ਜਲਦੀ ਪੂਰੇ ਕੀਤੇ ਜਾਣਗੇ।ਪ੍ਰਭਜੋਤ ਕੌਰ ਨੇ ਦੱਸਿਆ ਕਿ ਵਾਰਡ ਦੀਆਂ ਔਰਤਾਂ ਨੂੰ ਪਾਰਟੀ ਦੀਆਂ ਗਤੀਵਿਧੀਆਂ ਦਾ ਪ੍ਰਚਾਰ ਕਰਨ ਤੇ ਸ਼ਹਿਰ ਦੀ ਹਰ ਗਲੀ ਅਤੇ ਮੁਹੱਲੇ ਦੇ ਹਰ ਘਰ ਵਿੱਚ ਜਾ ਕੇ ਲੋਕਾਂ ਨੂੰ ਪਾਰਟੀ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਜਾਣੂ ਕਰਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

## ਵਿਸ਼ਵ ਨੂੰ ਵਾਤਾਵਰਣ ਦੀ ਸੰਭਾਲ ਤੇ ਕਿਤਾਬਾਂ ਨਾਲ ਜੁੜਨ ਦਾ ਹੋਕਾ ਦੇਵੇਗਾ ਅਰਮਾਨ ਸਿੰਘ




**ਚੀਮਾ ਮੰਡੀ (ਰਵਿੰਦਰ ਚੀਮਾ)**-ਵਾਤਾਵਰਣ ਦੀ ਸੰਭਾਲ ਤੇ ਨੌਜਵਾਨ ਪੀੜ੍ਹੀ ਨੂੰ ਕਿਤਾਬਾਂ ਨਾਲ ਜੋੜਨ ਦਾ ਸੁਨੇਹਾ ਲੈ ਕੇ ਅਰਮਾਨ ਸਿੰਘ ਨੇ ਇੱਕ ਵਿਲੱਖਣ ਵਿਸ਼ਵ ਪੱਧਰੀ ਯਾਤਰਾ ਦੀ ਸ਼ੁਰੂਆਤ ਕੀਤੀ ਹੈ।ਅਰਮਾਨ ਸਿੰਘ ਦਾ ਉਦੇਸ਼ ਦੁਨੀਆ ਦੇ ਵੱਧ ਤੋਂ ਵੱਧ ਦੇਸ਼ਾਂ ਵਿੱਚ ਜਾ ਕੇ ਲੋਕਾਂ ਨੂੰ ਕੁਦਰਤ ਨਾਲ ਪਿਆਰ ਕਰਨ, ਵਾਤਾਵਰਣ ਨੂੰ ਬਚਾਉਣ ਤੇ ਕਿਤਾਬਾਂ ਪੜ੍ਹਨ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।ਸੰਤ ਅਤਰ ਸਿੰਘ ਮਸਤੂਆਣੇ ਵਾਲਿਆਂ ਦੀ ਜਨਮ ਨਗਰੀ ਚੀਮਾ ਮੰਡੀ ਤੋਂ ਖੇਤੀਬਾੜੀ ਔਜ਼ਾਰ ਬਣਾਉਣ ਦੀ ਸ਼ੁਰੂਆਤ ਕਰਨ ਵਾਲੇ ਜਗਤਜੀਤ ਗਰੁੱਪ ਚੀਮਾ ਮੰਡੀ ਦੇ ਚੇਅਰਮੈਨ ਧਰਮ ਸਿੰਘ ਦੇ ਪੋਤਰੇ ਅਤੇ ਐਮਡੀ ਜਗਤਜੀਤ ਸਿੰਘ ਦੇ ਛੋਟੇ ਪੁੱਤਰ (ਜਿਸ ਦਾ ਜਨਮ ਤੇ ਪਾਲਣ ਪੋਸ਼ਣ ਲੁਧਿਆਣਾ ਵਿਖੇ ਹੋਇਆ ਹੈ) ਅਰਮਾਨ ਸਿੰਘ ਨੇ ਵਿਸ਼ਵ ਪੱਧਰ ਦੀ ਇਸ ਯਾਤਰਾ ਵਿੱਚ ਅਫਰੀਕਾ ਮਹਾਂਦੀਪ ਦੇ 54, ਯੂਰਪ ਦੇ 44, ਏਸ਼ੀਆ ਦੇ 52, ਉਤਰੀ ਅਮਰੀਕਾ ਦੇ 23, ਆਸਟ੍ਰੇਲੀਆ ਦੇ 14 ਤੇ ਦੱਖਣੀ ਅਮਰੀਕਾ ਦੇ 12 ਦੇਸ਼ਾਂ ਵਿੱਚ ਜਾ ਕੇ ਵਾਤਾਵਰਨ ਅਤੇ ਪੜ੍ਹਨ ਦੀ ਰੁਚੀ ਵਧਾਉਣ ਦਾ ਹੋਕਾ ਦੇਣਾ ਹੈ।ਜਗਤਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਹ ਸ਼ੁਰੂਆਤ 12 ਅਗਸਤ 2026 ਨੂੰ ਸੋਮਾਲੀਆ (ਅਫਰੀਕਾ ਮਹਾਦੀਪ) ਤੋਂ ਕਰ ਦਿੱਤੀ ਗਈ ਹੈ, ਜਿਸ ਵਿੱਚ ਹਰ ਦੇਸ਼ ਚ 5 ਪੌਦੇ ਲਾਉਣੇ ਤੇ 50 ਕਿਤਾਬਾਂ ਉਥੋਂ ਦੀ ਲਾਇਬ੍ਰੇਰੀ ਨੂੰ ਭੇਟ ਕਰਨੀਆਂ ਹਨ।ਉਨ੍ਹਾਂ ਦੱਸਿਆ ਕਿ ਪਹਿਲੀ ਯਾਤਰਾ ਵਿੱਚ 21 ਦੇਸ਼ ਕਵਰ ਕਰਨੇ ਹਨ ਤੇ ਪਹਿਲੇ ਸਾਲ ਅਫਰੀਕਾ ਮਹਾਦੀਪ ਦੇ ਸਾਰੇ ਦੇਸ਼ ਕਵਰ ਕਰਨੇ ਹਨ।ਉਨ੍ਹਾਂ ਦੱਸਿਆ ਕਿ ਅਰਮਾਨ ਦੀ ਉਮਰ ਮਹਿਜ 15 ਸਾਲ ਹੈ ਤੇ ਉਸਦੇ ਬਾਲਗ ਹੋਣ ਤੱਕ ਇਹ ਵਿਸ਼ਵ ਯਾਤਰਾ ਪੂਰੀ ਕਰਨ ਦਾ ਟੀਚਾ ਹੈ।ਉਨ੍ਹਾਂ ਦੱਸਿਆ ਕਿ ਉਹਨਾਂ ਦੇ ਪੁੱਤਰ ਦਾ ਸੁਪਨਾ ਹੈ ਕਿ ਉਹ ਇਸ ਰਿਕਾਰਡ ਨੂੰ ਗਿਨੀਜ ਬੁੱਕ ਵਰਲਡ ਰਿਕਾਰਡ ਵਿੱਚ ਦਰਜ਼ ਕਰਵਾਵੇ।ਅਰਮਾਨ ਸਿੰਘ ਦਾ ਕਹਿਣਾ ਹੈ ਕਿ ਇਹ ਯਾਤਰਾ ਸਿਰਫ਼ ਵੱਖ-ਵੱਖ ਦੇਸ਼ਾਂ ਦੀ ਸੈਰ ਕਰਨ ਤੱਕ ਸੀਮਤ ਨਹੀਂ, ਸਗੋਂ ਇਸ ਨੂੰ ਇੱਕ ਸਮਾਜਿਕ ਅਤੇ ਵਾਤਾਵਰਨਕ ਮੁਹਿੰਮ ਦੇ ਰੂਪ ਵਿੱਚ ਅੱਗੇ ਵਧਾਉਣ ਦਾ ਟੀਚਾ ਰੱਖਿਆ ਗਿਆ ਹੈ।ਉਹ ਜਿੱਥੇ ਵੀ ਜਾਣਗੇ, ਉੱਥੋਂ ਦੇ ਲੋਕਾਂ ਨਾਲ ਮਿਲ ਕੇ ਵਾਤਾਵਰਨ ਨਾਲ ਸਬੰਧਤ ਮੁੱਦਿਆਂ 'ਤੇ ਗੱਲਬਾਤ ਕਰਨ ਦੇ ਨਾਲ-ਨਾਲ ਕਿਤਾਬਾਂ ਦੀ ਮਹੱਤਤਾ ਬਾਰੇ ਵੀ ਆਪਣੇ ਵਿਚਾਰ ਸਾਂਝੇ ਕਰਨਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਡਾ. ਬਲਜੀਤ ਕੌਰ ਵੱਲੋਂ ਘੱਟ ਗਿਣਤੀ ਬਹੁਲ ਖੇਤਰਾਂ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ 8.33 ਕਰੋੜ ਜਾਰੀ



**ਗੁਰਦਾਸਪੁਰ (ਜਨਕ ਮਹਾਜਨ)**- ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਗੁਰਦਾਸਪੁਰ ਜ਼ਿਲ੍ਹੇ ਦੇ ਘੱਟ ਗਿਣਤੀ ਬਹੁਲ ਖੇਤਰਾਂ ਵਿੱਚ ਅਹਿਮ ਬੁਨਿਆਦੀ ਢਾਂਚਾਗਤ ਪ੍ਰੋਜੈਕਟਾਂ ਨੂੰ ਮੁਕੰਮਲ ਕਰਨ ਲਈ 8.33 ਕਰੋੜ ਰੁਪਏ ਮਨਜ਼ੂਰ ਕਰਕੇ ਜਾਰੀ ਕੀਤੇ ਹਨ। ਇਹ ਉਪਰਾਲੇ ਸੂਬਾ ਸਰਕਾਰ ਵੱਲੋਂ ਜਨਤਕ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਘੱਟ ਗਿਣਤੀ ਭਾਈਚਾਰਿਆਂ ਦੇ ਵਿਦਿਅਕ, ਸਮਾਜਿਕ ਅਤੇ ਆਰਥਿਕ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਕੀਤੀ ਜਾ ਰਹੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਤੀਕ ਹਨ, ਜਿਸ ਨਾਲ ਸਮਾਵੇਸ਼ੀ ਵਿਕਾਸ ਨੂੰ ਹੋਰ ਗਤੀ ਮਿਲੇਗੀ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਰਾਸ਼ੀ ਗੁਰਦਾਸਪੁਰ, ਕਲਾਨੌਰ, ਡੇਰਾ ਬਾਬਾ ਨਾਨਕ ਅਤੇ ਧਾਰੀਵਾਲ ਬਲਾਕਾਂ ਵਿੱਚ 258 ਆਂਗਣਵਾੜੀ ਕੇਂਦਰਾਂ, 4 ਕਮਿਊਨਿਟੀ ਕੰਪਲੈਕਸ ਅਤੇ 6 ਐਡੀਸ਼ਨਲ ਕਲਾਸ ਰੂਮ ਦੇ ਨਿਰਮਾਣ ਕਾਰਜ ਮੁਕੰਮਲ ਕਰਨ ਲਈ ਵਰਤੀ ਜਾਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਮਨਜ਼ੂਰਸ਼ੁਦਾ ਪ੍ਰੋਜੈਕਟਾਂ ਵਿਚ ਗੁਰਦਾਸਪੁਰ ਬਲਾਕ ਵਿੱਚ 78 ਆਂਗਣਵਾੜੀ ਕੇਂਦਰ ਅਤੇ 1 ਕਮਿਊਨਿਟੀ ਕੰਪਲੈਕਸ, ਡੇਰਾ ਬਾਬਾ ਨਾਨਕ ਬਲਾਕ ਵਿੱਚ 57 ਆਂਗਣਵਾੜੀ ਕੇਂਦਰਾਂ, 1 ਕਮਿਊਨਿਟੀ ਕੰਪਲੈਕਸ ਅਤੇ 5 ਐਡੀਸ਼ਨਲ ਕਲਾਸ ਰੂਮ, ਕਲਾਨੌਰ ਬਲਾਕ ਵਿੱਚ 51 ਆਂਗਣਵਾੜੀ ਕੇਂਦਰਾਂ, 1 ਕਮਿਊਨਿਟੀ ਕੰਪਲੈਕਸ ਅਤੇ 1 ਐਡੀਸ਼ਨਲ ਕਲਾਸ ਰੂਮ, ਜਦਕਿ ਧਾਰੀਵਾਲ ਬਲਾਕ ਵਿੱਚ 72 ਆਂਗਣਵਾੜੀ ਕੇਂਦਰਾਂ ਅਤੇ 01 ਕਮਿਊਨਿਟੀ ਕੰਪਲੈਕਸ ਦੇ ਨਿਰਮਾਣ ਕਾਰਜ ਮੁਕੰਮਲ ਕੀਤੇ ਜਾਣਗੇ।

# ਸਤਲੁਜ ਪਬਲਿਕ ਸਕੂਲ ਦੀ ਵਿਦਿਆਰਥਣ ਵੱਲੋਂ ਅਥਲੈਟਿਕਸ 'ਚ ਪਹਿਲਾ ਸਥਾਨ ਹਾਸਲ



**ਪੱਟੀ (ਬਲਦੇਵ ਸਿੰਘ ਸੰਧੂ ਫਿਰੋਜ਼ਵਾਲ)**- ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਸਤਲੁਜ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਦੇ ਵਿਦਿਆਰਥੀਆਂ ਵੱਲੋਂ ਹਰ ਇੱਕ ਖੇਤਰ ਵਿਚ ਵੱਡੀਆ ਮੱਲਾਂ ਮਾਰੀਆਂ ਜਾ ਰਹੀਆਂ ਹਨ, ਉੱਥੇ ਖੇਡਾਂ ਵਿਚ ਵੀ ਕਿਸੇ ਮੁਕਾਬਲੇ 'ਚ ਸਕੂਲ ਕਿਸੇ ਗੱਲ ਤੋਂ ਘੱਟ ਨਹੀਂ। ਬੀਤੇ ਦਿਨੀਂ ਲੁਧਿਆਣਾ ਵਿਖੇ ਅਥਲੈਟਿਕਸ ਮੁਕਾਬਲਿਆਂ ਵਿਚ ਗਿਆਰ੍ਹਵੀਂ ਕਲਾਸ ਦੀ ਵਿਦਿਆਰਥਣ ਜਸ਼ਨਦੀਪ ਕੌਰ ਨੇ 400 ਮੀਟਰ ਦੀ ਰੇਸ ਵਿਚ ਸਟੇਟ ਪੱਧਰ ਦੇ ਮੁਕਾਬਲਿਆਂ ਵਿਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਤੇ ਮਾਪਿਆ ਦਾ ਨਾਂਅ ਰੌਸ਼ਨ ਕੀਤਾ।ਸਕੂਲ ਮੈਨਜਮੈਂਟ ਮੈਂਬਰ ਹਰਬੀਰ ਸਿੰਘ ਗਿੱਲ, ਪ੍ਰਿੰਸੀਪਲ ਰਾਜਬੀਰ ਕੌਰ, ਵਾਈਸ ਪ੍ਰਿੰਸੀਪਲ ਦਲਬੀਰ ਕੌਰ ਵੱਲੋਂ ਵਿਦਿਆਰਥਣ ਜਸ਼ਨਦੀਪ ਕੌਰ ਦਾ ਮੂੰਹ ਮਿੱਠਾ ਕਰਵਾ ਕੇ ਸ਼ੁੱਭਕਾਮਨਾਵਾਂ ਦੇ ਨਾਲ ਨਾਲ ਮਾਤਾ ਪਿਤਾ ਨੂੰ ਵਧਾਈ ਦਿੱਤੀ। ਇਸ ਮੌਕੇ ਹਰਨੂਰ ਸਿੰਘ, ਪਰਮਿੰਦਰ ਕੌਰ ਆਦਿ ਸਕੂਲ ਸਟਾਫ ਹਾਜ਼ਰ ਸੀ।

# ਲੋਕ ਮਿਲਣੀਆਂ ਰਾਹੀਂ ਪੇਂਡੂ ਸਮੱਸਿਆਵਾਂ ਨੂੰ ਹੱਲ ਕਰਨਾ ਸਰਕਾਰ ਦੀ ਮੁੱਖ ਤਰਜੀਹ : ਕਟਾਰੂ ਚੱਕ



**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਦੁਆਰ 'ਤੇ ਪਹੁੰਚ ਕੇ ਸੁਣਨ ਅਤੇ ਉਨ੍ਹਾਂ ਦਾ ਹੱਲ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ ਲੋਕ ਮਿਲਣੀਆਂ ਪ੍ਰੋਗਰਾਮਾਂ ਦੀ ਲੜੀ ਤਹਿਤ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਭਗਵਾਲ, ਮਾਖਨਪੁਰ, ਅਖਵਾਨਾ ਰਾਜਪੂਤਾਂ ਅਤੇ ਬਰਮਾਲ ਜੱਟਾਂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ।ਇਸ ਦੌਰਾਨ ਵੱਖ-ਵੱਖ ਪਿੰਡਾਂ ਵਿੱਚ ਲੋਕ ਮਿਲਣੀਆਂ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਅਤੇ ਉਨ੍ਹਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਮਿਲਣੀਆਂ ਸ਼ੁਰੂ ਕਰਨ ਦਾ ਮੁੱਖ ਉਦੇਸ਼ ਲੋਕਾਂ ਦੇ ਘਰਾਂ ਅਤੇ ਪਿੰਡਾਂ ਤੱਕ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਅਤੇ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਣਾ ਯਕੀਨੀ ਬਣਾਉਣਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਚੋਣਾਂ ਸਮੇਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਕੋਸ਼ਿਸ਼ਾਂ ਸਦਕਾ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਦੀ ਸਹੂਲਤ ਮਿਲ ਰਹੀ ਹੈ ਅਤੇ ਮਾਵਾਂ-ਧੀਆਂ ਦੇ ਸਤਿਕਾਰ ਨਾਲ ਸਬੰਧਤ ਯੋਜਨਾ ਰਾਹੀਂ ਵੀ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ, ਪਿੰਡਾਂ ਵਿੱਚ ਖੇਡ ਮੈਦਾਨ, ਸਟੇਡੀਅਮ ਅਤੇ ਪਾਰਕ ਵਿਕਸਤ ਕੀਤੇ ਜਾ ਰਹੇ ਹਨ।ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਇਸ ਮੌਕੇ ਕੈਬਨਿਟ ਮੰਤਰੀ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਜਿਹੜੀਆਂ ਸਮੱਸਿਆਵਾਂ ਮੌਕੇ 'ਤੇ ਹੱਲ ਹੋ ਸਕਦੀਆਂ ਸਨ, ਉਨ੍ਹਾਂ ਦਾ ਨਿਪਟਾਰਾ ਕੀਤਾ ਗਿਆ, ਜਦਕਿ ਬਾਕੀ ਮਾਮਲਿਆਂ ਸਬੰਧੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਅੰਦਰ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ।ਇਸ ਮੌਕੇ ਬਲਾਕ ਪ੍ਰਧਾਨ ਸੂਬੇਦਾਰ ਕੁਲਵੰਤ ਸਿੰਘ, ਮੁਕੇਸ਼ ਸ਼ਰਮਾ ਬਾੜਮਾ, ਕਮਲਜੀਤ ਸਿੰਘ ਭਗਵਾਲ, ਕਿਸਾਨ ਵਿੰਗ ਆਮ ਆਦਮੀ ਪਾਰਟੀ ਦੇ ਆਗੂ ਸਿਮਰਨਜੀਤ ਸਿੰਘ, ਸੁਲਿੰਦਰ ਸਿੰਘ, ਸਰਪੰਚ ਮੁਨੀਸ਼ ਕੁਮਾਰ ਖੁਦਾਈਪੁਰ ਸਮੇਤ ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਮੀਕੇ ਵਿਖੇ ਇਕ ਦਿਨਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਡੇਅਰੀ ਵਿਕਾਸ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡਾਇਰੈਕਟਰ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਪਿੰਡ ਮੀਕੇ ਬਲਾਕ ਸ੍ਰੀ ਹਰਗੋਬਿੰਦਪੁਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਇਕ ਦਿਨਾ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿਚ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਨ੍ਹਾਂ ਦੇ ਇਲਾਜ ਅਤੇ ਚਾਰੇ ਸਬੰਧੀ ਮਾਹਰਾਂ ਵਲੋਂ ਜਾਣਕਾਰੀ ਦਿੱਤੀ ਗਈ। ਡੇਅਰੀ ਇੰਸਪੈਕਟਰ ਬਰਜਿੰਦਰ ਸਿੰਘ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵੱਲੋਂ ਪਸ਼ੂ ਪਾਲਕਾਂ ਵਾਸਤੇ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ, ਸਬਸਿਡੀਆਂ ਅਤੇ ਬੀਮਾ ਸਕੀਮਾਂ ਸਬੰਧੀ ਜਾਣੂ ਕਰਵਾਇਆ ਗਿਆ। ਇਸ ਕੈਂਪ ਵਿਚ ਪਿੰਡ ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ, ਦੁੱਧ ਉਤਪਾਦਕਾਂ ਨੇ ਭਾਗ ਲੈ ਕੇ ਲਾਭ ਲਿਆ। ਇਸ ਮੌਕੇ ਡੇਅਰੀ ਇੰਸਪੈਕਟਰ ਸ਼ੇਰ ਸਿੰਘ ਅਤੇ ਕਰਨਦੀਪ ਭਗਤ, ਡਾ. ਅਸ਼ੋਕ ਸਿੰਘ ਬਸਰਾ ਅਸਿਸਟੈਂਟ ਡਾਇਰੈਕਟਰ ਪਸ਼ੂ ਪਾਲਣ, ਬਲਕਾਰ ਸਿੰਘ ਮਿਲਕਫੈਡ, ਕਮਲ ਕਿਸ਼ੋਰ ਅਡਵੰਟਾ ਕੰਪਨੀ ਆਦਿ ਸਮੇਤ ਵੱਡੀ ਗਿਣਤੀ ਵਿਚ ਅਗਾਂਹਵਧੂ ਦੁੱਧ ਉਤਪਾਦਕ ਵੀ ਹਾਜ਼ਰ ਸਨ।

# ਪੁਲਸ ਨੇ ਚੋਰਾਂ ਨੂੰ ਕੀਤਾ ਗ੍ਰਿਫ਼ਤਾਰ, ਕਣਕ ਦਾ ਭਰਿਆ ਟਰੱਕ ਬਰਾਮਦ



**ਮਜੀਠਾ/ ਜੈਂਤੀਪੁਰ (ਸੋਇਮ ਆਨੰਦ/ ਸੁਖਬੀਰ ਸਿੱਧੂ)**- ਬੀਤੀ ਰਾਤ ਹਲਕਾ ਮਜੀਠਾ ਦੇ ਪਿੰਡ ਸੋਹੀਆਂ ਕਲਾਂ 'ਚ ਸਰਕਾਰੀ ਗਦਾਮ ਵਿੱਚੋਂ ਚੋਰਾਂ ਵੱਲੋਂ ਪਨਗਰੇਨ ਦੇ ਗੁਦਾਮਾਂ ਵਿੱਚੋਂ ਕਣਕ ਦੀਆਂ 300 ਤੋਂ ਵੱਧ ਬੋਰੀਆਂ ਚੋਰੀ ਕੀਤੀਆਂ ਗਈਆਂ। ਹਲਕਾ ਮਜੀਠਾ ਦੇ ਐਸ ਐਚ ਓ ਨੇ ਦੱਸਿਆ ਕਿ ਸਾਨੂੰ ਸੂਚਨਾ ਮਿਲੀ ਸੀ ਤੇ ਸਵੇਰ ਤੋਂ ਹੀ ਅਸੀਂ ਇਹਨਾਂ ਚੋਰਾਂ ਦੀ ਭਾਲ 'ਚ ਲੱਗੇ ਹੋਏ ਸੀ ਤਾਂ 12 ਘੰਟਿਆਂ ਤੋਂ ਵੀ ਪਹਿਲਾਂ ਇਹਨਾਂ ਚੋਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਕਣਕ ਦੀ ਭਰੀ ਗੱਡੀ ਵੀ ਕੀਤੀ ਬਰਾਮਦ ਗਈ। ਐਫ ਆਈ ਆਰ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਐਸ ਐਚ ਓ ਮਜੀਠਾ ਨੇ ਦੱਸਿਆ ਕਿ ਮੇਨ ਮਾਸਟਰ ਮਾਇੰਡ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਕੁਝ ਇਸ ਦੇ ਸਾਥੀ ਫਰਾਰ ਚੱਲ ਰਹੇ ਹਨ, ਜਲਦੀ ਹੀ ਉਹਨਾਂ ਨੂੰ ਵੀ ਗ੍ਰਿਫਤਾਰ ਕਰ ਲਿਆ ਜਾਵੇਗਾ।

# ਕਾਂਗਰਸ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਿੰਡ-ਪਿੰਡ, ਘਰ-ਘਰ ਜਾਵੇਗੀ : ਸੱਚਰ

**ਮਜੀਠਾ (ਸੋਇਮ ਆਨੰਦ)**- ਸੀਨੀਅਰ ਕਾਂਗਰਸੀ ਆਗੂ ਤੇ ਹਲਕਾ ਇੰਚਾਰਜ ਮਜੀਠਾ ਭਗਵੰਤ ਪਾਲ ਸਿੰਘ ਸੱਚਰ ਨੇ ਹਰਮਨਜੀਤ ਸਿੰਘ ਗਿੱਲ ਮਜੀਠਾ ਦੇ ਗ੍ਰਹਿ ਵਿਖੇ ਮੀਟਿੰਗ ਕਰਨ ਉਪਰੰਤ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਰਕਾਰ ਦੇ ਚਾਰ ਸਾਲਾਂ ਦਾ ਲੇਖਾ-ਜੋਖਾ ਪੰਜਾਬ ਦੇ ਲੋਕ ਬੜੀ ਬਾਰੀਕੀ ਨਾਲ ਵੇਖ ਰਹੇ ਹਨ ਅਤੇ ਹੁਣ ਸਰਕਾਰ ਦੇ ਝੂਠੇ ਦਾਅਵਿਆਂ ਅਤੇ ਇਸ਼ਤਿਹਾਰਾਂ ਨਾਲ ਲੋਕਾਂ ਨੂੰ ਗੁੰਮਰਾਹ ਨਹੀਂ ਕੀਤਾ ਜਾ ਸਕਦਾ।



ਸੱਚਰ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ, ਪਰ ਸੱਤਾ ਵਿੱਚ ਆਉਣ ਤੋਂ ਬਾਅਦ ਇਨ੍ਹਾਂ ਵਾਅਦਿਆਂ ਦੀ ਹਕੀਕਤ ਸਾਹਮਣੇ ਆ ਗਈ ਹੈ। ਸਿਵਾਏ ਜੁਮਲਿਆਂ, ਇਸ਼ਤਿਹਾਰਬਾਜ਼ੀ ਅਤੇ ਵਾਅਦਿਆਂ ਦੇ ਪੰਜਾਬ ਦੇ ਲੋਕਾਂ ਨੂੰ ਕੁਝ ਵੀ ਠੋਸ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨੌਜਵਾਨਾਂ ਲਈ ਰੁਜ਼ਗਾਰ, ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ, ਵਪਾਰੀਆਂ ਲਈ ਰਾਹਤ ਅਤੇ ਆਮ ਲੋਕਾਂ ਲਈ ਬੁਨਿਆਦੀ ਸਹੂਲਤਾਂ ਦੀ ਉਮੀਦ ਸੀ, ਪਰ ਸਰਕਾਰ ਦੀਆਂ ਨੀਤੀਆਂ ਨੇ ਲੋਕਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਸੱਚਰ ਨੇ ਕਿਹਾ ਕਿ ਬਦਲਾਅ ਦੇ ਨਾਂਅ 'ਤੇ ਸੱਤਾ ਵਿੱਚ ਆਈ ਸਰਕਾਰ ਨੇ ਲੋਕਾਂ ਨੂੰ ਬਦਲਾਅ ਦੀ ਥਾਂ ਨਿਰਾਸ਼ਾ ਦਿੱਤੀ ਹੈ। ਪੰਜਾਬ ਦੇ ਲੋਕ ਹੁਣ ਸਰਕਾਰ ਦੇ ਭਾਸ਼ਣ ਨਹੀਂ, ਸਗੋਂ ਪਿਛਲੇ ਚਾਰ ਸਾਲਾਂ ਦੀ ਅਸਲ ਕਾਰਗੁਜ਼ਾਰੀ ਦਾ ਹਿਸਾਬ ਮੰਗ ਰਹੇ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕ ਆਪਣੇ ਵੋਟ ਦੀ ਤਾਕਤ ਨਾਲ ਇਸ ਸਰਕਾਰ ਦੇ ਕੰਮਾਂ ਦਾ ਹਿਸਾਬ ਕਰਨਗੇ। ਕਾਂਗਰਸ ਪਾਰਟੀ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਿੰਡ-ਪਿੰਡ ਅਤੇ ਘਰ-ਘਰ ਜਾਵੇਗੀ ਅਤੇ ਪੰਜਾਬ ਨੂੰ ਮੁੜ ਮਜ਼ਬੂਤ, ਖੁਸ਼ਹਾਲ ਅਤੇ ਵਿਕਾਸ ਦੀ ਰਾਹ 'ਤੇ ਲਿਆਉਣ ਲਈ ਲੋਕਾਂ ਦਾ ਸਾਥ ਮੰਗੇਗੀ। ਸੱਚਰ ਨੇ ਕਿਹਾ ਕਿ ਹੁਣ ਜੁਮਲਿਆਂ ਦਾ ਸਮਾਂ ਖ਼ਤਮ ਹੋ ਗਿਆ ਹੈ; ਪੰਜਾਬ ਦੇ ਲੋਕ ਜਵਾਬ ਅਤੇ ਹਿਸਾਬ ਦੋਵੇਂ ਮੰਗਣਗੇ। ਇਸ ਮੌਕੇ ਨਵਦੀਪ ਸਿੰਘ ਸੋਨਾ ਸਾਬਕਾ ਕੌਂਸਲਰ ਮਜੀਠਾ, ਸੁਖਵਿੰਦਰ ਸਿੰਘ ਆਕੜ ਮਜੀਠਾ, ਨਵਤੇਜ ਪਾਲ ਸਿੰਘ ਬਲਾਕ ਕਾਂਗਰਸ ਪ੍ਰਧਾਨ, ਸੁਲੱਖਣ ਸਿੰਘ, ਡਾ. ਸੁਖਵਿੰਦਰ ਸਿੰਘ ਤੇ ਮੋਹਨ ਸਿੰਘ ਵੀ ਹਾਜ਼ਰ ਸਨ ।



# ਕਾਨਫਰੰਸ ਨੂੰ ਕਾਮਯਾਬ ਕਰਨ ਲਈ ਕੋਟਲਾ ਤੇ ਡਾ. ਵੇਰਕਾ ਵੱਲੋਂ ਗਿੱਲ 'ਚ ਮੀਟਿੰਗ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਬਾਪੂ ਤਰਸੇਮ ਸਿੰਘ ਦੀ ਅਗਵਾਈ ਹੇਠ ਕੀਤੀ ਜਾ ਰਹੀ ਸਿਆਸੀ ਕਾਨਫਰੰਸ ਨੂੰ ਕਾਮਯਾਬ ਕਰਨ ਲਈ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ ਅਤੇ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਵੱਲੋਂ ਹਲਕੇ ਦੇ ਪਿੰਡ ਗਿੱਲ ਵਿਚ ਕਾਬਲ ਸਿੰਘ ਦੇ ਗ੍ਰਹਿ ਵਿਖੇ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕੀਤਾ ਗਿਆ । ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਗਿੱਲ ਦੇ ਆਗੂ ਸ਼ਾਮਲ ਹੋਏ ਜਿਨਾਂ ਵੱਲੋਂ ਭਾਈ ਕੋਟਲਾ ਤੇ ਡਾਕਟਰ ਵੇਰਕਾ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਪਿੰਡ ਵਿੱਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਲੈ ਕੇ ਬਾਬਾ ਬਕਾਲਾ ਸਾਹਿਬ ਦੀ ਕਾਨਫਰੰਸ ਵਿੱਚ ਪਹੁੰਚਣਗੇ। ਇਸ ਮੌਕੇ ਬਿਕਰਮਜੀਤ ਸਿੰਘ ਕੋਟਲਾ ਅਤੇ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਕਿਹਾ ਕਿ ਪੰਜਾਬ ਦੇ ਲੋਕ ਭਲੀਭਾਂਤ ਜਾਣੂ ਹਨ ਕਿ ਪੰਜਾਬ ਜਿਸ ਹਾਲਾਤ ਵਿੱਚੋਂ ਅੱਜ ਗੁਜ਼ਰ ਰਿਹਾ ਹੈ ਉਹ ਬਹੁਤ ਹੀ ਖਤਰਨਾਕ ਹੈ। ਇਸ ਸਥਿਤੀ ਚੋਂ ਕੱਢਣ ਲਈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਬਣਾਈ ਗਈ ਪਾਰਟੀ ਅਕਾਲੀ ਦਲ ਵਾਰਸ ਪੰਜਾਬ ਦੀ ਸਰਕਾਰ ਪੰਜਾਬ ਵਿੱਚ ਲਿਆਉਣੀ ਬਹੁਤ ਜ਼ਰੂਰੀ ਹੈ। ਭਾਈ ਕਾਬਲ ਸਿੰਘ ਗਿੱਲ ਵੱਲੋਂ ਬਿਕਰਮਜੀਤ ਸਿੰਘ ਕੋਟਲਾ ਡਾਕਟਰ ਵੇਰਕਾ ਅਤੇ ਹੋਰ ਆਗੂਆਂ ਨੂੰ ਸਰੋਪੇ ਦੇ ਕੇ ਸਨਮਾਨਤ ਕੀਤਾ ਗਿਆ ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਜਰਮਨਜੀਤ ਸਿੰਘ ਡੱਡੂਆਣਾ, ਸਾਬਕਾ ਸਰਪੰਚ ਕੁਲਵੰਤ ਸਿੰਘ ਗਿੱਲ, ਭਾਈ ਕਾਬਲ ਸਿੰਘ ਗਿੱਲ, ਭਾਈ ਮਨਜੀਤ ਸਿੰਘ ਰਾਏਪੁਰ, ਬਲਜੀਤ ਸਿੰਘ ਸੰਧੂ, ਸਾਬੀ ਸੋਹਲ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ ।

# ਕੁੱਲ ਹਿੰਦ ਕਿਸਾਨ ਸਭਾ ਪਹਿਲੀ ਸਤੰਬਰ ਤੋਂ ਚੰਡੀਗੜ੍ਹ ਮੋਰਚੇ 'ਚ ਵੱਡੀ ਪੱਧਰ 'ਤੇ ਸ਼ਾਮਲ ਹੋਵੇਗੀ : ਮਹਾਂਬੀਰ ਸਿੰਘ ਗਿੱਲ

**ਵਲਟੋਹਾ (ਰਣਜੀਤ ਸਿੰਘ)**- ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਵਰਕਿੰਗ ਪ੍ਰਧਾਨ ਮਹਾਂਬੀਰ ਸਿੰਘ ਗਿੱਲ ਨੇ ਦੱਸਿਆ ਕਿ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾ ਕੌਂਸਲ ਮੀਟਿੰਗ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਦੀ ਪ੍ਰਧਾਨਗੀ ਹੇਠ ਹੋਈ। ਪ੍ਰਧਾਨ ਨਿਹਾਲਗੜ੍ਹ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਿਛਲੇ ਸਮੇਂ ਵਿੱਚ ਹੋਏ ਸੰਘਰਸ਼ ਅਤੇ ਕੰਮਾਂ ਦਾ ਲੇਖਾ ਜੋਖਾ ਪੇਸ਼ ਕਰਦੇ ਹੋਏ ਕਿਹਾ ਕਿ ਅਗਲੇ ਮਹੀਨੇ ਇਕ ਸਤੰਬਰ ਨੂੰ ਦਿੱਲੀ ਵਿੱਚ ਆਲ ਇੰਡੀਆ ਪੱਧਰ ਦੀ ਇੱਕ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਸਾਡੀ ਆਲ ਇੰਡੀਆ ਕਿਸਾਨ ਸਭਾ ਕੁੱਲ ਹਿੰਦ ਕਿਸਾਨ ਸਭਾ ਸਾਰੇ ਪੰਜਾਬ ਵਿੱਚੋਂ ਸ਼ਮੂਲੀਅਤ ਕਰੇਗੀ। ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿੱਚ 1 ਸਤੰਬਰ ਤੋਂ 7 ਸਤੰਬਰ ਤੱਕ ਇੱਕ ਧਰਨਾ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਪੰਜਾਬ ਦੀਆਂ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਹਿੱਸਾ ਲੈ ਰਹੀਆਂ ਹਨ। ਇਸ ਧਰਨੇ ਵਿੱਚ ਮੁੱਖ ਤੌਰ 'ਤੇ ਭਾਰਤ ਸਰਕਾਰ ਦੁਆਰਾ ਮੁਕਤ ਵਪਾਰ ਸਮਝੌਤੇ ਨੂੰ ਲਾਗੂ ਨਾ ਹੋਣ ਦੇਣ ਦਾ ਵਿਰੋਧ ਕਰਦੇ ਹੋਏ ਕੇਂਦਰ ਸਰਕਾਰ ਦੁਆਰਾ ਦਿੱਲੀ ਤੋਂ ਧਰਨਾ ਉਠਾਏ ਜਾਣ ਸਮੇਂ ਮੰਨੇ ਗਏ ਮੁੱਖ ਤੌਰ 'ਤੇ ਅਮਰੀਕਾ ਅਤੇ ਹੋਰ ਮੁਲਕਾਂ ਨਾਲ ਕੀਤੇ ਮੁਕਤ ਪਾਸ ਸਮਝੌਤੇ ਦਾ ਵਿਰੋਧ ਕਰਨਾ, ਕੇਂਦਰ ਸਰਕਾਰ ਦੁਆਰਾ ਕਿਸਾਨ ਅੰਦੋਲਨ ਵੇਲੇ ਲਿਖਤੀ ਤੌਰ 'ਤੇ ਮੰਨੀਆਂ ਮੰਗਾਂ ਨੂੰ ਲਿਖਤੀ ਭਰੋਸੇ ਵਿੱਚ ਲਿਆਉਣਾ, ਦਰਿਆਈ ਪਾਣੀਆਂ ਦਾ ਨਿਪਟਾਰਾ ਰਿਪੇਰੀਅਨ ਸਿਧਾਂਤ ਰਾਹੀਂ ਕਰਨਾ, ਬਿਜਲੀ ਅਤੇ ਬੀਜ ਬਿੱਲ ਰੱਦ ਕਰਨਾ, ਇਸ ਦੇ ਨਾਲ ਨਾਲ ਕਿਸਾਨਾਂ ਮਜ਼ਦੂਰਾਂ ਸਿਰ ਚੜ੍ਹੇ ਕਰਜ਼ਿਆਂ 'ਤੇ ਲੀਕ ਫੇਰਨ, ਲੇਬਰ ਕੋਡ ਰੱਦ ਕਰਵਾਉਣ, ਮਨਰੇਗਾ ਕਾਨੂੰਨ ਬਹਾਲ ਕਰਾਉਣ, ਪੰਜਾਬ ਦੇ ਪਾਣੀਆਂ ਦੀ ਰੱਖਿਆ ਆਦਿ ਸਮੇਤ ਹੋਰ ਮੁੱਦੇ ਹੋਣਗੇ। ਇਸ ਸਮੇਂ ਕੁਲਵੰਤ ਸਿੰਘ ਮੌਲੀਵਾਲ, ਜਸਵੀਰ ਝੱਜ ਤੇ ਚਮਕੌਰ ਸਿੰਘ ਬਰ੍ਹਮੀ, ਜਸਵੀਰ ਸਿੰਘ ਅਕਲੀ, ਬਲਵਿੰਦਰ ਸਿੰਘ ਤੇ ਸੁਰਿੰਦਰ ਸਿੰਘ, ਗੁਰਨਾਮ ਸਿੰਘ ਔਲਖ, ਨਿਰਮਲ ਸਿੰਘ, ਤਰਲੋਕ ਸਿੰਘ ਭਧਿਆਣਾ (ਕਪੂਰਥਲਾ), ਗੁਰਦਿੱਤ ਸਿੰਘ ਸਿੱਧੂ , ਜਸਵਿੰਦਰ ਸਿੰਘ ਭੰਗਲ , ਗੁਰਪ੍ਰੀਤ ਸਿੰਘ ਗੰਢੀਵਿੰਡ, ਇੰਦਰਜੀਤ ਸਿੰਘ ਗਿੱਲ, ਜੁਝਾਰ ਸਿੰਘ ਕੁੱਕੜ ਮਾਜਰਾ ਅਤੇ ਜੋਗਿੰਦਰ ਸਿੰਘ ਆਦਿ ਨੇ ਆਪੋ ਆਪਣੇ ਜ਼ਿਲ੍ਹਿਆਂ ਦੀ ਤਿਆਰੀ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਵੱਡੀ ਪੱਧਰ 'ਤੇ ਇੱਕ ਤਰੀਕ ਦਿੱਲੀ ਰੈਲੀ ਅਤੇ ਇੱਕ ਸਤੰਬਰ ਤੋਂ ਸੱਤ ਸਤੰਬਰ ਤੱਕ ਲਗਾਏ ਜਾ ਰਹੇ ਚੰਡੀਗੜ੍ਹ ਦੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।



# ਬਹਿਲ ਵੱਲੋਂ ਸ਼ਰਧਾਲੂਆਂ ਦੀਆਂ ਤਿੰਨ ਬੱਸਾਂ ਰਵਾਨਾ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਗੁਰਦਾਸਪੁਰ ਵਿਧਾਨ ਸਭਾ ਹਲਕੇ ਤੋਂ ਤਿੰਨ 13 ਸਲਿੱਪਰ ਬੱਸਾਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਸਮੇਤ ਰਵਾਨਾ ਕੀਤਾ ਗਿਆ।ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਲਾਇਬ੍ਰੇਰੀ ਰੋਡ ਗੁਰਦਾਸਪੁਰ ਸਥਿਤ ਆਪਣੇ ਦਫ਼ਤਰ ਤੋਂ ਤਿੰਨੋਂ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਬੱਸਾਂ ਵਿੱਚ ਕੁੱਲ 99 ਸ਼ਰਧਾਲੂ ਸਵਾਰ ਸਨ। ਇੱਕ ਬੱਸ ਖਾਟੂ ਸ਼ਿਆਮ ਅਤੇ ਸਾਲਾਸਰ ਧਾਮ, ਦੂਜੀ ਬੱਸ ਮਥੁਰਾ ਅਤੇ ਵਰਿੰਦਾਵਨ ਅਤੇ ਤੀਜੀ ਬੱਸ ਹਰਿਦੁਆਰ ਅਤੇ ਰਿਸ਼ੀਕੇਸ਼ ਦੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਤੀਰਥ ਯਾਤਰਾ ਲਈ ਗੁਰਦਾਸਪੁਰ ਵਿਧਾਨ ਸਭਾ ਹਲਕੇ ਤੋਂ ਤਿੰਨ ਨਵੇਂ ਰੂਟ ਸ਼ੁਰੂ ਕੀਤੇ ਗਏ ਹਨ।ਰਮਨ ਬਹਿਲ ਨੇ ਕਿਹਾ ਕਿ ਉਹ ਦਿਲ ਦੀਆਂ ਗਹਿਰਾਈਆਂ ਤੋਂ ਪੰਜਾਬ ਦੇ ਮੁੱਖ ਮੰਤਰੀ ਸ. ਮਾਨ ਅਤੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦੇ ਹਨ, ਜਿਨ੍ਹਾਂ ਦੀ ਸੋਚ ਅਤੇ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਵਿਧਾਨ ਸਭਾ ਹਲਕੇ ਤੋਂ ਹੁਣ ਤੱਕ 49 ਬੱਸਾਂ ਤੀਰਥ ਯਾਤਰਾ 'ਤੇ ਜਾ ਚੁੱਕੀਆਂ ਹਨ।ਇਨ੍ਹਾਂ ਬੱਸਾਂ ਰਾਹੀਂ ਵੱਖ-ਵੱਖ ਸ਼ਹਿਰਾਂ ਅਤੇ ਪਿੰਡਾਂ ਦੀ ਸੰਗਤ ਨੂੰ ਸ੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਸਮੇਤ ਵੱਖ-ਵੱਖ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ।ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਭਾਰਤ ਭੂਸ਼ਣ ਸ਼ਰਮਾ, ਹਲਕਾ ਮੁੱਖ ਮੰਤਰੀ ਤੀਰਥ ਯਾਤਰਾ ਕੋਆਰਡੀਨੇਟਰ ਗਗਨ ਮਹਾਜਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਸਿੱਖਿਆ ਹਲਕਾ ਕੋਆਰਡੀਨੇਟਰ ਅਸ਼ਵਨੀ ਸ਼ਰਮਾ, ਪ੍ਰਧਾਨ ਵਪਾਰ ਮੰਡਲ ਅਸ਼ੋਕ ਮਹਾਜਨ, ਟਰੱਸਟੀ ਹਿਤੇਸ਼ ਮਹਾਜਨ, ਟਰੱਸਟੀ ਰਘੁਬੀਰ ਸਿੰਘ ਖਾਲਸਾ, ਹਲਕਾ ਸੈਣੀ ਵੈੱਲਫੇਅਰ ਬੋਰਡ ਦੇ ਦਵਿੰਦਰ ਸਿੰਘ, ਹਲਕਾ ਖੱਤਰੀ ਸਭਾ ਵੈੱਲਫੇਅਰ ਬੋਰਡ ਦੇ ਅਜੇ ਕੁਮਾਰ ਨਿੱਕੂ, ਹਲਕਾ ਵਪਾਰ ਮੰਡਲ ਦੇ ਚੇਅਰਮੈਨ ਰਾਜਿੰਦਰ ਨੰਦਾ ਅਤੇ ਬਲਾਕ ਸੰਮਤੀ ਮੈਂਬਰ ਮਨਮੋਹਨ ਰਾਏ ਤਿੱਬੜ ਸਮੇਤ ਹੋਰ ਪਤਵੰਤੇ ਅਤੇ ਸ਼ਰਧਾਲੂ ਹਾਜ਼ਰ ਸਨ।



# ਕਲਸੀ ਦੀ ਵਿਕਾਸ ਕਾਰਜਸ਼ੈਲੀ ਤੋਂ ਪ੍ਰਭਾਵਿਤ ਰਵਾਇਤੀ ਪਾਰਟੀ ਦੇ ਪਰਵਾਰ ਆਪ 'ਚ ਸ਼ਾਮਲ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਵਿਕਾਸ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਕਾਂਗਰਸ ਤੇ ਸ਼ਰੋਮਣੀ ਅਕਾਲੀ ਦਲ ਪਾਰਟੀ ਨਾਲ ਸੰਬੰਧਤ ਕਈ ਪਰਵਾਰ, ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ । ਸ਼ਾਮਲ ਹੋਣ ਵਾਲੇ ਪਰਵਾਰਾਂ ਦਾ ਕਹਿਣਾ ਹੈ ਵਿਧਾਇਕ ਸ਼ੈਰੀ ਕਲਸੀ ਵਲੋਂ ਸਮੁੱਚੇ ਹਲਕੇ ਅੰਦਰ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਖੁਦ ਮਿਲ ਕੇ, ਉਨ੍ਹਾਂ ਵਲੋਂ ਚਿਰੋਕਣੀਆਂ ਮੁਸ਼ਕਲਾਂ ਹੱਲ ਕੀਤੀਆਂ ਗਈਆਂ ਹਨ।ਵਿਧਾਇਕ ਸ਼ੈਰੀ ਕਲਸੀ ਨੇ ਸਮੂਹ ਸਾਥੀਆਂ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕਰਦਿਆਂ ਕਿਹਾ ਕਿ ਆਪ ਪਾਰਟੀ ਨੇ ਮਹਿਜ਼ ਸਾਢੇ ਚਾਰ ਸਾਲਾਂ ਵਿੱਚ ਲੋਕ ਹਿੱਤ ਅਜਿਹੇ ਫੈਸਲੇ ਕੀਤੇ ਹਨ ਜੋ ਪਿਛਲੀਆਂ ਸਰਕਾਰਾਂ 7 ਦਹਾਕਿਆਂ ਵਿੱਚ ਨਹੀਂ ਲੈ ਸਕੀਆਂ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦਾ ਵਧਦਾ ਵਿਸ਼ਵਾਸ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਮਜ਼ਬੂਤ ਹੋ ਰਹੀਆਂ ਨੀਤੀਆਂ ਅਤੇ ਲੋਕਪੱਖੀ ਕਾਰਜਾਂ ਦੀ ਗਵਾਹੀਆਂ ਭਰਦਾ ਹੈ, ਜਿਸ ਸਦਕਾ ਆਪ ਪਰਵਾਰ ਦਾ ਕਾਫਲਾ ਦਿਨੋ ਦਿਨ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਸਰਬਪੱਖੀ ਵਿਕਾਸ ਤੇ ਭਲਾਈ ਸਕੀਮਾਂ ਦਾ ਲਾਭ ਪਾਰਦਰਸ਼ੀ ਢੰਗ ਨਾਲ ਦੇਣ ਲਈ ਵਚਨਬੱਧ ਹੈ।ਬਟਾਲਾ ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਹਲਕੇ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਚੁੱਕੇ ਹਨ ਅਤੇ ਕਈ ਵਿਕਾਸ ਕੰਮ ਪ੍ਰਗਤੀ ਅਧੀਨ ਹਨ।



# ਐੱਨ ਪੀ ਕੇ 'ਚ ਕੀਤਾ 1100 ਰੁਪਏ ਕੁਇੰਟਲ ਦਾ ਵਾਧਾ ਕਿਸਾਨਾਂ 'ਤੇ ਹੋਰ ਬੋਝ ਬਣੇਗਾ : ਨਿਜਾਮਪੁਰ

**ਅੰਮ੍ਰਿਤਸਰ** : ਕੁੱਲ ਹਿੰਦ ਕਿਸਾਨ ਸਭਾ ਅਤੇ ਸਬਜ਼ੀ ਉੱਤਪਾਦਕ ਕਿਸਾਨ ਜਥੇਬੰਦੀ ਦੀ ਮੀਟਿੰਗ ਪ੍ਰਧਾਨ ਭੁਪਿੰਦਰ ਸਿੰਘ ਤੀਰਥਪੁਰਾ ਦੀ ਪ੍ਰਧਾਨਗੀ ਹੇਠ ਨਵਾਂ ਪਿੰਡ ਵਿਖੇ ਹੋਈ। ਜਿਸ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਲੱਖਬੀਰ ਸਿੰਘ ਨਿਜਾਮਪੁਰ ਨੇ ਕਿਹਾ ਕਿ ਐਨ.ਪੀ.ਕੇ. ਖਾਦ ਦੀ ਕੀਮਤ ਵਿੱਚ 1100 ਰੁਪਏ ਪ੍ਰਤੀ ਕੁਇੰਟਲ ਦਾ ਵਾਧਾ ਅਤੇ ਪ੍ਰਤੀ ਥੈਲਾ 550 ਰੁਪਏ ਵਾਧਾ ਕਰ ਦੇਣਾ, ਕਿਸਾਨ ਨੂੰ ਖੁਦਕੁਸ਼ੀਆਂ ਦੇ ਰਾਹ ਤੋਰਨ ਦੇ ਬਰਾਬਰ ਹੈ। ਪਹਿਲਾਂ ਹੀ ਕਿਸਾਨ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਅਯੋਗ ਨੀਤੀਆਂ ਕਾਰਨ ਨਿਤ ਦਿਨ ਕਰਜ਼ਾਈ ਹੋ ਰਿਹਾ ਹੈ। ਖਾਦ ਐਨ.ਪੀ.ਕੇ. ਵਿੱਚ ਕੀਤਾ ਗਿਆ 1100 ਰੁਪਏ ਕੁਇੰਟਲ ਦਾ ਵਾਧਾ, ਕਿਸਾਨ ਉਤੇ ਹੋਰ ਬੋਝ ਬਣੇਗਾ। ਸਰਕਾਰ ਤੋਂ ਮੰਗ ਕੀਤੀ ਗਈ ਹੈ ਕਿ ਕਿਸਾਨਾਂ ਦੇ ਬੋਝ ਨੂੰ ਘਟਾਉਣ ਲਈ ਖਾਦਾਂ ਦੀ ਸਬਸਿਡੀ ਵਿੱਚ ਤੁਰੰਤ ਵਾਧਾ ਕੀਤਾ ਜਾਵੇ ਅਤੇ ਕੀਤਾ ਗਿਆ ਵਾਧਾ ਵਾਪਸ ਲਿਆ ਜਾਵੇ। ਜਥੇਬੰਦੀ ਵੱਲੋਂ ਖੰਡ ਦੀਆਂ ਵਧ ਰਹੀਆਂ ਕੀਮਤਾਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਮੰਗ ਕੀਤੀ ਕਿ ਸਰਕਾਰ ਤੁਰੰਤ ਬਲੈਕ ਮਾਰਕੀਟਿੰਗ ਅਤੇ ਜਖੀਰੇਬਾਜ਼ੀ ਨੂੰ ਨੱਥ ਪਾ ਕੇ ਵਧ ਰਹੀ ਮਹਿੰਗਾਈ ਨੂੰ ਕੰਟਰੋਲ ਕਰੇ।ਇਸ ਤੋਂ ਇਲਾਵਾ ਜਥੇਬੰਦੀ ਵੱਲੋਂ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀਆਂ ਜਥੇਬੰਦੀਆਂ ਵੱਲੋਂ 1 ਸਤੰਬਰ ਤੋਂ 7 ਸਤੰਬਰ ਤੱਕ ਚੰਡੀਗੜ੍ਹ ਵਿਖੇ ਪੰਜਾਬ ਦੀਆਂ ਮੰਗਾਂ ਲਈ ਲੱਗਣ ਵਾਲੇ ਧਰਨੇ ਵਿੱਚ ਵੱਖ ਵੱਖ ਸਾਧਨਾਂ ਰਾਹੀਂ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਮੀਟਿੰਗ ਅੰਦਰ ਯੂਰੀਆ ਖਾਦ ਦੀ ਗੈਰ ਖੇਤੀ ਕੰਮਾਂ ਲਈ ਵਰਤੋਂ ਲਈ ਇੱਕ ਸਾਲ ਪਹਿਲਾਂ ਅੰਮ੍ਰਿਤਸਰ ਵਿਖੇ ਮਕਬੂਲਪੁਰਾ ਥਾਣਾ ( ਵੱਲਾ) ਵਿਖੇ ਮਕੁੱਦਮਾ ਨੰਬਰ 181 ਮਿਤੀ 21/8/2025 ਨੂੰ ਦਰਜ ਕਰਵਾਇਆ ਸੀ। ਇੱਕ ਸਾਲ ਲੰਘਣ ਦੇ ਬਾਵਜੂਦ ਇਸ ਕਾਂਡ ਦੇ ਮੁੱਖ ਦੋਸ਼ੀਆਂ ਖਿਲਾਫ ਪੁਲਸ ਨੇ ਕੋਈ ਕਾਰਵਾਈ ਨਹੀਂ ਕੀਤੀ।

ਜਿਸ 'ਤੇ ਜਥੇਬੰਦੀ ਵੱਲੋਂ 24 ਅਗਸਤ ਨੂੰ ਰੋਸ ਵਜੋਂ ਵੱਲਾ ਥਾਣਾ ਸਾਹਮਣੇ ਧਰਨਾ ਦਿੱਤਾ ਜਾਵੇਗਾ। ਮੀਟਿੰਗ ਵਿੱਚ ਗੁਰਮੇਜ ਸਿੰਘ ਮੱਖਣਵਿੰਡੀ, ਕਰਨੈਲ ਸਿੰਘ, ਜਰਨੈਲ ਸਿੰਘ, ਬਲਵਿੰਦਰ ਸਿੰਘ ਨਵਾਂ ਪਿੰਡ, ਅਵਤਾਰ ਸਿੰਘ, ਭੁਪਿੰਦਰ ਸਿੰਘ ਵਡਾਲਾ ਜੌਹਲ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜਾਮਪੁਰ, ਜੱਸਵਿੰਦਰ ਸਿੰਘ, ਜਸਪਾਲ ਸਿੰਘ, ਜਗਨਦੀਪ ਸਿੰਘ ਜੱਗਾ ਨਬੀਪੁਰ, ਮਹਿਲ ਸਿੰਘ ਛਾਪਾ ਆਦਿ ਹਾਜ਼ਰ ਸਨ।



# ਚੇਅਰਮੈਨ ਬਲਕਾਰ ਸਿੰਘ ਦਾ ਬੈਗ ਚੋਰੀ



**ਬਿਆਸ (ਪਰਮਜੀਤ ਸਿੰਘ ਰੱਖੜਾ)** ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਬਲਕਾਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਸਵੇਰ ਦੇ ਸਮੇਂ ਅੰਮ੍ਰਿਤਸਰ ਜਾਣ ਲਈ ਜਦੋਂ ਬਿਆਸ ਬੱਸ ਅੱਡੇ ਤੋਂ ਬੱਸ ਵਿੱਚ ਸਵਾਰ ਹੋਏ ਤਾਂ ਬੱਸ ਵਿੱਚ ਬਹੁਤ ਜ਼ਿਆਦਾ ਭੀੜ ਸੀ, ਉਨ੍ਹਾ ਨੂੰ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਕੋਈ ਨਸ਼ੀਲੀ ਦਵਾਈ ਸੁੰਘਾ ਕੇ ਉਨ੍ਹਾਂ ਦੇ ਹੱਥ ਵਿੱਚ ਫੜਿਆ ਕਾਲੇ ਰੰਗ ਦਾ ਬੈਗ ਜਿਸ ਵਿੱਚ 55000 ਨਕਦੀ, ਸੈਂਟਰਲ ਬੈਂਕ ਅਤੇ ਗ੍ਰਾਮੀਣ ਬੈਂਕ ਦੋਨਾਂ ਦੀਆਂ ਚੈੱਕ ਬੁੱਕ ਅਤੇ ਹੋਰ ਕਈ ਬਹੁਤ ਹੀ ਜ਼ਰੂਰੀ ਦਸਤਾਵੇਜ਼ ਸਨ, ਉਹ ਖੋਹ ਲਿਆ। ਚੇਅਰਮੈਨ ਬਲਕਾਰ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਜਦੋਂ ਥੋੜ੍ਹੀ ਹੋਸ਼ ਆਈ ਤਾਂ ਉਨ੍ਹਾਂ ਦੀ ਬੱਸ ਟਾਂਗਰੇ ਲਾਗੇ ਪੁੱਜ ਗਈ ਸੀ, ਲੇਕਿਨ ਬੈਗ ਖੋਹਣ ਵਾਲਾ ਵਿਅਕਤੀ ਕਿਤੇ ਪਹਿਲਾਂ ਹੀ ਬੱਸ ਵਿੱਚੋਂ ਉੱਤਰ ਗਿਆ। ਉਨ੍ਹਾਂ ਦੀ ਪ੍ਰਸ਼ਾਸਨ ਨੂੰ ਬੇਨਤੀ ਹੈ ਕਿ ਉਨ੍ਹਾਂ ਦਾ ਜ਼ਰੂਰੀ ਦਸਤਾਵੇਜ਼ ਵਾਲਾ ਬੈਗ ਲੱਭਣ ਵਿੱਚ ਉਨ੍ਹਾਂ ਦੀ ਮਦਦ ਕੀਤੀ ਜਾਵੇ ਅਤੇ ਬੱਸ ਅੱਡਿਆਂ 'ਤੇ ਪੁਲਸ ਮੁਲਾਜ਼ਮ ਲਗਾਏ ਜਾਣ ਤਾਂ ਜੋ ਭਵਿੱਖ ਵਿੱਚ ਏਦਾਂ ਦੀਆਂ ਘਟਨਾਵਾਂ ਨਾ ਵਾਪਰਨ।

# ਅੰਗਹੀਣ ਵਿਅਕਤੀਆਂ ਨੂੰ ਟਰਾਈ ਸਾਈਕਲ ਵੰਡੇ



**ਮਜੀਠਾ/ ਜੈਂਤੀਪੁਰ (ਸੋਇਮ ਆਨੰਦ/ ਸੁਖਬੀਰ ਸਿੱਧੂ)**- 15 ਅਗਸਤ ਦੇ ਸ਼ੁੱਭ ਦਿਹਾੜੇ ਮੌਕੇ ਦਾਣਾ ਮੰਡੀ ਮਜੀਠਾ ਵਿਖੇ ਤਹਿਸੀਲਦਾਰ ਅਜੇ ਕੁਮਾਰ, ਨਾਇਬ ਤਹਿਸੀਲਦਾਰ ਦਰਸ਼ਨ ਸਿੰਘ ਖੰਗੂੜਾ ਤੇ ਹੋਰ ਤਹਿਸੀਲ ਸਟਾਫ ਵੱਲੋਂ ਅੰਗਹੀਣ ਵਿਅਕਤੀਆਂ ਨੂੰ ਟਰਾਈ ਸਾਈਕਲ ਤੇ ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ। ਇਸ ਮੌਕੇ ਤਹਿਸੀਲਦਾਰ ਤੇ ਨਾਇਬ ਤਹਿਸੀਲਦਾਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸਰਕਾਰ ਵੱਲੋਂ ਆ ਰਹੀ ਹਰ ਸਹੂਲਤ ਲੋੜਵੰਦ ਪਰਵਾਰਾਂ ਤੱਕ ਪਹੁੰਚਾਈ ਜਾਵੇਗੀ। ਇਸ ਮੌਕੇ ਤਹਿਸੀਲਦਾਰ ਅਜੇ ਕੁਮਾਰ, ਨਾਇਬ ਤਹਿਸੀਲਦਾਰ ਦਰਸ਼ਨ ਸਿੰਘ ਖੰਗੂੜਾ, ਰੁਪਿੰਦਰ ਕੌਰ ਮਜੀਠਾ, ਕੁਲਵੰਤ ਸਿੰਘ, ਪਵਨ ਕੁਮਾਰ, ਹਰਪ੍ਰੀਤ ਸਿੰਘ, ਪਵਨ ਮਜੀਠਾ, ਆਦਿ ਹਾਜ਼ਰ ਸਨ ।

# ਸਹਿਕਾਰੀ ਸਭਾ ਦੇ ਨਵੇਂ ਚੁਣੇ ਮੈਂਬਰਾਂ ਨੂੰ ਈ ਟੀ ਓ ਨੇ ਕੀਤਾ ਸਨਮਾਨਤ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗੱਗੜਭਾਣਾ ਦੀ ਸਹਿਕਾਰੀ ਸਭਾ ਦੀ ਹੋਈ ਚੋਣ ਦੌਰਾਨ ਗੱਗੜਭਾਣਾ ਅਤੇ ਪਿੰਡ ਪੱਲ੍ਹਾ ਤੋਂ ਨਵੇਂ ਚੁਣੇ ਗਏ ਮੈਂਬਰਾਂ ਨੂੰ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਸਨਮਾਨਤ ਕਰਦਿਆਂ ਵਧਾਈ ਦਿੱਤੀ ਗਈ।ਇਸ ਮੌਕੇ ਗੱਗੜਭਾਣਾ ਤੋਂ ਚੁਣੇ ਗਏ ਮੈਂਬਰ ਸੁਖਦੇਵ ਸਿੰਘ, ਅਜੀਤ ਸਿੰਘ, ਜਗਤਾਰ ਸਿੰਘ, ਹਰਜਿੰਦਰ ਸਿੰਘ, ਜਸਬੀਰ ਕੌਰ, ਨਰਿੰਦਰ ਸਿੰਘ, ਸ਼ਿੰਗਾਰਾ ਸਿੰਘ ਅਤੇ ਗੁਰਮੇਜ ਸਿੰਘ ਅਤੇ ਪਿੰਡ ਪੱਲ੍ਹਾ ਤੋਂ ਬਖਸ਼ੀਸ਼ ਸਿੰਘ, ਰਾਜਵਿੰਦਰ ਸਿੰਘ ਅਤੇ ਅਮਰਜੀਤ ਕੌਰ ਪਤਨੀ ਜਸਬੀਰ ਸਿੰਘ ਨੂੰ ਮੰਤਰੀ ਵੱਲੋਂ ਸਨਮਾਨਤ ਕੀਤਾ ਗਿਆ।ਨਵੇਂ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੰਦਿਆਂ ਲੋਕ ਨਿਰਮਾਣ ਮੰਤਰੀ ਈ.ਟੀ.ਓ. ਨੇ ਕਿਹਾ ਕਿ ਸਹਿਕਾਰੀ ਸੰਸਥਾਵਾਂ ਪਿੰਡਾਂ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਨਵੇਂ ਚੁਣੇ ਮੈਂਬਰਾਂ ਨੂੰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਸਹਿਕਾਰੀ ਸਭਾ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕਰਨੇ ਚਾਹੀਦੇ ਹਨ।



# ਸਾਰਥੀ ਸੇਵਾ ਸਮਿਤੀ ਸੰਸਥਾ ਵੱਲੋਂ ਬਿਰਧ ਆਸ਼ਰਮ ਨੂੰ ਯੋਗਦਾਨ



**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ )**- ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ 'ਚ ਹੁਣ ਨਵੀਂ ਇਮਾਰਤ ਤਿਆਰ ਕੀਤੀ ਜਾ ਰਹੀ ਹੈ। ਇਸ ਨਵੀਂ ਇਮਾਰਤ ਨੂੰ ਬਣਾਉਣ 'ਚ ਆਰਥਿਕ ਤੌਰ 'ਤੇ ਸਾਰਥੀ ਸੇਵਾ ਸਮਿਤੀ ਸੰਸਥਾ ਪਠਾਨਕੋਟ ਨੇ ਆਪਣਾ ਯੋਗਦਾਨ ਦਿੱਤਾ । ਪ੍ਰਧਾਨ ਸ਼ਿਵਾਨੀ ਸ਼ਰਮਾ ਨੇ ਕਿਹਾ ਕਿ ਅਸੀਂ ਹਮੇਸ਼ਾ ਹੀ ਤੁਹਾਡੇ ਨਾਲ ਹਾਂ, ਜਦੋਂ ਵੀ ਤੁਹਾਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਜਰੂਰਤ ਪੈਂਦੀ ਹੈ ਤਾਂ ਤੁਸੀਂ ਸਾਡੇ ਨਾਲ ਸੰਪਰਕ ਕਰ ਸਕਦੇ ਹੋ। ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਇਸ ਮੌਕੇ ਸੰਸਥਾ ਦੇ ਪ੍ਰਧਾਨ ਸ਼ਿਵਾਨੀ ਸ਼ਰਮਾ ਅਤੇ ਹੋਰ ਵੀ ਟੀਮ ਮੈਂਬਰ ਕਾਜਲ, ਅੰਜੂ ਸੈਣੀ, ਅੰਸ਼ੂ, ਦੀਪਾਲੀ, ਨੀਤੂ, ਸੁਕ੍ਰਿਤੀ, ਐਡਵੋਕੇਟ ਕੁਲਵਿੰਦਰ ਕੌਰ, ਕਵਿਤਾ ਮੇਗਾ, ਰੂਹੀ, ਅਨੀਤਾ ਆਦਿ ਅਤੇ ਆਸ਼ਰਮ ਸਮੂਹ ਸਟਾਫ਼ ਮੈਂਬਰ ਸਵਿਤਾ, ਮਮਤਾ, ਸੁਰਜੀਤ ਕੌਰ, ਆਸ਼ਾ ਰਾਣੀ, ਵਿਪਨ ਕੁਮਾਰ, ਸ਼ਾਰਦਾ ਦੇਵੀ,ਪ੍ਰੀਆ ਚੰਦ ਦੇਵ ਮੌਜੂਦ ਸਨ ।

# ਸੀਚੇਵਾਲ ਵੱਲੋਂ ਸੰਸਦ 'ਚ ਦਿੱਤਾ ਭਾਸ਼ਣ ਸ਼ਲਾਘਾਯੋਗ : ਸੁਨੇਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਤੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਰਾਜ ਸਭਾ ਅੰਦਰ ਭਾਈ ਘਨ੍ਹਈਆ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਜੰਗ-ਏ-ਮੈਦਾਨ ਵਿਚ ਨਿਭਾਈ ਵਿਲੱਖਣ ਸੇਵਾ ਦਾ ਵਿਸਥਾਰਪੂਰਬਕ ਚਾਨਣਾ ਪਾਉਂਦਿਆਂ ਭਾਈ ਘਨ੍ਹਈਆ ਜੀ ਨੂੰ ਸਮਰਪਿਤ 20 ਸਤੰਬਰ ਮਾਨਵ ਸੇਵਾ ਦਿਵਸ ਰਾਸ਼ਟਰੀ ਪੱਧਰ 'ਤੇ ਮਨਾਉਣ ਵਾਸਤੇ ਜ਼ੋਰ ਦਿੱਤਾ ਅਤੇ ਇਨ੍ਹਾਂ ਮਹਾਨ ਸੇਵਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾਣ। ਭਾਈ ਘਨ੍ਹਈਆ ਮਿਸ਼ਨ ਪੰਜਾਬ ਨੇ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਇਸ ਕਦਮ ਦੀ ਸਰਾਹਨਾ ਕੀਤੀ ਅਤੇ ਧੰਨਵਾਦ ਕਰਦਿਆਂ ਕਿਹਾ ਕਿ ਅੰਤਰਰਾਸ਼ਟਰੀ ਰੈਡ ਕਰਾਸ ਸੁਸਾਇਟੀ ਜਨੇਵਾ ਅਤੇ ਭਾਰਤੀ ਰੈਡ ਕਰਾਸ ਸੁਸਾਇਟੀ ਵੱਲੋਂ ਭਾਈ ਘਨ੍ਹਈਆ ਜੀ ਦੀਆਂ ਮਹਾਨ ਸੇਵਾਵਾਂ ਦੀ ਸ਼ਲਾਘਾ ਕੀਤੀ ਜਾ ਚੁੱਕੀ ਹੈ ਅਤੇ ਭਾਈ ਘਨ੍ਹਈਆ ਜੀ ਦੀ ਇਨਸਾਨੀਅਤ ਪ੍ਰਤੀ ਘਾਲਣਾ ਸਬੰਧੀ ਜਾਣਕਾਰੀ ਵੀ ਵੈਬਸਾਈਟ 'ਤੇ ਪ੍ਰਕਾਸ਼ਿਤ ਕੀਤੀ ਹੋਈ ਹੈ ਜੋ ਕਿ ਸਾਡੇ ਅਮੀਰ ਸੱਭਿਆਚਾਰਕ ਵਿਰਸੇ ਵਿੱਚ ਮਨੁੱਖਤਾ ਦੀ ਸੇਵਾ ਅਤੇ ਸਰਬਸਾਂਝੀਵਾਲਤਾ, ਨਿਰਪੱਖਤਾ ਅਤੇ ਵਿਸ਼ਵ ਸ਼ਾਂਤੀ ਦੇ ਸੰਕਲਪ ਨੂੰ ਦਰਸਾਉਂਦੀ ਹੈ। ਪ੍ਰੋ ਬਹਾਦਰ ਸਿੰਘ ਸੁਨੇਤ ਜੋ ਕੇ ਲੰਮੇ ਸਮੇਂ ਤੋਂ ਭਾਈ ਘਨ੍ਹਈਆ ਜੀ ਦੀਆਂ ਮਹਾਨ ਸੇਵਾਵਾਂ ਦੇ ਪ੍ਰਸੰਗ ਵਿੱਚ ਅੰਤਰਰਾਸ਼ਟਰੀ ਰੈਡ ਕਰਾਸ ਦੇ ਮੂਲ ਸਿਧਾਂਤ ਅਤੇ ਜੰਗਾਂ ਦੌਰਾਨ ਜ਼ਖ਼ਮੀ ਹੋਏ ਵਿਅਕਤੀ ਦੀ ਸੇਵਾ ਸੰਭਾਲ ਸਬੰਧੀ ਬਣੇ ਅੰਤਰਰਾਸ਼ਟਰੀ ਮਾਨਵਤਾ ਕਾਨੂੰਨ ਸਬੰਧੀ ਖੋਜ ਕਾਰਜ ਨਾਲ ਜੁੜੇ ਹੋਏ ਹਨ ਨੇ ਕਿਹਾ ਕਿ ਪਿਛਲੇ ਲਗਭਗ 30 ਸਾਲਾਂ ਤੋਂ ਭਾਈ ਘਨ੍ਹਈਆ ਜੀ ਦੀਆਂ ਮਹਾਨ ਸੇਵਾਵਾਂ ਨੂੰ ਅੰਤਰਰਾਸ਼ਟਰੀ ਪੱਧਰ ਤੇ ਪਹੁਚਾਉਣ ਯਤਨ ਕੀਤਾ ਕੀਤੇ ਜਾ ਰਹੇ ਹਨ ਅਤੇ ਇਹ ਪਹਿਲੀ ਵਾਰ ਹੋਇਆ ਕਿਸੇ ਮਹਾਨ ਵਿਅਕਤੀ ਵੱਲੋਂ ਭਾਈ ਘਨ੍ਹਈਆ ਜੀ ਦੀਆਂ ਸੇਵਾਵਾਂ ਸਬੰਧੀ ਪਾਰਲੀਮੈਂਟ ਵਿੱਚ ਅਵਾਜ਼ ਬੁਲੰਦ ਕੀਤੀ। ਭਾਈ ਘਨ੍ਹਈਆ ਜੀ ਮਿਸ਼ਨ ਸੇਵਾ ਸੰਸਥਾਵਾਂ ਵੱਲੋਂ ਸੰਤ ਬਲਬੀਰ ਸਿੰਘ ਸੀਚੇਵਾਲ ਦਾ ਧੰਨਵਾਦ ਕੀਤਾ ਅਤੇ ਸਨਮਾਨ ਚਿੰਨ੍ਹ ਵੀ ਭੇਟ ਕੀਤਾ ਗਿਆ। ਰਸ਼ਪਾਲ ਸਿੰਘ ਚੇਅਰਮੈਨ ਸ਼ੁਭ ਕਰਮਨ ਸੁਸਾਇਟੀ ਹੁਸ਼ਿਆਰਪੁਰ ਵੱਲੋਂ ਸੰਤ ਸੀਚੇਵਾਲ ਨੂੰ ਸਨਮਾਨਿਤ ਕੀਤਾ।



ਇਸ ਮੌਕੇ ਰਜਿੰਦਰ ਸਿੰਘ ਵਿਰਕ, ਗਿਆਨੀ ਬਖਤਾਵਰ ਸਿੰਘ ਸੁਨੇਤ, ਇੰਦਰਮੋਹਨ ਸਿੰਘ ਲੁਧਿਆਣਾ, ਸਰਬ ਧਰਮ ਸਦਭਾਵਨਾ ਕਮੇਟੀ ਹੁਸ਼ਿਆਰਪੁਰ ਦੇ ਕੋਆਰਡੀਨੇਟਰ ਅਨੁਰਾਗ ਸੂਦ, ਜਗਮੀਤ ਸਿੰਘ ਸੇਠੀ, ਗੁਰਪ੍ਰੀਤ ਸਿੰਘ, ਓਂਕਾਰ ਸਿੰਘ ਖ਼ਾਲਸਾ, ਬਲਜੀਤ ਸਿੰਘ ਪਨੇਸਰ, ਸੰਤੋਖ ਸਿੰਘ ਭਾਈ ਘਨ੍ਹਈਆ ਜੀ ਟਰੱਸਟ ਟਾਂਡਾ, ਭਾਈ ਮਨਜੀਤ ਸਿੰਘ , ਜਸਬੀਰ ਸਿੰਘ ਅੰਮ੍ਰਿਤਸਰ, ਰਜਿੰਦਰ ਸਿੰਘ ਸਿੱਖ ਵਿਰਾਸਤ ਫਾਊਂਡੇਸ਼ਨ ਦਿੱਲੀ ਨੇ ਸੰਤ ਸੀਚੇਵਾਲ ਵੱਲੋਂ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ ਹੈ ।

# ਪਹਿਲੀ ਸਤੰਬਰ ਨੂੰ ਚੰਡੀਗੜ੍ਹ ਲਾਏ ਜਾ ਰਹੇ ਰੋਸ ਧਰਨੇ ਸੰਬੰਧੀ ਮੀਟਿੰਗ



**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਰਦਾਰ ਓਮਰਾਜ ਸਿੰਘ ਧਰਦਿਉ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਚੋਲਾ ਸਾਹਿਬ ਕਾਲੇਕੇ ਵਿਖੇ ਹੋਈ। ਮੀਟਿੰਗ ਵਿੱਚ ਸਰਦਾਰ ਗੁਰਚਰਨ ਸਿੰਘ ਰਾਣਾ ਸਰਪੰਚ ਕਾਲੇਕੇ ਜ਼ਿਲ੍ਹਾ ਕਮੇਟੀ ਮੈਂਬਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਧਿਆਨਪੁਰ, ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਚਾਹਲ ਕਾਲੇਕੇ ਅਤੇ ਕਾਲੇਕੇ ਇਕਾਈ ਦੇ ਸਾਰੇ ਮੈਂਬਰ ਸਾਹਿਬਾਨਾਂ ਨੇ ਸ਼ਮੂਲੀਅਤ ਕੀਤੀ।

ਧਰਦਿਉ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਿਤੀ 1 ਸਤੰਬਰ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਚੰਡੀਗੜ੍ਹ ਵਿਖੇ ਰੋਸ ਧਰਨਾ ਦੇਣ ਦਾ ਜੋ ਫੈਸਲਾ ਕੀਤਾ ਗਿਆ ਹੈ, ਉਸ ਵਿੱਚ ਵੱਧ ਤੋਂ ਵੱਧ ਮੈਂਬਰ ਸ਼ਮੂਲੀਅਤ ਕਰਨ ਦੀ ਕਿਰਪਾਲਤਾ ਕਰਨ, ਤਾਂ ਕਿ ਕਿਸਾਨੀ ਮੰਗਾਂ ਮੰਨਵਾਉਣ ਲਈ ਯੋਗ ਉਪਰਾਲਾ ਕੀਤਾ ਜਾ ਸਕੇ।

ਉਪਰੋਕਤ ਤੋਂ ਇਲਾਵਾ ਇਕਾਈ ਕਾਲੇਕੇ ਨਾਲ ਸੰਬੰਧਤ ਮਸਲਿਆਂ 'ਤੇ ਵੀ ਵਿਚਾਰ ਚਰਚਾ ਹੋਈ, ਜਿਸ ਨੂੰ ਜਥੇਬੰਦੀ ਵੱਲੋਂ ਆਪਸੀ ਰਜ਼ਾਮੰਦੀ ਕਰਵਾ ਕੇ ਹੱਲ ਕਰ ਦਿੱਤਾ ਗਿਆ।

ਹੋਰਨਾਂ ਤੋਂ ਇਲਾਵਾ ਇਕਾਈ ਜਨਰਲ ਸਕੱਤਰ ਜਸਵੰਤ ਸਿੰਘ ਕਾਲੇਕੇ, ਸੁਰਜੀਤ ਸਿੰਘ ਖੂਹ ਵਾਲੇ, ਸੁਖਦੇਵ ਸਿੰਘ ਖਜ਼ਾਨਚੀ, ਅਨੋਖ ਸਿੰਘ ਹਸਨਪੁਰ, ਲਖਵਿੰਦਰ ਸਿੰਘ ਮੈਂਬਰ, ਮਲਕੀਤ ਸਿੰਘ ਕਾਲੇਕੇ, ਲੱਖਾ ਸਿੰਘ, ਸੂਬੇਦਾਰ ਲਾਲਦੀਨ ਰਈਆ, ਸੂਬੇਦਾਰ ਮੰਗਲ ਸਿੰਘ ਰਈਆ ਖੁਰਦ, ਬਲਾਕ ਪ੍ਰਧਾਨ ਰਈਆ ਧਰਮ ਸਿੰਘ ਗਗੜਭਾਣਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਜਥੇਬੰਦਕ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

# ਡੀ ਐੱਫ ਐੱਸ ਸੀ ਨੂੰ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਵੱਲੋਂ ਮੰਗ ਪੱਤਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਲਾਭਪਾਤਰੀਆਂ ਨੂੰ ਨਿਰਧਾਰਤ ਮਾਤਰਾ ਤੋਂ ਘੱਟ ਕਣਕ ਦਿੱਤੇ ਜਾਣ ਦੇ ਮਾਮਲੇ ਨੂੰ ਲੈ ਕੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਝਬਾਲ ਵੱਲੋਂ ਨਵ-ਨਿਯੁਕਤ ਡੀ ਐਫ ਐਸ ਸੀ ਤਰਨ ਤਾਰਨ ਹਰਵੀਨ ਕੌਰ ਨੂੰ ਮੰਗ ਪੱਤਰ ਸੌਂਪਿਆ ਗਿਆ।ਯੂਨੀਅਨ ਆਗੂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਕਿਹਾ ਕਿ ਸਸਪੈਂਡ ਕੀਤੇ ਗਏ ਡਿਪੂਆਂ ਨਾਲ ਸੰਬੰਧਤ ਲਾਭਪਾਤਰੀਆਂ ਨੂੰ 20 ਕਿਲੋ ਦੀ ਬਜਾਏ 13 ਕਿਲੋ ਕਣਕ ਦਿੱਤੇ ਜਾਣ ਦੀਆਂ ਸ਼ਿਕਾਇਤਾਂ ਸਾਹਮਣੇ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗਰੀਬ ਅਤੇ ਲੋੜਵੰਦ ਪਰਵਾਰਾਂ ਨੂੰ ਉਨ੍ਹਾਂ ਦੇ ਹੱਕ ਦੀ ਪੂਰੀ ਕਣਕ ਮਿਲਣੀ ਯਕੀਨੀ ਬਣਾਈ ਜਾਵੇ। ਡੀ ਐਫ ਐਸ ਸੀ ਹਰਵੀਨ ਕੌਰ ਨੇ ਮੰਗ ਪੱਤਰ ਸਵੀਕਾਰ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਮਾਮਲੇ ਦੀ ਤੁਰੰਤ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਲਾਭਪਾਤਰੀਆਂ ਨੂੰ ਸਹੀ ਮਾਤਰਾ ਵਿੱਚ ਕਣਕ ਮੁਹੱਈਆ ਕਰਵਾਉਣ ਲਈ ਜਲਦ ਕਾਰਵਾਈ ਕੀਤੀ ਜਾਵੇਗੀ ਅਤੇ ਜੇਕਰ ਕਿਸੇ ਡਿਪੂ ਹੋਲਡਰ ਵੱਲੋਂ ਬੇਨਿਯਮੀ ਕੀਤੀ ਪਾਈ ਗਈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਨਵ-ਨਿਯੁਕਤ ਡੀ ਐਫ ਐਸ ਸੀ ਹਰਵੀਨ ਕੌਰ ਨੂੰ ਜੀ ਆਇਆਂ ਕਿਹਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਮਰੇਡ ਮਨਜੀਤ ਸਿੰਘ ਝਬਾਲ ਨੇ ਕਿਹਾ ਕਿ ਮਜ਼ਦੂਰਾਂ ਅਤੇ ਲਾਭਪਾਤਰੀਆਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ। ਜੇਕਰ ਕਿਸੇ ਲਾਭਪਾਤਰੀ ਨੂੰ ਘੱਟ ਕਣਕ ਦਿੱਤੀ ਜਾਂਦੀ ਹੈ ਤਾਂ ਉਹ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਦਫ਼ਤਰ ਝਬਾਲ ਵਿੱਚ ਸੂਚਿਤ ਕਰ ਸਕਦਾ ਹੈ। ਇਸ ਮੌਕੇ ਕਾਮਰੇਡ ਗੁਰਦੀਪ ਸਿੰਘ, ਮਾਸਟਰ ਬਲਦੇਵ ਸਿੰਘ, ਕਾਮਰੇਡ ਕੁਲਦੀਪ ਸਿੰਘ, ਕਾਮਰੇਡ ਦਲਜੀਤ ਸਿੰਘ, ਕਾਮਰੇਡ ਜੋਗਿੰਦਰ ਸਿੰਘ, ਮੇਜਰ ਸਿੰਘ, ਬਲਵੀਰ ਕੌਰ ਅਤੇ ਹਰਜੀਤ ਕੌਰ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਨੇ ਮੰਗ ਕੀਤੀ ਕਿ ਘੱਟ ਕਣਕ ਵੰਡਣ ਦੇ ਮਾਮਲਿਆਂ ਦੀ ਨਿਰਪੱਖ ਜਾਂਚ ਕਰਕੇ ਜ਼ਿੰਮੇਵਾਰ ਡਿਪੂ ਹੋਲਡਰਾਂ ਖ਼ਿਲਾਫ਼ ਬਣਦੀ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਹਰ ਲਾਭਪਾਤਰੀ ਨੂੰ ਉਸ ਦੇ ਹੱਕ ਦੀ ਪੂਰੀ ਕਣਕ ਮੁਹੱਈਆ ਕਰਵਾਈ ਜਾਵੇ।



# ਨਵੇਂ ਵਰ੍ਹਿਆ ਵਿਖੇ ਰਮਨਦੀਪ ਸੇਰੋਂ ਤੇ ਬਿੱਲਾ ਸੇਰੋਂ ਨੇ ਕੀਤਾ ਸੰਗਤ ਦਰਸ਼ਨ

**ਚੋਹਲਾ ਸਾਹਿਬ (ਰਮਨ ਚੱਡਾ)**- ਹਲਕਾ ਸ੍ਰੀ ਖਡੂਰ ਸਾਹਿਬ ਵਿੱਚ ਪਿੰਡ-ਪਿੰਡ ਵਰਕਰ ਮਿਲਣੀ ਅਤੇ ਸੰਗਤ ਦਰਸ਼ਨ ਪ੍ਰੋਗਰਾਮਾਂ ਦੀ ਸ਼ੁਰੂਆਤ ਕਰਦੇ ਹੋਏ ਪਿੰਡ ਨਵੇਂ ਵਰਿਆ ਵਿਖੇ ਅੰਗਰੇਜ਼ ਸਿੰਘ ਲਾਲੀ ਦੇ ਗ੍ਰਹਿ ਵਿਖੇ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਬੀਬਾ ਰਮਨਦੀਪ ਕੌਰ ਸੇਰੋਂ ਵੱਲੋਂ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਪਿੰਡ ਨਾਲ ਸੰਬੰਧਤ ਵੱਖ-ਵੱਖ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਯੂਥ ਅਕਾਲੀ ਆਗੂ ਸਰਪੰਚ ਅਵਤਾਰ ਸਿੰਘ ਬਿੱਲਾ ਸ਼ੇਰੋਂ ਵੀ ਇਸ ਮੌਕੇ ਮੌਜੂਦ ਰਹੇ ਅਤੇ ਅਕਾਲੀ ਵਰਕਰਾਂ ਨੂੰ ਸੰਬੋਧਨ ਕੀਤਾ। ਰਮਨਦੀਪ ਸੇਰੋਂ ਅਤੇ ਬਿੱਲਾ ਸ਼ੇਰੋਂ ਨੇ ਕਿਹਾ ਕਿ ਸੰਗਤ ਦਰਸ਼ਨ ਸਿਰਫ਼ ਇੱਕ ਪ੍ਰੋਗਰਾਮ ਨਹੀਂ, ਸਗੋਂ ਪਿੰਡ ਪਿੰਡ ਜਾ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਨ, ਉਨ੍ਹਾਂ ਨਾਲ ਖੜ੍ਹਨ ਅਤੇ ਸੇਵਾ ਦਾ ਭਰੋਸਾ ਨਿਭਾਉਣ ਦੀ ਉਹੀ ਪਰੰਪਰਾ ਹੈ, ਜਿਸ ਨੂੰ ਸਵ. ਪ੍ਰਕਾਸ਼ ਸਿੰਘ ਬਾਦਲ ਨੇ ਪੰਜਾਬ ਦੀ ਸਿਆਸਤ ਵਿੱਚ ਮਜ਼ਬੂਤ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਅਤੇ ਲੋਕਾਂ ਦੇ ਦਰ 'ਤੇ ਹਾਜ਼ਰੀ ਹੀ ਲੋਕ ਸੇਵਾ ਦੀ ਅਸਲ ਪਛਾਣ ਹੈ। ਇਸੇ ਸੋਚ ਤਹਿਤ ਹਲਕਾ ਸ੍ਰੀ ਖਡੂਰ ਸਾਹਿਬ ਵਿੱਚ ਪਿੰਡ-ਪਿੰਡ ਵਰਕਰ ਮਿਲਣੀ ਅਤੇ ਸੰਗਤ ਦਰਸ਼ਨ ਦੇ ਪ੍ਰੋਗਰਾਮ ਕੀਤੇ ਜਾ ਰਹੇ ਹਨ, ਤਾਂ ਜੋ ਵਰਕਰਾਂ ਅਤੇ ਆਮ ਲੋਕਾਂ ਨਾਲ ਸਿੱਧਾ ਰਾਬਤਾ ਹੋਰ ਮਜ਼ਬੂਤ ਕੀਤਾ ਜਾ ਸਕੇ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਬੀਬਾ ਰਮਨਦੀਪ ਕੌਰ ਸੇਰੋਂ ਅਤੇ ਅਵਤਾਰ ਸਿੰਘ ਬਿੱਲਾ ਸੇਰੋਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਸਰਕਲ ਪ੍ਰਧਾਨ ਦਿਲਬਾਗ਼ ਸਿੰਘ ਕਾਹਲਵਾਂ, ਸਾਬਕਾ ਸਰਪੰਚ ਸ਼ਿੰਗਾਰਾ ਸਿੰਘ, ਸਾਬਕਾ ਸਰਪੰਚ ਸੁਖਵਿੰਦਰ ਕੌਰ, ਮਾਨ ਸਿੰਘ, ਨੰਬਰਦਾਰ ਰਣਜੀਤ ਸਿੰਘ, ਨੰਬਰਦਾਰ ਸਵਿੰਦਰ ਸਿੰਘ, ਹਰਜੀਤ ਸਿੰਘ, ਦਰਸ਼ਨ ਸਿੰਘ, ਸੁਖਦੇਵ ਸਿੰਘ, ਮਨਜੀਤ ਕੌਰ, ਸੁਖਵਿੰਦਰ ਕੌਰ, ਬਲਜਿੰਦਰ ਕੌਰ ਆਦਿ ਹਾਜ਼ਰ ਸਨ।



# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਪਾਣੀ ਦੇ ਨਿੱਜੀਕਰਨ, ਵਪਾਰੀਕਰਨ, ਵਪਾਰ ਸਮਝੌਤਾ ਤੇ ਲੈਂਡ ਪੂਲਿੰਗ ਨੀਤੀ ਰੱਦ ਕਰਵਾਉਣ ਲਈ ਧਰਨੇ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਸੂਬਾ ਕਮੇਟੀ ਦੇ ਸੱਦੇ 'ਤੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਤੇ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਤਿੰਨ ਥਾਵਾਂ 'ਤੇ ਕਾਰਪੋਰੇਟ ਘਰਾਣਿਆਂ ਦੇ ਅਦਾਰਿਆਂ ਅੱਗੇ ਇੱਕ ਰੋਜ਼ਾ ਮੋਰਚੇ ਲਗਾਏ ਗਏ। ਸੰਗਰੂਰ ਵਿਖੇ ਪੈਪਸੀਕੋ ਪਲਾਂਟ, ਬਠਿੰਡਾ ਵਿਖੇ ਕਾਰਗਿਲ ਫੈਕਟਰੀ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਮੱਝੂਪੁਰਾ-ਸੰਗਤਪੁਰਾ ਨਹਿਰ ਨੇੜੇ ਵਿਸ਼ਵ ਬੈਂਕ ਦੀਆਂ ਹਦਾਇਤਾਂ ਅਤੇ ਕਾਰਪੋਰੇਟ ਘਰਾਣਿਆਂ ਦੇ ਸਹਿਯੋਗ ਨਾਲ ਲਾਏ ਜਾ ਰਹੇ ਪਾਣੀ ਦੇ ਪ੍ਰਾਜੈਕਟ ਅੱਗੇ ਵੱਡੀ ਗਿਣਤੀ ਵਿੱਚ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਔਰਤਾਂ ਨੇ ਸ਼ਮੂਲੀਅਤ ਕੀਤੀ। ਅੰਮ੍ਰਿਤਸਰ ਵਾਲੇ ਮੋਰਚੇ ਵਿੱਚ ਜ਼ਿਲ੍ਹਾ ਤਰਨ ਤਾਰਨ, ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਜਲੰਧਰ ਤੋਂ ਵੀ ਵੱਡੀ ਗਿਣਤੀ ਵਿੱਚ ਕਾਰਕੁਨਾਂ ਨੇ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਸਰਕਾਰ ਮਿਲ ਕੇ ਕੁਦਰਤੀ ਸਰੋਤਾਂ—ਪਾਣੀ, ਦਰਿਆਵਾਂ, ਨਦੀਆਂ, ਪਹਾੜਾਂ ਅਤੇ ਧਰਤੀ ਹੇਠਲੇ ਪਾਣੀ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੀਆਂ ਨੀਤੀਆਂ ਲਾਗੂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਾਣੀ ਵਰਗੀ ਬੁਨਿਆਦੀ ਲੋੜ ਨੂੰ ਨਿੱਜੀ ਕੰਪਨੀਆਂ ਦੇ ਮੁਨਾਫ਼ੇ ਦਾ ਸਾਧਨ ਬਣਾਉਣਾ ਲੋਕ ਵਿਰੋਧੀ ਕਦਮ ਹੈ। ਕਿਸਾਨ ਆਗੂਆਂ ਨੇ ਪਾਣੀ ਦੇ ਨਿੱਜੀਕਰਨ ਅਤੇ ਵਪਾਰੀਕਰਨ ਦੀ ਨੀਤੀ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਬੁਲਾਰਿਆਂ ਨੇ ਭਾਰਤ-ਅਮਰੀਕਾ ਵਿਚਕਾਰ ਚੱਲ ਰਹੀ ਵਪਾਰ ਸਮਝੌਤਾ ਵਾਰਤਾ ਤੁਰੰਤ ਰੱਦ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਅਜਿਹਾ ਸਮਝੌਤਾ ਲਾਗੂ ਹੋਣ ਨਾਲ ਪਹਿਲਾਂ ਹੀ ਸੰਕਟ ਵਿੱਚ ਫਸੀ ਕਿਸਾਨੀ ਅਤੇ ਛੋਟੇ ਕਾਰੋਬਾਰਾਂ 'ਤੇ ਹੋਰ ਵੱਡਾ ਸੰਕਟ ਆਵੇਗਾ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਉਪਜਾਊ ਜ਼ਮੀਨਾਂ ਖੋਹਣ ਲਈ ਲਿਆਂਦੀ ਲੈਂਡ ਪੂਲਿੰਗ ਨੀਤੀ ਤੁਰੰਤ ਰੱਦ ਕਰਨ ਦੀ ਵੀ ਮੰਗ ਕੀਤੀ ।



ਕਿਸਾਨ ਆਗੂਆਂ ਨੇ ਸਾਰੀਆਂ ਫ਼ਸਲਾਂ ਦੀ ਸਰਕਾਰੀ ਖ਼ਰੀਦ ਯਕੀਨੀ ਬਣਾਉਂਦਿਆਂ ਐਮ ਐਸ ਪੀ ਦੀ ਕਾਨੂੰਨੀ ਗਾਰੰਟੀ ਲਾਗੂ ਕਰਨ, ਬਿਜਲੀ ਅਤੇ ਬੀਜ ਸਬੰਧੀ ਬਿੱਲ ਰੱਦ ਕਰਨ, ਨਿੱਜੀਕਰਨ ਦੀ ਨੀਤੀ ਵਾਪਸ ਲੈਣ ਅਤੇ ਮਨਰੇਗਾ ਦਾ ਪੁਰਾਣਾ ਸਰੂਪ ਬਹਾਲ ਕਰਨ ਦੀ ਮੰਗ ਕੀਤੀ। ਇਸ ਦੇ ਨਾਲ ਪੰਜਾਬ ਵਿੱਚ ਨਸ਼ਿਆਂ ਲਈ ਜ਼ਿੰਮੇਵਾਰ ਵੱਡੇ ਨਸ਼ਾ ਤਸਕਰਾਂ ਅਤੇ ਉਨ੍ਹਾਂ ਨੂੰ ਸਰਪ੍ਰਸਤੀ ਦੇਣ ਵਾਲਿਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਵੀ ਕੀਤੀ ਗਈ।

ਇਸ ਮੌਕੇ ਕਸ਼ਮੀਰ ਸਿੰਘ ਧੰਗਈ, ਲਖਵਿੰਦਰ ਸਿੰਘ ਮੰਜਿਆਵਾਲੀ, ਬਘੇਲ ਸਿੰਘ ਕੋਟਮੁਗਲ, ਗੁਰਬਾਜ ਸਿੰਘ ਸਿੱਧਵਾਂ, ਪਰਮਜੀਤ ਕੌਰ ਕੋਟਮੁਗਲ, ਹਰਚਰਨ ਸਿੰਘ ਮੱਧੀਪੁਰ, ਨਿਰਵੈਲ ਸਿੰਘ ਪਠਾਣ ਨੰਗਲ , ਜਸਪਾਲ ਸਿੰਘ ਧੰਗਈ, ਬਾਬਾ ਜਗਜੀਵਨ ਸਿੰਘ ਤਲਵੰਡੀ, ਬਾਬਾ ਰਾਜਨ ਸਿੰਘ, ਡਾ. ਪਰਮਿੰਦਰ ਸਿੰਘ ਪੰਡੋਰੀ, ਕੁਲਬੀਰ ਸਿੰਘ ਜੇਠੂਵਾਲ, ਪ੍ਰਿਥੀਪਾਲ ਸਿੰਘ ਥੋਬਾ, ਰਜਿੰਦਰ ਸਿੰਘ, ਸ਼ਿੰਗਾਰਾ ਸਿੰਘ, ਦਲਜੀਤ ਸਿੰਘ, ਹਰਦੀਪ ਸਿੰਘ ਜੋੜਾ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਅਤੇ ਕਾਰਕੁਨ ਹਾਜ਼ਰ ਸਨ।

# ਗੁਜਰਾਤ ਮਾਡਲ

ਪਾਰਟੀ ਛੱਡਣ ਤੋਂ ਬਾਅਦ ਤਾਮਿਲਨਾਡੂ ਭਾਜਪਾ ਦੇ ਸਾਬਕਾ ਪ੍ਰਧਾਨ ਕੇ ਅੰਨਾਮਲਾਈ ਨੇ ਮੋਦੀ ਸਰਕਾਰ ਦੀਆਂ ਨੀਤੀਆਂ ’ਤੇ ਖੁੱਲ੍ਹ ਕੇ ਸਵਾਲ ਉਠਾਉਂਦਿਆਂ ਕਿਹਾ ਹੈ ਕਿ ਗੁਜਰਾਤ ਨੂੰ ਹੀ ਵੱਡੇ ਨਿਵੇਸ਼, ਏ ਆਈ ਕੰਪਨੀਆਂ, ਸੈਮੀਕੰਡਕਟਰ ਪ੍ਰੋਜੈਕਟ ਅਤੇ ਕੌਮਾਂਤਰੀ ਟੂਰਨਾਮੈਂਟ ਮਿਲਦੇ ਰਹਿੰਦੇ ਹਨ, ਤਾਂ ਇਹ ਪੂਰੇ ਦੇਸ਼ ਲਈ ਵਿਕਾਸ ਦਾ ਮਾਡਲ ਨਹੀਂ ਹੋ ਸਕਦਾ। ਦੇਸ਼ ਦੇ ਲੋਕ ਸਭ ਕੁਝ ਦੇਖ ਰਹੇ ਹਨ ਅਤੇ ਇਹ ਨੀਤੀ ਬਦਲਣੀ ਚਾਹੀਦੀ ਹੈ। ਭਾਜਪਾ ਛੱਡ ਕੇ ‘ਵੀ ਦੀ ਲੀਡਰਜ਼’ ਅੰਦੋਲਨ ਸ਼ੁਰੂ ਕਰਨ ਵਾਲੇ ਅੰਨਾਮਲਾਈ ਨੇ ਪਿਛਲੇ ਦਿਨੀਂ ਇੰਡੀਆ ਟੂਡੇ ਟੀ ਵੀ ਦੇ ਤਾਮਿਲਨਾਡੂ ਗੋਲਮੇਜ਼ ਸੰਵਾਦ ਵਿੱਚ ਬੋਲਦਿਆਂ ਕਿਹਾ ਕਿ ਵਿਕਾਸ ਦੇ ਲਾਭ ਪੂਰੇ ਦੇਸ਼ ਤੱਕ ਬਰਾਬਰ ਪਹੁੰਚਣੇ ਚਾਹੀਦੇ ਹਨ। ਪਿਛਲੇ ਕੁਝ ਸਾਲਾਂ ਵਿੱਚ ਗੁਜਰਾਤ ਨੂੰ ਕਈ ਵੱਡੇ ਸਨਅਤੀ ਪ੍ਰੋਜੈਕਟ ਮਿਲੇ ਹਨ।

ਜਿਨ੍ਹਾਂ ਪ੍ਰੋਜੈਕਟਾਂ ਬਾਰੇ ਅੰਨਾਮਲਾਈ ਨੇ ਚਰਚਾ ਕੀਤੀ ਹੈ, ਉਨ੍ਹਾਂ ਨੂੰ ਲੈ ਕੇ ਆਪੋਜ਼ੀਸ਼ਨ ਨੇ ਕਈ ਵਾਰ ਸਵਾਲ ਉਠਾਏ ਹਨ। ਸਭ ਤੋਂ ਵੱਡਾ ਵਿਵਾਦ 2022 ਵਿੱਚ ਵੇਦਾਂਤ-ਫੌਕਸਕੌਨ ਸੈਮੀਕੰਡਕਟਰ ਪ੍ਰੋਜੈਕਟ ਨੂੰ ਲੈ ਕੇ ਹੋਇਆ ਸੀ। ਲੱਗਭੱਗ 1.54 ਲੱਖ ਕਰੋੜ ਰੁਪਏ ਦੇ ਇਸ ਪ੍ਰੋਜੈਕਟ ਨੂੰ ਮਹਾਰਾਸ਼ਟਰ ਦੀ ਬਜਾਏ ਗੁਜਰਾਤ ਵਿੱਚ ਕਾਇਮ ਕਰਨ ਦੇ ਫੈਸਲੇ ਨੇ ਮਹਾਰਾਸ਼ਟਰ ਵਿੱਚ ਸਿਆਸੀ ਵਿਵਾਦ ਪੈਦਾ ਕਰ ਦਿੱਤਾ ਸੀ। ਇਸ ਤੋਂ ਬਾਅਦ ਟਾਟਾ-ਏਅਰਬੱਸ ਸੀ-295 ਜਹਾਜ਼ ਨਿਰਮਾਣ ਪ੍ਰੋਜੈਕਟ ਗੁਜਰਾਤ ਦੇ ਵਡੋਦਰਾ ਵਿੱਚ ਸਥਾਪਤ ਕੀਤਾ ਗਿਆ। ਵਰਤਮਾਨ ਵਿੱਚ ਟਾਟਾ ਇਲੈਕਟ੍ਰਾਨਿਕਸ, ਮਾਈਕ੍ਰੋਨ ਅਤੇ ਸੀ ਜੀ ਪਾਵਰ ਸਮੇਤ ਕਈ ਵੱਡੀਆਂ ਕੰਪਨੀਆਂ ਵੀ ਗੁਜਰਾਤ ਵਿੱਚ ਸੈਮੀਕੰਡਕਟਰ ਪ੍ਰੋਜੈਕਟਾਂ ’ਤੇ ਕੰਮ ਕਰ ਰਹੀਆਂ ਹਨ।

ਅੰਨਾਮਲਾਈ ਨੇ ਟੂਰਨਾਮੈਂਟਾਂ ਲਈ ਗੁਜਰਾਤ ਨੂੰ ਤਰਜੀਹ ਮਿਲਣ ’ਤੇ ਵੀ ਸਵਾਲ ਉਠਾਇਆ ਹੈ। ਅਹਿਮਦਾਬਾਦ ਨੂੰ ਹਾਲ ਹੀ ਦੇ ਸਾਲਾਂ ਵਿੱਚ ਕਈ ਵੱਡੇ ਅੰਤਰਰਾਸ਼ਟਰੀ ਟੂਰਨਾਮੈਂਟਾਂ ਦੀ ਮੇਜ਼ਬਾਨੀ ਮਿਲੀ ਹੈ, ਜਿਸ ਵਿੱਚ 2029 ਵਿਸ਼ਵ ਪੁਲਸ ਅਤੇ ਫਾਇਰ ਖੇਡਾਂ ਅਤੇ 2030 ਦੀਆਂ ਰਾਸ਼ਟਰਮੰਡਲ ਖੇਡਾਂ ਸ਼ਾਮਲ ਹਨ। ਭਾਰਤ ਨੇ 2036 ਉਲੰਪਿਕ ਦੀ ਮੇਜ਼ਬਾਨੀ ਲਈ ਵੀ ਬੋਲੀ ਲਗਾਈ ਹੈ, ਜਿਸ ਵਿੱਚ ਅਹਿਮਦਾਬਾਦ ਪ੍ਰਸਤਾਵਤ ਮੇਜ਼ਬਾਨ ਸ਼ਹਿਰ ਹੈ। 2025 ਵਿੱਚ ਆਈ ਪੀ ਐੱਲ ਫਾਈਨਲ ਨੂੰ ਕੋਲਕਾਤਾ ਦੇ ਈਡਨ ਗਾਰਡਨ ਤੋਂ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਤਬਦੀਲ ਕਰਨ ’ਤੇ ਵੀ ਸਿਆਸੀ ਵਿਵਾਦ ਹੋਇਆ ਸੀ। ਅੰਨਾਮਲਾਈ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਗੁਜਰਾਤ ਨੂੰ ਪ੍ਰੋਜੈਕਟ ਮਿਲਣ ’ਤੇ ਕੋਈ ਇਤਰਾਜ਼ ਨਹੀਂ ਹੈ, ਪਰ ਸਵਾਲ ਇਹ ਹੈ ਕਿ ਕੀ ਪੂਰੇ ਦੇਸ਼ ਦੇ ਨਾਂਅ ’ਤੇ ਹੋਣ ਵਾਲੇ ਵੱਡੇ ਨਿਵੇਸ਼ ਅਤੇ ਟੂਰਨਾਮੈਂਟ ਹਮੇਸ਼ਾ ਇੱਕ ਰਾਜ ਵਿੱਚ ਕੇਂਦਰਤ ਹੋਣੇ ਚਾਹੀਦੇ ਹਨ।

ਅੰਨਾਮਲਾਈ ਦੀਆਂ ਟਿੱਪਣੀਆਂ ਭਾਜਪਾ ਤੋਂ ਵੱਖ ਹੋਣ ਤੋਂ ਬਾਅਦ ਕੇਂਦਰ ਸਰਕਾਰ ਦੀ ਉਨ੍ਹਾ ਵੱਲੋਂ ਸਭ ਤੋਂ ਤਿੱਖੀ ਜਨਤਕ ਆਲੋਚਨਾ ਹੈ। ਅੰਨਾਮਲਾਈ ਨੇ ਇੱਕ ਵਾਰ ਫਿਰ ਇਸ ਬਹਿਸ ਨੂੰ ਸੁਰਜੀਤ ਕਰ ਦਿੱਤਾ ਹੈ ਕਿ ਕੀ ਦੇਸ਼ ਦੇ ਵੱਡੇ ਸਨਅਤੀ ਪ੍ਰੋਜੈਕਟਾਂ, ਨਿਵੇਸ਼ਾਂ ਅਤੇ ਕੌਮਾਂਤਰੀ ਟੂਰਨਾਮੈਂਟਾਂ ਨੂੰ ਸਾਰੇ ਰਾਜਾਂ ਵਿੱਚ ਬਰਾਬਰ ਨਹੀਂ ਵੰਡਿਆ ਜਾਣਾ ਚਾਹੀਦਾ। ਵਿਰੋਧੀ ਧਿਰ ਲੰਬੇ ਸਮੇਂ ਤੋਂ ਦੋਸ਼ ਲਗਾਉਂਦੀ ਆ ਰਹੀ ਹੈ ਕਿ ਮੋਦੀ-ਸ਼ਾਹ ਦੀ ਕੇਂਦਰ ਸਰਕਾਰ ਗੁਜਰਾਤ ਨੂੰ ਤਰਜੀਹ ਦਿੰਦੀ ਹੈ। ਇਸ ਦੋਸ਼ ਨੂੰ ਭਾਜਪਾ ਇਹ ਕਹਿ ਕੇ ਨਕਾਰਦੀ ਹੈ ਕਿ ਨਿਵੇਸ਼ ਦੇ ਫੈਸਲੇ ਸਨਅਤੀ ਅਤੇ ਪ੍ਰਬੰਧਕੀ ਸਮਰੱਥਾਵਾਂ ’ਤੇ ਅਧਾਰਤ ਹੁੰਦੇ ਹਨ। ਇੱਥੇ ਫਿਰ ਸਵਾਲ ਪੈਦਾ ਹੁੰਦਾ ਹੈ ਕਿ ਜੇ ਗੁਜਰਾਤ ਹੀ ਸਭ ਤੋਂ ਸਮਰੱਥ ਹੈ ਤਾਂ ਮੋਦੀ ਸਰਕਾਰ ਨੇ ਪਿਛਲੇ 12 ਸਾਲਾਂ ਵਿੱਚ ਬਾਕੀ ਰਾਜਾਂ ਦੀ ਤਰੱਕੀ ਲਈ ਕੀ ਕੀਤਾ?

# ਕਤਾਰ ਦੇ ਅਖ਼ੀਰ ’ਚ ਕੌਣ ਖੜ੍ਹਾ ਹੈ

**ਡਾ. ਅਨੂਪ ਸਿੰਘ**

ਭਾਰਤ ’ਚ ਗ਼ਰੀਬੀ ਬਾਰੇ, ਗਰੀਬਾਂ ਦੀ ਗਿਣਤੀ ਜਾਂ ਪ੍ਰਤੀਸ਼ਤ ਬਾਰੇ ਕੋਈ ਪ੍ਰਮਾਣਿਕ ਤੱਥ-ਅੰਕੜੇ ਨਹੀਂ ਹਨ। ਭਾਰਤ ਨੂੰ ਤਾਂ ਆਪਣੀ ਵਰਤਮਾਨ ’ਚ ਕੁੱਲ ਵਸੋਂ ਦੀ ਵੀ ਜਾਣਕਾਰੀ ਨਹੀਂ। ਇਸ ਖੇਤਰ ਦੀਆਂ ਕੁਝ ਅੰਤਰਰਾਸ਼ਟਰੀ ਤੇ ਰਾਸ਼ਟਰੀ ਸੰਸਥਾਵਾਂ ਅਤੇ ਕੁਝ ਵਸੋਂ ਮਾਹਰਾਂ ਦੇ ਅਨੁਮਾਨ ਹਨ। ਸਾਲ 2026 ਵਿਚ ਭਾਰਤੀ ਆਬਾਦੀ ਬਾਰੇ ਅਨੁਮਾਨ 140 ਕਰੋੜ ਤੋਂ 155 ਕਰੋੜ ਦੇ ਹਨ ਅਤੇ ਗ਼ਰੀਬਾਂ ਦੀ ਗਿਣਤੀ ਬਾਰੇ ਅਨੁਮਾਨ ਵੀ 16 ਕਰੋੜ ਤੋਂ 45 ਕਰੋੜ ਤੱਕ ਹਨ। ਹਕੀਕਤ ਦਾ ਪਤਾ ਤਾਂ ਜਨਗਣਨਾ ਅਤੇ ਗ਼ਰੀਬਾਂ ਦੀ ਮਾਹਰਾਂ ਦੁਆਰਾ ਗਣਨਾ ਤੋਂ ਹੀ ਲੱਗ ਸਕਦਾ ਹੈ।

ਉਂਝ ਸਾਡੇ ਪਾਸ ਗਿਣਤੀ ਬਾਰੇ ਕੁਝ ਅਪ੍ਰਤੱਖ/ ਅਸਿੱਧੇ ਪ੍ਰਮਾਣ ਹਨ। ਪਹਿਲਾ, ਭਾਰਤ ਸਰਕਾਰ ਕੋਰੋਨਾ ਕਾਲ ਤੋਂ ਦੇਸ਼ ਦੇ 81 ਕਰੋੜ ਤੋਂ ਵੱਧ ਲੋੜਵੰਦਾਂ ਨੂੰ ਪ੍ਰਤੀ ਮਹੀਨਾ ਪ੍ਰਤੀ ਵਿਅਕਤੀ ਪੰਜ ਕਿਲੋ ਅਨਾਜ ਮੁਫ਼ਤ ਦੇ ਰਹੀ ਹੈ। ਸਪੱਸ਼ਟ ਹੈ ਕਿ ਭਾਰਤ ਦੇ ਲਗਭਗ 55-57 ਫੀਸਦੀ ਲੋਕਾਂ ਦੀ ਆਮਦਨ ਏਨੀ ਥੋੜ੍ਹੀ ਹੈ ਕਿ ਉਹ ਲੋੜੀਂਦਾ ਅਨਾਜ ਵੀ ਨਹੀਂ ਖਰੀਦ ਸਕਦੇ ਅਤੇ ਭਾਰਤ ਦੀ ਘੱਟ ਤੋਂ ਘੱਟ 35-40 ਫੀਸਦੀ ਵਸੋਂ ਪੀਣ ਯੋਗ ਪਾਣੀ ਦੀ ਘਾਟ ਨਾਲ ਜੂਝ ਰਹੀ ਹੈ। ਦੂਜਾ, ਯੂ ਐੱਨ ਓ ਦੀ ਇਕ ਸੰਸਥਾ ਯੂ ਐੱਨ ਡੀ ਪੀ ਹਰ ਸਾਲ ਵਿਸ਼ਵ ਗ਼ਰੀਬੀ ਸੂਚਕ ਸਕੇਲ ਤਿਆਰ ਕਰਦੀ ਹੈ ਅਤੇ ਇਸ ਸੂਚਕ ਸਕੇਲ ’ਤੇ ਭਾਰਤ ਹਮੇਸ਼ਾ 15-20 ਸਭ ਤੋਂ ਗ਼ਰੀਬ ਦੇਸ਼ਾਂ ਵਿਚ ਸ਼ਾਮਲ ਹੁੰਦਾ ਹੈ। ਇਨ੍ਹਾਂ ਦੋਵਾਂ ਤੱਥਾਂ ਤੋਂ ਅਸੀਂ ਭਾਰਤ ਵਿਚ ਗ਼ਰੀਬੀ ਤੇ ਗ਼ਰੀਬਾਂ ਦੀ ਕੁੱਲ ਗਿਣਤੀ ਬਾਰੇ ਅਨੁਮਾਨ ਲਗਾ ਸਕਦੇ ਹਾਂ।

ਯੂ ਐੱਨ ਡੀ ਪੀ ਅਤੇ ਆਕਸਫੋਰਡ ਯੂਨੀਵਰਸਿਟੀ ਦੀ ਸੰਸਥਾ ਅਨੁਸਾਰ ਬਹੁ-ਪਾਸਾਰੀ /ਦਿਸ਼ਾਵੀ/ਪੱਖੀ ਗ਼ਰੀਬੀ ਸੂਚਕ ਸਕੇਲ ’ਤੇ ਭਾਰਤ 109 ਦੇਸ਼ਾਂ ਵਿਚੋਂ 66ਵੇਂ ਸਥਾਨ ’ਤੇ ਹੈ। ਇਸ ਦਾ ਭਾਵ ਹੈ ਕਿ ਭਾਰਤ ਦੀ 16.4 ਫੀਸਦੀ ਵਸੋਂ ਘੋਰ ਗੁਰਬਤ ’ਚ ਰਹਿ ਰਹੀ ਹੈ। ਇਸ ਅਧਿਐਨ ’ਚ ਬੱਚਿਆਂ ਦੇ ਪੋਸ਼ਣ ਤੇ ਮੌਤ ਦਰ, ਸਕੂਲੀ ਵਰ੍ਹੇ ਤੇ ਸਕੂਲਾਂ ’ਚ ਹਾਜ਼ਰੀ ਅਤੇ ਖਾਣਾ ਬਣਾਉਣ ਲਈ ਵਰਤੇ ਜਾਂਦੇ ਬਾਲਣ, ਸਾਫ਼ ਪਾਣੀ, ਸਫ਼ਾਈ, ਬਿਜਲੀ ਦੀ ਉਪਲਭਧਤਾ, ਮਕਾਨ/ਘਰ ਦੀ ਹਾਲਤ ਅਤੇ ਪਰਵਾਰ ਦੇ ਅਸਾਸੇ ਵੇਖੇ ਜਾਂਦੇ ਹਨ। ਇਹ ਵੀ ਸੱਚ ਹੈ ਕਿ ਗ਼ਰੀਬਾਂ ਦੀ ਗਿਣਤੀ ਪੱਖੋਂ ਭਾਰਤ ਵਿਸ਼ਵ ਵਿਚ ਪਹਿਲੇ ਨੰਬਰ ’ਤੇ ਹੈ। ਉਕਤ ਦੋ ਸੰਸਥਾਵਾਂ ਦੇ ਸਰਵੇ ਅਨੁਸਾਰ ਭਾਰਤ ਦੇ 23.4 ਕਰੋੜ ਲੋਕ ਘੋਰ ਗੁਰਬਤ ਭਾਵ ਭੁੱਖਮਰੀ ਦੀ ਸਥਿਤੀ ’ਚ ਰਹਿ ਰਹੇ ਹਨ। ਬਿਹਾਰ ’ਚ ਸਭ ਤੋਂ ਵੱਧ ਗਰੀਬੀ ਹੈ ਅਤੇ ਕੇਰਲਾ ’ਚ ਸਭ ਤੋਂ ਘੱਟ। ਹੁਣ ਤੁਸੀਂ ਖ਼ੁਦ ਘੋਰ ਗੁਰਬਤ ਜਾਂ ਭੁੱਖਮਰੀ ਦੀ ਸਥਿਤੀ ਤੋਂ ਥੋੜ੍ਹੀ ਉਚੇਰੀ-ਚੰਗੇਰੀ ਅਵਸਥਾ ਵਾਲਿਆਂ ਦਾ ਅਨੁਮਾਨ ਲਗਾਉ। ਨਿਸਚਿਤ ਤੌਰ ’ਤੇ ਉੱਕਤ ਗਿਣਤੀ ਦੁਗਣੀ ਦੇ ਨੇੜੇ-ਤੇੜੇ ਭਾਵ 46-47 ਕਰੋੜ ਹੋਵੇਗੀ।

ਮਹਾਤਮਾ ਗਾਂਧੀ ਸਮੇਤ ਦੁਨੀਆਂ ਭਰ ਦੇ ਸੂਝਵਾਨ ਤੇ ਸੰਵੇਦਨਸ਼ੀਲ ਆਗੂਆਂ ਨੇ ਕਿਹਾ ਹੈ ਕਿ ਸਰਕਾਰ ਦੀਆਂ ਨੀਤੀਆਂ ਤੇ ਸਕੀਮਾਂ ਦਾ ਲਾਭ ਕਤਾਰ ’ਚ ਖੜ੍ਹੇ ਅੰਤਮ / ਅਖ਼ੀਰਲੇ ਵਿਅਕਤੀ ਤੱਕ ਪਹੁੰਚਣਾ ਚਾਹੀਦਾ ਹੈ। ਕੀ ਪੰਡਤ ਨਹਿਰੂ ਤੋਂ ਲੈ ਕੇ ਨਰਿੰਦਰ ਮੋਦੀ ਤੱਕ ਕਿਸੇ ਸਰਕਾਰ ਨੇ ਇਹ ਪਤਾ ਲਗਾਉਣ ਦਾ ਤਰੱਦਦ ਕੀਤਾ ਹੈ ਕਿ ਅੰਤਮ ਵਿਅਕਤੀ ਕੌਣ ਹੈ; ਅਖੀਰਲੇ 10 ਕੌਣ ਹਨ ; ਆਖਰੀ 20 ਕਿਹੜੇ-ਕਿਹੜੇ ਹਨ ਜਾਂ ਅਖੀਰ ’ਚ ਖੜ੍ਹੇ 30 ਕੌਣ ਹਨ ? ਜੇਕਰ ਆਜ਼ਾਦੀ ਦੇ ਪਹਿਲੇ 40 ਸਾਲਾਂ ’ਚ ਕੁਝ ਕਮੇਟੀਆਂ-ਕਮਿਸ਼ਨ ਗਠਿਤ ਹੋਏ ਤਾਂ ਉਨ੍ਹਾਂ ਦੀਆਂ ਰਿਪੋਰਟਾਂ ਨੂੰ ਕਿਸੇ ਨੇ ਪੜ੍ਹਿਆ-ਵਾਚਿਆ ? ਕੀ ਉਹਨਾਂ ਰਿਪੋਰਟਾਂ ’ਤੇ ਕੋਈ ਅਮਲ ਹੋਇਆ ? ਜਵਾਬ ਜ਼ੋਰਦਾਰ ਨਾਂਹ ਵਿਚ ਹੋਵੇਗਾ। ਸਿੱਟੇ ਵਜੋਂ ਭਾਰਤ ’ਚ ਅੱਜ ਵੀ ਗੁਰਬਤ, ਅਨਪੜ੍ਹਤਾ-ਅਗਿਆਨਤਾ ਤੇ ਅੰਧ ਵਿਸ਼ਵਾਸਾਂ ਦਾ ਇਕ ਚੱਕਰਵਿਊ ਹੈ।

ਫੁੱਟਪਾਥਾਂ, ਰੇਲਵੇ ਸਟੇਸ਼ਨਾਂ, ਬੱਸ ਅੱਡਿਆਂ, ਪੁਲਾਂ ਦੇ ਕੰਢਿਆਂ ਤੇ ਹੋਰ ਜਨਤਕ ਥਾਵਾਂ ’ਤੇ ਰੈਣ ਬਸੇਰਾ ਕਰਨ ਵਾਲੇ ਅਤੇ ਫਲਾਈਓਵਰਾਂ ਤੇ ਝੁੱਗੀਆਂ-ਝੌਂਪੜੀਆਂ ਨੂੰ ਸਥਾਈ ਰਿਹਾਇਸ਼ ਵਜੋਂ ਵਰਤਣ ਵਾਲੇ ਨਿਸਚਿਤ ਤੌਰ ’ਤੇ ਬੇਹੱਦ ਗਰੀਬਾਂ ਦੇ ਵਰਗ ’ਚ ਸ਼ਾਮਲ ਹਨ। ਗੰਦਗੀ, ਕੁਪੋਸ਼ਣ ਤੇ ਅਨਪੜ੍ਹਤਾ-ਅਗਿਆਨਤਾ ਇਨ੍ਹਾਂ ਦੀ ਜ਼ਿੰਦਗੀ ਦੇ ਪੱਕੇ ਸੰਗੀ-ਸਾਥੀ ਹਨ। ਦਸੰਬਰ-ਜਨਵਰੀ ਦੀਆਂ ਠੰਢਾਂ ਅਤੇ ਜੂਨ-ਜੁਲਾਈ-ਅਗਸਤ ਦੇ ਚਮਾਸਿਆਂ ’ਚ ਸਰਕਾਰੀ ਰੈਣ-ਬਸੇਰਿਆਂ ਨੂੰ ਵਰਤਣ ਵਾਲੇ ਭਾਰਤੀ ਕਿੰਨੇ ਕੁ ਆਤੁਰ ਤੇ ਅਸਹਾਇ ਹੋਣਗੇ ਦਾ ਅਨੁਮਾਨ ਹਰ ਸੰਵੇਦਨਸ਼ੀਲ ਮਨੁੱਖ ਲਗਾ ਸਕਦਾ ਹੈ।

ਬਾਲ ਮਜ਼ਦੂਰੀ ਕਰਵਾਉਣ ਲਈ ਮਜ਼ਬੂਰ ਪਰਵਾਰ ਅਤੇ ਬੰਧੂਆ ਮਜ਼ਦੂਰ ਤੇ ਉਨ੍ਹਾਂ ਦੇ ਪਰਵਾਰ ਨਿਸਚਿਤ ਤੌਰ ’ਤੇ ਘੋਰ ਗਰੀਬੀ ’ਚ ਰਹਿਣ ਵਾਲੇ ਲੋਕ ਹਨ। ਪ੍ਰਮਾਣ ਵਜੋਂ ਇਨ੍ਹਾਂ ਲਈ ਕੋਈ ਅੰਕੜੇ ਜੁਟਾਉਣ ਦੀ ਲੋੜ ਨਹੀਂ। 21ਵੀਂ ਸਦੀ ਦੇ ਤੀਜੇ ਦਹਾਕੇ ’ਚ ਇਨ੍ਹਾਂ ਵਰਗਾਂ ਬਾਰੇ ਰਿਪੋਰਟਾਂ ਮੀਡੀਆ ਵਿਚ ਪ੍ਰਕਾਸ਼ਤ ਹੁੰਦੀਆਂ ਰਹਿੰਦੀਆਂ ਹਨ। ਇਨ੍ਹਾਂ ਵਰਗਾਂ ਦੇ ਬੱਚੇ ਕਿਸੇ ਸਕੂਲ ’ਚ ਨਹੀਂ ਪੜ੍ਹਦੇ।

ਨਾਨਕਸ਼ਾਹੀ ਇੱਟਾਂ, ਪੁਰਾਣੀਆਂ ਇੱਟਾਂ ਤੇ ਰੋੜਿਆਂ ਤੋਂ ਮਕਾਨਾਂ/ਕੋਠੀਆਂ ’ਚ ਭਰਤੀ ਲਈ ਰੋੜੀ ਕੁੱਟਦੇ ਮਜ਼ਦੂਰ (ਬਹੁਤੀ ਵਾਰ ਬਜ਼ੁਰਗ) ਵੀ ਗਰੀਬ ਪਰਵਾਰ ’ਚੋਂ ਹਨ। ਹਰ ਸ਼ਹਿਰ ਦੀ ਕਿਸੇ ਨਾ ਕਿਸੇ ਨੁੱਕਰੇ ਇਹ ਵਰਤਾਰਾ ਖੁੱਲ੍ਹੀਆਂ ਅੱਖਾਂ ਵਾਲੇ ਬੰਦੇ ਨੂੰ ਨਜ਼ਰ ਆ ਜਾਂਦਾ ਹੈ।

ਸੀਵਰ ਤੇ ਸੈਪਟਿਕ ਟੈਂਕਾਂ ਦੀ ਹੱਥਾਂ ਤੇ ਵੰਝਾਂ ਆਦਿ ਨਾਲ ਸਫ਼ਾਈ ਕਰਨ ਵਾਲੇ, ਨੰਗੇ ਹੱਥਾਂ ਨਾਲ ਗੰਦਗੀ ਉਠਾਉਣ ਵਾਲੇ ਅਤੇ ਸਿਰਾਂ ’ਤੇ ਮੈਲਾ ਢੋਣ ਅਤੇ ਪਾਥੀਆਂ ਪੱਥਣ ਵਾਲੀਆਂ ਔਰਤਾਂ ਆਦਿ ਗਰੀਬਾਂ ਦੇ ਹੀ ਵਰਗ ਹਨ। ਇਨ੍ਹਾਂ ਨੂੰ ਕਿਹੜਾ ਮੂਰਖ ਨਿਮਨ ਮੱਧ-ਵਰਗ ’ਚ ਰੱਖੇਗਾ। ਸਾਰੇ ਸਫਾਈ ਕਾਮੇ ਤੇ ਉਨ੍ਹਾਂ ਦੇ ਪਰਵਾਰ ਗ਼ਰੀਬਾਂ ਦੇ ਵਰਗ ਦਾ ਹੀ ਹਿੱਸਾ ਹਨ।

ਦੁਕਾਨਾਂ, ਹੋਟਲਾਂ ਤੇ ਰੈਸਟੋਰੈਂਟ ਅਤੇ ਚਾਹ ਦੇ ਖੋਖਿਆਂ ’ਤੇ ਕੰਮ ਕਰਦੇ ਮੁੰਡੇ-ਕੁੜੀਆਂ, ਸਾਰੀ ਦਿਹਾੜੀ ਬਰਤਨ ਤੇ ਮੇਜ਼-ਕੁਰਸੀਆਂ ਸਾਫ਼ ਕਰਦੇ ਨਾਬਾਲਗ ਅਤੇ ਗਾਹਕਾਂ ਦੀਆਂ ਝਿੜਕਾਂ ਤੇ ਕਈ ਵਾਰ ਮਾਰ-ਕੁਟਾਈ ਸਹਿੰਦੇ ਬੱਚੇ ਵੀ ਗਰੀਬ ਪਰਵਾਰਾਂ ਨਾਲ ਸੰਬੰਧਿਤ ਹੀ ਹੁੰਦੇ ਹਨ। ਇਹ ਕਿਸੇ ਸਕੂਲ ’ਚ ਨਹੀਂ ਪੜ੍ਹਦੇ। ਘਰਾਂ ’ਚ ਸਫਾਈਆਂ ਕਰਦੀਆਂ ਕੁੜੀਆਂ ਤੇ ਔਰਤਾਂ, ਬਰਤਨ ਸਾਫ਼ ਕਰਦੀਆਂ, ਝਾੜੂ-ਪੋਚੇ ਲਾਉਂਦੀਆਂ ਤੇ ਮਾਲਕਾਂ ਦੀਆਂ ਹਦਾਇਤਾਂ ’ਤੇ ਅੰਦਰੋਂ-ਅੰਦਰ ਕੁੜਦੀਆਂ ਮਾਵਾਂ-ਧੀਆਂ ਵੀ ਗਰੀਬ ਪਰਵਾਰਾਂ ਨਾਲ ਸੰਬੰਧਤ ਹਨ। ਇਸੇ ਤਰ੍ਹਾਂ ਘਰਾਂ ’ਚ ਰੋਟੀ-ਪਾਣੀ ਬਣਾਉਂਦੀਆਂ ਤੇ ਮਹਿਮਾਨਾਂ ਨੂੰ ਸਰਵ ਕਰਦੀਆਂ ਕੁੜੀਆਂ, ਔਰਤਾਂ ਤੇ ਰਾਮੂ-ਸ਼ਾਮਾ ਵੀ ਗਰੀਬ ਪਰਵਾਰਾਂ ’ਚੋਂ ਹਨ।

ਸੜਕਾਂ ਕਿਨਾਰੇ ਰੇੜੀ-ਫੜ੍ਹੀ ਲਾ ਕੇ ਸਬਜ਼ੀਆਂ-ਫਲ ਵੇਚਣ ਵਾਲੇ, ਗਲੀਆਂ-ਬਾਜ਼ਾਰਾਂ ’ਚ ਸਬਜ਼ੀ ਵੇਚਣ ਵਾਲੇ, ਅਖ਼ਬਾਰਾਂ ਵੰਡਣ-ਵੇਚਣ ਵਾਲੇ ਅਤੇ ਸਾਈਕਲਾਂ ’ਤੇ ਕੰਮਾਂ ’ਤੇ ਜਾਣ ਵਾਲੇ ਕਿਸੇ ਵੀ ਤਰ੍ਹਾਂ ਨਿਮਨ ਮੱਧ-ਵਰਗ ’ਚ ਨਹੀਂ ਰੱਖੇ ਜਾ ਸਕਦੇ। ਨਿਸਚਿਤ ਰੂਪ ’ਚ ਇਹ ਗਰੀਬ ਹਨ। 21ਵੀਂ ਸਦੀ ਦੇ ਤੀਜੇ ਦਹਾਕੇ ’ਚ ਜਦੋਂ ‘ਮਸਨੂਈ ਬੁੱਧੀ’ ਵੱਡੀ ਪੱਧਰ ’ਤੇ ਦਫ਼ਤਰੀ ਬਾਬੂਆਂ, ਮੈਨੇਜਰਾਂ ਤੇ ਅਫਸਰਾਂ ਦੀ ਛੁੱਟੀ ਕਰ ਰਹੀ ਹੈ ਤਾਂ ਉੱਕਤ ਵਰਗ ਕਿੱਥੇ ਟਿਕਦੇ ਹਨ। ਜ਼ਰਾ ਅੰਦਾਜ਼ਾ ਲਗਾਉ ਕਿ ਜਿਨ੍ਹਾਂ ਦੇ ਘਰਾਂ ’ਚ ਸੈਕਿੰਡ ਹੈਂਡ ਸਕੂਟਰ/ਸਕੂਟਰੀ ਜਾਂ ਮੋਟਰ ਸਾਇਕਲ ਨਹੀਂ ਹੈ ਅਤੇ ਸਾਇਕਲ ਹੀ ਉਨ੍ਹਾਂ ਦਾ ਇੱਕੋ-ਇੱਕ ਵਾਹਨ ਹੈ, ਉਹ ਨਿਮਨ ਮੱਧ-ਵਰਗੀ ਪਰਵਾਰ ਨਹੀਂ ਹਨ। ਸਾਇਕਲ ’ਤੇ ਡਬਲ ਸਵਾਰੀ ਸਫ਼ਰ ਅਮੀਰੀ ਦਾ ਸੂਚਕ ਨਹੀਂ ਹੈ। ਨਿਸਚਿਤ ਰੂਪ ’ਚ ਇਹ ਗਰੀਬ ਹਨ। ਇਹੀ ਹਨ ਜਿਹੜੇ ਮਹਾਤਮਾ ਗਾਂਧੀ ਦੀ ਕਤਾਰ ’ਚ ਅਖੀਰ ’ਤੇ ਖੜ੍ਹੇ ਹਨ।

ਸਾਡੇ ਹਾਕਮ ਅੱਜ-ਕੱਲ੍ਹ ‘ਉਜਵਲਾ ਯੋਜਨਾ’ ਅਤੇ ਧੂੰਆਂ ਰਹਿਤ ਬਾਲਣ ਦੀਆਂ ਟਾਹਰਾਂ ਮਾਰ ਰਹੇ ਹਨ। ਫਿਰ ਇਹ ਪਾਥੀਆਂ ਕੌਣ ਪੱਥ ਰਿਹਾ ਹੈ ਅਤੇ ਕੌਣ ਵਰਤ ਰਿਹਾ ਹੈ? ਰੰਗਲੇ ਪੰਜਾਬ ਦੇ ਪਿੰਡਾਂ ’ਚ ਜਾਉ, ਤੁਹਾਨੂੰ ਪਾਥੀਆਂ ਤੇ ਪਥਖਣਾਂ ਨਜ਼ਰ ਆਉਣਗੀਆਂ। ਇਨ੍ਹਾਂ ਪਾਥੀਆਂ ਨੂੰ ਕੌਣ ਵਰਤਦਾ ਹੈ? ਕੌਣ ਬਾਲਦਾ ਹੈ? ਨਿਸਚਿਤ ਰੂਪ ’ਚ ਗਰੀਬ ਪਰਿਵਾਰ ਜਿਹੜੇ ਇਕ ਹਜ਼ਾਰ ਰੁਪਏ ਖਰਚ ਕਰਕੇ ਹਰ ਮਹੀਨੇ ਗੈਸ ਸਿਲੰਡਰ ਨਹੀਂ ਖਰੀਦ ਸਕਦੇ। ਕੱਖਾਂ-ਕਾਨਿਆਂ ਤੇ ਰੁੱਖਾਂ ਦੀਆਂ ਟਾਹਣੀਆਂ, ਲੱਕੜਾਂ ਆਦਿ ਬਾਲ ਕੇ ਦਾਲ-ਰੋਟੀ ਬਣਾਉਣ ਵਾਲੇ ਗਰੀਬ ਹੀ ਹਨ।

ਹਰ ਸ਼ਹਿਰ ਵਿਚ ਲੇਬਰ ਚੌਂਕ ਤੇ ਲੇਬਰ ਸ਼ੈੱਡਾਂ ਹਨ। ਵੱਡੇ ਸ਼ਹਿਰਾਂ ’ਚ ਕਈ-ਕਈ ਅਜਿਹੇ ਕੇਂਦਰ ਹਨ। ਇੱਥੇ ਨੌਜਵਾਨ, ਅੱਧਖੜ ਤੇ ਕਈ ਵਾਰ ਬਜ਼ੁਰਗ ਮਜ਼ਦੂਰ ਵੀ ਸਵੇਰੇ-ਸਵੇਰੇ ਆ ਕੇ ਖਲੋ ਜਾਂਦੇ ਹਨ ਅਤੇ ਉਡੀਕ ਕਰਦੇ ਹਨ ਕਿ ਕੋਈ ਇਨ੍ਹਾਂ ਨੂੰ ਕੰਮ/ਮਜ਼ਦੂਰੀ ਲਈ ਲੈ ਜਾਵੇ। ਇਹ ਹੱਥੀਂ/ਸਰੀਰਕ ਕਿਰਤ ਵੇਚਣ ਆਉਂਦੇ ਹਨ। ਕੁਝ ਨੂੰ ਦਿਹਾੜੀ ਮਿਲ ਵੀ ਜਾਂਦੀ ਹੈ ਅਤੇ ਬਾਕੀ ਬਾਅਦ ਦੁਪਹਿਰ ਆਪਣੇ ਘਰਾਂ-ਪਰਿਵਾਰਾਂ ਨੂੰ ਖਾਲੀ ਹੱਥ ਪਰਤ ਜਾਂਦੇ ਹਨ। ਇਹ ਗ਼ਰੀਬ ਹੀ ਹਨ। ਦਿਹਾੜੀਦਾਰ ਮਜ਼ਦੂਰ ਤੇ ਬੇਜ਼ਮੀਨੇ ਕਿਸਾਨ ਆਦਿ ਗਰੀਬਾਂ ਦੇ ਵਰਗ ਹੀ ਹਨ।

ਗਰੀਬੀ ਦੀ ਇਕ ਹੋਰ ਪਰਖ ਕਸੌਟੀ ਹੈ। ਜਿਹੜੇ ਬੱਚੇ 21ਵੀਂ ਸਦੀ ’ਚ ਵੀ ਮੈਟ੍ਰਿਕ ਨਹੀਂ ਕਰ ਸਕੇ ਜਾਂ ਜਿਹੜੇ ਪਰਵਾਰ ਆਪਣੇ ਬੱਚਿਆਂ ਨੂੰ ਮੈਟ੍ਰਿਕ ਵੀ ਨਹੀਂ ਕਰਵਾ ਸਕੇ; ਉਹ ਨਿਸਚਿਤ ਤੌਰ ’ਤੇ ਗਰੀਬ ਹਨ। ਸਰਕਾਰੀ ਸਕੂਲਾਂ ’ਚ ਦੁਪਹਿਰ ਦੇ ਖਾਣੇ ਦੀ ਸਹੂਲਤ, ਨਾਮਾਤਰ ਫੰਡ ਤੇ ਮੁਫ਼ਤ ਵਰਦੀਆਂ-ਕਿਤਾਬਾਂ ਦੇ ਬਾਵਜੂਦ ਜੇਕਰ ਬੱਚੇ 10ਵੀਂ ਤੱਕ ਵੀ ਪੜ੍ਹਾਈ ਛੱਡ ਜਾਂਦੇ ਹਨ ਤਾਂ ਸਪੱਸ਼ਟ ਹੈ ਕਿ ਉਹ ਗਰੀਬ ਪਰਵਾਰਾਂ ਨਾਲ ਸੰਬੰਧਤ ਹਨ। ਯੂ ਪੀ, ਬਿਹਾਰ, ਝਾਰਖੰਡ, ਉੜੀਸਾ, ਮੱਧ ਪ੍ਰਦੇਸ਼ ਤੇ ਛੱਤੀਸਗੜ੍ਹ ’ਚ ਇਹ ਆਮ ਵਰਤਾਰਾ ਹੈ। ਬਾਕੀ ਰਾਜਾਂ ’ਚ ਵੀ 10ਵੀਂ ਤੱਕ ਬੱਚੇ ਪੜ੍ਹਾਈ ਛੱਡ ਜਾਂਦੇ ਹਨ, ਪਰ ਅਜਿਹੇ ਬੱਚਿਆਂ ਦੀ ਗਿਣਤੀ ਥੋੜ੍ਹੀ ਹੈ। ਇਕ ਅਧਿਆਪਕੀ ਸਕੂਲ ਅਤੇ ਅਧਿਆਪਕਾ ਦੀਆਂ ਖਾਲੀ ਪੋਸਟਾਂ ਵੀ ਇਸ ਵਰਤਾਰੇ ਨੂੰ ਜਰਬਾਂ ਦਿੰਦੇ ਹਨ। ਸਾਡੇ ਸਕੂਲਾਂ ’ਚ ਗ਼ੈਰ-ਵਿਦਿਅਕ ਮਾਹੌਲ ਆਪਣਾ ਯੋਗਦਾਨ ਪਾਉਂਦਾ ਹੈ। ਸਾਡੇ ਸਰਕਾਰੀ ਸਕੂਲ ਹੁਣ ਕੇਵਲ ਗ਼ਰੀਬਾਂ ਲਈ ਹੀ ਹਨ।

ਜਿਹੜੇ ਘਰਾਂ ’ਚ ਪੀਣ ਯੋਗ ਪਾਣੀ ਦੀ ਵਿਵਸਥਾ ਨਹੀਂ ਹੈ, ਭਾਵ ‘ਨਲ ਸੇ ਜਲ’ ਨਹੀਂ ਜਾਂ ਜਿਹੜੇ ਪਰਵਾਰ ਘਰ ਤੋਂ ਦੂਰੋਂ ਪਾਣੀ ਢੋਂਦੇ ਹਨ ਅਤੇ ਪੀਣ ਯੋਗ ਪਾਣੀ ਉਨ੍ਹਾਂ ਦੀ ਰੋਜ਼ਮਰ੍ਹਾ ਚਿੰਤਾ ਹੈ, ਉਹ ਨਿਸਚਿਤ ਤੌਰ ’ਤੇ ਗਰੀਬ ਹਨ। ਸ਼ੁੱਧ ਪਾਣੀ ਤਾਂ ਦੂਰ ਦੀ ਗੱਲ ਹੈ। ਸੋਲਾਂ ਕਰੋੜ ਭਾਰਤੀ ਪੀਣ ਵਾਲੇ ਪਾਣੀ ਲਈ ਹਰ ਰੋਜ਼ ‘ਯੁੱਧ’ ਕਰ ਰਹੇ ਹਨ।

ਭਾਰਤ ਸਰਕਾਰ ਦੇ ਹੀ ਇਕ ਸਰਵੇ ਅਨੁਸਾਰ ਦੇਸ਼ ਦੇ ਕੁੱਲ ਕਿਰਤੀਆਂ (ਕਿਰਤ ਸ਼ਕਤੀ) ਵਿਚ 27.5 ਫੀਸਦੀ ਕਿਰਤੀਆਂ ਦੀ ਪ੍ਰਤੀ ਦਿਨ ਆਮਦਨ ਔਸਤਨ 100 ਰੁਪਏ ਹੈ। ਕੀ ਇਹ ਗਰੀਬਾਂ ’ਚ ਨਹੀਂ ਆਉਂਦੇ? ਇਕ ਸੌ ਰੁਪਏ ’ਚ ਰੋਟੀ, ਕੱਪੜਾ, ਮਕਾਨ, ਸਿਹਤ ਤੇ ਸਿੱਖਿਆ ਦੀਆਂ ਲੋੜਾਂ ਕਿਵੇਂ ਪੂਰੀਆਂ ਹੁੰਦੀਆਂ ਹੋਣਗੀਆਂ? ਸਿਆਣੇ ਬੰਦਿਆਂ ਨੂੰ ਸੋਚਣਾ ਤਾਂ ਬਣਦਾ ਹੈ।

**# ਸੰਪਰਕ : 98768-01268**

# 1947 ਤੋਂ ਬਾਅਦ ਭਾਰਤ ਦੀ ਮਾਨਸਿਕ ਸਿਹਤ ਯਾਤਰਾ



ਡਾ. ਪਰਦੀਪ ਨਾਂਗਲੂ

1947 ਵਿੱਚ ਆਜ਼ਾਦੀ ਮਿਲਣ ਤੋਂ ਬਾਅਦ ਭਾਰਤ ਨੇ ਸਿੱਖਿਆ, ਅਰਥ ਵਿਵਸਥਾ, ਤਕਨਾਲੋਜੀ ਅਤੇ ਸਿਹਤ ਦੇ ਖੇਤਰਾਂ ਵਿੱਚ ਵੱਡੀਆਂ ਤਬਦੀਲੀਆਂ ਦੇਖੀਆਂ ਹਨ, ਪਰ ਮਾਨਸਿਕ ਸਿਹਤ ਦੀ ਕਹਾਣੀ ਇਸ ਤੋਂ ਵੀ ਡੂੰਘੀ ਹੈ। ਇਹ ਸਿਰਫ਼ ਮਾਨਸਿਕ ਬਿਮਾਰੀਆਂ ਦੀ ਕਹਾਣੀ ਨਹੀਂ, ਸਗੋਂ ਸਮਾਜਿਕ ਬਦਲਾਅ, ਸ਼ਹਿਰੀਕਰਨ, ਪਰਿਵਾਰਕ ਢਾਂਚੇ ਵਿੱਚ ਤਬਦੀਲੀ, ਬੇਰੁਜ਼ਗਾਰੀ, ਪਰਵਾਸ, ਨਸ਼ਿਆਂ, ਇਕੱਲੇਪਣ, ਆਰਥਿਕ ਦਬਾਅ ਅਤੇ ਸਮਾਜਕ ਸੋਚ ਦੇ ਬਦਲਾਅ ਦੀ ਵੀ ਕਹਾਣੀ ਹੈ।

ਆਜ਼ਾਦੀ ਦੇ ਸਮੇਂ ਭਾਰਤ ਵਿੱਚ ਮਾਨਸਿਕ ਸਿਹਤ ਸੇਵਾਵਾਂ ਬਹੁਤ ਸੀਮਤ ਸਨ। ਇਤਿਹਾਸਕ ਅਧਿਐਨਾਂ ਅਨੁਸਾਰ ਉਸ ਸਮੇਂ ਦੇਸ਼ ਵਿੱਚ ਲਗਭਗ 19 ਮਾਨਸਿਕ ਹਸਪਤਾਲ ਸਨ, ਜਿਨ੍ਹਾਂ ਵਿੱਚ ਕਰੀਬ 10,181 ਬਿਸਤਰ ਸਨ। ਇਲਾਜ ਦਾ ਢਾਂਚਾ ਮੁੱਖ ਤੌਰ ’ਤੇ ਸੰਸਥਾਗਤ ਸੀ, ਭਾਵ ਮਰੀਜ਼ ਨੂੰ ਪਰਿਵਾਰ ਅਤੇ ਸਮਾਜ ਤੋਂ ਦੂਰ ਹਸਪਤਾਲ ਵਿੱਚ ਰੱਖ ਕੇ ਇਲਾਜ ਕਰਨਾ। ਸਮਾਜਕ ਪੱਧਰ ’ਤੇ ਮਾਨਸਿਕ ਸਿਹਤ ਦੀ ਧਾਰਨਾ ਅਜੇ ਬਹੁਤ ਵਿਕਸਤ ਨਹੀਂ ਹੋਈ ਸੀ।

ਸਮੇਂ ਦੇ ਨਾਲ ਇਹ ਸੋਚ ਬਦਲਣੀ ਸ਼ੁਰੂ ਹੋਈ। 1982 ਵਿੱਚ ਭਾਰਤ ਸਰਕਾਰ ਨੇ ਰਾਸ਼ਟਰੀ ਮਾਨਸਿਕ ਸਿਹਤ ਕਾਰਜਕ੍ਰਮ ਸ਼ੁਰੂ ਕੀਤਾ। ਇਸ ਦਾ ਮਕਸਦ ਮਾਨਸਿਕ ਸਿਹਤ ਸੇਵਾਵਾਂ ਨੂੰ ਆਮ ਸਿਹਤ ਪ੍ਰਣਾਲੀ ਨਾਲ ਜੋੜਨਾ, ਭਾਈਚਾਰਕ ਪੱਧਰ ’ਤੇ ਸੇਵਾਵਾਂ ਪਹੁੰਚਾਉਣਾ ਅਤੇ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਵਧਾਉਣਾ ਸੀ। ਇਸ ਤੋਂ ਬਾਅਦ 1996 ਵਿੱਚ ਜ਼ਿਲ੍ਹਾ ਮਾਨਸਿਕ ਸਿਹਤ ਕਾਰਜਕ੍ਰਮ ਦੀ ਸ਼ੁਰੂਆਤ ਹੋਈ, ਜਿਸ ਦਾ ਉਦੇਸ਼ ਮਾਨਸਿਕ ਸਿਹਤ ਸੇਵਾਵਾਂ ਨੂੰ ਜ਼ਿਲ੍ਹਾ ਪੱਧਰ ਤੱਕ ਲੈ ਕੇ ਜਾਣਾ ਸੀ, ਪਰ ਅੱਜ ਵੀ ਭਾਰਤ ਦੀ ਸਭ ਤੋਂ ਵੱਡੀ ਚੁਣੌਤੀ ਹੈ—ਲੋੜ ਅਤੇ ਸੇਵਾ ਵਿਚਕਾਰ ਵੱਡਾ ਫ਼ਰਕ।

2015-16 ਦੇ ਰਾਸ਼ਟਰੀ ਮਾਨਸਿਕ ਸਿਹਤ ਸਰਵੇਖਣ ਅਨੁਸਾਰ ਭਾਰਤ ਵਿੱਚ ਲਗਭਗ 10.56 ਫ਼ੀਸਦੀ ਲੋਕਾਂ ਵਿੱਚ ਮੌਜੂਦਾ ਮਾਨਸਿਕ ਸਿਹਤ ਸਮੱਸਿਆਵਾਂ ਪਾਈਆਂ ਗਈਆਂ ਅਤੇ ਲਗਭਗ 15 ਕਰੋੜ ਲੋਕਾਂ ਨੂੰ ਕਿਸੇ ਨਾ ਕਿਸੇ ਤਰ੍ਹਾਂ ਦੀ ਮਾਨਸਿਕ ਸਿਹਤ ਸਹਾਇਤਾ ਦੀ ਲੋੜ ਹੋਣ ਦਾ ਅੰਦਾਜ਼ਾ ਲਗਾਇਆ ਗਿਆ। ਸਭ ਤੋਂ ਚਿੰਤਾਜਨਕ ਗੱਲ ਇਹ ਸੀ ਕਿ ਕਈ ਮਾਨਸਿਕ ਬਿਮਾਰੀਆਂ ਲਈ ਇਲਾਜ ਦੀ ਘਾਟ 70 ਤੋਂ 90 ਫ਼ੀਸਦੀ ਤੋਂ ਵੀ ਵੱਧ ਪਾਈ ਗਈ।

ਇਸ ਦਾ ਅਰਥ ਇਹ ਹੈ ਕਿ ਸਮੱਸਿਆ ਸਿਰਫ਼ ਇਹ ਨਹੀਂ ਕਿ ਲੋਕਾਂ ਨੂੰ ਮਾਨਸਿਕ ਸਿਹਤ ਦੀਆਂ ਸਮੱਸਿਆਵਾਂ ਹਨ। ਵੱਡੀ ਸਮੱਸਿਆ ਇਹ ਵੀ ਹੈ ਕਿ ਜਿਨ੍ਹਾਂ ਲੋਕਾਂ ਨੂੰ ਮਦਦ ਦੀ ਲੋੜ ਹੈ, ਉਨ੍ਹਾਂ ਵਿੱਚੋਂ ਬਹੁਤ ਵੱਡੀ ਗਿਣਤੀ ਤੱਕ ਸਹੀ ਸਮੇਂ ’ਤੇ ਸਹੀ ਸੇਵਾ ਨਹੀਂ ਪਹੁੰਚ ਰਹੀ।

ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਇਹ ਸਮੱਸਿਆ ਵੱਖਰੇ ਰੂਪ ਵਿੱਚ ਸਾਹਮਣੇ ਆਉਂਦੀ ਹੈ। ਮਹਾਂਨਗਰਾਂ ਵਿੱਚ ਮੁਕਾਬਲਾ, ਕੰਮ ਦਾ ਦਬਾਅ, ਤੇਜ਼ ਜੀਵਨ-ਸ਼ੈਲੀ, ਆਰਥਿਕ ਅਸੁਰੱਖਿਆ, ਰਿਸ਼ਤਿਆਂ ਵਿੱਚ ਬਦਲਾਅ, ਇਕੱਲੇਪਣ ਅਤੇ ਡਿਜੀਟਲ ਜੀਵਨ ਮਾਨਸਿਕ ਤਣਾਅ ਨੂੰ ਵਧਾ ਸਕਦੇ ਹਨ। ਦੂਜੇ ਪਾਸੇ ਪੇਂਡੂ ਅਤੇ ਦੂਰ-ਦਰਾਜ਼ ਇਲਾਕਿਆਂ ਵਿੱਚ ਮਾਹਰਾਂ ਦੀ ਘਾਟ, ਆਵਾਜਾਈ ਦੀਆਂ ਮੁਸ਼ਕਲਾਂ, ਗਰੀਬੀ, ਮਾਨਸਿਕ ਸਿਹਤ ਬਾਰੇ ਘੱਟ ਜਾਣਕਾਰੀ ਅਤੇ ਸਮਾਜਕ ਬਦਨਾਮੀ ਵੱਡੀਆਂ ਰੁਕਾਵਟਾਂ ਹਨ।

ਇੱਥੇ ਸਾਨੂੰ ਇਹ ਸਮਝਣ ਦੀ ਲੋੜ ਹੈ ਕਿ ਪਿੰਡ ਅਤੇ ਸ਼ਹਿਰ ਲਈ ਇੱਕੋ ਮਾਡਲ ਕਾਫ਼ੀ ਨਹੀਂ ਹੋ ਸਕਦਾ। ਪੰਜਾਬ ਦੇ ਪਿੰਡ, ਰਾਜਸਥਾਨ ਦੇ ਦੂਰ-ਦਰਾਜ਼ ਖੇਤਰ, ਉੱਤਰ-ਪੂਰਬ ਦੇ ਪਹਾੜੀ ਇਲਾਕੇ, ਮੁੰਬਈ ਜਾਂ ਦਿੱਲੀ ਵਰਗੇ ਮਹਾਂਨਗਰਾਂ ਅਤੇ ਉਦਯੋਗਿਕ ਸ਼ਹਿਰ—ਹਰ ਥਾਂ ਦੀਆਂ ਸਮਾਜਕ ਅਤੇ ਮਨੋਵਿਗਿਆਨਕ ਲੋੜਾਂ ਵੱਖਰੀਆਂ ਹੋ ਸਕਦੀਆਂ ਹਨ।

2014 ਦੀ ਰਾਸ਼ਟਰੀ ਮਾਨਸਿਕ ਸਿਹਤ ਨੀਤੀ ਨੇ ਮਾਨਸਕ ਸਿਹਤ ਵਿੱਚ ਸਮਾਨਤਾ, ਨਿਆਂ, ਭਾਈਚਾਰਕ ਭਾਗੀਦਾਰੀ ਅਤੇ ਸਬੂਤ-ਅਧਾਰਤ ਇਲਾਜ ’ਤੇ ਜ਼ੋਰ ਦਿੱਤਾ। ਇਸ ਤੋਂ ਬਾਅਦ ਮਾਨਸਿਕ ਸਿਹਤ ਸੰਭਾਲ ਕਾਨੂੰਨ 2017 ਨੇ ਮਾਨਸਕ ਸਿਹਤ ਨੂੰ ਮਨੁੱਖੀ ਅਧਿਕਾਰਾਂ ਅਤੇ ਮਰੀਜ਼ ਦੀ ਇੱਜ਼ਤ ਨਾਲ ਜੋੜਦਿਆਂ ਇੱਕ ਮਹੱਤਵਪੂਰਨ ਅਧਿਕਾਰ-ਅਧਾਰਤ ਢਾਂਚਾ ਪ੍ਰਦਾਨ ਕੀਤਾ।

ਅੱਜ ਭਾਰਤ ਇੱਕ ਹੋਰ ਮਹੱਤਵਪੂਰਨ ਪੜਾਅ ਵਿੱਚ ਦਾਖ਼ਲ ਹੋ ਰਿਹਾ ਹੈ—ਦੂਰਸੰਚਾਰ ਰਾਹੀਂ ਮਾਨਸਿਕ ਸਿਹਤ ਸੇਵਾਵਾਂ। 2022 ਵਿੱਚ ਸ਼ੁਰੂ ਕੀਤਾ ਗਿਆ ਟੈਲੀ-ਮਾਨਸ ਮਾਨਸਕ ਸਿਹਤ ਸੇਵਾਵਾਂ ਨੂੰ ਟੈਲੀਫੋਨ ਅਤੇ ਡਿਜੀਟਲ ਮਾਧਿਅਮ ਰਾਹੀਂ ਲੋਕਾਂ ਤੱਕ ਪਹੁੰਚਾਉਣ ਦੀ ਇੱਕ ਮਹੱਤਵਪੂਰਨ ਪਹਿਲ ਹੈ। ਇਸ ਨਾਲ ਦੂਰ-ਦਰਾਜ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਲਈ ਮਦਦ ਪ੍ਰਾਪਤ ਕਰਨ ਦੀ ਸੰਭਾਵਨਾ ਵਧੀ ਹੈ, ਪਰ ਤਕਨਾਲੋਜੀ ਮਨੁੱਖੀ ਸੰਪਰਕ ਦਾ ਬਦਲ ਨਹੀਂ ਬਣ ਸਕਦੀ। ਭਾਰਤ ਨੂੰ ਇੱਕ ਬਹੁ-ਪੱਧਰੀ, ਹੱਲ-ਕੇਂਦਰਤ ਮਾਨਸਕ ਸਿਹਤ ਪ੍ਰਣਾਲੀ ਦੀ ਲੋੜ ਹੈ।

ਸਭ ਤੋਂ ਪਹਿਲਾਂ, ਮਾਨਸਿਕ ਸਿਹਤ ਨੂੰ ਮੁੱਢਲੀ ਸਿਹਤ ਸੇਵਾ ਦਾ ਹਿੱਸਾ ਬਣਾਉਣਾ ਹੋਵੇਗਾ। ਪਿੰਡਾਂ ਅਤੇ ਸ਼ਹਿਰਾਂ ਦੇ ਸਿਹਤ ਕੇਂਦਰਾਂ ਵਿੱਚ ਮਾਨਸਕ ਤਣਾਅ, ਉਦਾਸੀ, ਘਬਰਾਹਟ, ਨਸ਼ਿਆਂ ਅਤੇ ਆਤਮਹੱਤਿਆ ਦੇ ਖ਼ਤਰੇ ਦੀ ਸ਼ੁਰੂਆਤੀ ਪਛਾਣ ਹੋਣੀ ਚਾਹੀਦੀ ਹੈ।

ਦੂਜਾ, ਸਾਨੂੰ ਇਲਾਜ ਤੋਂ ਪਹਿਲਾਂ ਰੋਕਥਾਮ ਵੱਲ ਜਾਣਾ ਹੋਵੇਗਾ। ਸਕੂਲਾਂ ਵਿੱਚ ਭਾਵਨਾਤਮਕ ਸਿੱਖਿਆ, ਮਾਨਸਿਕ ਮਜ਼ਬੂਤੀ, ਸਮਾਜਕ ਹੁਨਰ, ਧੱਕੇਸ਼ਾਹੀ ਤੋਂ ਬਚਾਅ ਅਤੇ ਤਣਾਅ ਪ੍ਰਬੰਧਨ ਨੂੰ ਪਾਠਕ੍ਰਮ ਦਾ ਹਿੱਸਾ ਬਣਾਇਆ ਜਾ ਸਕਦਾ ਹੈ। ਕਾਲਜਾਂ ਅਤੇ ਕੰਮਕਾਜ ਵਾਲੀਆਂ ਥਾਵਾਂ ’ਤੇ ਸਲਾਹ-ਮਸ਼ਵਰਾ ਅਤੇ ਮਾਨਸਿਕ ਸਿਹਤ ਸਹਾਇਤਾ ਆਸਾਨੀ ਨਾਲ ਉਪਲੱਬਧ ਹੋਣੀ ਚਾਹੀਦੀ ਹੈ।

ਤੀਜਾ, ਪੇਂਡੂ ਭਾਰਤ ਲਈ ਕੰਮ ਦੀ ਸਾਂਝੀ ਵੰਡ ਵਾਲਾ ਮਾਡਲ ਬਹੁਤ ਮਹੱਤਵਪੂਰਨ ਹੋ ਸਕਦਾ ਹੈ। ਸਿਖਲਾਈ ਪ੍ਰਾਪਤ ਸਿਹਤ ਕਰਮਚਾਰੀਆਂ, ਨਰਸਾਂ, ਸਲਾਹਕਾਰਾਂ ਅਤੇ ਸਮਾਜ ਸੇਵਕਾਂ ਨੂੰ ਮੁੱਢਲੀ ਮਾਨਸਕ ਸਿਹਤ ਸਹਾਇਤਾ ਲਈ ਤਿਆਰ ਕੀਤਾ ਜਾ ਸਕਦਾ ਹੈ, ਜਦੋਂ ਕਿ ਗੰਭੀਰ ਮਾਮਲਿਆਂ ਨੂੰ ਮਨੋਚਿਕਿਤਸਕਾਂ ਅਤੇ ਕਲੀਨੀਕਲ ਮਨੋਵਿਗਿਆਨੀਆਂ ਵੱਲ ਭੇਜਿਆ ਜਾਵੇ।

ਚੌਥਾ, ਆਤਮਹੱਤਿਆ ਦੀ ਰੋਕਥਾਮ ਨੂੰ ਰਾਸ਼ਟਰੀ ਜਨਤਕ ਸਿਹਤ ਤਰਜੀਹ ਬਣਾਉਣਾ ਜ਼ਰੂਰੀ ਹੈ। ਇਹ ਸਿਰਫ਼ ਵਿਅਕਤੀ ਦੀ ਸਮੱਸਿਆ ਨਹੀਂ, ਇਹ ਪਰਵਾਰ, ਸਮਾਜ ਅਤੇ ਸਿਹਤ ਪ੍ਰਣਾਲੀ ਦੀ ਸਾਂਝੀ ਜ਼ਿੰਮੇਵਾਰੀ ਹੈ।

ਅੰਤ ਵਿੱਚ ਸਾਨੂੰ ਇਹ ਵੀ ਪੁੱਛਣਾ ਪਵੇਗਾ ਕਿ ਸਾਡੇ ਕਾਰਜਕ੍ਰਮ ਸੱਚਮੁੱਚ ਕੰਮ ਕਰ ਰਹੇ ਹਨ ਜਾਂ ਨਹੀਂ। ਸਿਰਫ਼ ਕਿੰਨੀਆਂ ਵਰਕਸ਼ਾਪਾਂ ਹੋਈਆਂ ਜਾਂ ਕਿੰਨੇ ਲੋਕ ਰਜਿਸਟਰ ਹੋਏ, ਇਹ ਸਫਲਤਾ ਦੇ ਕਾਫ਼ੀ ਮਾਪਦੰਡ ਨਹੀਂ। ਸਾਨੂੰ ਸਿਹਤਯਾਬੀ, ਰੋਜ਼ਾਨਾ ਜੀਵਨ ਵਿੱਚ ਕਾਰਗੁਜ਼ਾਰੀ, ਜੀਵਨ ਦੀ ਗੁਣਵੱਤਾ, ਰੁਜ਼ਗਾਰ, ਸਕੂਲ ਵਿੱਚ ਹਾਜ਼ਰੀ, ਪਰਿਵਾਰਕ ਸੁੱਖ-ਸਮਾਧਾਨ ਅਤੇ ਆਤਮਹੱਤਿਆ ਦੀ ਰੋਕਥਾਮ ਵਰਗੇ ਨਤੀਜਿਆਂ ਨੂੰ ਮਾਪਣਾ ਹੋਵੇਗਾ।

1947 ਤੋਂ ਅੱਜ ਤੱਕ ਭਾਰਤ ਨੇ ਮਾਨਸਕ ਸਿਹਤ ਦੇ ਖੇਤਰ ਵਿੱਚ ਲੰਮਾ ਸਫ਼ਰ ਤੈਅ ਕੀਤਾ ਹੈ—ਮਾਨਸਕ ਹਸਪਤਾਲਾਂ ਦੀਆਂ ਕੰਧਾਂ ਤੋਂ ਭਾਈਚਾਰਕ ਦੇਖਭਾਲ ਤੱਕ, ਚੁੱਪ ਤੋਂ ਜਾਗਰੂਕਤਾ ਤੱਕ ਅਤੇ ਕਲੰਕ ਤੋਂ ਅਧਿਕਾਰਾਂ ਤੱਕ, ਪਰ ਅਗਲੀ ਕ੍ਰਾਂਤੀ ਹੋਰ ਵੱਡੀ ਹੋਣੀ ਚਾਹੀਦੀ ਹੈ:

ਮਾਨਸਿਕ ਬਿਮਾਰੀ ਦੇ ਇਲਾਜ ਤੋਂ ਮਾਨਸਕ ਤੰਦਰੁਸਤੀ ਦੀ ਉਸਾਰੀ ਤੱਕ।

ਭਾਰਤ ਦੀ ਮਾਨਸਿਕ ਸਿਹਤ ਕ੍ਰਾਂਤੀ ਦੀ ਅਸਲ ਸਫਲਤਾ ਉਸ ਦਿਨ ਹੋਵੇਗੀ, ਜਦੋਂ ਇੱਕ ਦੂਰ-ਦਰਾਜ ਪਿੰਡ ਦਾ ਕਿਸਾਨ, ਦਿੱਲੀ ਦਾ ਵਿਦਿਆਰਥੀ, ਮੁੰਬਈ ਦਾ ਮਜ਼ਦੂਰ, ਪੰਜਾਬ ਦੀ ਮਾਂ, ਛੋਟੇ ਸ਼ਹਿਰ ਦਾ ਬਜ਼ੁਰਗ ਅਤੇ ਬੈਂਗਲੂਰੂ ਦਾ ਨੌਜਵਾਨ—ਸਾਰੇ ਬਿਨਾਂ ਸ਼ਰਮ, ਬਿਨਾਂ ਡਰ ਅਤੇ ਬਿਨਾਂ ਆਪਣੀ ਇੱਜ਼ਤ ਗੁਆਏ ਕਹਿ ਸਕਣ:

‘ਜਦੋਂ ਮੈਨੂੰ ਮਾਨਸਿਕ ਸਹਾਇਤਾ ਦੀ ਲੋੜ ਹੋਵੇਗੀ, ਮੈਨੂੰ ਇਹ ਸਹਾਇਤਾ ਮੇਰੇ ਨੇੜੇ, ਸਮੇਂ ਸਿਰ ਅਤੇ ਸਨਮਾਨ ਨਾਲ ਮਿਲੇਗੀ, ਇਹੀ ਭਾਰਤ ਦੀ ਅਗਲੀ ਮਾਨਸਕ ਸਿਹਤ ਕ੍ਰਾਂਤੀ ਹੋਣੀ ਚਾਹੀਦੀ ਹੈ।

**# ਸੰਪਰਕ : +12792453149**

# ਪੰਜਾਬੀ ਬੋਲੀ ਦਾ ਇਤਿਹਾਸ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦਿੱਤੇ ਜਾਣ ਬਾਬਤ

**ਪਿਰਥੀਪਾਲ ਸਿੰਘ ਮਾੜੀਮੇਘਾ**

ਭਾਸ਼ਾ ਦੇ ਸੰਬੰਧ ਵਿੱਚ ਆਦਿਕਾਲੀਨ ਅਤੇ ਰਵਾਇਤੀ ਵਿਚਾਰ ਇਹ ਹੀ ਹਨ ਕਿ ਭਾਸ਼ਾ ਕੁਦਰਤੀ ਹੀ ਬਹੁਤ ਤੇਜ਼ੀ ਨਾਲ ਪੈਦਾ ਹੁੰਦੀ ਹੈ।ਆਪੇ ਹੀ ਵਧਦੀ-ਫੁਲਦੀ ਅਤੇ ਮੁਰਝਾਉਂਦੀ ਹੈ। ਭਾਸ਼ਾ ਸੰਸਕ੍ਰਿਤ ਦੇ ਸ਼ਬਦ ਭਾਸ਼ ਧਾਤੂ (ਸ਼ਬਦ ਦਾ ਆਧਾਰ) ਤੋਂ ਬਣਿਆ ਹੈ। ਬੋਲੀ ਮਨ ਦੇ ਵਿਚਾਰਾਂ ਦਾ ਬਾਹਰਮੁਖੀ ਸਾਧਨ ਹੈ।

ਕਿਸੇ ਵੀ ਕੌਮ ਦਾ ਅਸਲੀ ਮਿਆਰ ਉਸ ਦਾ ਸਾਹਿਤ ਹੁੰਦਾ ਹੈ, ਪਰੰਤੂ ਸਾਹਿਤ ਦਾ ਪੂਰਾ ਹੋਣਾ ਜਾਂ ਅਧੂਰੇਪਣ ਦੀ ਮਿਣਤੀ ਸੰਬੰਧ ਰੱਖਣ ਵਾਲੀ ਬੋਲੀ ਉੱਤੇ ਨਿਰਭਰ ਹੁੰਦੀ ਹੈ। ਬੋਲੀ ਮਨੁੱਖੀ ਸਮਾਜ, ਸੱਭਿਆਚਾਰ ਅਤੇ ਉਸ ਦੇ ਕਿਰਦਾਰ ਦਾ ਸੱਚਾ ਦਰਪਣ ਹੈ, ਜਿਸ ਵਿੱਚੋਂ ਸਮੂਹ ਕੌਮ ਦੀ ਸਮੁੱਚੀ ਤਰੱਕੀ ਝਲਕਦੀ ਹੁੰਦੀ ਹੈ। ਇਸ ਲਈ ਬੋਲੀ ਦੇ ਆਪਣੇ ਇਤਿਹਾਸਕ ਸੰਘਰਸ਼ ਤੇ ਜਨਤਾ ਦੀ ਆਵਾਜ਼,ਬੋਲੀ ਦਾ ਪੈਦਾ ਹੋਣਾ ਤੇ ਬੋਲੀ ਵਿੱਚ ਹੋਏ ਸੁਧਾਰ, ਵਾਧੇ ਤੇ ਪਰਿਵਰਤਨ ਅਤੇ ਬੋਲੀ ਨੂੰ ਦੂਜਿਆਂ ਤੱਕ ਪਹੁੰਚਾਉਣ ਦੇ ਪ੍ਰਬੰਧ ਬੋਲਣ ਵਾਲਿਆਂ ਦੇ ਧਿਆਨ ਵਿੱਚ ਲਿਆਉਣਾ ਬਹੁਤ ਜ਼ਰੂਰੀ ਤੇ ਨੇਕ ਕੰਮ ਹੈ।

ਜਿਹੜੀ ਪੰਜਾਬੀ ਬੋਲੀ ਹਿੰਦੀ ਤੇ ਉਰਦੂ ਤੋਂ ਵੀ ਪੁਰਾਣੀ ਹੈ, ਉਸ ਨੂੰ ਅਜੋਕੀ ਵਿਦਿਆਰਥੀ ਅਤੇ ਨੌਜਵਾਨ ਪੀੜ੍ਹੀ ਵਿਸਾਰ ਰਹੀ ਹੈ। ਪੰਜਾਬੀ ਨੌਜਵਾਨਾਂ ਦੀ ਵਿਦੇਸ਼ਾਂ ਦੀ ਦੌੜ ਨੇ ਇਸ ਵੇਲੇ ਅੰਗਰੇਜ਼ੀ ਨੂੰ ਅੱਗੇ ਰੱਖਿਆ ਹੋਇਆ ਹੈ। ਨੌਜਵਾਨਾਂ ਦੇ ਮਾਪੇ ਵੀ ਆਪਣੇ ਬੱਚੇ ਨੂੰ ਅੰਗਰੇਜ਼ੀ ਬੋਲਦਾ ਵੇਖ ਕੇ ਬੜੇ ਖੁਸ਼ ਹੁੰਦੇ ਹਨ। ਬੱਚਿਆਂ ਨੂੰ ਅੰਗਰੇਜ਼ੀ ਜਾਂ ਪੰਜਾਬੀ ਸਮੇਤ ਹੋਰ ਭਾਸ਼ਾਵਾਂ ਸਿੱਖਣ ’ਤੇ ਕੋਈ ਪਾਬੰਦੀ ਨਹੀਂ, ਜਿੰਨੀਆਂ ਮਰਜ਼ੀ ਸਿੱਖੀਆਂ ਜਾਣ, ਪਰ ਆਪਣੀ ਮਾਂ ਬੋਲੀ ਨਹੀਂ ਵਿਸਾਰਨੀ ਚਾਹੀਦੀ। ਜਿਹੜੀ ਕੌਮ ਆਪਣੀ ਮਾਂ ਬੋਲੀ ਨੂੰ ਪਿੱਛੇ ਕਰਦੀ ਹੈ, ਉਹ ਬੁਲੰਦੀਆਂ ’ਤੇ ਨਹੀਂ ਪਹੁੰਚ ਸਕਦੀ। ਹਕੀਕਤ ਵਿੱਚ ਬੋਲੀ ਮਨੁੱਖ ਦੀ ਆਦਿਕਾਲੀ ਸਾਥਣ ਹੈ। ਇਸ ਨੂੰ ਚੰਗੀ ਤਰ੍ਹਾਂ ਅੰਦਰੋਂ-ਬਾਹਰੋਂ ਵੇਖਣਾ ਤੇ ਭਲੀਭਾਂਤ ਸਮਝਣਾ ਮਨੁੱਖ ਲਈ ਬਹੁਤ ਜ਼ਰੂਰੀ ਹੈ।

ਭਾਸ਼ਾ ਵਿਗਿਆਨ ਇੱਕ ਉਹ ਵਿਗਿਆਨ ਹੈ, ਜਿਹੜਾ ਪੁਰਾਣੀਆਂ ਘਟਨਾਵਾਂ ਅਤੇ ਹਾਲਾਤ ਰਾਹੀਂ ਬੋਲੀ ਦਾ ਵਿਗਿਆਨਕ ਅਧਿਐਨ ਕਰਕੇ ਉਸ ਦੇ ਪੈਦਾ, ਬਿਹਤਰ ਤੇ ਮੁੱਢਲੇ ਗੁਣ ਨੂੰ ਦਰਸਾਉਂਦਾ ਅਤੇ ਇਸ ਦੀ ਸ਼ਕਤੀ ਨੂੰ ਸਿੱਧ ਕਰਦਾ ਹੈ।ਬੋਲੀ ਦਾ ਕਾਰੋਬਾਰ ਨਾਲ ਵੀ ਪੂਰਨ ਸੰਬੰਧ ਹੈ, ਜਿਵੇਂ ਰੇਤਲੇ, ਪਹਾੜ ਅਤੇ ਕਰੜੀ ਧਰਤੀ ’ਤੇ ਕੰਮ ਕੀਤਾ ਜਾਂਦਾ ਹੈ। ਜਦੋਂ ਪੰਜਾਬ ਵਾਸੀਆਂ ਨੇ ਆਪਣੀ ਕਰੜੀ ਧਰਤੀ ਨੂੰ ਫਸਲਾਂ ਯੋਗ ਬਣਾਉਣਾ ਸ਼ੁਰੂ ਕੀਤਾ, ਉਸ ਦਾ ਸਭਿਆਚਾਰ ਅਤੇ ਅੱਗੇ ਬੋਲੀ ’ਤੇ ਅਸਰ ਪਿਆ। ਪੰਜਾਬੀ ਬੋਲੀ ’ਤੇ ਵਿਦੇਸ਼ੀ ਹਮਲਾਵਰਾਂ ਦਾ ਵੀ ਅਸਰ ਪਿਆ ਹੈ। ਵਿਦੇਸ਼ੀ ਹਮਲਾਵਰ ਦਾ ਹਿੰਦੁਸਤਾਨ ਨੂੰ ਲੁੱਟਣ ਆਉਣ ਵਾਲਾ ਮੁੱਖ ਰਾਹ ਪੰਜਾਬ ਹੀ ਸੀ। ਇਸ ਰਾਹ ਰਾਹੀਂ ਵੱਖ-ਵੱਖ ਬੋਲੀਆਂ ਵਾਲੇ ਹਮਲਾਵਰ ਆਏ, ਜਿਨ੍ਹਾਂ ਨਾਲ ਪੰਜਾਬੀਆਂ ਦੀਆਂ ਟੱਕਰਾਂ ਹੁੰਦੀਆਂ ਸਨ। ਹਮਲਾਵਰ ਪੰਜਾਬੀਆਂ ਨੂੰ ਹਰਾ ਕੇ ਹੀ ਫਿਰ ਦਿੱਲੀ ਦੇ ਤਖ਼ਤ ’ਤੇ ਬੈਠਦੇ ਸਨ।

ਪੰਜਾਬੀ ਬੋਲੀ ਦੀ ਉਪਜ ਬਾਰੇ ਵੱਖ-ਵੱਖ ਰਾਵਾਂ ਹਨ।ਇੱਕ ਰਾਏ ਇਹ ਹੈ ਕਿ ਇਹ ਬੋਲੀ ਸ਼ੌਰਸੇਨੀ ਪ੍ਰਾਕ੍ਰਿਤ (ਕੁਦਰਤ) ’ਚੋਂ ਨਿਕਲੀ ਹੈ। ਇੱਕ ਰਾਏ ਇਹ ਹੈ ਕਿ ਇਹ ਬੋਲੀ ਨਿਕਾਸ ਪੈਸ਼ਾਚੀ ’ਚੋਂ ਨਿਕਲੀ ਹੈ। ਇੱਕ ਵਿਚਾਰ ਇਹ ਹੈ ਕਿ ਇਹ ਬੋਲੀ ਕੈਕਯੀ ਭਾਸ਼ਾ ’ਚੋਂ ਨਿਕਲੀ ਹੈ। ਉਂਝ ਮੂਲ ਲਿਖਤਾਂ ਵਿੱਚ ਇਹ ਵੀ ਮਿਲਦਾ ਹੈ ਕਿ ਕੈਕਯ ਦੇਸ਼ ਅੱਜ ਦੇ ਪੱਛਮੀ ਪੰਜਾਬ ਨੂੰ ਆਖਿਆ ਜਾਂਦਾ ਸੀ। ਪੰਚਾਲ ਦੇਸ਼ ਸਾਰੇ ਪੰਜਾਬ ਨੂੰ ਆਖਿਆ ਜਾਂਦਾ ਸੀ, ਜਿਥੇ ਪੰਜ ਜਲ ਭਾਵ ਪੰਜ ਦਰਿਆ ਵਗਦੇ ਸਨ।ਪਾਲੀ ਬੋਲੀ ਦੀਆਂ ਚੜ੍ਹਦੀਆਂ ਕਲਾਂ ਵੇਲੇ ਤਕਸ਼ਿਲਾ ਯੂਨੀਵਰਸਿਟੀ ਦੀ ਸਥਾਪਨਾ 1000 ਈਸਾ ਪੂਰਵ ਵਿੱਚ ਹੋਈ ਮੰਨੀ ਜਾਂਦੀ ਹੈ। ਇਸ ਯੂਨੀਵਰਸਿਟੀ ਦਾ ਪੜ੍ਹਾਈ ਦਾ ਵਸੀਲਾ ਯਕੀਨਨ ਤੌਰ ’ਤੇ ਪਾਲੀ ਹੀ ਸੀ। ਪਾਲੀ ਬੋਲੀ ਦਾ ਵੀ ਪੰਜਾਬੀ ਬੋਲੀ ’ਤੇ ਪੂਰਾ ਅਸਰ ਹੈ। ਤਕਸ਼ਿਲਾ ਯੂਨੀਵਰਸਿਟੀ ਦੁਨੀਆ ਦੀਆਂ ਪੁਰਾਣੀਆਂ ਯੂਨੀਵਰਸਿਟੀਆਂ ਵਿੱਚ ਗਿਣੀ ਜਾਂਦੀ ਹੈ।ਤਕਸ਼ਿਲਾ ਪਾਕਿਸਤਾਨ ਵਾਲੇ ਪੰਜਾਬ ਦੇ ਰਾਵਲਪਿੰਡੀ ਜ਼ਿਲ੍ਹੇ ਦਾ ਇੱਕ ਕਸਬਾ ਹੈ। ਉਂਝ ਖੋਜਕਾਰਾਂ ਵੱਲੋਂ ਪੰਜਾਬੀ ਬੋਲੀ ਦਾ ਜ਼ਿਆਦਾਤਰ ਝੁਕਾਅ ਸ਼ੌਰਸੇਨੀ ਭਾਸ਼ਾ ਵੱਲ ਹੀ ਦੱਸਿਆ ਗਿਆ ਹੈ।

ਕੁਝ ਵਿਦਵਾਨਾਂ ਅਨੁਸਾਰ ਪੂਰਬੀ ਪੰਜਾਬ ਤੇ ਪੱਛਮੀ ਪੰਜਾਬ ਦੀਆਂ ਦੋਵੇਂ ਬੋਲੀਆਂ ਇੱਕੋ ਹੀ ਬੋਲੀ ਦੀਆਂ ਉਪ ਬੋਲੀਆਂ ਹਨ। ਆਮ ਰੂਪ ਵਿੱਚ ਤਾਂ ਇਹ ਹੀ ਸਿੱਧ ਹੁੰਦਾ ਹੈ ਕਿ ਪੰਜਾਬੀ ਬੋਲੀ ਦੀ ਜਨਨੀ ਪ੍ਰਾਕ੍ਰਿਤ (ਮੂਲ) ਕੈਕਯੀ ਜਾਂ ਟੱਕੀ ਬੋਲੀਆਂ ਹੀ ਹਨ। ਕੁਝ ਵਿਦਵਾਨ ਪੰਜਾਬੀ ਨੂੰ ਪੂਰਬੀ ਤੇ ਪੱਛਮੀ ਬੋਲੀ ਵਿੱਚ ਵੰਡਦੇ ਹਨ। ਪੂਰਬੀ ਪੰਜਾਬੀ ਸ਼ੌਰਸੇਨੀ ਅਪਭਰੰਸ਼ (ਵਿਗੜੇ ਹੋਏ) ਤੋਂ ਜੰਮੀ ਮੰਨੀ ਜਾਂਦੀ ਹੈ, ਜਿਹੜੀ ਮਥਰਾ ਦੇ ਆਸੇ-ਪਾਸੇ ਦੀ ਬੋਲੀ ਸੀ। ਉਨ੍ਹਾਂ ਅਨੁਸਾਰ ਪੱਛਮੀ ਪੰਜਾਬੀ ਦਾ ਅਪਭਰੰਸ਼ ਅਜੇ ਤੱਕ ਲੱਭਿਆ ਨਹੀਂ ਜਾ ਸਕਿਆ।

ਆਧੁਨਿਕ ਬੋਲੀਆਂ ਦੀ ਉਤਪਤੀ ਥੋੜ੍ਹੇ-ਬਹੁਤੇ ਹੇਰ-ਫੇਰ ਨਾਲ ਸਾਰਿਆਂ ਨੇ ਹੀ 1000 ਈਸਵੀ ਨਿਸਚਿਤ ਹੋਈ ਹੈ।

ਗੋਰਖ ਨਾਥ,ਚਰਪਟ ਨਾਥ ਆਦਿ ਨਾਥ ਪੰਥੀ ਹੋਏ ਹਨ। ਇਨ੍ਹਾਂ ਦਾ ਅੱਡਾ ਪੰਜਾਬ ਵਿੱਚ ਜਲੰਧਰ, ਸਿਆਲਕੋਟ ਤੇ ਬਾਲਾਨਾਥ ਦਾ ਟਿੱਬਾ ਇਨ੍ਹਾਂ ਦੇ ਕੇਂਦਰ ਸਨ। ਡਾਕਟਰ ਮੋਹਨ ਸਿੰਘ ਅਨੁਸਾਰ ਗੋਰਖ ਨਾਥ ਦਾ ਸਮਾਂ 10ਵੀਂ ਸਦੀ ਹੈ। ਇਨ੍ਹਾਂ ਦੀ ਬਾਣੀ ਵਿੱਚ ਪੰਜਾਬੀ ਦੀ ਅਪਭ੍ਰੰਸ਼ ਦੀ ਮਾਤਰਾ ਕਾਫੀ ਹੈ—

‘ਗੁਰਪ੍ਰਸਾਦਿ ਪ੍ਰੇਮ ਲੈ ਪਰਚਾ ਕੁਲ ਕੁਟੰਬ ਚੁਣ ਖਾਇਆ।
ਮਮਤਾ ਜਾਈ ਜਨਮਤ ਖਾਈ ਦੁਖ ਸੁਖ ਦੋਨੋਂ ਭਾਈ।
ਕਾਮ ਕ੍ਰੋਧ ਦੋਊ ਕਾਕਾ ਖਾਏ, ਖਾਈ ਤ੍ਰਿਸ਼ਨਾ ਦਾਈ।’

ਮੁਸਲਮਾਨ ਹੀ ਸਨ, ਜਿਹਨਾਂ ਸਭ ਤੋਂ ਪਹਿਲਾਂ ਠੇਠ ਪੰਜਾਬੀ ਨੂੰ ਆਪਣੇ ਕਾਵਿ ਦਾ ਮਾਧਿਅਮ ਬਣਾ ਕੇ ਸਾਧਾਰਨ ਲੋਕਾਂ ਦੇ ਵੱਧ ਤੋਂ ਵੱਧ ਨੇੜੇ ਹੋਣ ਦਾ ਪ੍ਰਯਤਨ ਕੀਤਾ। ਸ੍ਰੀ ਗੁਰੂ ਨਾਨਕ ਦੇਵ ਜੀ ਤੇ ਬਾਕੀ ਗੁਰੂਆਂ ਨੇ ਪੰਜਾਬੀ ਬੋਲੀ ਤੇ ਭਾਸ਼ਾ ਨੂੰ ਸੁਧਾਰਨ ਤੇ ਉਸ ਦੇ ਗੁਣਾਂ ਨੂੰ ਅਪਣਾਉਣ ’ਤੇ ਜ਼ੋਰ ਦਿੱਤਾ। ਇਹ ਲਿਖਤ ਵੀ ਹੈ ਕਿ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਦੀ ਕਾਢ ਕੱਢੀ ਹੈ।

ਹਿੰਦੂਆਂ ਦੇ ਗਰੰਥ ਸੰਸਕ੍ਰਿਤ ਭਾਸ਼ਾ ਵਿੱਚ ਹੋਣ ਕਰਕੇ ਹਿੰਦੂ ਹੋਰ ਕਿਸੇ ਭਾਸ਼ਾ ਨੂੰ ਮੰਨਦੇ ਨਹੀਂ ਸਨ। ਬਾਬੇ ਨਾਨਕ ਨੇ ਉਨ੍ਹਾਂ ਦੀ ਸੋਚ ਦਾ ਖੰਡਨ ਕੀਤਾ ਅਤੇ ਬ੍ਰਾਹਮਣਾਂ ਦੀ ਇਸ ਇਜਾਰੇਦਾਰੀ ਨੂੰ ਖਤਮ ਕਰਨ ਲਈ ਉਚੇਚੇ ਯਤਨ ਕੀਤੇ। ਭਗਤ ਕਬੀਰ ਨੇ ਲੋਕਾਂ ਦੀ ਆਮ ਭਾਸ਼ਾ ਪੰਜਾਬੀ ਨੂੰ ‘ਵਗਦਾ ਪਾਣੀ’ ਕਹਿ ਕੇ ਇਸ ਦੀ ਸਿਫਤ ਕੀਤੀ ਅਤੇ ਸੰਸਕ੍ਰਿਤ ਭਾਸ਼ਾ ਨੂੰ ‘ਖੂਹ ਦਾ ਠਹਿਰਿਆ ਹੋਇਆ ਪਾਣੀ’ ਕਹਿ ਕੇ ਬਦਬੂਦਾਰ ਮੰਨਿਆ।

ਜਦੋਂ ਮੁਸਲਮਾਨਾਂ ਦੀ ਹਿੰਦੁਸਤਾਨ ’ਤੇ ਹਕੂਮਤ ਕਾਇਮ ਹੋ ਗਈ ਤੇ ਖੱਤਰੀ, ਬ੍ਰਾਹਮਣ ਮੁਸਲਮਾਨਾਂ ਦੀ ਬੋਲੀ ਬੋਲਣ ਲੱਗ ਪਏ। ਬਾਬੇ ਨਾਨਕ ਨੇ ਹਿੰਦੂਆਂ ਦੀ ਇਸ ਸੋਚ ਦੀ ਨਿੰਦਾ ਕੀਤੀ। ਬਾਬੇ ਨਾਨਕ ਨੇ ਹਿੰਦੂਆਂ ਵੱਲੋਂ ਆਪਣੀ ਮਾਂ ਬੋਲੀ ਦੀ ਕਦਰ ਨਾ ਕਰਨ ਕਰਕੇ ਅਤੇ ਹੁਕਮਰਾਨਾਂ ਦੀ ਬੋਲੀ ਨੂੰ ਆਪਣੀ ਸਮਝ ਲੈਣ ਦੀ ਭੁੱਲ ਵੱਲ ਸੰਕੇਤ ਆਸਾ ਦੀ ਵਾਰ ਵਿੱਚ ਕੀਤਾ ਹੈ:

ਆਦਿ ਪੁਰਖ ਕਉ ਅਲਹੁ ਕਹੀਐ
ਸੇਖਾ ਆਈ ਵਾਰੀ॥

ਇਹ ਸ਼ਬਦ ਬਾਬੇ ਨਾਨਕ ਇਸ ਕਰਕੇ ਲਿਖਿਆ ਕਿ ਹਿੰਦੂਆਂ ਵਿਸ਼ੇਸ਼ ਕਰਕੇ ਬ੍ਰਾਹਮਣਾਂ ਨੂੰ ਵੇਦਾਂ, ਉਪਨਿਸ਼ਦਾਂ, ਪੁਰਾਣਾਂ ਅਤੇ ਹੋਰ ਧਰਮਾਂ ਦਾ ਗਿਆਨ ਤਾਂ ਪਹਿਲਾਂ ਹੀ ਸੀ, ਪਰ ਮੁਸਲਮਾਨ ਹਾਕਮਾਂ ਤੋਂ ਡਰ ਕੇ ਇਹ ਮੁਸਲਮਾਨਾਂ ਦੀ ਬੋਲੀ ਬੋਲਣ ਲੱਗ ਪਏ। ਹਿੰਦੂਆਂ ਨੇ ਆਪਣੇ ਗਿਆਨ ’ਤੇ ਪਹਿਰਾ ਨਹੀਂ ਦਿੱਤਾ। ਘਰਾਂ ਵਿੱਚ ਅੱਲਾ ਮੀਆਂ ਦਾ ਜਾਪ ਜਪਣ ਲੱਗ ਪਏ।

ਪੰਜਾਬੀ ਬੋਲੀ ਦੀਆਂ ਕਈ ਉਪ ਬੋਲੀਆਂ ਹਨ, ਜਿਵੇਂ ਮਾਝੀ, ਮਾਲਵੀ, ਦੁਆਬੀ, ਪੋਠੋਹਾਰੀ, ਮੁਲਤਾਨੀ, ਡੋਗਰੀ,ਬਾਂਗਰੀ ਆਦਿ। ਜਾਣਕਾਰੀ ਲਈ ਮਾਝੀ ਹੀ ਕੇਂਦਰੀ ਪੰਜਾਬੀ ਬੋਲੀ ਹੈ ਅਤੇ ਇਸ ਦੀਆਂ ਹੀ ਉਪ ਬੋਲੀਆਂ ਹਨ।

ਮੁਸਲਮਾਨ ਲੇਖਕ ਹਾਮਦ ਨੇ ਆਪਣੀ ਰਚਨਾ ‘ਹੀਰ’ ਵਿੱਚ ਪੰਜਾਬੀ ਨੂੰ ਜਟਕੀ ਆਖਿਆ ਅਤੇ ‘ਦਬਿਸਤਨਿ ਮਜਾਹਬ’ ਵਿੱਚ ਗੁਰੂ ਨਾਨਕ ਦੇਵ ਜੀ ਦੀ ਬੋਲੀ ਨੂੰ ਪੰਜਾਬ ਦੇ ਜੱਟਾਂ ਦੀ ਭਾਸ਼ਾ ਆਖਿਆ ਗਿਆ ਹੈ।

ਕਾਮਰੇਡ ਸੋਹਣ ਸਿੰਘ ਜੋਸ਼ ਦੀ ਲਿਖਤ ਅਨੁਸਾਰ, ਆਜ਼ਾਦੀਓਂ ਪਹਿਲੇ ਸਮੇਂ ਵਿੱਚ ਅੰਗਰੇਜ਼ ਹਾਕਮਾਂ ਦੀ ਪਾਲਿਸੀ ਸੀ, ਦੇਸੀ ਖਿੱਤਈ (ਖੇਤਰੀ ਭਾਸ਼ਾ) ਬੋਲੀਆਂ ਨੂੰ ਉਨਤ ਨਾ ਹੋਣ ਦਿਓ, ਇਨ੍ਹਾਂ ਨੂੰ ਪਛੜਿਆ ਰੱਖੋ। ਖਿਤਈ ਬੋਲੀ ਦੀ ਥਾਂ ਉਰਦੂ ਤੇ ਅੰਗਰੇਜ਼ੀ ਨੂੰ ਪ੍ਰਧਾਨ ਬਣਾਓ, ਇਨ੍ਹਾਂ ਨੂੰ ਹੀ ਸਰਕਾਰੀ ਅਦਾਲਤਾਂ, ਦਫ਼ਤਰਾਂ ਤੇ ਸਭ ਮਹਿਕਮਿਆਂ ਦੀ ਕਾਰਵਾਈ ਦਾ ਵਸੀਲਾ ਜਾਂ ਮਾਧਿਅਮ ਬਣਾਓ। ਪੰਜਾਬੀ, ਹਿੰਦੀ ਵਗੈਰਾ ਬੋਲੀਆਂ ਨੂੰ ਦਬਾਈ ਕੁਚਲੀ ਰੱਖੋ, ਤਾਂ ਜੋ ਇਹ ਕਿਤੇ ਆਮ ਲੋਕਾਂ ਦੀ ਰਾਜਸੀ ਜਾਗਰਤ ਦਾ ਵਸੀਲਾ ਜਾਂ ਮਾਧਿਅਮ ਨਾ ਬਣ ਜਾਣ ਅਤੇ ਅੰਗਰੇਜ਼ ਸਾਮਰਾਜ ਦੀ ਉਮਰ ਨਾ ਕਿਤੇ ਛੋਟੀ ਹੋ ਜਾਂਦੀ ਹੋਵੇ। ਲੋਕਾਂ ਨੂੰ ਅਨਪੜ੍ਹ ਤੇ ਜਾਹਲ ਰੱਖਣ ਨਾਲ ਬੁੱਧੂ ਬਣਾਉਣਾ ਆਸਾਨ ਹੁੰਦਾ ਹੈ।ਇਸ ਲਈ ਉਨ੍ਹਾਂ ਨੂੰ ਆਪਣੀਆਂ ਬੋਲੀਆਂ ਨਾ ਸਿੱਖਣ ਦਿਓ।

ਪੰਜਾਬੀ ਬੋਲੀ ਨੂੰ ਪੰਜਾਬ ਦੇ ਹਿੰਦੂਆਂ ਨੇ ‘ਸਿੱਖਾਂ ਦੀ ਬੋਲੀ’ ਕਹਿ ਕਿ ਪੰਜਾਬੀ ਨੂੰ ਪੂਰਨ ਰੂਪ ਵਿੱਚ ਨਹੀਂ ਅਪਣਾਇਆ। ਇਸ ਬਾਰੇ ਸੋਹਣ ਸਿੰਘ ਜੋਸ਼ ਨੇ ਲਿਖਿਆ, ਪੰਜਾਬ ਵਿੱਚ ਫਿਰਕਾਪ੍ਰਸਤੀ ਦੀ ਪਰਧਾਨਤਾ ਸੀ, ‘ਪੰਜਾਬੀ ਲਿੱਪੀ ਤੇ ਬੋਲੀ ਅਗਿਆਨਤਾ ਕਾਰਨ ਸਿੱਖੀ ਨਾਲ ਰਲ-ਗੱਡ ਹੋ ਗਈਆਂ ਸਨ ਅਤੇ ਥੋੜ੍ਹੇ ਜਿਹੇ ਉਦਾਰਵਾਦੀ ਵਿਦਵਾਨ ਹਿੰਦੂਆਂ ਤੋਂ ਛੁੱਟ ਆਮ ਹਿੰਦੂਆਂ ਵੱਲੋਂ ਫਿਰਕੂ ਤੁਅਸਬ ਦੇ ਕਾਰਨ ਪੰਜਾਬੀ ਲਿੱਪੀ ਤੇ ਬੋਲੀ ਨੂੰ ਅਪਣਾਇਆ ਨਾ ਗਿਆ, ਉਹ ਪੰਜਾਬੀ ਬੋਲਦੇ ਹੋਏ ਵੀ ਪੰਜਾਬੀ ਨੂੰ ਆਪਣੀ ਬੋਲੀ ਨਹੀਂ ਸੀ ਮੰਨਦੇ...ਜਦੋਂ ਕਿ ਪੰਜਾਬੀ ਬੋਲੀ ਬੜੀ ਸਖਤ ਜਾਨ, ਜਾਨਦਾਰ ਤੇ ਸ਼ਕਤੀਸ਼ਾਲੀ ਬੋਲੀ ਹੈ ਅਤੇ ਲਗਾਤਾਰ ਘੋਲਾਂ ਨੇ ਇਸ ਦਾ ਭਵਿੱਖ ਬੜਾ ਸ਼ਾਨਦਾਰ ਬਣਾ ਦਿੱਤਾ ਹੈ।’

ਸਾਡੇ ਕੁਝ ਪੰਜਾਬੀ ਲੇਖਕ, ਬੁੱਧੀਜੀਵੀ ਤੇ ਵਿਦਵਾਨ ਠੇਠ ਪੰਜਾਬੀ ਦੀ ਥਾਂ ਉਸ ਵਿੱਚ ਹੋਰ ਸ਼ਬਦ ਵਾੜ ਰਹੇ ਹਨ। ਇਨ੍ਹਾਂ ਵਿਦਵਾਨਾਂ ਬਾਰੇ ਜੋਸ਼ ਜੀ ਦੇ ਵਿਚਾਰ ਹਨ-ਸਾਡੇ ਕੁਝ ਵਿਦਵਾਨ ਆਪਣੀ ਉਚੇਰੀ ਵਿਦਵਤਾ ਰਾਹੀਂ ਪੰਜਾਬੀ ਦਾ ਰੂਪ, ਰੰਗ ਤੇ ਮੁਹਾਂਦਰਾ ਵਿਗਾੜ ਰਹੇ ਹਨ। ਪੰਜਾਬੀ ਵਿੱਚ ਇਹੋ ਜਿਹੇ ਸ਼ਬਦ ਘੁਸੇੜੀ ਜਾਂਦੇ ਹਨ, ਜਿਹੜੇ ਨਾ ਤਾਂ ਪੰਜਾਬੀ ਬੋਲੀ ਹੀ ਹਜ਼ਮ ਕਰ ਸਕਦੀ ਹੈ ਅਤੇ ਨਾ ਹੀ ਪੰਜਾਬੀ ਲੋਕ।

ਪੰਜਾਬੀ ਬੋਲੀ ਵਿੱਚ ਪਹਿਲਾਂ ਹਿੰਦੁਸਤਾਨ ਤੇ ਪਾਕਿਸਤਾਨ ਦੀ ਵੰਡ ਨੇ ਵੰਡੀਆਂ ਪਾ ਦਿੱਤੀਆਂ ਸਨ। ਪੰਜਾਬੀ ਬੋਲਣ ਵਾਲਿਆਂ ਦਾ ਵੱਡਾ ਹਿੱਸਾ ਪਾਕਿਸਤਾਨ ਵਿੱਚ ਰਹਿ ਗਿਆ। ਫਿਰ ਹਰਿਆਣਾ ਸੂਬਾ ਬਣਨ ਉਪਰੰਤ ਪੰਜਾਬੀ ਬੋਲੀ ਬੋਲਦੇ ਇਲਾਕੇ ਕੁਝ ਹਰਿਆਣਾ ਅਤੇ ਕੁਝ ਹਿਮਾਚਲ ਨੂੰ ਦੇ ਦਿੱਤੇ ਗਏ। ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਸੀ, ਜਿਥੇ ਮੁੱਖ ਭਾਸ਼ਾ ਪੰਜਾਬੀ ਹੈ। ਕੇਂਦਰੀ ਹਕੂਮਤ ਨੇ ਚੰਡੀਗੜ੍ਹ ਪੰਜਾਬ ਵਾਸੀਆਂ ਕੋਲੋਂ ਖੋਹ ਕੇ ਆਪਣੇ ਅਧੀਨ ਕਰ ਲਿਆ। ਪੰਜਾਬੀ ਲਗਾਤਾਰ ਮੰਗ ਕਰ ਰਹੇ ਹਨ ਕਿ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਦਿੱਤੇ ਜਾਣ।

**# ਸੰਪਰਕ : 98760-78731**

# ਮਨਿਸਟੀਰੀਅਲ ਮੁਲਾਜ਼ਮਾਂ ਦੀ ਕਲਮ-ਛੋੜ ਹੜਤਾਲ ਜਾਰੀ, ਕੰਮਕਾਜ ਠੱਪ

**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰ ਪਾਲ/ਪੂਜਾ/ਜਸਵੰਤ ਗਿੱਲ)**



ਪੰਜਾਬ ਰਾਜ ਮਨਿਸਟੀਰੀਅਲ ਕਰਮਚਾਰੀ ਯੂਨੀਅਨ ਵੱਲੋਂ ਕੀਤੀ ਜਾ ਰਹੀ ਕਲਮਛੋੜ ਹੜਤਾਲ ਚੌਥੇ ਦਿਨ ਵਿੱਚ ਦਾਖਲ ਹੋ ਚੁੱਕੀ ਹੈ, ਜਿਸ ਦੇ ਚਲਦਿਆਂ ਸੋਮਵਾਰ ਤੋਂ ਹੀ ਸਰਕਾਰੀ ਦਫ਼ਤਰਾਂ ਵਿੱਚ ਦਫ਼ਤਰੀ ਕੰਮ-ਕਾਜ ਬਿਲਕੁਲ ਠੱਪ ਪਿਆ ਹੈ।ਹੜਤਾਲ ਦੇ ਚੌਥੇ ਦਿਨ ਮਨਿਸਟੀਰੀਅਲ ਕਾਮਿਆਂ ਵੱਲੋਂ ਸਥਾਨਕ ਬੱਸ ਸਟੈਂਡ ਵਿਖੇ ਭਰਵੀਂ ਰੈਲੀ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਵੱਲੋਂ ਸਰਕਾਰ ਦੀਆਂ ਬਦਨੀਤੀਆਂ ਨੂੰ ਰੱਜ ਕੇ ਭੰਡਿਆ ਗਿਆ।ਇਸ ਮੌਕੇ ਕਰਮਚਾਰੀਆਂ ਦੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਪੀ.ਐੱਸ.ਐੱਮ.ਐੱਸ.ਯੂ. ਦੇ ਜ਼ਿਲ੍ਹਾ ਪ੍ਰਧਾਨ ਖੁਸ਼ਕਰਨਜੀਤ ਸਿੰਘ ਤੇ ਜਨਰਲ ਸਕੱਤਰ ਪ੍ਰਸ਼ਪਿੰਦਰ ਸਿੰਘ ਤੇ ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ 4 ਸਾਲ ਦੇ ਕਾਰਜਕਾਲ ਦੌਰਾਨ ਸਰਕਾਰੀ ਕਰਮਚਾਰੀਆਂ ਦੀ ਕਿਸੇ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ, ਬਲਕਿ ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਜਾਂ ਤਾਂ ਮੀਟਿੰਗਾਂ ਤੋਂ ਮੁੱਕਰਿਆ ਜਾਂਦਾ ਹੈ ਜਾਂ ਮੀਟਿੰਗਾਂ ਵਿੱਚ ਫ਼ੈਸਲੇ ਕਰਨ ਦੇ ਬਾਵਜੂਦ ਵੀ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਹੀ ਨਹੀਂ ਕੀਤਾ ਜਾਂਦਾ, ਪ੍ਰੰਤੂ ਹੁਣ ਪੰਜਾਬ ਦੇ ਲੱਖਾਂ ਮੁਲਾਜ਼ਮ ਸਰਕਾਰ ਦੇ ਇਸ ਮੁਲਾਜ਼ਮ ਮਾਰੂ ਰਵੱਈਏ ਤੋਂ ਭਲੀ ਭਾਂਤ ਜਾਣੂ ਹੋ ਚੁੱਕੇ ਹਨ ਤੇ ਸਾਰੀਆਂ ਜਥੇਬੰਦੀਆਂ ਵੱਲੋਂ ਇਕੱਠੇ ਹੋ ਕੇ ਸਰਕਾਰ ਨੂੰ ਘੇਰਨ ਦੀ ਵਿਊਂਤ ਬਣਾ ਲਈ ਗਈ ਹੈ, ਜਿਸ ਦੇ ਤਹਿਤ ਇਹ ਕਲਮਛੋੜ ਹੜਤਾਲ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ 27 ਅਗਸਤ ਨੂੰ ਮਹਾਂਬੰਦ ਦਾ ਪ੍ਰੋਗਰਾਮ ਵੀ ਉਲੀਕਿਆ ਗਿਆ ਹੈ।ਰੈਲੀ ਦੌਰਾਨ ਰੋਡਵੇਜ਼ ਵਿਭਾਗ ਤੋਂ ਗੁਰਮੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸਰਕਾਰ ਨੂੰ ਅਪੀਲ ਕੀਤੀ ਗਈ ਕਰਮਚਾਰੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਤੁਰੰਤ ਕੀਤੀ ਜਾਵੇ।ਇਸ ਮੌਕੇ ਪੈਨਸ਼ਨਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਤੇ ਸੀ.ਪੀ.ਐੱਫ. ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਸੇਠੀ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਕਰਮਚਾਰੀਆਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪੂਰਤੀ ਨਾ ਕੀਤੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਭਲਾਈ ਵਿਭਾਗ, ਸੈਨਿਕ ਭਲਾਈ ਵਿਭਾਗ, ਰੋਡਵੇਜ਼, ਫੂਡ ਸਪਲਾਈ ਵਿਭਾਗ, ਖੇਤੀਬਾੜੀ ਵਿਭਾਗ, ਬੀ. ਐਂਡ ਆਰ., ਸਿਹਤ ਵਿਭਾਗ, ਸਿੱਖਿਆ ਵਿਭਾਗ, ਸੀ.ਡੀ.ਪੀ.ਓ., ਬੀ.ਡੀ.ਪੀ.ਓ., ਖਜ਼ਾਨਾ ਦਫ਼ਤਰ, ਸਮਾਜਿਕ ਸੁਰੱਖਿਆ ਵਿਭਾਗ ਕਰ ਤੇ ਆਬਕਾਰੀ ਵਿਭਾਗ, ਜਲ ਸਪਲਾਈ ਵਿਭਾਗ, ਕੋਆਪ੍ਰੇਟਿਵ ਵਿਭਾਗ, ਡੀ.ਪੀ.ਆਰ.ਓ. ਦਫ਼ਤਰ, ਜੰਗਲਾਤ ਵਿਭਾਗ ਆਦਿ ਤੋਂ ਵੱਡੀ ਗਿਣਤੀ ਵਿੱਚ ਕਰਮਚਾਰੀ ਹਾਜ਼ਰ ਸਨ।

**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ) :** ਪੰਜਾਬ ਸਰਕਾਰ ਦੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅੜੀਅਲ ਰਵੱਈਏ ਦੇ ਵਿਰੋਧ ਵਿੱਚ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਸ਼ੁਰੂ ਕੀਤੀ ਕਲਮ ਛੋੜ/ਕੰਪਿਊਟਰ ਬੰਦ ਹੜਤਾਲ ਅੱਜ ਚੌਥੇ ਦਿਨ ਵੀ ਜਾਰੀ ਰਹੀ।ਹੜਤਾਲ ਕਾਰਨ ਜ਼ਿਲ੍ਹਾ ਫਿਰੋਜ਼ਪੁਰ ਦੇ ਸਮੁੱਚੇ ਸਰਕਾਰੀ ਦਫ਼ਤਰਾਂ ਦਾ ਕੰਮਕਾਜ ਪੂਰੀ ਤਰ੍ਹਾਂ ਠੱਪ ਰਿਹਾ।ਦਫ਼ਤਰੀ ਮੁਲਾਜ਼ਮਾਂ ਨੇ ਕੰਮ ਬੰਦ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਰੋਸ ਪ੍ਰਗਟਾਇਆ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜ਼ਪੁਰ ਵਿਖੇ ਵੱਖ-ਵੱਖ ਸਰਕਾਰੀ ਦਫ਼ਤਰਾਂ ਵਿੱਚ ਮੁਕੰਮਲ ਹੜਤਾਲ ਰਹੀ। ਪੀ.ਐੱਸ.ਐੱਮ.ਐੱਸ.ਯੂ. ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਧਾਨ ਸ੍ਰ. ਪਿੱਪਲ ਸਿੰਘ ਦੀ ਅਗਵਾਈ ਹੇਠ ਮੁਲਾਜ਼ਮਾਂ ਨੇ ਵੱਖ-ਵੱਖ ਦਫ਼ਤਰਾਂ ਦੇ ਸਾਹਮਣੇ ਰੋਸ ਰੈਲੀਆਂ ਕੀਤੀਆਂ।ਇਸ ਦੌਰਾਨ ਸੈਂਕੜੇ ਮੁਲਾਜ਼ਮਾਂ ਨੇ ਇਕੱਠੇ ਹੋ ਕੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਉਪਰੰਤ ਡੀ.ਸੀ. ਦਫ਼ਤਰ ਫਿਰੋਜ਼ਪੁਰ ਦੇ ਸਾਹਮਣੇ ਮੁਲਾਜ਼ਮਾਂ ਨੇ ਵਿੱਤ ਵਿਭਾਗ ਵੱਲੋਂ ਡੀ.ਏ. ਸਬੰਧੀ ਕੋਈ ਕਾਰਵਾਈ ਨਾ ਕਰਨ ਦੀਆਂ ਹਦਾਇਤਾਂ ਵਾਲੇ ਪੱਤਰ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਗਟਾਇਆ।ਇਸ ਮੌਕੇ ਮੁਲਾਜ਼ਮ ਆਗੂ ਮਨੋਜ ਕਸ਼ਅਪ, ਜਗਜੀਤ ਸਿੰਘ ਭਾਂਗਰ, ਪ੍ਰਦੀਪ ਵਿਨਾਇਕ, ਗੁਰਤੇਜ ਸਿੰਘ, ਸੂਰਜ ਕਿਸ਼ੋਰ ਆਨੰਦ, ਹਰਪ੍ਰੀਤ ਦੁੱਗਲ, ਵਰੁਣ ਕੁਮਾਰ, ਹਰਮੀਤ ਮੱਲੀ, ਜਸਮੀਤ ਸਿੰਘ ਸੈਣੀ, ਗੁਰਪ੍ਰੀਤ ਸਿੰਘ ਸੰਧੂ, ਸੁਖਚੈਨ ਸਿੰਘ, ਗੁਰਜੀਤ ਸਿੰਘ, ਗਗਨਜੀਤ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਆਗੂਆਂ ਨੇ ਸੰਬੋਧਨ ਕੀਤਾ।ਮੁਲਾਜ਼ਮ ਆਗੂਆਂ ਨੇ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਦਾ ਮੁਕੰਮਲ ਨੋਟੀਫਿਕੇਸ਼ਨ ਲਾਗੂ ਕੀਤਾ ਜਾਵੇ, 18 ਫ਼ੀਸਦੀ ਡੀ.ਏ. ਜਾਰੀ ਕਰਕੇ ਬਕਾਏ ਦੀ ਅਦਾਇਗੀ ਕੀਤੀ ਜਾਵੇ, 15 ਜਨਵਰੀ 2015 ਦਾ ਪੱਤਰ ਤੇ 17 ਜੁਲਾਈ 2020 ਦਾ ਮੁਲਾਜ਼ਮ ਮਾਰੂ ਪੱਤਰ ਰੱਦ ਕੀਤਾ ਜਾਵੇ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਮੰਨ ਕੇ ਜਲਦ ਲਾਗੂ ਨਾ ਕੀਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਸੈਂਕੜੇ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ।

# ਮਨਰੇਗਾ ਤੇ ਚਾਰ ਲੇਬਰ ਕੋਡਾਂ ਦੀ ਬਹਾਲੀ ਸਮੇਂ ਦੀ ਵੱਡੀ ਲੋੜ : ਚੌਹਾਨ

### ਇੱਕ ਦੀ ਰੈਲੀ 'ਚ ਵੱਡੇ ਕਾਫ਼ਲੇ ਦੀ ਹੋਵੇਗੀ ਸ਼ਮੂਲੀਅਤ



**ਮਾਨਸਾ (ਆਤਮਾ ਸਿੰਘ ਪਮਾਰ)**-ਇੱਕ ਸਤੰਬਰ ਦੀ 'ਦਿੱਲੀ ਚੱਲੋ ਬਦਲਾਅ ਜ਼ਰੂਰੀ ਹੈ' ਰੈਲੀ ਦੀ ਤਿਆਰੀ ਸਬੰਧੀ ਹਰ ਵਰਗ ਤੇ ਖੇਤਰ 'ਚੋਂ ਭਰਪੂਰ ਹੁੰਗਾਰਾ ਮਿਲ ਰਿਹਾ ਹੈ।ਇਸ ਪ੍ਰੋਗਰਾਮ ਦੀ ਤਿਆਰੀ ਲਈ ਲਗਾਤਾਰ ਪਾਰਟੀ ਜਨ ਸੰਪਰਕ ਮੁਹਿੰਮ ਤਹਿਤ ਨੇੜਲੇ ਪਿੰਡ ਬਰਨਾਲਾ ਵਿਖੇ ਮਨਰੇਗਾ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਕੀਤੀ ਗਈ।ਮਨਰੇਗਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਚਾਰ ਲੇਬਰ ਕੋਡ ਬਣਾ ਕੇ ਤੇ ਮਨਰੇਗਾ ਕਾਨੂੰਨ 'ਚ ਵੱਡੀ ਤਬਦੀਲੀ ਕਰਕੇ ਮਜ਼ਦੂਰ ਵਰਗ ਨਾਲ ਧ੍ਰੋਖਾ ਕੀਤਾ ਹੈ, ਜਿਨ੍ਹਾਂ ਦੀ ਮੁੜ ਬਹਾਲੀ ਸਮੇਂ ਦੀ ਵੱਡੀ ਲੋੜ ਹੈ, ਕਿਉਂਕਿ ਦੇਸ਼ ਦੀ ਵੱਡੀ ਅਬਾਦੀ ਤੇ ਬੇਰੁਜ਼ਗਾਰ ਮਜ਼ਦੂਰ ਜਮਾਤ ਨੂੰ 100 ਦਿਨ ਕੰਮ ਦੀ ਗਰੰਟੀ ਨਾਲ ਗਰੀਬ ਲੋਕਾਂ ਨੂੰ ਕੰਮ ਦੀ ਆਸ ਬੱਝੀ ਸੀ, ਪ੍ਰੰਤੂ ਕਿਰਤ ਵਿਰੋਧੀ ਮੋਦੀ ਸਰਕਾਰ ਨੇ 125 ਦਿਨ ਕੰਮ ਦੇਣ ਦੇ ਗੁੰਮਰਾਹਕੁਨ ਪ੍ਰਚਾਰ ਕਰਕੇ ਲੋਕਾਂ ਨੂੰ ਵਰਗਲਾਉਣ ਦੀ ਨੀਤੀ ਅਖਤਿਆਰ ਕਰ ਲਈ ਹੈ, ਜਦੋਂਕਿ ਮਨਰੇਗਾ ਨੂੰ ਜੀ ਰਾਮ ਜੀ 'ਚ ਤਬਦੀਲ ਕਰਕੇ ਮਨਰੇਗਾ ਨੂੰ ਖ਼ਤਮ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਬਹਾਲੀ ਤੇ ਚਾਰ ਲੇਬਰ ਕੋਡ ਸਮੇਤ ਰੋਕ ਜਿੱਤ ਬਣੇ ਕਾਨੂੰਨਾਂ ਦੇ ਬਚਾਅ ਲਈ ਇੱਕ ਸਤੰਬਰ ਨੂੰ ਬਦਲਾਅ ਜ਼ਰੂਰੀ ਹੈ ਰੈਲੀ 'ਚ ਪੁੱਜਣ ਦੀ ਅਪੀਲ ਵੀ ਕੀਤੀ।ਸੀ ਪੀ ਆਈ ਦੇ ਸੀਨੀਅਰ ਆਗੂ ਕਾਮਰੇਡ ਬਲਵੰਤ ਸਿੰਘ ਵੱਕਰ ਤੇ ਏਟਕ ਆਗੂ ਕਾਮਰੇਡ ਬੂਟਾ ਸਿੰਘ ਬਰਨਾਲਾ ਨੇ ਦਾਅਵਾ ਕੀਤਾ ਹੈ ਕਿ ਮਾਨਸਾ 'ਚੋਂ ਵੱਡੇ ਕਾਫਲੇ ਦਿੱਲੀ ਰੈਲੀ 'ਚ ਸ਼ਮੂਲੀਅਤ ਕਰਨਗੇ। ਇਸ ਮੌਕੇ ਬੂਟਾ ਰਾਮ, ਸ਼ੰਕਰ ਸਿੰਘ, ਪ੍ਰਗਟ ਸਿੰਘ, ਬੰਤੋ ਕੌਰ, ਮੈਂਬਰ, ਕਰਨੈਲ ਸਿੰਘ ਮੈਂਬਰ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

# ਮਾਸਟਰ ਕੇਡਰ ਯੂਨੀਅਨ ਦਾ ਵਫ਼ਦ ਸ ਸ ਸ ਡਾਇਰੈਕਟਰ ਨੂੰ ਮਿਲਿਆ

### ਹੈੱਡਮਾਸਟਰ ਤੇ ਪ੍ਰਿੰਸੀਪਲਾਂ ਦੀਆਂ ਪ੍ਰਮੋਸ਼ਨਾਂ ਜਲਦ ਕਰਨ ਦੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਵਫ਼ਦ ਪ੍ਰਮੋਸ਼ਨਾਂ, ਅਧਿਆਪਕਾਂ ਦੀਆਂ ਹੋਈਆਂ ਬਦਲੀਆਂ ਨੂੰ ਰਿਲੀਵ ਕਰਨ ਸਬੰਧੀ ਤੇ ਅਧਿਆਪਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦੇ ਹੱਲ ਸੰਬੰਧੀ ਡਾਇਰੈਕਟਰ ਸਿੱਖਿਆ ਸਕੂਲ ਸੈਕੰਡਰੀ ਸਕੱਤਰ ਸਿੰਘ ਬੱਲ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਧਾਲੀਵਾਲ, ਸੂਬਾ ਜਨਰਲ ਸਕੱਤਰ ਗੁਰਮੀਤ ਸਿੰਘ ਭੁੱਲਰ, ਜਾਇੰਟ ਸਕੱਤਰ ਦਲਜੀਤ ਸਿੰਘ ਸਬਰਵਾਲ, ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਰੰਧਾਵਾ ਤੇ ਹਰਮਿੰਦਰ ਸਿੰਘ ਫਰੀਦਕੋਟ ਦੀ ਸਾਂਝੀ ਅਗਵਾਈ ਵਿੱਚ ਮਿਲੇ।ਆਗੂਆਂ ਵੱਲੋਂ ਮਾਸਟਰ ਕੇਡਰ ਤੋਂ ਹੈੱਡਮਾਸਟਰ ਦੀਆਂ ਪ੍ਰਮੋਸ਼ਨਾਂ ਸਬੰਧੀ ਪੁੱਛੇ ਜਾਣ 'ਤੇ ਡੀ ਐੱਸ ਈ ਨੇ ਦੱਸਿਆ ਕਿ ਮਾਸਟਰ ਕੇਡਰ ਤੋਂ ਹੈੱਡਮਾਸਟਰ ਦੀਆਂ ਪ੍ਰਮੋਸ਼ਨਾਂ ਪ੍ਰਿੰਸੀਪਲ ਦੀਆਂ ਪ੍ਰਮੋਸ਼ਨਾਂ ਤੋਂ ਬਾਅਦ ਸਤੰਬਰ 'ਚ ਕੀਤੀਆਂ ਜਾਣਗੀਆਂ ਅਤੇ ਈਟੀਟੀ ਤੋਂ ਮਾਸਟਰ ਕੇਡਰ ਦੀਆਂ ਪ੍ਰਮੋਸ਼ਨਾਂ 21 ਅਗਸਤ ਦੀ ਕੋਰਟ ਦੀ ਸੁਣਵਾਈ ਤੋਂ ਬਾਅਦ ਨਿਯਮਾਂ ਅਨੁਸਾਰ ਕਰ ਦਿੱਤੀਆਂ ਜਾਣਗੀਆਂ ਤਾਂ ਜੋ 50% ਦੀ ਸ਼ਰਤ ਪੂਰੀ ਨਾ ਕਰਦੇ ਹੋਏ ਅਧਿਆਪਕਾਂ ਦੇ ਸਕੂਲਾਂ ਵਿੱਚ ਪ੍ਰਮੋਟ ਕੀਤੇ ਅਧਿਆਪਕਾਂ ਨੂੰ ਭੇਜਿਆ ਜਾਵੇਗਾ ਤਾਂ ਜਿਨ੍ਹਾਂ ਅਧਿਆਪਕਾਂ ਦੀ ਬਦਲੀ ਹੋਈ ਹੈ, ਉਨ੍ਹਾਂ ਨੂੰ ਰਿਲੀਵ ਕੀਤਾ ਜਾ ਸਕੇ।ਮਾਸਟਰ ਕੇਡਰ ਤੋਂ ਲੈਕਚਰਾਰ ਦੀਆਂ ਪ੍ਰਮੋਸ਼ਨਾਂ ਲੈਕਚਰਾਰ ਦੀ 1013 ਸਿੱਧੀ ਭਰਤੀ ਤੋਂ ਬਾਅਦ ਸਾਰੇ ਵਿਸ਼ੇ ਦੀਆਂ ਹੋਈਆਂ ਸਾਲ 2024 ਤੇ 2025 ਦੀਆਂ ਪ੍ਰਮੋਸ਼ਨਾਂ ਨੂੰ ਘੋਖ ਕੇ ਕੀਤੀਆਂ ਜਾਣਗੀਆਂ।ਹੈੱਡਮਾਸਟਰ ਦੀਆਂ ਪ੍ਰਮੋਸ਼ਨਾਂ ਵਾਸਤੇ ਟੈੱਟ ਤੇ ਐੱਮ ਏ ਦੀ ਸ਼ਰਤ ਖ਼ਤਮ ਕਰਨ ਦੀ ਵੀ ਜਥੇਬੰਦੀ ਨੇ ਮੰਗ ਕੀਤੀ ਤੇ ਇਸ ਸਬੰਧੀ ਡੀ ਈ ਐੱਸ ਦਾ ਰਵੱਈਆ ਹਾਂ ਪੱਖੀ ਸੀ।ਜਥੇਬੰਦੀ ਨੇ ਹੈੱਡਮਾਸਟਰਾਂ ਦੀਆਂ ਪ੍ਰਮੋਸ਼ਨਾਂ ਵਾਸਤੇ ਸੀਨੀਆਰਤਾ 70 ਹਜ਼ਾਰ ਤੱਕ ਕਰਨ ਦੀ ਮਾਸਟਰ ਕੇਡਰ ਯੂਨੀਅਨ ਵੱਲੋਂ ਮੰਗ ਕੀਤੀ ਤੇ ਡੀ ਐੱਸ ਈ ਨੇ ਕਿਹਾ ਕਿ ਸਾਰੇ ਜ਼ਿਲ੍ਹਿਆਂ ਦੇ ਕੇਸਾਂ ਨੂੰ ਘੋਖ ਕੇ ਇਸ ਦਾ ਫੈਸਲਾ ਲਿਆ ਜਾਵੇਗਾ।ਐੱਸ ਐੱਸ ਏ/ ਰਮਸਾ ਦੀਆਂ ਲੈੱਬ ਆਫ ਸਰਵਿਸ ਅਨੁਸਾਰ ਅਚਨਚੇਤ ਛੁੱਟੀਆਂ ਦੇਣ ਸਬੰਧੀ ਡੀ ਐੱਸ ਈ ਨੇ ਕਿਹਾ ਕਿ ਨਿਯਮ ਨੂੰ ਘੋਖ ਕੇ ਇਸ ਦਾ ਫ਼ੈਸਲਾ ਕੀਤਾ ਜਾਵੇਗਾ।ਜਥੇਬੰਦੀ ਵੱਲੋਂ 2024 ਦੀ ਮਾਸਟਰ ਕੇਡਰ ਦੀ ਸੀਨੀਅਰ ਸੂਚੀ ਸੋਧਣ ਸਬੰਧੀ ਵੀ ਡੀ ਐੱਸ ਈ ਨੂੰ ਅਪੀਲ ਕੀਤੀ ਗਈ ਤੇ ਉਨ੍ਹਾਂ ਵੱਲੋਂ ਪ੍ਰਮੋਸ਼ਨ ਤੋਂ ਬਾਅਦ ਸੀਨੀਆਰਤਾ ਸੂਚੀ 'ਚ ਸੁਧਾਈ ਕਰਨ ਦਾ ਭਰੋਸਾ ਦਿੱਤਾ।ਜਥੇਬੰਦੀ ਵੱਲੋਂ ਵਾਧੂ ਅੱਧੀਆਂ ਵਿੱਚ ਅਧਿਆਪਕਾਂ ਨੂੰ ਨਾ ਉਲਝਾਉਣ ਦੀ ਵੀ ਗੱਲ ਰੱਖੀ।ਇਸ ਵਫ਼ਦ 'ਚ ਹੋਰਨਾਂ ਤੋਂ ਇਲਾਵਾ ਨਿਰਵੈਰ ਸਿੰਘ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ ਬੇਗਮਪੁਰਾ, ਰਾਜਨ ਕੁਮਾਰ, ਮੈਡਮ ਰੀਤੂ ਗੁਪਤਾ ਫਗਵਾੜਾ, ਕਿਸ਼ਨ ਦਾਸ ਜ਼ਿਲ੍ਹਾ ਪ੍ਰਧਾਨ ਮੋਹਾਲੀ, ਪਰਮਿੰਦਰ ਸਿੰਘ ਬੇਗਮਪੁਰਾ ਆਦਿ ਹਾਜ਼ਰ ਸਨ।

## ਕਾਤਰਾਂ

### ਧਾਰਮਿਕ ਸਮਾਗਮ 23 ਨੂੰ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ੍ਰੀਮਾਨ ਸੰਤ ਬਾਬਾ ਈਸ਼ਰ ਸਿੰਘ ਜੀ ਰਾੜਾ ਸਾਹਿਬ ਵਾਲਿਆਂ ਦੀ ਸਾਲਾਨਾ ਬਰਸੀਂ ਨੂੰ ਸਮਰਪਤ ਵਿਸ਼ਾਲ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਪਿੰਡ ਕ੍ਰਿਪਾਲ ਸਿੰਘ ਵਾਲਾ ਵਿਖੇ 23 ਅਗਸਤ ਨੂੰ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ ਸੁਖਵਿੰਦਰ ਸਿੰਘ ਖ਼ਾਲਸਾ ਨੇ ਦੱਸਿਆ ਕਿ ਇਸ ਮੌਕੇ ਬਾਬਾ ਨਿਰਮਲ ਸਿੰਘ ਜੰਗੀਆਣਾ ਸਮੇਤ ਵੱਖ-ਵੱਖ ਕੀਰਤਨੀ ਜਥੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ। ਪ੍ਰਬੰਧਕਾਂ ਨੇ ਸਮੂਹ ਸੰਗਤਾਂ ਨੂੰ ਪਰਵਾਰਾਂ ਸਮੇਤ ਪਹੁੰਚਣ ਦੀ ਅਪੀਲ ਕੀਤੀ ਹੈ।

### ਨਜਾਇਜ਼ ਸ਼ਰਾਬ ਸਣੇ ਇੱਕ ਗ੍ਰਿਫਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੀਤੇ ਦਿਨ ਦੇਰ ਸ਼ਾਮ ਨੂੰ ਏ.ਐੱਸ.ਆਈ. ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਪੁਲਸ ਪਾਰਟੀ ਨੂੰ ਇਤਲਾਹ ਦਿੱਤੀ ਕਿ ਜਸਵੰਤ ਸਿੰਘ ਉਰਫ ਸੰਤਾ ਸਿੰਘ ਪੁੱਤਰ ਚੰਨ ਸਿੰਘ ਵਾਸੀ ਬਸਤੀ ਚੱਕ ਸੁੱਕੜ, ਜੋਕਿ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ, ਜੋ ਹੁਣ ਵੀ ਦਾਣਾ ਮੰਡੀ ਜਲਾਲਾਬਾਦ ਦੇ ਸ਼ੈੱਡ ਹੇਠਾਂ ਨਜਾਇਜ਼ ਸ਼ਰਾਬ ਦੇ ਨਾਲ ਕਾਬੂ ਆ ਸਕਦਾ ਹੈ। ਉਪਰੰਤ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ ਜਸਵੰਤ ਸਿੰਘ ਉਰਫ ਸੰਤਾ ਨੂੰ ਸਵਾ 9 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ। ਜਾਂਚ ਅਧਿਕਾਰੀ ਏ.ਐੱਸ.ਆਈ. ਸੁਨੀਲ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਥਾਣਾ ਸਿਟੀ ਜਲਾਲਾਬਾਦ ਵਿਖੇ ਜਸਵੰਤ ਸਿੰਘ ਉਰਫ ਸੰਤਾ ਦੇ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ।

### ਬਾਲਿਆਂਵਾਲੀ ਮੇਲਾ 'ਤੀਆਂ ਤੀਜ ਦੀਆਂ' ਦੀ ਤਿਆਰੀ ਮੁਕੰਮਲ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਦੀ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਹੋਈ। ਸਭਾ ਵੱਲੋਂ 23 ਅਗਸਤ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬਾਲਿਆਂਵਾਲੀ ਵਿਖੇ ਉੱਤਰੀ ਖੇਤਰ ਸੱਭਿਆਚਾਰਕ ਵਿਭਾਗ ਭਾਰਤ ਸਰਕਾਰ ਦੇ ਸਹਿਯੋਗ ਨਾਲ ਤੀਆਂ ਦਾ ਮੇਲਾ ਕਰਾਇਆ ਜਾ ਰਿਹਾ ਹੈ। ਸਭਾ ਵੱਲੋਂ ਪ੍ਰੋਗਰਾਮ ਨੂੰ ਸੁਚੱਜੇ ਢੰਗ ਸਿਰੇ ਚੜ੍ਹਾਉਣ ਲਈ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਮੇਲੇ ਵਿੱਚ ਕਿਰਨ ਸ਼ਰਮਾ ਸੁਨਾਮ ਦੇ ਗਰੁੱਪ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

# ਦੋ ਏ ਐੱਸ ਆਈ ਸਸਪੈਂਡ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਪੁਲਸ ਪ੍ਰਸ਼ਾਸਨ ਗੁਰੂ ਹਰਸਹਾਏ ਥਾਣੇ ਨਾਲ ਸੰਬੰਧਤ ਇੱਕ ਵੱਡੀ ਖਬਰ ਨਿਕਲ ਕੇ ਸਾਹਮਣੇ ਆਈ ਹੈ ਕਿ ਪੁਲਸ ਸਟੇਸ਼ਨ ਅੰਦਰ ਤਾਇਨਾਤ ਦੋ ਏ ਐੱਸ ਆਈ ਥਾਣੇਦਾਰਾਂ ਨੂੰ ਸਸਪੈਂਡ ਕਰ ਦਿੱਤਾ ਗਿਆ ਹੈ, ਜਿਸ ਨਾਲ ਪੁਲਸ ਥਾਣਾ ਅੰਦਰ ਇੱਕ ਤਰ੍ਹਾਂ ਦਾ ਹੜਕੰਪ ਮਚ ਗਿਆ ਹੈ।ਜਿੱਥੇ ਗੁਰੂ ਹਰਸਹਾਏ ਪੁਲਸ 'ਤੇ ਕਥਿਤ ਕੰਮ ਨਾ ਕਰਨ, ਰਿਸ਼ਵਤਖੋਰੀ, ਚੋਰੀਆਂ ਨੂੰ ਠੱਲ੍ਹ ਨਾ ਪਾਉਣ ਆਦਿ ਸਮੇਤ ਜਿੱਥੇ ਲੋਕ ਪਹਿਲਾਂ ਹੀ ਤਰ੍ਹਾਂ ਤਰ੍ਹਾਂ ਦੇ ਸਵਾਲ ਉਠਾਉਂਦੇ ਸਨ, ਉੱਥੇ ਹੁਣ ਇਨ੍ਹਾਂ ਦੋ ਥਾਣੇਦਾਰਾਂ ਦੇ ਸਸਪੈਂਡ ਹੋਣ ਨਾਲ ਪੁਲਸ 'ਤੇ ਸਵਾਲੀਆ ਨਿਸ਼ਾਨ ਖੜੇ ਹੋ ਰਹੇ ਹਨ।ਆਪਣੀ ਡਿਊਟੀ ਪ੍ਰਤੀ ਲਾਪ੍ਰਵਾਹੀ ਵਰਤਣ, ਮਿਸਲਾਂ ਦਾ ਰਿਕਾਰਡ ਸਹੀ ਨਾ ਕਰਨ ਸਮੇਤ ਇਕ ਪਿੰਡ ਦੇ ਮੁਕੱਦਮੇ ਵਿੱਚ ਅਣਗਹਿਲੀ ਵਰਤਣ ਦੇ ਕਾਰਨ ਇਕੋ ਥਾਣੇ ਦੇ ਵਿੱਚ ਤਾਇਨਾਤ 2 ਏ ਐੱਸ ਆਈ ਥਾਣੇਦਾਰਾਂ ਨੂੰ ਸਸਪੈਂਡ ਕੀਤਾ ਗਿਆ ਹੈ।ਭਾਵੇਂ ਕਈ ਪੁਲਸ ਕਰਮਚਾਰੀ ਆਪਣੀ ਡਿਊਟੀ ਪ੍ਰਤੀ ਇਮਾਨਦਾਰ ਰਹਿ ਕੇ ਫਰਜ਼ ਨਿਭਾਉਂਦੇ ਹਨ, ਉਥੇ ਕਈ ਕਰਮਚਾਰੀਆਂ ਵੱਲੋਂ ਆਪਣੇ ਫ਼ਰਜ਼ਾਂ ਦੇ ਉਲ਼ਟ ਜਾ ਕੇ ਕ੍ਰਾਈਮ ਪੇਸ਼ਾ ਲੋਕਾਂ ਦੀ ਮਦਦ ਕਰਨ ਨਾਲ਼ ਬਾਕੀ ਇਮਾਨਦਾਰ ਪੁਲਸ ਕਰਮਚਾਰੀਆਂ ਨੂੰ ਨਮੋਸ਼ੀ ਝੱਲਣੀ ਪੈਂਦੀ ਹੈ।ਕਥਿਤ ਤੌਰ 'ਤੇ ਸਸਪੈਂਡ ਕੀਤੇ ਜਸਪਾਲ ਚੰਦ ਤੇ ਮਹੇਸ਼ ਸਿੰਘ ਦੀ ਕਾਰਗੁਜ਼ਾਰੀ 'ਤੇ ਲੋਕ ਸਵਾਲ ਉਠਾ ਰਹੇ ਹਨ ਕਿ ਇਹ ਲੋਕ ਥਾਣੇ ਅੰਦਰ ਕੰਮ ਕਰਾਉਣ ਆਏ ਲੋਕਾਂ ਨਾਲ ਵਰਦੀ ਦਾ ਰੋਬ ਝਾੜਦੇ ਸਨ। ਇਨਸਾਫ ਦੀ ਉਮੀਦ ਲੈ ਕੇ ਥਾਣੇ ਅੰਦਰ ਆਉਣ ਵਾਲੇ ਲੋਕ ਇਨ੍ਹਾਂ ਪੁਲਸ ਮੁਲਾਜ਼ਮਾਂ ਦੀਆਂ ਮਨਮਾਨੀਆਂ ਤੋਂ ਦੁਖੀ ਹੋਏ ਸਨ।ਦੱਸਣਯੋਗ ਹੈ ਕਿ ਅਜੇ ਥੋੜ੍ਹੇ ਦਿਨ ਪਹਿਲਾਂ ਪੁਲਸ ਸਟੇਸ਼ਨ ਗੁਰੂ ਹਰਸਹਾਏ ਦੇ ਸਿਪਾਹੀ ਵੱਲੋਂ ਥਾਣੇ ਅੰਦਰ ਖੜੇ ਕੀਤੇ ਮੋਟਰਸਾਈਕਲ ਚੋਰੀ ਕਰਕੇ ਵੇਚਣ ਦਾ ਮਾਮਲਾ ਠੰਡਾ ਨਹੀਂ ਹੋਇਆ ਤੇ ਹੁਣ ਥਾਣੇ ਦੇ ਦੋ ਥਾਣੇਦਾਰ ਸਸਪੈਂਡ ਹੋਣ ਕਾਰਨ ਪੁਲਸ ਪ੍ਰਸ਼ਾਸਨ 'ਤੇ ਸਵਾਲ ਉੱਠ ਰਹੇ ਹਨ।

# ਸਰਕਾਰ ਸ਼ਾਂਤੀ, ਤਰੱਕੀ ਤੇ ਲੋਕ ਹਿੱਤਾਂ ਦੀ ਰਾਖੀ ਲਈ ਵਚਨਬੱਧ : ਚੀਮਾ

### ਸੰਤ ਲੌਂਗੋਵਾਲ ਦੀ ਬਰਸੀ ਮੌਕੇ ਵਿੱਤ ਮੰਤਰੀ ਵੱਲੋਂ ਸ਼ਰਧਾਂਜਲੀ ਭੇਟ



**ਸੰਗਰੂਰ/ਲੌਂਗੋਵਾਲ/ਸੁਨਾਮ (ਪ੍ਰਵੀਨ ਸਿੰਘ/ਪ੍ਰਦੀਪ/ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਦੇ ਵਿੱਤ, ਯੋਜਨਾ ਤੇ ਕਰ ਅਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਵੀਰਵਾਰ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਰੈੱਡ ਕਰਾਸ ਵੱਲੋਂ ਲਾਏ ਖ਼ੂਨਦਾਨ ਕੈਂਪ ਵਿੱਚ ਸ਼ਮੂਲੀਅਤ ਕੀਤੀ ਅਤੇ ਸੰਤ ਲੌਂਗੋਵਾਲ ਦੀ ਲਾਸਾਨੀ ਕੁਰਬਾਨੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੀ ਧਰਮ ਪਤਨੀ ਸ੍ਰੀਮਤੀ ਸਬੀਨਾ ਅਰੋੜਾ ਵੀ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅੱਜ ਤੋਂ ਠੀਕ 41 ਸਾਲ ਪਹਿਲਾਂ ਸੰਤ ਹਰਚੰਦ ਸਿੰਘ ਲੌਂਗੋਵਾਲ ਨੇ ਪੰਜਾਬ ਦੀ ਅਮਨ-ਸ਼ਾਂਤੀ ਲਈ ਆਪਣੀ ਸ਼ਹਾਦਤ ਦਿੱਤੀ ਸੀ।ਉਨ੍ਹਾਂ ਦੀ ਇਹ ਲਾਸਾਨੀ ਕੁਰਬਾਨੀ ਅਜਾਈਂ ਨਹੀਂ ਜਾਵੇਗੀ।ਅੱਜ ਪੰਜਾਬ ਸਰਕਾਰ ਉਨ੍ਹਾਂ ਦੇ ਦਰਸਾਏ ਸ਼ਾਂਤੀ ਤੇ ਭਾਈਚਾਰਕ ਸਾਂਝ ਦੇ ਮਾਰਗ 'ਤੇ ਚੱਲਦਿਆਂ ਉਨ੍ਹਾਂ ਦੇ ਬਲੀਦਾਨ ਨੂੰ ਪ੍ਰਣਾਮ ਕਰਦੀ ਹੈ।ਸੰਤ ਲੌਂਗੋਵਾਲ ਦੀ ਯਾਦ ਵਿੱਚ ਵਿਸ਼ੇਸ਼ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਖ਼ੂਨ ਦਾਨ ਕਰਕੇ ਸ਼ਰਧਾਂਜਲੀ ਦਿੱਤੀ।ਕੈਬਨਿਟ ਮੰਤਰੀ ਚੀਮਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ, ਜੋ ਉਦਯੋਗ ਮੰਤਰੀ ਵਜੋਂ ਬੰਗਲੌਰ ਵਿਖੇ ਵਿਸ਼ਵ ਪੱਧਰੀ ਕਾਨਫਰੰਸ ਵਿੱਚ ਸਰਕਾਰ ਦੀ ਨੁਮਾਇੰਦਗੀ ਕਰ ਰਹੇ ਹਨ, ਵੱਲੋਂ ਵੀ ਸ਼ਰਧਾ ਦੇ ਭਾਵ ਪ੍ਰਗਟਾਏ ਗਏ ਹਨ।ਵਿੱਤ ਮੰਤਰੀ ਨੇ ਇਸ ਮੌਕੇ ਸਾਫ਼ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਕਿਸੇ ਵੀ ਪੱਤਰਕਾਰ ਜਾਂ ਮੀਡੀਆ ਹਾਊਸ ਦੀ ਆਵਾਜ਼ ਨੂੰ ਦਬਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ।ਰਾਜ ਵਿੱਚ ਹਰ ਨਾਗਰਿਕ ਤੇ ਮੀਡੀਆ ਨੂੰ ਪੂਰੀ ਆਜ਼ਾਦੀ ਨਾਲ ਆਪਣੀ ਗੱਲ ਰੱਖਣ ਦਾ ਹੱਕ ਹੈ।ਵੱਖ-ਵੱਖ ਜਥੇਬੰਦੀਆਂ ਦੇ ਧਰਨਿਆਂ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਚੋਣਾਂ ਜਾਂ ਆਮ ਦਿਨਾਂ ਵਿੱਚ ਆਪਣੀਆਂ ਮੰਗਾਂ ਰੱਖਣਾ ਜਥੇਬੰਦੀਆਂ ਦਾ ਹੱਕ ਹੈ।ਉਨ੍ਹਾਂ ਦੀ ਅਗਵਾਈ ਹੇਠ ਬਣੀ ਕੈਬਨਿਟ ਸਬ-ਕਮੇਟੀ ਲਗਾਤਾਰ ਸਾਰੀਆਂ ਜਥੇਬੰਦੀਆਂ ਨਾਲ ਬੈਠਕਾਂ ਕਰ ਰਹੀ ਹੈ ਅਤੇ ਬਹੁਤ ਸਾਰੀਆਂ ਜਾਇਜ਼ ਮੰਗਾਂ ਦਾ ਹੱਲ ਕੱਢਿਆ ਜਾ ਚੁੱਕਾ ਹੈ।ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ।ਡੀ.ਏ. ਦੇ ਬਕਾਏ ਸਬੰਧੀ ਜਵਾਬ ਦਿੰਦਿਆਂ ਸ੍ਰ. ਚੀਮਾ ਨੇ ਦੱਸਿਆ ਕਿ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਪਿਛਲੀਆਂ ਸਰਕਾਰਾਂ ਦੌਰਾਨ ਲਗਭਗ 14 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਡੀ.ਏ. ਬਕਾਇਆ ਪੈਂਡਿੰਗ ਛੱਡਿਆ ਗਿਆ ਸੀ।ਆਪ ਸਰਕਾਰ ਨੇ ਹਾਈ ਕੋਰਟ ਵਿੱਚ ਇੱਕ ਯੋਜਨਾਬੱਧ ਪਲਾਨ ਪੇਸ਼ ਕਰਕੇ ਇਸ ਵਿੱਚੋਂ ਲਗਭਗ 5,000 ਤੋਂ 6,000 ਕਰੋੜ ਦਾ ਭੁਗਤਾਨ ਕਰ ਦਿੱਤਾ ਹੈ ਤੇ ਬਾਕੀ ਰਹਿੰਦਾ ਬਕਾਇਆ ਵੀ ਜਲਦ ਰਿਲੀਜ਼ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਆਪ ਸਰਕਾਰ ਪੰਜਾਬ ਦੀ ਸ਼ਾਂਤੀ, ਪ੍ਰਗਤੀ ਤੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।ਇਸ ਮੌਕੇ ਓ.ਐੱਸ.ਡੀ. ਤਪਿੰਦਰ ਸਿੰਘ ਸੋਹੀ, ਰਸ਼ਪਾਲ ਕੌਰ ਪ੍ਰਧਾਨ ਨਗਰ ਕੌਂਸਲ, ਕੁਲਦੀਪ ਸਿੰਘ ਬੰਟੀ ਮਾਨ, ਕਰਮਜੀਤ ਕੌਰ, ਬੱਲਵਿੰਦਰ ਸਿੰਘ ਢਿੱਲੋਂ, ਅੰਮ੍ਰਿਤਪਾਲ ਸਿੰਘ ਸਿੱਧੂ, ਬਲਵੰਤ ਸਿੰਘ ਬੀਟਾ ਐੱਮ.ਸੀ., ਬਲਵਿੰਦਰ ਸਿੰਘ ਐੱਮ.ਸੀ., ਜਗਦੇਵ ਸਿੰਘ ਬੁੱਧ ਸਿੰਘ ਐੱਮ.ਸੀ., ਜਸਵਿੰਦਰ ਸਿੰਘ ਨੱਪੀ, ਪਰਮਜੀਤ ਕੌਰ, ਸਰਪੰਚ ਨਿਹਾਲ ਸਿੰਘ, ਸਰਪੰਚ ਭੀਮ ਬਾਵਾ, ਸਰਪੰਚ ਜਗਰਾਜ ਸਿੰਘ, ਵਿਕੀ ਵਸ਼ਿਸ਼ਟ, ਲਖਵੀਰ ਸਿੰਘ ਲੱਕੀ ਸਰਪੰਚ, ਸਰਪੰਚ ਜਗਸੀਰ ਸਿੰਘ, ਸੁਖਪਾਲ ਸਿੰਘ ਬਾਜਵਾ, ਡਾ. ਮੋਹਣ ਸਿੰਘ ਸਿੱਧੂ, ਗੁਰਜੰਟ ਖਾਨ, ਮੇਲਾ ਸਿੰਘ ਸੂਬੇਦਾਰ, ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ, ਕੈਬਨਿਟ ਮੰਤਰੀ ਅਮਨ ਅਰੋੜਾ ਦੇ ਮੀਡੀਆ ਕੋਆਰਡੀਨੇਟਰ ਯਸ਼ਪਾਲ ਮੰਗਲਾ ਤੇ ਭਾਰੀ ਗਿਣਤੀ ਵਿੱਚ ਇਲਾਕੇ ਦੇ ਸਰਪੰਚ, ਪੰਚ, ਬਲਾਕ ਪ੍ਰਧਾਨ, ਐੱਮ ਸੀ ਤੇ ਹੋਰ ਆਗੂ ਹਾਜ਼ਰ ਸਨ।

# ਫਿਰੋਜ਼ਪੁਰ ਛਾਉਣੀ 'ਚ ਇਲੈਕਟ੍ਰੋਨਿਕਸ ਦੀ ਦੁਕਾਨ ਨੂੰ ਭਿਆਨਕ ਅੱਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਫਿਰੋਜ਼ਪੁਰ ਛਾਉਣੀ ਦੇ ਨੇਮ ਵਾਲਾ ਚੌਕ ਨੇੜੇ ਗੁਰੂ ਨਾਨਕ ਇਲੈਕਟ੍ਰੋਨਿਕਸ ਦੀ ਦੁਕਾਨ ਵਿੱਚ ਵੀਰਵਾਰ ਸਵੇਰੇ ਅਚਾਨਕ ਭਿਆਨਕ ਅੱਗ ਲੱਗ ਗਈ। ਅੱਗ ਦੀਆਂ ਲਪਟਾਂ ਇੰਨੀਆਂ ਤੇਜ਼ ਸਨ ਕਿ ਕੁਝ ਹੀ ਸਮੇਂ ਵਿੱਚ ਅੱਗ ਦੂਜੀ ਮੰਜ਼ਿਲ ਤੋਂ ਤੀਜੀ ਮੰਜ਼ਿਲ ਤੱਕ ਫੈਲ ਗਈ, ਜਿਸ ਕਾਰਨ ਦੁਕਾਨ ਵਿੱਚ ਪਏ ਇਲੈਕਟ੍ਰੋਨਿਕਸ ਦੇ ਸਾਮਾਨ ਦਾ ਭਾਰੀ ਨੁਕਸਾਨ ਹੋਇਆ। ਅੱਗ ਦੀ ਤੀਬਰਤਾ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਅੱਗ 'ਤੇ ਕਾਬੂ ਪਾਉਣ ਲਈ ਫਿਰੋਜ਼ਪੁਰ ਸ਼ਹਿਰ ਤੇ ਛਾਉਣੀ ਤੋਂ ਫਾਇਰ ਬ੍ਰਿਗੇਡ ਦੀਆਂ ਤਿੰਨ ਤੋਂ ਚਾਰ ਗੱਡੀਆਂ ਮੌਕੇ 'ਤੇ ਪਹੁੰਚੀਆਂ। ਫਾਇਰ ਕਰਮਚਾਰੀਆਂ ਨੂੰ ਅੱਗ ਬੁਝਾਉਣ ਲਈ ਕਾਫੀ ਮੁਸ਼ੱਕਤ ਕਰਨੀ ਪਈ ਤੇ ਹੋਰ ਫਾਇਰ ਟੈਂਡਰ ਵੀ ਮੌਕੇ 'ਤੇ ਬੁਲਾਏ ਜਾਣ ਦੀ ਸੰਭਾਵਨਾ ਬਣੀ ਹੋਈ ਹੈ। ਇਸ ਦੌਰਾਨ ਫਾਇਰ ਬ੍ਰਿਗੇਡ ਦੀ ਕਾਰਗੁਜ਼ਾਰੀ ਨੂੰ ਲੈ ਕੇ ਵੀ ਸਵਾਲ ਖੜ੍ਹੇ ਹੋਏ ਹਨ। ਜਾਣਕਾਰੀ ਮੁਤਾਬਕ, ਅੱਗ ਲੱਗਣ ਦੀ ਸੂਚਨਾ ਮਿਲਦੇ ਹੀ ਜਦੋਂ ਫਿਰੋਜ਼ਪੁਰ ਛਾਉਣੀ ਦੀ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਪਹੁੰਚੀ ਤਾਂ ਕੁਝ ਸਮੇਂ ਤੱਕ ਉਸ ਦੀ ਪ੍ਰੈਸ਼ਰ ਮੋਟਰ ਚਾਲੂ ਨਹੀਂ ਹੋ ਸਕੀ। ਇਸ ਕਾਰਨ ਅੱਗ ਬੁਝਾਉਣ ਦੀ ਕਾਰਵਾਈ ਸ਼ੁਰੂ ਹੋਣ ਵਿੱਚ ਦੇਰੀ ਹੋਣ ਦੀ ਗੱਲ ਸਾਹਮਣੇ ਆਈ ਹੈ। ਹਾਲਾਂਕਿ, ਇਸ ਸਬੰਧੀ ਅਧਿਕਾਰੀਆਂ ਵੱਲੋਂ ਅਧਿਕਾਰਤ ਤੌਰ 'ਤੇ ਕੋਈ ਪੁਸ਼ਟੀ ਨਹੀਂ ਕੀਤੀ ਗਈ। ਫਿਲਹਾਲ ਫਾਇਰ ਬ੍ਰਿਗੇਡ ਦੇ ਕਰਮਚਾਰੀ ਆਪਣੀ ਪੂਰੀ ਮਿਹਨਤ ਨਾਲ ਅੱਗ 'ਤੇ ਕਾਬੂ ਪਾਉਣ ਵਿੱਚ ਜੁਟੇ ਹੋਏ ਹਨ। ਇਸ ਦੌਰਾਨ ਨਾਲ ਲੱਗਦੀਆਂ ਦੁਕਾਨਾਂ ਦੇ ਦੁਕਾਨਦਾਰ ਵੀ ਫਾਇਰ ਕਰਮਚਾਰੀਆਂ ਦਾ ਸਹਿਯੋਗ ਕਰਦੇ ਨਜ਼ਰ ਆਏ। ਅੱਗ ਦੇ ਫੈਲਣ ਦੇ ਖ਼ਤਰੇ ਨੂੰ ਦੇਖਦਿਆਂ ਨੇੜਲੇ ਦੁਕਾਨਦਾਰਾਂ ਵੱਲੋਂ ਗੁਰੂ ਨਾਨਕ ਇਲੈਕਟਰੋਨਿਕਸ ਦੀ ਦੁਕਾਨ ਵਿੱਚੋਂ ਸਮਾਨ ਬਾਹਰ ਕੱਢ ਕੇ ਸੁਰੱਖਿਅਤ ਥਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਇਸ ਮੁਸ਼ਕਲ ਘੜੀ ਵਿੱਚ ਆਸ-ਪਾਸ ਦੇ ਦੁਕਾਨਦਾਰ ਇੱਕ-ਦੂਜੇ ਦੀ ਮਦਦ ਕਰਦੇ ਹੋਏ ਨਜ਼ਰ ਆਏ। ਅੱਗ ਲੱਗਣ ਦੇ ਕਾਰਨਾਂ ਤੇ ਇਸ ਘਟਨਾ ਵਿੱਚ ਹੋਏ ਕੁੱਲ ਮਾਲੀ ਨੁਕਸਾਨ ਦਾ ਫਿਲਹਾਲ ਪਤਾ ਨਹੀਂ ਲੱਗ ਸਕਿਆ। ਅੱਗ 'ਤੇ ਪੂਰੀ ਤਰ੍ਹਾਂ ਕਾਬੂ ਪਾਉਣ ਤੋਂ ਬਾਅਦ ਹੀ ਨੁਕਸਾਨ ਦਾ ਸਹੀ ਅੰਦਾਜ਼ਾ ਲੱਗ ਸਕੇਗਾ।

# ਹਰ ਖਾਲੀ ਥਾਂ 'ਤੇ ਪੌਦਾ ਲਗਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ : ਪਵਨ ਗੋਇਲ

**ਬਾਘਾ ਪੁਰਾਣਾ (ਮਨੀ ਸਿੰਗਲਾ)**



ਵਾਤਾਵਰਨ ਨੂੰ ਪ੍ਰਦੂਸ਼ਣ ਤੋਂ ਬਚਾਉਣ, ਹਰਿਆਵਲ ਨੂੰ ਵਧਾਉਣ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਵਾਤਾਵਰਨ ਯਕੀਨੀ ਬਣਾਉਣ ਲਈ ਹਰੇਕ ਵਿਅਕਤੀ ਨੂੰ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਬਾਘਾ ਪੁਰਾਣਾ ਦੇ ਵਪਾਰ ਮੰਡਲ ਪ੍ਰਧਾਨ ਪਵਨ ਗੋਇਲ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੀਤਾ।ਪ੍ਰਧਾਨ ਪਵਨ ਗੋਇਲ ਨੇ ਕਿਹਾ ਕਿ ਅੱਜ ਵਾਤਾਵਰਨ ਵਿੱਚ ਲਗਾਤਾਰ ਹੋ ਰਹੀਆਂ ਤਬਦੀਲੀਆਂ ਤੇ ਵਧ ਰਹੇ ਪ੍ਰਦੂਸ਼ਣ ਕਾਰਨ ਦਰੱਖਤਾਂ ਦੀ ਮਹੱਤਤਾ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਵਧ ਗਈ ਹੈ।ਉਨ੍ਹਾਂ ਕਿਹਾ ਕਿ ਜੇਕਰ ਸਾਡੇ ਆਲੇ-ਦੁਆਲੇ ਵੱਧ ਤੋਂ ਵੱਧ ਦਰੱਖਤ ਹੋਣਗੇ ਤਾਂ ਵਾਤਾਵਰਨ ਨੂੰ ਹਰਿਆ-ਭਰਿਆ ਰੱਖਣ ਵਿੱਚ ਮਦਦ ਮਿਲੇਗੀ ਤੇ ਲੋਕਾਂ ਨੂੰ ਕੁਦਰਤੀ ਤੌਰ 'ਤੇ ਸਾਫ਼ ਹਵਾ ਤੇ ਠੰਢੀ ਛਾਂ ਮਿਲ ਸਕੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਘਰਾਂ, ਦੁਕਾਨਾਂ, ਖਾਲੀ ਪਲਾਟਾਂ, ਖੇਤਾਂ, ਸੜਕਾਂ ਦੇ ਕਿਨਾਰਿਆਂ ਤੇ ਹੋਰ ਢੁੱਕਵੀਆਂ ਖਾਲੀ ਥਾਵਾਂ 'ਤੇ ਵੱਧ ਤੋਂ ਵੱਧ ਪੌਦੇ ਲਗਾਏ ਜਾਣ।ਉਨ੍ਹਾਂ ਕਿਹਾ ਕਿ ਪੌਦਾ ਲਗਾਉਣਾ ਸਿਰਫ਼ ਇੱਕ ਦਿਨ ਦੀ ਮੁਹਿੰਮ ਨਹੀਂ ਹੋਣੀ ਚਾਹੀਦੀ, ਸਗੋਂ ਲਗਾਏ ਗਏ ਪੌਦਿਆਂ ਦੀ ਸੰਭਾਲ ਕਰਨਾ ਵੀ ਸਾਡੀ ਜ਼ਿੰਮੇਵਾਰੀ ਹੈ।ਪੌਦਿਆਂ ਨੂੰ ਸਮੇਂ-ਸਮੇਂ 'ਤੇ ਪਾਣੀ ਦੇਣਾ ਤੇ ਉਨ੍ਹਾਂ ਨੂੰ ਨੁਕਸਾਨ ਤੋਂ ਬਚਾਉਣਾ ਵੀ ਉਨ੍ਹਾਂ ਦੀ ਸਾਂਭ-ਸੰਭਾਲ ਦਾ ਅਹਿਮ ਹਿੱਸਾ ਹੈ।ਪਵਨ ਗੋਇਲ ਨੇ ਕਿਹਾ ਕਿ ਅਸੀਂ ਕੁਦਰਤ ਵੱਲੋਂ ਮਿਲਣ ਵਾਲੀ ਆਕਸੀਜਨ ਦੀ ਕੀਮਤ ਨੂੰ ਆਮ ਤੌਰ 'ਤੇ ਮਹਿਸੂਸ ਨਹੀਂ ਕਰਦੇ, ਕਿਉਂਕਿ ਇਹ ਸਾਨੂੰ ਮੁਫ਼ਤ ਮਿਲ ਰਹੀ ਹੈ, ਪਰ ਜਦੋਂ ਕੋਈ ਵਿਅਕਤੀ ਹਸਪਤਾਲ ਵਿੱਚ ਇਲਾਜ ਲਈ ਜਾਂਦਾ ਹੈ ਤਾਂ ਉੱਥੇ ਆਕਸੀਜਨ ਸਮੇਤ ਮੈਡੀਕਲ ਸਹੂਲਤਾਂ ਦੀ ਮਹੱਤਤਾ ਤੇ ਕੀਮਤ ਦਾ ਅਹਿਸਾਸ ਹੁੰਦਾ ਹੈ।ਉਨ੍ਹਾਂ ਕਿਹਾ ਕਿ ਇਸ ਲਈ ਸਾਨੂੰ ਕੁਦਰਤੀ ਸਰੋਤਾਂ ਦੀ ਕਦਰ ਕਰਨੀ ਚਾਹੀਦੀ ਹੈ ਤੇ ਵਾਤਾਵਰਨ ਦੀ ਸੰਭਾਲ ਲਈ ਹੁਣ ਤੋਂ ਹੀ ਗੰਭੀਰ ਯਤਨ ਕਰਨੇ ਚਾਹੀਦੇ ਹਨ।ਵਪਾਰ ਮੰਡਲ ਪ੍ਰਧਾਨ ਪਵਨ ਗੋਇਲ ਨੇ ਮੌਜੂਦਾ ਸਰਕਾਰ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਰਕਾਰ ਨੂੰ ਪੌਦੇ ਲਗਾਉਣ ਤੇ ਵਾਤਾਵਰਨ ਨੂੰ ਬਚਾਉਣ ਵੱਲ ਵਧੇਰੇ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੌਦੇ ਲਗਾਉਣ ਦੀ ਬਜਾਏ ਦਰੱਖਤ ਕੱਟੇ ਜਾਣ ਦੀਆਂ ਘਟਨਾਵਾਂ ਚਿੰਤਾਜਨਕ ਹਨ। ਉਨ੍ਹਾਂ ਸਰਕਾਰ ਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਜਿੱਥੇ ਦਰੱਖਤਾਂ ਦੀ ਕਟਾਈ ਕਿਸੇ ਕਾਰਨ ਕਰਕੇ ਜ਼ਰੂਰੀ ਹੋਵੇ, ਉੱਥੇ ਇਸ ਦੇ ਬਦਲੇ ਵੱਧ ਤੋਂ ਵੱਧ ਨਵੇਂ ਪੌਦੇ ਲਗਾਉਣ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਵਿਅਕਤੀ ਆਪਣੇ ਜੀਵਨ ਵਿੱਚ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਏ ਤੇ ਉਸ ਦੀ ਪੂਰੀ ਸੰਭਾਲ ਕਰਨ ਦਾ ਵੀ ਪ੍ਰਣ ਲੈਣਾ ਚਾਹੀਦਾ ਹੈ।

## ਦੋ ਰੋਜ਼ਾ ਵਿਸ਼ਾਲ ਮੈਡੀਕਲ ਕੈਂਪ ਕੱਲ੍ਹ ਤੋਂ

### ਮੇਦਾਂਤਾ ਹਸਪਤਾਲ ਦੀ ਮਾਹਰ ਟੀਮ ਕਰੇਗੀ ਮੁਫ਼ਤ ਜਾਂਚ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਮਾਨਵਤਾ ਦੀ ਸੇਵਾ 'ਚ ਸਮਰਪਤ ਪ੍ਰਮੁੱਖ ਸਮਾਜ ਸੇਵੀ ਸੰਸਥਾਵਾਂ ਮਹਾਵੀਰ ਇੰਟਰਨੈਸ਼ਨਲ ਤੇ ਮਾਨਵ ਨਿਸ਼ਕਾਮ ਸੇਵਾ ਸਮਿਤੀ ਮਾਲੇਰਕੋਟਲਾ ਦੀ ਇੱਕ ਅਹਿਮ ਮੀਟਿੰਗ ਜੈਨ ਸਵੀਟਸ ਵਿਖੇ ਕੀਤੀ ਗਈ।ਇਸ ਮੀਟਿੰਗ ਦੌਰਾਨ 22 ਤੇ 23 ਅਗਸਤ ਨੂੰ ਸ੍ਰੀ ਹਨੂਮਾਨ ਮੰਦਰ ਤਾਲਾਬ ਬਾਜ਼ਾਰ ਮਾਲੇਰਕੋਟਲਾ ਵਿਖੇ ਲਗਾਏ ਜਾ ਰਹੇ ਦੋ ਰੋਜ਼ਾ ਵਿਸ਼ਾਲ ਮੈਡੀਕਲ ਚੈੱਕਅਪ ਕੈਂਪ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ ਗਈਆਂ ਤੇ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਮੈਂਬਰਾਂ ਦੀਆਂ ਵੱਖ-ਵੱਖ ਡਿਊਟੀਆਂ ਲਗਾਈਆਂ ਗਈਆਂ।ਇਸ ਸਬੰਧੀ ਜਾਣਕਾਰੀ ਦਿੰਦਿਆਂ ਚੇਅਰਮੈਨ ਪ੍ਰਦੀਪ ਜੈਨ ਓਸਵਾਲ ਨੇ ਦੱਸਿਆ ਕਿ ਇਸ ਵਿਸ਼ੇਸ਼ ਮੈਡੀਕਲ ਕੈਂਪ 'ਚ ਏਸ਼ੀਆ ਦੇ ਸਭ ਤੋਂ ਵੱਡੇ ਤੇ ਅਧੁਨਿਕ ਹਸਪਤਾਲ ਮੇਦਾਂਤਾ ਦਿ ਮੈਡੀਸਿਟੀ (ਗੁੜਗਾਓਂ) ਦੇ ਵਿਸ਼ਵ ਪ੍ਰਸਿੱਧ ਡਾਕਟਰ ਨਰੇਸ਼ ਤ੍ਰੇਹਨ ਦੀ ਮਾਹਰ ਟੀਮ ਉਚੇਚੇ ਤੌਰ 'ਤੇ ਪਹੁੰਚ ਰਹੀ ਹੈ।ਇਹ ਟੀਮ ਦਿਲ ਦੀਆਂ ਬੀਮਾਰੀਆਂ, ਹੱਡੀਆਂ ਤੇ ਜੋੜਾਂ (ਓਰਥੋ) ਤੇ ਮੇਦੇ ਵਾ ਪੇਟ (ਗੈਸਟਰੋ) ਦੇ ਰੋਗੀਆਂ ਦੀ ਮੁਫ਼ਤ ਜਾਂਚ ਕਰੇਗੀ ਅਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਤਕਸੀਮ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ ਕੈਂਪ ਦੌਰਾਨ ਮਰੀਜ਼ਾਂ ਦੇ ਸ਼ੂਗਰ, ਬਲੱਡ ਪ੍ਰੈਸ਼ਰ (ਬੀ.ਪੀ.), ਈ.ਸੀ.ਜੀ., ਐਕਸ-ਰੇ, ਪੀ.ਐੱਫ.ਟੀ. (ਛਾਤੀ/ਫੇਫੜਿਆਂ ਦੀ ਜਾਂਚ) ਤੇ ਬੀ.ਐੱਮ.ਡੀ. (ਹੱਡੀਆਂ ਦੀ ਮਜ਼ਬੂਤੀ ਦੀ ਜਾਂਚ) ਵਰਗੇ ਮਹਿੰਗੇ ਟੈਸਟ ਵੀ ਬਿਲਕੁਲ ਮੁਫ਼ਤ ਕੀਤੇ ਜਾਣਗੇ।

# ਅਕਾਲੀ ਦਲ ਵਾਰਿਸ ਪੰਜਾਬ ਦੀ ਇਕੱਤਰਤਾ ਹੋਈ

**ਭੀਖੀ (ਗੁਰਿੰਦਰ ਸਿੰਘ ਔਲਖ)**



ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਪੰਥਕ ਇਕੱਤਰਤਾ ਹੋਈ, ਜਿਸ ਦੌਰਾਨ ਭਾਈ ਅੰਮ੍ਰਿਤ ਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ, ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਇਯਾਲੀ ਤੇ ਹੋਰ ਆਗੂ ਸ਼ਾਮਲ ਹੋਏ।ਅਕਾਲੀ ਦਲ ਪੁਨਰ ਸਰਜੀਤ ਦੇ ਸਾਬਕਾ ਆਗੂ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਔਲਖ ਐਸਜੀਪੀਸੀ ਧਰਮ ਪ੍ਰਚਾਰ ਦੇ ਮੈਂਬਰ ਮਨਜੀਤ ਸਿੰਘ ਬੱਪੀਆਣਾ ਤੇ ਮੁਲਾਜ਼ਮ ਆਗੂ ਪਰਮਜੀਤ ਭੀਖੀ ਦੀ ਅਗਵਾਈ ਹੇਠ ਅਕਾਲੀ ਦਲ ਪੁਨਰ ਸਰਜੀਤ ਨੂੰ ਅਲਵਿਦਾ ਆਖ ਕੇ ਸੈਂਕੜੇ ਪਰਿਵਾਰ ਅਕਾਲੀ ਦਲ ਵਾਰਸ ਪੰਜਾਬ ਦੇ ਵਿੱਚ ਸ਼ਾਮਲ ਹੋਏ।ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਥਕ ਮੀਟਿੰਗ ਵੱਡੀ ਰੈਲੀ ਦਾ ਰੂਪ ਧਾਰਨ ਕਰ ਗਈ ਹੈ, ਜਿਸ ਤੋਂ ਸਾਫ ਝਲਕਦਾ ਹੈ ਕਿ ਪੰਜਾਬ ਦੇ ਇਨਸਾਫ ਪਸੰਦ ਲੋਕ ਅਕਾਲੀ ਦਲ ਵਾਰਸ ਪੰਜਾਬ ਦੀਆਂ ਨੀਤੀਆਂ ਨਾਲ ਸਹਿਮਤ ਹਨ।ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਦੀਆਂ ਪੰਥਕ ਧਿਰਾਂ ਆਪਸੀ ਮਤਭੇਦ ਨੂੰ ਭੁਲਾ ਕੇ ਵਾਰਿਸ ਪੰਜਾਬ ਨਾਲ ਜੁੜਨ।ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਪਾਰਟੀ ਪੰਜਾਬ ਦੇ ਹਿੱਤਾਂ ਦੀ ਰਾਖੀ ਕਰ ਸਕਦੀ ਹੈ।ਉਨ੍ਹਾਂ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਦੇ ਤਲਵੰਡੀ ਸਾਬੋ ਤੋਂ ਚੋਣ ਲੜਨ ਦੇ ਚਰਚੇ 'ਤੇ ਬੋਲਦਿਆਂ ਕਿਹਾ ਕਿ ਸੰਗਤ ਅਤੇ ਪਾਰਟੀ ਜਿਸ ਤਰ੍ਹਾਂ ਫੈਸਲਾ ਕਰੇਗੀ, ਉਸ ਤਰ੍ਹਾਂ ਇਹ ਭਾਈ ਸਾਹਿਬ ਉਸ ਹਲਕੇ ਤੋਂ ਚੋਣ ਲੜਨਗੇ।ਪਾਰਟੀ ਦੇ ਸੀਨੀਅਰ ਆਗੂ ਮਨਪ੍ਰੀਤ ਸਿੰਘ ਆਲੀ ਨੇ ਕਿਹਾ ਕਿ ਰਵਾਇਤੀ ਅਕਾਲੀ ਦਲ ਨੇ ਪੰਥ ਅਤੇ ਪੰਜਾਬ ਦਾ ਬਹੁਤ ਨੁਕਸਾਨ ਕੀਤਾ ਹੈ। ਅਕਾਲੀ ਦਲ ਦੀ ਲੀਡਰਸ਼ਿਪ ਦੇ ਗਲਤ ਫੈਸਲਿਆਂ ਨਾਲ ਅਕਾਲੀ ਦਲ ਦਾ ਲੋਕਾਂ ਚ ਮੋਹ ਭੰਗ ਹੁੰਦਾ ਗਿਆ।ਅਕਾਲੀ ਦਲ 'ਚ ਹੁਣ ਪੰਥ ਦੀ ਗੱਲ ਨਹੀਂ ਰਹੀ, ਸਗੋਂ ਇੱਕ ਪਰਵਾਰ ਦੇ ਹਿੱਤਾਂ ਨੂੰ ਪੂਰਿਆ ਜਾ ਰਿਹਾ ਹੈ।

ਅਕਾਲੀ ਦਲ ਤੇ ਭਾਜਪਾ ਨਾਲ ਗਠਜੋੜ ਹੋਣ 'ਤੇ ਪੰਜਾਬ ਦੀ ਰਾਜਨੀਤੀ ਦੇ ਪੈਣ ਵਾਲੇ ਪ੍ਰਭਾਵ ਬਾਰੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਜਾਣ ਚੁੱਕੇ ਹਨ, ਪੰਜਾਬ 'ਚ ਭਾਜਪਾ ਖਿਲਾਫ ਲੋਕਾਂ ਚ ਬਹੁਤ ਗੁੱਸਾ ਹੈ। ਇਸ ਲਈ ਅਕਾਲੀ ਦਲ ਨੂੰ ਭਾਜਪਾ ਨਾਲ ਗੱਠਜੋੜ ਹੋਣ 'ਤੇ ਲੋਕ ਰੋਹ ਦਾ ਸਾਹਮਣਾ ਕਰਨਾ ਪਵੇਗਾ।ਬਾਕੀ ਅਕਾਲੀ ਦਲ 'ਚ ਵਰਕਰਾਂ ਤੋਂ ਪੁੱਛ ਕੇ ਕੁੱਝ ਨਹੀਂ ਕੀਤਾ ਜਾਂਦਾ, ਜਿਵੇਂ ਸੁਖਬੀਰ ਸਿੰਘ ਬਾਦਲ ਚਾਹੁੰਦੇ ਹਨ, ਉਵੇਂ ਹੁੰਦਾ ਹੈ।

## ਖ਼ਾਲੀ ਪਲਾਟਾਂ 'ਚ ਕੂੜਾ ਤੇ ਗੰਦਾ ਪਾਣੀ ਇਕੱਠਾ ਕਰਨ 'ਤੇ ਰੋਕ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਡੇਂਗੂ, ਮਲੇਰੀਆ ਤੇ ਚਿਕਨਗੁਨੀਆ ਵਰਗੀਆਂ ਗੰਭੀਰ ਬੀਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਵੱਡਾ ਕਦਮ ਚੁੱਕਿਆ ਹੈ।ਜ਼ਿਲ੍ਹਾ ਮੈਜਿਸਟਰੇਟ ਸ੍ਰੀ ਰਾਹੁਲ ਚਾਬਾ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ, ਜ਼ਿਲ੍ਹੇ ਦੀ ਹਦੂਦ ਅੰਦਰ ਨਿੱਜੀ ਮਾਲਕੀ ਵਾਲੇ ਖ਼ਾਲੀ ਪਲਾਟਾਂ ਦੀ ਸਾਫ਼-ਸਫ਼ਾਈ ਸਬੰਧੀ ਵਿਸ਼ੇਸ਼ ਹੁਕਮ ਜਾਰੀ ਕੀਤੇ ਹਨ।ਉਨ੍ਹਾ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਸ਼ਹਿਰ ਵਿੱਚ ਖ਼ਾਲੀ ਪਏ ਪਲਾਟਾਂ ਦੇ ਮਾਲਕ ਜਾਂ ਕਾਬਜ਼ ਆਪਣੇ ਪੱਧਰ 'ਤੇ ਪਲਾਟਾਂ ਵਿੱਚ ਲੱਗੇ ਕੂੜੇ ਦੇ ਢੇਰਾਂ, ਗੰਦਗੀ ਤੇ ਮੀਂਹ ਦੇ ਖੜ੍ਹੇ ਗੰਦੇ ਪਾਣੀ ਦੀ ਤੁਰੰਤ ਸਾਫ਼-ਸਫ਼ਾਈ ਕਰਵਾਉਣਗੇ।ਹਰੇਕ ਮਾਲਕ ਆਪਣੇ ਖ਼ਾਲੀ ਪਲਾਟ ਦੇ ਆਲੇ-ਦੁਆਲੇ ਪੱਕੀ ਚਾਰ-ਦੀਵਾਰੀ ਜਾਂ ਵਾੜ ਕਰਵਾਉਣੀ ਯਕੀਨੀ ਬਣਾਏਗਾ, ਤਾਂ ਜੋ ਭਵਿੱਖ ਵਿੱਚ ਉੱਥੇ ਕੂੜਾ ਸੁੱਟਣ ਤੋਂ ਰੋਕਿਆ ਜਾ ਸਕੇ।

ਜ਼ਿਲ੍ਹਾ ਮੈਜਿਸਟਰੇਟ ਨੇ ਸਪੱਸ਼ਟ ਕੀਤਾ ਕਿ ਖ਼ਾਲੀ ਪਲਾਟਾਂ ਵਿੱਚ ਗੰਦਗੀ ਤੇ ਗੰਦਾ ਪਾਣੀ ਇਕੱਠਾ ਹੋਣ ਨਾਲ ਨੁਕਸਾਨ ਦਾਇਕ ਜੀਵ-ਜੰਤੂ ਤੇ ਮੱਛਰ ਪੈਦਾ ਹੁੰਦੇ ਹਨ, ਜੋ ਸ਼ਹਿਰ ਵਾਸੀਆਂ ਦੀ ਸਿਹਤ ਲਈ ਜਾਨਲੇਵਾ ਖ਼ਤਰਾ ਬਣ ਸਕਦੇ ਹਨ।ਆਮ ਲੋਕਾਂ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਇਹ ਕਦਮ ਚੁੱਕਣਾ ਅਤਿ ਜ਼ਰੂਰੀ ਸੀ।ਇਹ ਹੁਕਮ ਜ਼ਿਲ੍ਹੇ ਅੰਦਰ 3 ਅਕਤੂਬਰ 2026 ਤੱਕ ਪੂਰੀ ਤਰ੍ਹਾਂ ਲਾਗੂ ਰਹਿਣਗੇ।

# ਟਕਸਾਲੀ ਅਕਾਲੀ ਆਗੂ ਤੇ ਆਲ ਇੰਡੀਆ ਟਾਂਕ ਕਸ਼ੱਤਰੀ ਸਭਾ ਦੇ ਕੌਮੀ ਆਗੂ 'ਆਪ' 'ਚ ਸ਼ਾਮਲ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**

15 ਅਗਸਤ 1947 ਨੂੰ ਦੇਸ਼ ਦੀ ਆਜ਼ਾਦੀ ਤੇ 26 ਜਨਵਰੀ 1950 ਨੂੰ ਸੰਵਿਧਾਨ ਲਾਗੂ ਹੋਣ ਤੋਂ ਬਾਅਦ ਵੱਖ ਵੱਖ ਪਾਰਟੀਆਂ ਦੀਆਂ ਅਨੇਕਾਂ ਸਰਕਾਰਾਂ ਬਣੀਆਂ, ਬਹੁਤ ਸਾਰੇ ਵਿਧਾਇਕ ਤੇ ਮੈਂਬਰ ਪਾਰਲੀਮੈਂਟ ਬਣੇ, ਪਰ ਜੋ ਹਲੀਮੀ, ਨਿਮਰਤਾ, ਆਪਣਾਪਣ ਤੇ ਮਿਲਾਪੜਾ ਸੁਭਾਅ ਕੁਲਤਾਰ ਸਿੰਘ ਸੰਧਵਾਂ 'ਚ ਦੇਖਣ ਤੇ ਮਹਿਸੂਸ ਕਰਨ ਦਾ ਮੌਕਾ ਮਿਲਿਆ, ਉਸ ਨੂੰ ਸ਼ਬਦਾਂ ਵਿੱਚ ਬਿਆਨ ਨਹੀਂ ਕੀਤਾ ਜਾ ਸਕਦਾ।ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਸਥਾਨਕ ਦਫਤਰ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜਨ ਮੌਕੇ ਆਲ ਇੰਡੀਆ ਟਾਂਕ ਕਸ਼ੱਤਰੀ ਪ੍ਰਤੀਨਿਧੀ ਸਭਾ ਦੇ ਕੌਮੀ ਪ੍ਰਧਾਨ ਸ਼ਰਨਜੀਤ ਸਿੰਘ ਮੂਕਰ ਸਮੇਤ ਨਿਰੰਜਨ ਸਿੰਘ ਰੱਖੜਾ, ਮੇਜਰ ਸਿੰਘ ਸਿੱਧੂ ਤੇ ਅਨੇਕਾਂ ਹੋਰ ਉੱਘੀਆਂ ਸ਼ਖ਼ਸੀਅਤਾਂ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਉਹ ਅੱਧੀ ਸਦੀ ਤੋਂ ਵੀ ਵੱਧ ਸਮੇਂ ਤੋਂ ਰਾਜਨੀਤੀ ਵਿੱਚ ਦਿਲਚਸਪੀ ਰੱਖਦੇ ਆ ਰਹੇ ਹਨ, ਪਰ ਇਸ ਤਰ੍ਹਾਂ ਦੀ ਬਦਲਾਅ ਦੀ ਰਾਜਨੀਤੀ ਪਹਿਲਾਂ ਕਦੇ ਵੀ ਮਹਿਸੂਸ ਨਹੀਂ ਕੀਤੀ।ਇਸ ਮੌਕੇ ਨਿਰੰਜਨ ਸਿੰਘ ਰੱਖੜਾ ਨੇ 'ਆਪ' ਸਰਕਾਰ ਵੱਲੋਂ ਨਸ਼ਿਆਂ ਤੇ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਸਮੇਤ ਬਜ਼ੁਰਗਾਂ ਲਈ ਤੀਰਥ ਯਾਤਰਾ ਯੋਜਨਾ ਦੀ ਪ੍ਰਸ਼ੰਸਾ ਕੀਤੀ ਤਾਂ ਮੇਜਰ ਸਿੰਘ ਸਿੱਧੂ ਨੇ ਨਹਿਰੀ ਪਾਣੀ ਟੇਲਾਂ ਤੱਕ ਪਹੁੰਚਾਉਣ, ਮੁਫਤ ਬਿਜਲੀ, ਔਰਤਾਂ ਲਈ ਮੁਫਤ ਸਫਰ, ਮਾਵਾਂ-ਧੀਆਂ ਸਤਿਕਾਰ ਯੋਜਨਾ, ਗੁਰਬਾਣੀ ਸੋਧ ਸਤਿਕਾਰ ਐਕਟ, 70 ਹਜ਼ਾਰ ਤੋਂ ਵੱਧ ਬਿਨਾਂ ਰਿਸ਼ਵਤ ਤੇ ਸਿਫਾਰਸ਼ ਤੋਂ ਨੌਕਰੀਆਂ ਆਦਿਕ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਇਸ ਵਾਰ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਬਿਨਾਂ ਮਿਹਨਤ ਕੀਤਿਆਂ ਦੁਬਾਰਾ ਫਿਰ ਸਰਕਾਰ ਬਣਾਉਣ ਦਾ ਮੌਕਾ ਮਿਲਣਾ ਸੁਭਾਵਿਕ ਹੈ।ਕੌਮੀ ਪ੍ਰਧਾਨ ਸ਼ਰਨਜੀਤ ਸਿੰਘ ਮੂਕਰ ਤੇ ਉਨ੍ਹਾ ਦੇ ਸਾਥੀਆਂ ਨੇ ਮੰਨਿਆ ਕਿ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਅਥਾਹ ਤਾਕਤ ਹੋਣ ਦੇ ਬਾਵਜੂਦ ਕਿਸੇ ਖਿਲਾਫ ਜ਼ਿਆਦਤੀ ਕਰਨ ਦੀ ਇਕ ਵੀ ਉਦਾਹਰਨ ਨਹੀਂ ਮਿਲਦੀ, ਜਿਸ ਕਰਕੇ ਲੋਕ ਉਨ੍ਹਾ ਨਾਲ ਜੁੜਨ ਵਿੱਚ ਖੁਸ਼ੀ ਤੇ ਮਾਣ ਮਹਿਸੂਸ ਕਰਦੇ ਹਨ।ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਾਰੀਆਂ ਉੱਘੀਆਂ ਸ਼ਖ਼ਸੀਅਤਾਂ ਦਾ ਪਾਰਟੀ ਵਿੱਚ ਗਰਮਜੋਸ਼ੀ ਨਾਲ ਸੁਆਗਤ ਕਰਦਿਆਂ ਆਖਿਆ ਕਿ ਉਨ੍ਹਾ ਨੂੰ ਪਾਰਟੀ ਵੱਲੋਂ ਬਣਦਾ ਮਾਣ ਸਨਮਾਨ ਮਿਲਦਾ ਰਹੇਗਾ।

# ਬੀ ਕੇ ਯੂ ਏਕਤਾ ਉਗਰਾਹਾਂ ਵੱਲੋਂ ਕੈਟਲ ਫੀਡ ਫੈਕਟਰੀ ਅੱਗੇ ਧਰਨਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਭਾਰਤ-ਅਮਰੀਕਾ ਵਪਾਰ ਸਮਝੌਤਾ, ਲੈਂਡ ਪੂਲਿੰਗ ਨੀਤੀ, ਕਰਜ਼ਾ ਮੁਕਤੀ, ਜ਼ਮੀਨਾਂ ਦੇ ਮਾਲਕੀ ਹੱਕ, ਹੜ੍ਹ ਪੀੜਤਾਂ ਲਈ ਮੁਆਵਜ਼ਾ ਤੇ ਪੁਲਸ ਜਬਰ ਵਰਗੇ ਮੁੱਦਿਆਂ ਖਿਲਾਫ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਚੱਲ ਰਹੇ ਸੰਘਰਸ਼ਾਂ ਨੂੰ ਕਾਰਪੋਰੇਟਾਂ ਵਿਰੁੱਧ ਸੇਧਤ ਕਰਦਿਆਂ ਸਾਮਰਾਜੀ ਲੁੱਟ ਦੇ ਕਾਰੋਬਾਰਾਂ ਖਿਲਾਫ ਧਰਨੇ ਦੇਣ ਦੇ ਫੈਸਲੇ ਤਹਿਤ ਜ਼ਿਲ੍ਹਾ ਬਠਿੰਡਾ ਵਿਖੇ ਖੁਸ਼ਕ ਬੰਦਰਗਾਹ ਵਿੱਚ ਸਥਿੱਤ ਕੈਟਲ ਕਾਰਗਿੱਲ ਕੰਪਨੀ ਦੀ ਕੈਟਲ ਫੀਡ ਫੈਕਟਰੀ ਅੱਗੇ ਇੱਕ ਰੋਜ਼ਾ ਧਰਨਾ ਦਿੱਤਾ, ਜਿਸ ਵਿੱਚ ਬਠਿੰਡਾ, ਮਾਨਸਾ, ਬਰਨਾਲਾ, ਮੋਗਾ, ਲੁਧਿਆਣਾ ਤੇ ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨ, ਮਜ਼ਦੂਰ ਤੇ ਔਰਤਾਂ ਸ਼ਾਮਲ ਹੋਏ।ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ, ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ, ਮੀਤ ਪ੍ਰਧਾਨ ਰੂਪ ਸਿੰਘ ਛੰਨਾ, ਔਰਤ ਜਥੇਬੰਦੀ ਦੀ ਸੂਬਾ ਆਗੂ ਹਰਿੰਦਰ ਬਿੰਦੂ, ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਰਾਮ ਸਿੰਘ ਭੈਣੀ ਬਾਘਾ, ਬਰਨਾਲਾ ਤੋਂ ਚਮਕੌਰ ਸਿੰਘ ਨੈਣੇਵਾਲ, ਮੋਗਾ ਤੋਂ ਅਮਰਜੀਤ ਸਿੰਘ ਸੈਦੋਕੇ, ਫਾਜ਼ਿਲਕਾ ਤੋਂ ਜਗਸੀਰ ਸਿੰਘ ਘੋਲਾ ਤੇ ਫਰੀਦਕੋਟ ਤੋਂ ਨੱਥਾ ਸਿੰਘ ਰੋੜੀ ਕਪੂਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੁਨੀਆ ਦੀਆਂ ਸਾਮਰਾਜੀ ਰਾਸ਼ਟਰੀ, ਬਹੁਰਾਸ਼ਟਰੀ ਕੰਪਨੀਆਂ ਵੱਲੋਂ ਭਾਰਤ ਵਿੱਚ ਵੱਡੇ ਕਾਰੋਬਾਰਾਂ ਰਾਹੀਂ ਦੇਸ਼ ਦੇ ਕਿਰਤੀ ਲੋਕਾਂ ਦੀ ਅੰਨ੍ਹੀਂ ਲੁੱਟ ਕੀਤੀ ਜਾ ਰਹੀ ਹੈ ਤੇ ਇਸ ਲੁੱਟ ਨੂੰ ਜਾਰੀ ਰੱਖਣ ਲਈ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਖੁੱਲ੍ਹੀਆਂ ਛੋਟਾਂ ਦਿੱਤੀਆਂ ਹੋਈਆਂ ਹਨ। ਇਨ੍ਹਾਂ ਕੰਪਨੀਆਂ ਨੂੰ ਵੱਡੀਆਂ ਟੈਕਸ ਛੋਟਾਂ ਦੇ ਕੇ ਤੇ ਇਨ੍ਹਾਂ ਦੇ ਲੱਖਾਂ ਕਰੋੜਾਂ ਦੇ ਕਰਜ਼ੇ ਤੇ ਟੈਕਸ ਮਾਫ ਕੀਤੇ ਜਾਂਦੇ ਹਨ, ਜਦੋਂ ਕਿ ਲੁੱਟ ਦਾ ਸ਼ਿਕਾਰ ਹੋ ਰਹੇ ਕਿਸਾਨਾਂ, ਮਜ਼ਦੂਰਾਂ ਤੇ ਹੋਰ ਕਿਰਤੀ ਲੋਕਾਂ ਸਿਰ ਕਰਜ਼ੇ ਦੀਆਂ ਪੰਡਾਂ ਚੜ੍ਹੀਆਂ ਹੋਈਆਂ ਹਨ, ਜਿਸ ਕਾਰਨ ਗਰੀਬ ਲੋਕਾਂ ਨੂੰ ਰੋਜ਼ਾਨਾ ਪੂਰੇ ਡੰਗ ਦੀ ਰੋਟੀ ਵੀ ਨਹੀਂ ਮਿਲ ਰਹੀ।ਆਗੂਆਂ ਨੇ ਐਲਾਨ ਕੀਤਾ ਕਿ 30 ਅਗਸਤ ਤੋਂ ਇਨ੍ਹਾਂ ਮੰਗਾਂ ਤੇ ਪੂਰਤੀ ਲਈ ਜ਼ਿਲ੍ਹਾ ਦਫਤਰਾਂ ਅੱਗੇ ਪੱਕੇ ਮੋਰਚੇ ਲਾਏ ਜਾਣਗੇ।

ਬੁਲਾਰਿਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਵਾਰਤਾ ਰੱਦ ਕਰੋ, ਸਭਨਾਂ ਸਾਮਰਾਜੀ ਮੁਲਕਾਂ ਨਾਲ ਕੀਤੇ ਹੋਏ ਮੁਕਤ ਵਪਾਰ ਸਮਝੌਤੇ ਰੱਦ ਕਰੋ, ਮੁੜ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਨੀਤੀ ਦੀ ਵਿਉਂਤ ਰੱਦ ਕਰੋ, ਆਬਾਦਕਾਰਾਂ, ਸਾਬਕਾ ਮੁਜ਼ਾਹਰੇ ਕਿਸਾਨਾਂ ਸਮੇਤ ਦਹਾਕਿਆਂ ਤੋਂ ਕਾਸ਼ਤਕਾਰ ਤੁਰੇ ਆ ਰਹੇ ਕਿਸਾਨਾਂ ਖੇਤ ਮਜ਼ਦੂਰਾਂ ਨੂੰ ਜ਼ਮੀਨਾਂ ਦੇ ਮਾਲਕੀ ਹੱਕ ਦਿਓ, ਕਿਸਾਨਾਂ, ਖੇਤ ਮਜ਼ਦੂਰਾਂ ਤੇ ਹੋਰਨਾਂ ਦਿਹਾੜੀਦਾਰ ਕਿਰਤੀਆਂ ਦੇ ਸਾਰੇ ਕਰਜ਼ੇ ਖਤਮ ਕਰੋ, ਮਹਿੰਗਾਈ ਵਧਾਉਣ ਦੇ ਸਾਰੇ ਕਦਮ ਰੋਕੋ, ਤੇਲ, ਗੈਸ, ਖੰਡ, ਖਾਦਾਂ ਤੇ ਹੋਰਨਾਂ ਕੀਮਤਾਂ 'ਚ ਕੀਤੇ ਵਾਧੇ ਵਾਪਸ ਲਓ ਆਦਿ।ਇਕੱਠ ਵੱਲੋਂ ਟੀ ਵੀ ਪੱਤਰਕਾਰ ਮਨਿੰਦਰਜੀਤ ਸਿੱਧੂ 'ਤੇ ਕਤਲ ਵਰਗੀਆਂ ਸਖ਼ਤ ਧਰਾਵਾਂ ਤਹਿਤ ਪਰਚਾ ਦਰਜ ਕਰਨ ਦੀ ਨਿਖੇਧੀ ਕੀਤੀ ਤੇ ਇਹ ਝੂਠਾ ਪਰਚਾ ਤੁਰੰਤ ਰੱਦ ਕਰਨ ਦੀ ਮੰਗ ਕੀਤੀ।ਇਸ ਤੋਂ ਪਹਿਲਾਂ ਮੌੜ ਜ਼ੋਨ ਏਰੀਏ ਵਿੱਚ ਡਰੋਨ ਨਾਲ ਨਿਰੀਖਣ ਕਰਨ ਸਬੰਧੀ ਐੱਸਡੀਐੱਮ ਮੌੜ ਨੂੰ ਆਪਣੀ ਟੀਮ ਨਾਲ ਮਿਲ ਕੇ ਆਏ ਪ੍ਰਧਾਨ ਝੰਡਾ ਸਿੰਘ ਸਿੰਘ ਜੇਠੂਕੇ ਨੇ ਕਿਹਾ ਕਿ ਪਿੰਡ ਦੇ ਲੋਕਾਂ ਦੀ ਸਹਿਮਤੀ ਤੋਂ ਬਿਨਾਂ ਪਿੰਡਾਂ ਜਾਂ ਖੇਤਾਂ ਵਿੱਚ ਨਿਰੀਖਣ ਕਰਨ ਆਏ ਅਧਿਕਾਰੀਆਂ ਦਾ ਵਿਰੋਧ ਕੀਤਾ ਜਾਵੇਗਾ।

# 'ਰੰਗਲਾ ਪੰਜਾਬ' ਮੁਹਿੰਮ ਤਹਿਤ ਬਲਾਕ ਖੇੜਾ ਦੇ 28 ਪਿੰਡਾਂ ਦਾ ਹੋਵੇਗਾ ਸਰਬਪੱਖੀ ਵਿਕਾਸ : ਰਾਏ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬਲਾਕ ਖੇੜਾ ਵਿਖੇ 'ਰੰਗਲਾ ਪੰਜਾਬ' ਮੁਹਿੰਮ ਤਹਿਤ 28 ਪਿੰਡਾਂ ਦੀਆਂ ਪੰਚਾਇਤਾਂ ਨੂੰ ਵੱਖ-ਵੱਖ ਵਿਕਾਸ ਕਾਰਜਾਂ ਲਈ 01 ਕਰੋੜ 71 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਵੰਡੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਦੀ ਤਰਜ਼ 'ਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਵਿਧਾਇਕ ਰਾਏ ਨੇ ਦੱਸਿਆ ਕਿ ਪਿੰਡ ਮਾਨੂੰਪੁਰ ਵਿਖੇ ਆਂਗਣਵਾੜੀ ਸੈਂਟਰ ਦੀ ਕੰਧ ਤੇ ਛੱਤ ਲਈ 3 ਲੱਖ ਰੁਪਏ, ਰਾਮਪੁਰ ਵਿਖੇ ਕਮਿਊਨਿਟੀ ਸੈਂਟਰ ਲਈ 5 ਲੱਖ, ਪਾਰਕ ਟਰੈਕ ਲਈ 3.50 ਲੱਖ ਤੇ ਧਰਮਸ਼ਾਲਾ ਲਈ 3 ਲੱਖ ਰੁਪਏ, ਰਾਮਪੁਰ ਨੌਂ ਦੇ ਸੁਵਿਧਾ ਕੇਂਦਰ ਲਈ 03 ਲੱਖ ਤੇ ਸੀਵਰੇਜ ਲਈ 02 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ।ਪਿੰਡ ਸੱਦੋਮਾਜਰਾ ਨੂੰ 08 ਲੱਖ, ਸ਼ਮਸ਼ੇਰ ਨਗਰ ਨੂੰ 03.50 ਲੱਖ, ਪਿੰਡ ਸਿੰਧੜਾ ਲਈ 04 ਲੱਖ ਰੁਪਏ, ਪਿੰਡ ਜਲਵੇੜੀ ਗਹਿਲਾ ਲਈ 05 ਲੱਖ ਤੇ ਪਿੰਡ ਜਲਵੇੜਾ ਲਈ 5.50 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ।ਪਿੰਡ ਕੋਟਲਾ ਭਾਈ ਕਾ ਦੇ ਛੱਪੜ ਦੀ ਰੈਨੋਵੇਸ਼ਨ ਲਈ 02 ਲੱਖ ਰੁਪਏ, ਖੇੜੀ ਭਾਈ ਕੀ ਨੂੰ 10 ਲੱਖ ਰੁਪਏ, ਹਰੀਪੁਰ ਹੱਡਾਰੋੜੀ ਦੇ ਰਸਤੇ ਲਈ 05 ਲੱਖ ਰੁਪਏ, ਪਿੰਡ ਧੀਰਪੁਰ ਲਈ 10 ਲੱਖ, ਪਿੰਡ ਬੀਬੀਪੁਰ ਵਿਖੇ ਸ਼ਹੀਦ ਮਨਪ੍ਰੀਤ ਸਿੰਘ ਦੀ ਯਾਦ ਵਿੱਚ ਯਾਦਗਾਰੀ ਗੇਟ ਲਈ 03 ਲੱਖ ਰੁਪਏ ਜਾਰੀ ਕੀਤੇ ਹਨ।ਪਿੰਡ ਭੈਣੀ ਖੁਰਦ ਲਈ 04 ਲੱਖ ਰੁਪਏ, ਪਿੰਡ ਭੈਰੋਪੁਰ ਲਈ 11 ਲੱਖ ਰੁਪਏ, ਪਿੰਡ ਭੈਣੀ ਕਲਾ ਲਈ 05 ਲੱਖ ਰੁਪਏ, ਭਗੜਾਣਾ ਬੱਸ ਸਟੈਂਡ ਤੇ ਇੰਟਰਲੋਕ ਟਾਈਲਾਂ ਲਈ 10 ਲੱਖ ਰੁਪਏ, ਬਲਾੜੀ ਕਲਾਂ ਲਈ 7 ਲੱਖ ਰੁਪਏ ਤੇ ਬਲਾੜੀ ਖੁਰਦ ਲਈ 02 ਲੱਖ ਰੁਪਏ ਅਤੇ ਪਿੰਡ ਬਲਾੜਾ ਲਈ 7.50 ਲੱਖ ਰੁਪਏ ਜਾਰੀ ਕੀਤੇ ਹਨ।ਉਨ੍ਹਾਂ ਦੱਸਿਆ ਕਿ ਬਡਾਲੀ ਆਲਾ ਸਿੰਘ ਦੇ ਵਿਕਾਸ ਕੰਮਾਂ ਲਈ 12 ਲੱਖ ਰੁਪਏ, ਪਿੰਡ ਲੋਹਾ ਖੇੜੀ ਲਈ 04 ਲੱਖ, ਪਿੰਡ ਮੰਡੋਫਲ ਲਈ 05 ਲਈ, ਸਲੇਮਪੁਰ ਤੋਂ ਚੋਲਟੀ ਖੇੜੀ ਇੰਟਰਲੋਕ ਟਾਇਲ ਲਈ 5 ਲੱਖ, ਜਨਰਲ ਧਰਮਸ਼ਾਲਾ ਦੀ ਉਸਾਰੀ ਲਈ 2 ਲੱਖ 50 ਹਜ਼ਾਰ ਰੁਪਏ ਜਾਰੀ ਕੀਤੇ ਹਨ।ਇਸ ਮੌਕੇ ਬਲਾਕ ਸੰਮਤੀ ਖੇੜਾ ਦੀ ਚੇਅਰਮੈਨ ਤੇ ਆਪ ਆਗੂ ਹਰਮੇਸ਼ ਪੂਨੀਆ ਵੱਲੋਂ ਵਿਧਾਇਕ ਰਾਏ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਮਰਿੰਦਰ ਮਡੋਫਲ ਬਲਾਕ ਸੰਮਤੀ ਮੈਂਬਰ, ਬਿਕਰਮ ਵਿੱਕੀ ਬਿਕਰ ਰਜਿੰਦਰਗੜ੍ਹ, ਮਨਦੀਪ ਪੋਲਾ, ਸਤੀਸ਼ ਲਟੌਰ, ਮਾਨਵ ਟਿਵਾਣਾ ਹਾਜ਼ਰ ਸਨ।

## ਚੜਿੱਕ ਦੇ ਕਈ ਆਗੂ ਪਰਿਵਾਰਾਂ ਸਮੇਤ ਆਪ 'ਚ ਸ਼ਾਮਲ



ਮੋਗਾ (ਇਕਬਾਲ ਸਿੰਘ ਖਹਿਰਾ)-ਪਿੰਡ ਚੜਿੱਕ ਦੀ ਜਗੀਰ ਪੱਤੀ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ, ਵਿਕਾਸ ਕਾਰਜਾਂ ਤੇ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਤੋਂ ਪ੍ਰਭਾਵਿਤ ਹੋ ਕੇ ਗੁਰਪ੍ਰੀਤ ਸਿੰਘ, ਜਗਜੀਤ ਸਿੰਘ, ਗੁਰਜੰਟ ਸਿੰਘ, ਹਰਦੀਪ ਸਿੰਘ ਤੇ ਰਣਜੀਤ ਸਿੰਘ ਨੇ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਪਣੇ ਪਰਿਵਾਰਾਂ ਤੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਮੌਕੇ ਮੋਗਾ ਹਲਕੇ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਵਿਧਾਇਕ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਉਦੇਸ਼ ਆਮ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਤੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਸਰਕਾਰ ਵੱਲੋਂ ਸਿੱਖਿਆ, ਸਿਹਤ, ਸੜਕਾਂ, ਪੀਣ ਵਾਲੇ ਪਾਣੀ, ਸੀਵਰੇਜ ਸਮੇਤ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀ ਲੋਕ-ਹਿਤੈਸ਼ੀ ਸੋਚ ਅਤੇ ਇਲਾਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।

## ਦੁਕਾਨਦਾਰ ਮਿਆਰੀ, ਸੁਰੱਖਿਅਤ ਤੇ ਕਾਨੂੰਨੀ ਯੋਗ ਤੌਰ 'ਤੇ ਖਾਧ ਪਦਾਰਥਾਂ ਦੀ ਖਰੀਦੋ-ਫਰੋਖ਼ਤ ਕਰਨ : ਹੀਰਾ ਖੁਰਾਨਾ



ਮੁੱਖੂ (ਰਛਪਾਲ ਸਿੰਘ ਸੰਧੂ)-ਕਰਿਆਨਾ ਯੂਨੀਅਨ ਦੇ ਪ੍ਰਧਾਨ ਹੀਰਾ ਖੁਰਾਣਾ ਨੇ ਸਮੂਹ ਕਰਿਆਨਾ ਦੁਕਾਨਦਾਰਾਂ, ਹੋਲਸੇਲਰਾਂ, ਰਿਟੇਲਰਾਂ ਅਤੇ ਡਿਸਟ੍ਰੀਬਿਊਟਰਾਂ ਨੂੰ ਸੂਚਿਤ ਕਰਦਿਆਂ ਕਿਹਾ ਕਿ ਤਿਉਹਾਰਾਂ ਦਾ ਸੀਜ਼ਨ ਆਉਣ ਵਾਲਾ ਹੈ। ਸਮੂਹ ਵਪਾਰੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਨਕਲੀ, ਮਿਲਾਵਟੀ, ਘਟੀਆ ਜਾਂ ਮਨੁੱਖੀ ਸਿਹਤ ਲਈ ਹਾਨੀਕਾਰਕ ਖਾਦ ਪਦਾਰਥਾਂ ਦੀ ਕਿਸੇ ਵੀ ਤਰ੍ਹਾਂ ਦੀ ਖਰੀਦ-ਫਰੋਖ਼ਤ ਨਾ ਕੀਤੀ ਜਾਵੇ।ਖਾਸ ਤੌਰ 'ਤੇ ਨਕਲੀ ਤੇਲ, ਨਕਲੀ ਦੇਸੀ ਘਿਓ, ਮਿਲਾਵਟੀ ਦੁੱਧ ਉਤਪਾਦ, ਪੈਕਡ ਤੇ ਹੋਰ ਸ਼ੱਕੀ ਜਾਂ ਗੈਰ-ਮਿਆਰੀ ਖਾਦ ਪਦਾਰਥਾਂ ਦੀ ਖਰੀਦ ਅਤੇ ਵਿਕਰੀ ਨੂੰ ਪੂਰੀ ਤਰ੍ਹਾਂ ਬੰਦ ਕੀਤਾ ਜਾਵੇ।ਜੇਕਰ ਕਿਸੇ ਦੁਕਾਨਦਾਰ ਕੋਲ ਅਜਿਹਾ ਕੋਈ ਸ਼ੱਕੀ ਜਾਂ ਮਿਲਾਵਟੀ ਸਮਾਨ ਮੌਜੂਦ ਹੈ ਤਾਂ ਉਨ੍ਹਾਂ ਤੁਰੰਤ ਸਪਲਾਇਰ/ਵਿਕਰੇਤਾ ਨੂੰ ਵਾਪਸ ਕੀਤਾ ਜਾਵੇ ਤੇ ਅਜਿਹੇ ਸਮਾਨ ਦੀ ਅੱਗੇ ਵਿਕਰੀ ਨਾ ਕੀਤੀ ਜਾਵੇ।ਹੀਰਾ ਖੁਰਾਣਾ ਨੇ ਕਿਹਾ ਕਿ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕੋਈ ਹੋਲਸੇਲਰ, ਰਿਟੇਲਰ ਜਾਂ ਡਿਸਟ੍ਰੀਬਿਊਟਰ ਨਕਲੀ ਜਾਂ ਮਿਲਾਵਟੀ ਖਾਦ ਪਦਾਰਥ ਵੇਚਦਾ ਪਾਇਆ ਜਾਂਦਾ ਹੈ, ਤਾਂ ਉਸ ਮਾਮਲੇ 'ਚ ਕਰਿਆਨਾ ਯੂਨੀਅਨ ਵੱਲੋਂ ਕਿਸੇ ਵੀ ਤਰ੍ਹਾਂ ਦੀ ਸਹਾਇਤਾ, ਸਿਫ਼ਾਰਸ਼ ਜਾਂ ਸਮਰਥਨ ਨਹੀਂ ਦਿੱਤਾ ਜਾਵੇਗਾ।ਅਜਿਹੇ ਮਾਮਲੇ ਨੂੰ ਯੂਨੀਅਨ ਵੱਲੋਂ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਵਿਭਾਗ ਦੇ ਧਿਆਨ 'ਚ ਲਿਆ ਕੇ ਕਾਨੂੰਨ ਅਨੁਸਾਰ ਕਾਰਵਾਈ ਕਰਾਉਣ ਵਿੱਚ ਸਹਿਯੋਗ ਕੀਤਾ ਜਾਵੇਗਾ। ਉਨ੍ਹਾਂ ਸਾਰੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਆਪਣੇ ਕਾਰੋਬਾਰ 'ਚ ਕੇਵਲ ਮਿਆਰੀ, ਸੁਰੱਖਿਅਤ ਤੇ ਕਾਨੂੰਨੀ ਤੌਰ 'ਤੇ ਮਨਜ਼ੂਰ ਖਾਧ ਪਦਾਰਥਾਂ ਦੀ ਖਰੀਦ-ਫਰੋਖ਼ਤ ਕਰਨ ਤੇ ਬਿੱਲ/ਖਰੀਦ ਰਿਕਾਰਡ ਸੰਭਾਲ ਕੇ ਰੱਖਣ।ਸਿਹਤਮੰਦ ਸਮਾਜ ਤੇ ਸਾਫ਼-ਸੁਥਰੇ ਵਪਾਰ ਲਈ ਸਾਰੇ ਵਪਾਰੀਆਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਮੀਟਿੰਗ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਆਫੀਸਰ ਕਲੱਬ ਫਰੀਦਕੋਟ ਵਿਖੇ ਹੋਈ।ਇਸ ਮੌਕੇ ਡਾਕਟਰ ਕੁਲਵੰਤ ਸਿੰਘ ਚਹਿਲ ਸਕੱਤਰ ਨੇ ਮੀਟਿੰਗ ਵਿੱਚ ਪਹੁੰਚੇ ਡਾਕਟਰ ਸਾਥੀਆਂ ਨੂੰ ਜੀ ਆਇਆਂ ਕਿਹਾ ਤੇ ਮੀਟਿੰਗ ਦੀ ਸ਼ੁਰੂਆਤ ਕੀਤੀ।ਗਿੱਲ ਆਈ ਹੋਸਪੀਟਲ ਫਰੀਦਕੋਟ ਤੋਂ ਪਹੁੰਚੇ ਸੀਨੀਅਰ ਡਾਕਟਰ ਕੇ ਪੀ ਐੱਸ ਗਿੱਲ ਨੇ ਅੱਖਾਂ ਨਾਲ ਸਬੰਧਤ ਬਿਮਾਰੀਆਂ ਦੀ ਜਾਣਕਾਰੀ ਦਿੱਤੀ ਤੇ ਸਮੇਂ ਸਿਰ ਇਲਾਜ ਤੇ ਸਾਵਧਾਨੀਆਂ ਬਾਰੇ ਮੈਂਬਰਾਂ ਨੂੰ ਜਾਗਰੂਕ ਕੀਤਾ।ਸਿਵਲ ਹਸਪਤਾਲ ਫਰੀਦਕੋਟ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਕਟਰ ਰਾਜ ਬਹਾਦਰ ਸਿੰਘ ਮੈਡੀਸਨ ਸਪੈਸ਼ਲਿਸਟ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਤੇ ਮੈਡੀਸਨ ਵਿਭਾਗ ਨਾਲ ਸੰਬੰਧਤ ਬਿਮਾਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਮੀਟਿੰਗ ਵਿੱਚ ਪਿਛਲੇ ਦਿਨੀਂ ਬਲਾਕ ਫਰੀਦਕੋਟ ਦੀ ਐਗਜ਼ੈਕਟਿਵ ਬਾਡੀ ਵੱਲੋਂ ਲਏ ਗਏ ਫ਼ੈਸਲਿਆਂ ਨੂੰ ਇਸ ਵਾਰ ਲਾਗੂ ਕਰਨ ਸਬੰਧੀ ਚਰਚਾ ਕੀਤੀ ਗਈ।ਮੀਟਿੰਗ ਦੇ ਅੰਤ ਵਿੱਚ ਡਾਕਟਰ ਅੰਮ੍ਰਿਤ ਪਾਲ ਸਿੰਘ ਟਹਿਣਾ ਬਲਾਕ ਪ੍ਰਧਾਨ ਨੇ ਮੀਟਿੰਗ 'ਚ ਆਏ ਹੋਏ ਡਾਕਟਰ ਸਾਥੀਆਂ ਦਾ ਧੰਨਵਾਦ ਕੀਤਾ ਤੇ ਉਚੇਚੇ ਤੌਰ 'ਤੇ ਪਹੁੰਚੇ ਡਾਕਟਰ ਕੇ ਪੀ ਐੱਸ ਗਿੱਲ ਤੇ ਡਾਕਟਰ ਰਾਜ ਬਹਾਦਰ ਸਿੰਘ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਪੰਜਾਬ ਕੋ-ਐਜੂਕੇਸ਼ਨ ਸਕੂਲ ਦੀ ਰੱਸਾਕਸ਼ੀ ਮੁਕਾਬਲਿਆਂ 'ਚ ਹੂੰਝਾ ਫੇਰ ਜਿੱਤ



ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਸ਼ਹਿਰ ਦੀ ਮਾਣਮੱਤੀ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸੰਸਥਾ ਦੇ ਬਾਨੀ ਸਵ. ਪ੍ਰਿੰਸੀਪਲ ਗੁਰਦੇਵ ਸਿੰਘ ਦੇ ਆਸ਼ੀਰਵਾਦ ਸਦਕਾ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਦੀ ਬਹੁਤ ਹੀ ਯੋਗ ਤੇ ਸੁਚੱਜੀ ਅਗਵਾਈ ਵਿੱਚ ਪੜ੍ਹਾਈ ਦੇ ਨਾਲ-ਨਾਲ ਹਰ ਸਾਲ ਖੇਡਾਂ ਵਿੱਚ ਵੀ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕਰਦੀ ਹੈ, ਨੇ ਇਸ ਵਾਰ ਵੀ ਜ਼ੋਨ ਪੱਧਰੀ ਮੁਕਾਬਲਿਆਂ ਵਿੱਚ ਜਿੱਤ ਦੇ ਝੰਡੇ ਗੱਡ ਕੇ ਸਕੂਲ ਦਾ ਨਾਮ ਰੁਸ਼ਨਾਇਆ।ਇਨ੍ਹਾਂ ਮੁਕਾਬਲਿਆਂ ਵਿੱਚ ਅੰਡਰ-14, ਅੰਡਰ-17 ਤੇ ਅੰਡਰ-19 ਵਰਗ ਦੇ ਲੜਕੇ ਤੇ ਲੜਕੀਆਂ ਨੇ ਭਾਗ ਲਿਆ, ਜਿਸ ਵਿੱਚ ਤਿੰਨੇ ਵਰਗਾਂ ਨੇ ਹੂੰਝਾ ਫੇਰ ਜਿੱਤ ਪ੍ਰਾਪਤ ਕਰਕੇ ਆਪਣਾ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਗੋਲਡ ਮੈਡਲ ਨਾਲ ਸਨਮਾਨਤ ਕੀਤਾ।ਇਸ ਮੌਕੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਖਿਡਾਰੀਆਂ ਨੂੰ ਇਸੇ ਤਰ੍ਹਾਂ ਹੀ ਅੱਗੇ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਤੇ ਭਵਿੱਖ ਵਿੱਚ ਸ਼ਾਨਦਾਰ ਜਿੱਤ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਪ੍ਰਿੰਸੀਪਲ ਪ੍ਰਮਿੰਦਰ ਕੌਰ, ਡਾਇਰੈਕਟਰ ਕਿਡਜ਼ੀ ਸੁਧਾ ਮਹਿਤਾ, ਕੋਆਰਡੀਨੇਟਰ ਮੁਕੇਸ਼ ਅਰੋੜਾ, ਖੁਸ਼ਪ੍ਰੀਤ ਕੌਰ, ਡੀ.ਪੀ.ਈ. ਬਲਰਾਜ ਸਿੰਘ, ਕੋਚ ਨਵਨੀਤ ਸਿੰਘ, ਕੋਚ ਵਿੱਕੀ ਸਿੰਘ ਤੇ ਸਮੁੱਚਾ ਸਟਾਫ ਸ਼ਾਮਲ ਸੀ।ਇਸ ਮੌਕੇ ਪ੍ਰਿੰਸੀਪਲ ਮਹਿਤਾ ਨੇ ਕੋਚ ਨਵਨੀਤ ਸਿੰਘ ਤੇ ਕੋਚ ਲਵਪ੍ਰੀਤ ਸਿੰਘ (ਵਿੱਕੀ) ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

## ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ ਵਿਖੇ ਸਦਭਾਵਨਾ ਦਿਵਸ ਮਨਾਇਆ



ਕੋਟਕਪੂਰਾ (ਰਛਪਾਲ ਭੁੱਲਰ)-ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਸਦਭਾਵਨਾ ਦਿਵਸ ਮਨਾਇਆ ਗਿਆ।ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਸਹਿਯੋਗ ਦੀ ਭਾਵਨਾ ਵਿਕਸਿਤ ਕਰਨਾ ਹੈ।ਇਸ ਮੌਕੇ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਹ ਦਿਨ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ ਜਨਮ ਦਿਨ ਮੌਕੇ ਬੜੀ ਹੀ ਖੁਸ਼ੀ ਨਾਲ ਪੂਰੇ ਭਾਰਤ ਵਿੱਚ ਮਨਾਇਆ ਜਾਂਦਾ ਹੈ।ਉਨ੍ਹਾਂ ਦਾ ਵਿਸ਼ਵਾਸ ਸੀ ਕਿ ਜੇਕਰ ਦੇਸ਼ ਦਾ ਹਰ ਨਾਗਰਿਕ ਪਿਆਰ, ਸਹਿਯੋਗ ਤੇ ਸਦਭਾਵਨਾ ਨਾਲ ਰਹੇਗਾ ਤਾਂ ਦੇਸ਼ ਬੜੀ ਜਲਦੀ ਹੀ ਵਿਕਾਸ ਦੀਆਂ ਉਚਾਈਆਂ ਤੱਕ ਪਹੁੰਚੇਗਾ।ਇਸ ਉਪਰੰਤ ਵਿਦਿਆਰਥੀਆਂ ਵੱਲੋਂ ਕਵਿਤਾ ਉਚਾਰਨ ਤੇ ਭਾਸ਼ਣ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਦੱਸਿਆ ਕਿ ਸਦਭਾਵਨਾ ਦਾ ਅਰਥ ਹੈ ਭਾਈਚਾਰੇ ਤੇ ਏਕਤਾ ਨਾਲ ਰਹਿਣਾ।ਇਹ ਸਾਡੇ ਜੀਵਨ ਦਾ ਆਧਾਰ ਹੈ।ਸਾਨੂੰ ਕਿਸੇ ਵੀ ਆਧਾਰ 'ਤੇ ਕਿਸੇ ਮਨੁੱਖ ਨਾਲ ਕੋਈ ਭੇਦਭਾਵ ਨਹੀਂ ਕਰਨਾ ਚਾਹੀਦਾ ਸਗੋਂ ਸਾਰਿਆਂ ਨਾਲ ਮਿਲ ਜੁਲ ਕੇ ਰਹਿਣਾ ਚਾਹੀਦਾ ਹੈ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਸੁਰਿੰਦਰ ਕੌਰ ਤੇ ਪ੍ਰਿੰਸੀਪਲ ਸ੍ਰੀਮਤੀ ਸੋਮਾ ਦੇਵੀ ਨੇ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

## ਮੇਲਾ ਤੀਆਂ ਦਾ ਧੂਮ-ਧਾਮ ਨਾਲ ਮਨਾਇਆ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ, ਬਲਵਿੰਦਰ ਵਜੀਦਕੇ)-ਮਹਿਲ ਕਲਾਂ ਵਿਖੇ 'ਮੇਲਾ ਤੀਆਂ ਦਾ' ਸਰਪੰਚ ਬੀਬੀ ਕਿਰਨਾ ਰਾਣੀ ਦੀ ਅਗਵਾਈ ਹੇਠ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਜ਼ਿਲ੍ਹਾ ਪ੍ਰੀਸ਼ਦ ਬਰਨਾਲਾ ਦੇ ਚੇਅਰਪਰਸਨ ਬੀਬੀ ਰਮਨਦੀਪ ਕੌਰ ਗੁੰਮਟੀ ਨੇ ਗ੍ਰਾਮ ਪੰਚਾਇਤ ਮਹਿਲ ਕਲਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਤਿਉਹਾਰ ਆਪਸੀ ਪਿਆਰ ਤੇ ਮੇਲ ਮਿਲਾਪ ਨੂੰ ਵਧਾਉਂਦੇ ਹਨ। ਤੀਆਂ ਵਰਗੇ ਸੱਭਿਆਚਾਰਕ ਮੇਲੇ ਜਿੱਥੇ ਔਰਤਾਂ ਨੂੰ ਆਪਣੀ ਕਲਾ ਤੇ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਮੰਚ ਪ੍ਰਦਾਨ ਕਰਦੇ ਹਨ, ਉੱਥੇ ਹੀ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਸੱਭਿਆਚਾਰ ਤੇ ਵਿਰਸੇ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।ਸਰਪੰਚ ਬੀਬੀ ਕਿਰਨਾ ਰਾਣੀ ਨੇ ਤੀਆਂ ਦੌਰਾਨ ਭਾਗ ਲੈਣ ਲਈ ਪਹੁੰਚੀਆਂ ਮੁਟਿਆਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਦੀ ਧੀਆਂ ਦੇ ਮਾਣ ਨੂੰ ਵਧਾਉਣ ਲਈ ਅਗਲੇ ਸਾਲ ਤੀਆਂ ਦਾ ਮੇਲਾ ਇਸ ਤੋਂ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਕਰਵਾਇਆ ਜਾਵੇਗਾ। ਇਸ ਮੌਕੇ ਚੇਅਰਮੈਨ ਚਰਨ ਸਿੰਘ ਖੇੜੀ, ਆੜ੍ਹਤੀਆਂ ਸਰਬਜੀਤ ਸਿੰਘ ਸਰਬੀ, ਸਰਪੰਚ ਲਖਵੀਰ ਸਿੰਘ ਮੂੰਮ, ਸਰਪੰਚ ਲਖਵੀਰ ਸਿੰਘ ਸਹੌਰ, ਨੰਬਰਦਾਰ ਗੁਰਜੰਟ ਸਿੰਘ ਚੰਨਣਵਾਲ, ਸਰਪੰਚ ਧਰਮਪਾਲ ਸਿੰਘ, ਸਰਪੰਚ ਜਗਜੀਵਨ ਸਿੰਘ ਕਲਾਲ ਮਾਜਰਾ, ਸਰਪੰਚ ਅਮਨਦੀਪ ਕੌਰ ਧਨੇਰ, ਸਰਪੰਚ ਕ੍ਰਿਸ਼ਨ ਸਿੰਘ ਨਰੈਣਗੜ੍ਹ ਸੋਹੀਆਂ, ਨਿਰਭੈ ਸਿੰਘ ਛੀਨੀਵਾਲ ,ਕਿਰਨਜੀਤ ਸਿੰਘ ਮਿੰਟੂ ਬੀਹਲਾ, ਲੇਖਾਕਾਰ ਅਮਰਜੀਤ ਕੌਰ, ਪੰਚਾਇਤ ਸਕੱਤਰ ਗੁਰਦੀਪ ਸਿੰਘ, ਪੰਚਾਇਤ ਸਕੱਤਰ ਗੁਰਪ੍ਰੀਤ ਕੌਰ ਆਦਿ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਯੂਥ ਆਗੂ ਅਰੁਣ ਕੁਮਾਰ ਬਾਂਸਲ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਸਮੂਹ ਨਗਰ ਨਿਵਾਸੀਆਂ, ਸਹਿਯੋਗੀਆਂ ਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।ਸਮਾਗਮ ਦੌਰਾਨ ਸਟੇਜ ਦੀ ਭੂਮਿਕਾ ਮੈਡਮ ਬਲਜਿੰਦਰ ਕੌਰ ਤੇ ਜਗਮੋਹਨ ਸ਼ਾਹ ਰਾਏਸਰ ਵੱਲੋਂ ਬਾਖੂਬੀ ਨਿਭਾਈ ਗਈ।

## 326 ਸੰਸਦ ਮੈਂਬਰਾਂ ਤੇ 14 ਮੁੱਖ ਮੰਤਰੀਆਂ ਵਿਰੁੱਧ ਸੰਗੀਨ ਅਪਰਾਧਿਕ ਕੇਸ ਮੰਦਭਾਗੇ : ਟਿਵਾਣਾ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਇੰਡੀਆ ਦੇ ਹੁਕਮਰਾਨ ਆਪਣੇ ਆਪ ਨੂੰ ਧਰਮੀ, ਵਿਧਾਨਿਕ ਲੀਹਾਂ ਉੱਤੇ ਚੱਲਣ ਵਾਲੇ ਮੁਲਕ ਦੀ ਬਿਹਤਰੀ ਕਰਨ ਵਾਲੇ ਸਾਬਤ ਕਰਨ ਲਈ ਹਰ ਉਹ ਹੀਲੇ ਵਸੀਲੇ ਦੀ ਵਰਤੋਂ ਕਰ ਰਹੇ ਹਨ ਤੇ ਅਜਿਹਾ ਪ੍ਰਚਾਰ ਤੇ ਪ੍ਰਸਾਰ ਕਰਨ ਲਈ ਪ੍ਰਚਾਰ ਸਾਧਨਾਂ ਤੇ ਮਾਲੀ ਸਾਧਨਾਂ ਦੀ ਵੱਡੇ ਪੱਧਰ 'ਤੇ ਦੁਰਵਰਤੋਂ ਕਰਦੇ ਨਜ਼ਰ ਆ ਰਹੇ ਹਨ। ਇਸਦੇ ਬਾਵਜੂਦ ਇਹ ਹੁਕਮਰਾਨ ਸਤਿਕਾਰਤ ਸ਼ਖ਼ਸੀਅਤਾਂ ਨਹੀਂ ਬਣ ਸਕੇ, ਜਿਸਦਾ ਪ੍ਰਤੱਖ ਪ੍ਰਮਾਣ ਇਹ ਹੈ ਕਿ ਇਹ ਕਿਸੇ ਤਰ੍ਹਾਂ ਦੇ ਚੋਣ ਲੜਨ ਵਾਲੇ ਪ੍ਰਤੀਨਿਧ ਸਿਆਸਤ ਅਤੇ ਪੈਸੇ ਦੀ ਦੁਰਵਰਤੋਂ ਨਾਲ ਵੱਡੇ ਇਕੱਠਾਂ ਵਿਚ ਮੀਡੀਏ ਰਾਹੀਂ ਆਪਣੀ ਵਾਹ-ਵਾਹ ਕਰਾਉਣ ਵਾਲੇ ਇਹ ਭੱਦਰਪੁਰਸ਼ ਉਪਰੋਂ ਦੇਖਣ ਨੂੰ ਤਾਂ ਸਮਾਜ ਸੇਵੀ ਲੱਗਦੇ ਹਨ, ਪਰ ਅਸਲੀਅਤ ਵਿਚ ਆਪਣੀ ਹੀ ਜਨਤਾ ਨੂੰ ਗੁੰਮਰਾਹ ਕਰਕੇ ਉਨ੍ਹਾਂ ਨਾਲ ਧੋਖੇ ਫਰੇਬ, ਧੱਕੇਸ਼ਾਹੀ ਕਰਨ ਵਾਲੇ ਸ਼ੈਤਾਨ ਹਨ।ਇਸ ਗੱਲ ਦਾ ਪ੍ਰਤੱਖ ਪ੍ਰਮਾਣ ਇਹ ਹੈ ਕਿ 543 ਸੰਸਦ ਮੈਂਬਰਾਂ ਵਿੱਚੋਂ 326 ਸੰਸਦ ਮੈਂਬਰਾਂ ਉਤੇ ਤੇ 14 ਸੂਬਿਆਂ ਦੇ ਮੁੱਖ ਮੰਤਰੀਆਂ ਉਤੇ ਸੰਗੀਨ ਅਪਰਾਧਿਕ ਕੇਸ ਦਰਜ ਹੋਏ ਹਨ। ਇਹ ਵਿਚਾਰ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 326 ਸੰਸਦ ਮੈਂਬਰਾਂ ਅਤੇ 14 ਮੁੱਖ ਮੰਤਰੀਆ ਤੇ ਦਰਜ ਹੋਏ ਅਪਰਾਧਿਕ ਕੇਸਾਂ ਦੀ ਗੱਲ ਕਰਦੇ ਹੋਏ ਇਥੋਂ ਦੇ ਨਿਵਾਸੀਆਂ ਨੂੰ ਕਤਈ ਵੀ ਸਹੀ ਦਿਸ਼ਾ ਵੱਲ, ਸਹੀ ਸਮੇਂ 'ਤੇ ਇਨਸਾਫ਼ ਨਾ ਮਿਲਣ ਅਤੇ ਇਨ੍ਹਾਂ ਗੈਰ ਕਾਨੂੰਨੀ ਅਤੇ ਗੈਰ ਸਮਾਜਿਕ ਹੁਕਮਰਾਨਾਂ ਦੀਆਂ ਸਮਾਜ ਵਿਰੋਧੀ ਕਾਰਵਾਈਆ ਵਿਰੁੱਧ ਦ੍ਰਿੜਤਾ ਨਾਲ ਡਟ ਕੇ ਖਲੋਣ ਅਤੇ ਇਨ੍ਹਾਂ ਨੂੰ ਹਕੂਮਤ ਦੀ ਕੁਰਸੀ ਤੋਂ ਪਾਸੇ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।

## ਦੇਸ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ 'ਚ ਸ਼ਾਨੋ-ਸ਼ੌਕਤ ਨਾਲ ਮਨਾਈ ਚਰਕ ਜਯੰਤੀ



ਮੰਡੀ ਗੋਬਿੰਦਗੜ੍ਹ/ਸਮਰਾਲਾ (ਪ੍ਰਮੋਦ ਭਾਰਦਵਾਜ/ਸੁਰਜੀਤ ਸਿੰਘ)

ਦੇਸ਼ ਭਗਤ ਆਯੁਰਵੈਦਿਕ ਕਾਲਜ ਤੇ ਹਸਪਤਾਲ ਵੱਲੋਂ ਦੇਸ਼ ਭਗਤ ਯੂਨੀਵਰਸਿਟੀ ਦੇ ਮਹਾਂਪੁਰਖਾਂ ਹਾਲ ਵਿਚ ਚਰਕ ਜਯੰਤੀ ਬੜੇ ਉਤਸ਼ਾਹ ਤੇ ਰਵਾਇਤੀ ਉਤਸ਼ਾਹ ਨਾਲ ਮਨਾਈ ਗਈ।ਸਮਾਗਮ ਦਾ ਆਯੋਜਨ ਸੰਹਿਤਾ ਸਿਧਾਂਤ ਅਤੇ ਸੰਸਕ੍ਰਿਤ ਵਿਭਾਗ ਵੱਲੋਂ ਡਾ. ਕੁਲਭੂਸ਼ਨ, ਡਾਇਰੈਕਟਰ, ਦੇ ਮਾਰਗਦਰਸ਼ਨ ਤੇ ਡਾ. ਹੇਮਰਾਜ, ਪ੍ਰਿੰਸੀਪਲ, ਦੇਸ਼ ਭਗਤ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਦੀ ਅਗਵਾਈ ਹੇਠ ਕੀਤਾ ਗਿਆ। ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਡਾ. ਜ਼ੋਰਾ ਸਿੰਘ ਚਾਂਸਲਰ, ਡਾ. ਤਜਿੰਦਰ ਕੌਰ, ਪ੍ਰੋ. ਚਾਂਸਲਰ ਤੇ ਪ੍ਰੋ. (ਡਾ.) ਹਰਸ਼ ਸਦਾਵਰਤੀ, ਵਾਈਸ-ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਰਵਾਇਤੀ ਦੀਪ ਜਗਾ ਕੇ ਕੀਤਾ ਗਿਆ। ਮੁੱਖ ਭਾਸ਼ਣ ਮਹਿਮਾਨ ਡਾ. ਮਧੁਰਿਮਾ ਭਾਰਗਵ, ਪ੍ਰੋਫੈਸਰ, ਰਸ ਸ਼ਾਸਤਰ ਅਤੇ ਭੈਸ਼ਜਯ ਕਲਪਨਾ ਵਿਭਾਗ, ਸਰਸਵਤੀ ਆਯੁਰਵੇਦ ਹਸਪਤਾਲ ਅਤੇ ਮੈਡੀਕਲ ਕਾਲਜ, ਘੜੂੰਆਂ, ਮੋਹਾਲੀ ਵੱਲੋਂ ਦਿੱਤਾ ਗਿਆ। ਉਨ੍ਹਾਂ ਆਯੁਰਵੇਦ ਦੇ ਪਿਤਾਮਾ ਵਜੋਂ ਸਤਿਕਾਰੇ ਜਾਂਦੇ ਆਚਾਰੀਆ ਚਰਕ ਦੇ ਅਮੁੱਲੇ ਯੋਗਦਾਨ ਤੇ ਆਯੁਰਵੈਦਿਕ ਚਿਕਿਤਸਾ ਦੇ ਸਿਧਾਂਤਾਂ ਤੇ ਅਭਿਆਸ ਨੂੰ ਆਕਾਰ ਦੇਣ ਵਿੱਚ ਉਨ੍ਹਾਂ ਦੀ ਸਦੀਵੀ ਵਿਰਾਸਤ ਬਾਰੇ ਚਾਨਣਾ ਪਾਇਆ।ਸਮਾਗਮ ਦੌਰਾਨ ਆਯੁਰਵੇਦ ਦੇ ਵਿਦਿਆਰਥੀਆਂ ਦੇ ਗਿਆਨ, ਪ੍ਰਤਿਭਾ ਤੇ ਸਿਰਜਣਾਤਮਕਤਾ ਨੂੰ ਉਜਾਗਰ ਕਰਨ ਵਾਲੀਆਂ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ। ਇਨ੍ਹਾਂ ਵਿੱਚ ਭਾਸ਼ਣ ਤੇ ਸ਼ਲੋਕ ਉਚਾਰਨ ਮੁਕਾਬਲੇ, 'ਆਯੁਰਵੇਦ ਅਵਤਰਨ' ਵਿਸ਼ੇ 'ਤੇ ਨਾਟਕ, ਪੋਸਟਰ ਬਣਾਉਣ ਦਾ ਮੁਕਾਬਲਾ ਤੇ ਆਯੁਰਵੇਦ ਨਾਲ ਸਬੰਧਤ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਸ਼ਾਮਲ ਸਨ। ਦੇਸ਼ ਭਗਤ ਆਯੁਰਵੇਦਿਕ ਕਾਲਜ ਤੇ ਹਸਪਤਾਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਮਾਗਮ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ।ਸਮਾਗਮ ਦੀ ਸਮਾਪਤੀ ਪ੍ਰੋ. ਚਾਂਸਲਰ ਦੇਸ਼ ਭਗਤ ਯੂਨੀਵਰਸਿਟੀ ਦੀ ਮੌਜੂਦਗੀ ਵਿੱਚ ਮੁੱਖ ਮਹਿਮਾਨ, ਸਨਮਾਨਤ ਮਹਿਮਾਨ, ਪਤਵੰਤੇ ਵਿਅਕਤੀਆਂ ਅਤੇ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਤ ਕਰਨ ਨਾਲ ਹੋਈ।

## ਜੋਧਪੁਰ ਵਾਲੇ ਲੱਖੇ ਆੜ੍ਹਤੀਏ ਨੂੰ ਸਦਮਾ, ਮਾਤਾ ਦਾ ਦੇਹਾਂਤ

### ਵੱਖ-ਵੱਖ ਆਗੂਆਂ ਨੇ ਕੀਤਾ ਦੁੱਖ ਸਾਂਝਾ



ਮਮਦੋਟ (ਜਸਵੀਰ ਸਿੰਘ ਕੰਬੋਜ)

ਕਸਬਾ ਮਮਦੋਟ ਵਿਖੇ ਆੜ੍ਹਤ ਦਾ ਕਾਰੋਬਾਰ ਕਰਦੇ ਪਿੰਡ ਜੋਧਪੁਰ ਦੇ ਲੱਖਾ ਆੜ੍ਹਤੀਆ ਦੇ ਨਾਮ ਨਾਲ ਜਾਣੇ ਜਾਂਦੇ ਲਖਵਿੰਦਰ ਸਿੰਘ ਜੋਸਨ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦ ਬੀਤੇ ਦਿਨ ਉਨ੍ਹਾਂ ਦੀ ਮਾਤਾ ਸ੍ਰੀਮਤੀ ਪ੍ਰਕਾਸ਼ ਕੌਰ ਦਾ ਦੇਹਾਂਤ ਹੋ ਗਿਆ। ਉਹ ਬੀਤੇ ਕੁਝ ਦਿਨਾਂ ਤੋਂ ਬੀਮਾਰ ਚਲੇ ਆ ਰਹੇ ਸਨ। ਉਹ ਆੜ੍ਹਤੀਏ ਹਰਭਜਨ ਸਿੰਘ ਜੋਸਨ ਦੀ ਧਰਮ ਸੁਪਤਨੀ ਸਨ। ਇਸ ਦੁੱਖ ਦੀ ਘੜੀ ਵਿੱਚ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਕਾਂਗਰਸ ਪਾਰਟੀ ਦੇ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਇੰਚਾਰਜ ਅਮਰਦੀਪ ਸਿੰਘ ਆਸ਼ੂ ਬੰਗੜ, ਬੀਬੀ ਬਲਜੀਤ ਕੌਰ ਬੰਗੜ, ਗੁਰਬਚਨ ਸਿੰਘ ਖਾਰਾ ਬਲਾਕ ਪ੍ਰਧਾਨ, ਯੂਥ ਆਗੂ ਤੇਜਬੀਰ ਸਿੰਘ ਖਾਰਾ, ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਬਲਕਾਰ ਸਿੰਘ ਸਰਪੰਚ, ਕਿਸਾਨ ਆਗੂ ਬਲਕਾਰ ਸਿੰਘ ਨੰਢਾ, ਯੂਥ ਆਗੂ ਸੁਖਵਿੰਦਰ ਸਿੰਘ ਸੁੱਖਾ, ਆੜ੍ਹਤੀਆ ਤੇ ਉਦਯੋਗਪਤੀ ਕੁਲਦੀਪ ਸਿੰਘ ਲਹੌਰੀਆ, ਜਗਦੀਸ਼ ਲਾਲ (ਰਾਜੂ) ਚਾਵਲਾ, ਅਸ਼ੋਕ ਕੁਮਾਰ ਨਾਰੰਗ, ਹੈਪੀ ਨਾਰੰਗ, ਪਵਨ ਕੁਮਾਰ ਦੁੱਗਲ, ਰੋਸ਼ਨ ਲਾਲ ਚੋਪੜਾ, ਰਮਨੀਕ ਚੋਪੜਾ, ਵਰਿੰਦਰ ਸਿੰਘ ਵੈਰੜ, ਹਰਸਿਮਰਨ ਸਿੰਘ ਬਾਵਾ ਵੈਰੜ (ਕਿਸਾਨ ਆਊਟ ਲੈੱਟ) ਅਸ਼ੋਕ ਸਾਹਿਲ, ਜੰਗਾ ਸਿੰਘ ਮੁਰਕ ਵਾਲਾ, ਪ੍ਰਕਾਸ਼ ਸਿੰਘ ਮੁਰਕਵਾਲਾ, ਨੰਬਾ ਸਿੰਘ ਚੱਕ ਭੰਗੇ ਵਾਲਾ, ਬਲਵੰਤ ਸਿੰਘ ਚੱਕ ਭੰਗੇਵਾਲਾ, ਜਸਬੀਰ ਸਿੰਘ ਕੰਬੋਜ ਚੇਅਰਮੈਨ ਪ੍ਰੈੱਸ ਕਲੱਬ ਫਿਰੋਜ਼ਪੁਰ ਦਿਹਾਤੀ, ਬਲਦੇਵ ਰਾਜ ਸ਼ਰਮਾ ਸਰਪ੍ਰਸਤ ਪ੍ਰੈੱਸ ਕਲੱਬ ਮਮਦੋਟ, ਰਵਿੰਦਰ ਸਿੰਘ ਕਾਲਾ ਸਟੇਟ ਕਮੇਟੀ ਮੈਂਬਰ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਜਸਵੰਤ ਸਿੰਘ ਬਿੰਦ ਪ੍ਰਧਾਨ ਪ੍ਰੈੱਸ ਕਲੱਬ ਦਿਹਾਤੀ ਸਮੇਤ ਵੱਡੀ ਗਿਣਤੀ ਵਿੱਚ ਆਗੂਆਂ, ਆੜ੍ਹਤੀਆਂ, ਰਿਸ਼ਤੇਦਾਰਾਂ ਤੇ ਸਾਕ ਸਨੇਹੀਆਂ ਨੇ ਹਰਭਜਨ ਸਿੰਘ, ਲਖਵਿੰਦਰ ਸਿੰਘ, ਅਵਤਾਰ ਸਿੰਘ ਤੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮਾਤਾ ਪ੍ਰਕਾਸ਼ ਕੌਰ ਨਮਿਤ ਪਾਠ ਦਾ ਭੋਗ ਤੇ ਅੰਤਮ ਅਰਦਾਸ 22 ਅਗਸਤ ਸ਼ਨੀਵਾਰ ਨੂੰ 12 ਵਜੇ ਤੋਂ ਇੱਕ ਵਜੇ ਦਾਣਾ ਮੰਡੀ ਮਮਦੋਟ ਵਿਖੇ ਹੋਵੇਗੀ।

## ਖ਼ੂਨਦਾਨ ਮੁਹਿੰਮ 'ਚ ਸ਼ਾਨਦਾਰ ਸੇਵਾਵਾਂ ਲਈ ਧਰਮਵੀਰ ਗਰਗ ਤੇ ਈਸ਼ਵਰ ਬਾਂਸਲ ਸਨਮਾਨਤ




ਭਵਾਨੀਗੜ੍ਹ (ਰਾਜ ਖੁਰਮੀ)

ਪੰਜਾਬ ਵਿੱਚ ਸਵੈ-ਇੱਛੁਕ ਖ਼ੂਨਦਾਨ ਲਹਿਰ ਨੂੰ ਮਜ਼ਬੂਤ ਕਰਨ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਪੰਜਾਬ ਸਰਕਾਰ ਵੱਲੋਂ ਪੰਜਾਬ ਮਿਊਂਸਿਪਲ ਭਵਨ, ਚੰਡੀਗੜ੍ਹ ਵਿਖੇ ਕਰਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਸਨਮਾਨਤ ਕੀਤਾ ਗਿਆ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਰੋਟਰੀ ਜ਼ਿਲ੍ਹਾ 3090 ਦੇ ਪਾਸਟ ਡਿਸਟ੍ਰਿਕਟ ਗਵਰਨਰ ਧਰਮਵੀਰ ਗਰਗ ਤੇ ਰੋਟਰੀ ਕਲੱਬ ਭਵਾਨੀਗੜ੍ਹ ਸਿਟੀ ਦੇ ਸਾਬਕਾ ਪ੍ਰਧਾਨ ਈਸ਼ਵਰ ਬਾਂਸਲ ਨੂੰ ਸਵੈ-ਇੱਛੁਕ ਖ਼ੂਨਦਾਨ ਮੁਹਿੰਮ ਤੇ ਸਿਹਤ ਸੇਵਾਵਾਂ ਵਿੱਚ ਵਿਸ਼ੇਸ਼ ਯੋਗਦਾਨ ਲਈ ਸਨਮਾਨਤ ਕੀਤਾ ਗਿਆ।ਸਮਾਗਮ ਵਿੱਚ ਪੰਜਾਬ ਭਰ ਤੋਂ ਕਰੀਬ 50 ਵਿਅਕਤੀਆਂ ਨੂੰ ਉਨ੍ਹਾਂ ਦੀਆਂ ਵਡਮੁੱਲੀਆਂ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ।ਇਸ ਮੌਕੇ ਕੁਮਾਰ ਰਾਹੁਲ, ਆਈਏਐਸ, ਸਿਹਤ ਵਿਭਾਗ ਪੰਜਾਬ, ਸਾਕਸ਼ੀ ਸਾਹਨੀ, ਆਈਏਐਸ, ਡਾਇਰੈਕਟਰ ਪੰਜਾਬ ਸਟੇਟ ਬਲੱਡ ਟ੍ਰਾਂਸਫਿਊਜ਼ਨ ਕੌਂਸਲ ਅਤੇ ਡਾ. ਰੱਤੀ ਰਾਮ ਸ਼ਰਮਾ, ਡਾਇਰੈਕਟਰ ਬਲੱਡ ਬੈਂਕ, ਪੀਜੀਆਈ ਚੰਡੀਗੜ੍ਹ ਸਮੇਤ ਸਿਹਤ ਵਿਭਾਗ ਦੀਆਂ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਵੈ-ਇੱਛੁਕ ਖ਼ੂਨਦਾਨ ਦੇ ਲਗਭਗ 80 ਫੀਸਦੀ ਟੀਚੇ ਨੂੰ ਹਾਸਲ ਕਰ ਚੁੱਕਾ ਹੈ।ਇਸ ਪ੍ਰਾਪਤੀ ਵਿੱਚ ਸਮਾਜ ਸੇਵੀ ਸੰਸਥਾਵਾਂ ਤੇ ਸਵੈ-ਇੱਛੁਕ ਖ਼ੂਨਦਾਨੀਆਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਖ਼ੂਨਦਾਨ ਨੂੰ ਉਤਸ਼ਾਹਤ ਕਰਨ ਲਈ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਜ਼ਰੂਰੀ ਹੈ।ਉਨ੍ਹਾਂ ਵੱਲੋਂ ਰੋਟਰੀ ਕਲੱਬ ਭਵਾਨੀਗੜ੍ਹ ਸਿਟੀ ਵੱਲੋਂ ਥੈਲੇਸੀਮੀਆ ਪੀੜਤ ਬੱਚਿਆਂ ਲਈ ਕੀਤੇ ਜਾ ਰਹੇ ਕਾਰਜਾਂ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ ਗਈ।ਸਮਾਗਮ ਦੌਰਾਨ ਇੱਕ ਤਕਨੀਕੀ ਵਰਕਸ਼ਾਪ ਵੀ ਕਰਾਈ ਗਈ, ਜਿਸ ਵਿੱਚ ਖ਼ੂਨਦਾਨ ਕੈਂਪਾਂ ਨੂੰ ਹੋਰ ਸੁਚੱਜੇ ਢੰਗ ਨਾਲ ਕਰਵਾਉਣ, ਖ਼ੂਨਦਾਨੀਆਂ ਦੀ ਦੇਖਭਾਲ, ਖ਼ੂਨਦਾਨ ਦੀ ਯੋਗਤਾ, ਖ਼ੂਨਦਾਨ ਦੇ ਅੰਤਰਾਲ ਸਬੰਧੀ ਨਵੇਂ ਪ੍ਰੋਟੋਕੋਲ ਤੇ ਖ਼ੂਨਦਾਨੀਆਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਸਨਮਾਨ ਪ੍ਰਾਪਤ ਕਰਨ ਉਪਰੰਤ ਧਰਮਵੀਰ ਗਰਗ ਤੇ ਈਸ਼ਵਰ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਿਲਿਆ ਇਹ ਸਨਮਾਨ ਉਨ੍ਹਾਂ ਲਈ ਬੇਹੱਦ ਕੀਮਤੀ ਅਤੇ ਪ੍ਰੇਰਨਾਦਾਇਕ ਹੈ।

## ਹਰਿਆਲੇ ਭਵਿੱਖ ਵੱਲ ਸੰਤ ਨਿਰੰਕਾਰੀ ਮਿਸ਼ਨ ਦਾ ਜਨ-ਅੰਦੋਲਨ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)

ਬਾਬਾ ਹਰਦੇਵ ਸਿੰਘ ਜੀ ਦਾ ਰੂਹਾਨੀ ਸੰਦੇਸ਼ 'ਪ੍ਰਦੂਸ਼ਣ ਅੰਦਰ ਹੋਵੇ ਜਾਂ ਬਾਹਰ, ਦੋਵੇਂ ਹੀ ਖ਼ਤਰਨਾਕ ਹਨ', ਸਿਰਫ਼ ਵਾਤਾਵਰਣ ਦੀ ਸੰਭਾਲ ਦਾ ਹੋਕਾ ਹੀ ਨਹੀਂ, ਸਗੋਂ ਮਾਨਵੀ ਚੇਤਨਾ ਨੂੰ ਪਵਿੱਤਰ ਤੇ ਕੁਦਰਤ ਪ੍ਰਤੀ ਜਵਾਬਦੇਹ ਬਣਾਉਣ ਦਾ ਪ੍ਰੇਰਨਾ ਸਰੋਤ ਹੈ।ਇਸੇ ਪ੍ਰੇਰਨਾ ਨੂੰ ਅਮਲੀ ਰੂਪ ਦਿੰਦਿਆਂ, ਸੰਤ ਨਿਰੰਕਾਰੀ ਮਿਸ਼ਨ ਆਪਣੀ ਵਾਤਾਵਰਣ ਸੰਭਾਲ ਪ੍ਰਤੀ ਪਹਿਲ 'ਵਨਨੈੱਸ ਵਨ-ਕੁਦਰਤ ਨਾਲ ਸਮਰਸਤਾ' ਰਾਹੀਂ ਇੱਕ ਹਰੇ-ਭਰੇ, ਸੰਤੁਲਤ ਤੇ ਸਥਿਰ ਭਵਿੱਖ ਦੀ ਸਿਰਜਣਾ ਲਈ ਲਗਾਤਾਰ ਸਮਰਪਤ ਭਾਵ ਨਾਲ ਕੰਮ ਕਰ ਰਿਹਾ ਹੈ।

ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦੇ ਪਾਵਨ ਆਸ਼ੀਰਵਾਦ ਨਾਲ ਅਗਸਤ 2021 ਵਿੱਚ ਸ਼ੁਰੂ ਹੋਈ ਇਹ ਵਿਲੱਖਣ ਪਹਿਲ ਦੇਸ਼-ਵਿਆਪੀ ਜਨ-ਅੰਦੋਲਨ ਦਾ ਰੂਪ ਧਾਰਨ ਕਰ ਚੁੱਕੀ ਹੈ।ਇਸ ਦਾ ਮਨੋਰਥ ਸਿਰਫ਼ ਰੁੱਖ ਲਗਾਉਣਾ ਹੀ ਨਹੀਂ, ਸਗੋਂ ਕੁਦਰਤ ਨਾਲ ਰੂਹਾਨੀ ਸਾਂਝ ਨੂੰ ਮੁੜ ਸੁਰਜੀਤ ਕਰਨਾ, ਵਾਤਾਵਰਣ ਦੀ ਸੰਭਾਲ ਨੂੰ ਜੀਵਨ-ਮੁੱਲ ਵਜੋਂ ਸਥਾਪਤ ਕਰਨਾ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਹਰੀ-ਭਰੀ, ਸਵੱਛ ਅਤੇ ਸੰਤੁਲਿਤ ਧਰਤੀ ਦਾ ਨਿਰਮਾਣ ਕਰਨਾ ਹੈ।ਸਮੇਂ ਦੇ ਨਾਲ ਇਹ ਮੁਹਿੰਮ ਲਗਾਤਾਰ ਫੈਲਦਿਆਂ ਦੇਸ਼ ਭਰ ਵਿੱਚ ਲੱਖਾਂ ਲੋਕਾਂ ਨੂੰ ਕੁਦਰਤ ਪ੍ਰਤੀ ਸੰਵੇਦਨਸ਼ੀਲ ਬਣਨ ਦੀ ਪ੍ਰੇਰਨਾ ਦੇ ਰਹੀ ਹੈ।ਸੰਤ ਨਿਰੰਕਾਰੀ ਮੰਡਲ ਦੇ ਸਕੱਤਰ ਸਤਿਕਾਰਯੋਗ ਸ੍ਰੀ ਜੋਗਿੰਦਰ ਸੁਖੀਜਾ ਨੇ ਦੱਸਿਆ ਕਿ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਹੁਣ ਤੱਕ ਲਗਭਗ 350 ਮਿੰਨੀ ਜੰਗਲ (ਰੁੱਖ-ਸਮੂਹ) ਸਥਾਪਤ ਕੀਤੇ ਜਾ ਚੁੱਕੇ ਹਨ, ਜਦੋਂ ਕਿ 600 ਤੋਂ ਵੱਧ 'ਵਨਨੈੱਸ ਵਨ' ਸਥਾਨਾਂ 'ਤੇ ਸ਼ਰਧਾਲੂ ਅਤੇ ਸੇਵਾਦਾਰ ਪੂਰਨ ਸਮਰਪਣ ਨਾਲ ਇਹਨਾਂ ਰੁੱਖਾਂ ਦੀ ਸੰਭਾਲ ਅਤੇ ਪਾਲਣਾ ਕਰ ਰਹੇ ਹਨ।ਇਹ ਮੁਹਿੰਮ ਸਿਰਫ਼ ਰੁੱਖ ਲਾਉਣ ਤੱਕ ਸੀਮਤ ਨਹੀਂ ਹੈ, ਸਗੋਂ ਸਮਾਜ ਵਿੱਚ ਕੁਦਰਤ ਪ੍ਰਤੀ ਜਾਗਰੂਕਤਾ, ਸੰਵੇਦਨਸ਼ੀਲਤਾ, ਵਾਤਾਵਰਣਕ ਜ਼ਿੰਮੇਵਾਰੀ ਅਤੇ ਸਾਂਝੀ ਭਾਗੀਦਾਰੀ ਦੇ ਸੱਭਿਆਚਾਰ ਨੂੰ ਵੀ ਮਜ਼ਬੂਤ ਕਰ ਰਹੀ ਹੈ।ਇਸੇ ਲਗਾਤਾਰ ਯਤਨ ਨੂੰ ਅੱਗੇ ਵਧਾਉਂਦਿਆਂ, ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਵੱਲੋਂ 23 ਅਗਸਤ ਇਸ ਮਹਾਂ-ਅੰਦੋਲਨ ਦੇ ਛੇਵੇਂ ਪੜ੍ਹਾਓ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਇਹ ਮੁਹਿੰਮ ਦੇਸ਼ ਭਰ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਸਮੇਤ 630 ਸਥਾਨਾਂ 'ਤੇ ਇੱਕੋ ਸਮੇਂ ਚਲਾਈ ਜਾਵੇਗੀ।ਇਸ ਮੌਕੇ ਮਿਸ਼ਨ ਦੇ ਲੱਖਾਂ ਸ਼ਰਧਾਲੂ ਅਤੇ ਸੇਵਾਦਾਰ ਸਮਰਪਿਤ ਭਾਵ ਨਾਲ ਹਿੱਸਾ ਲੈਂਦਿਆਂ ਲਗਭਗ 10 ਲੱਖ ਪੌਦੇ ਲਗਾਉਣਗੇ। ਇਹ ਵਿਆਪਕ ਮੁਹਿੰਮ ਵਾਤਾਵਰਣ ਸੰਭਾਲ ਪ੍ਰਤੀ ਜਨ-ਜਾਗਰੂਕਤਾ ਵਧਾਉਣ ਦੇ ਨਾਲ-ਨਾਲ ਹਰੇ-ਭਰੇ ਤੇ ਸਿਹਤਮੰਦ ਭਵਿੱਖ ਦੇ ਨਿਰਮਾਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗੀ।

## ਡਾ. ਬਲਵੀਰ ਸਿੰਘ ਵੱਲੋਂ ਲੁਬਾਣਾ ਟੈਕੂ 'ਚ ਲੋਕ ਮਿਲਣੀ

### ਲੋਕਾਂ ਦੀਆਂ ਮੁਸ਼ਕਲਾਂ ਫੌਰੀ ਹੱਲ ਕਰਨ ਦੇ ਅਧਿਕਾਰੀਆਂ ਨੂੰ ਦਿੱਤੇ ਨਿਰਦੇਸ਼



ਨਾਭਾ (ਅਮਨ ਗਰਗ)-ਮਾਨਯੋਗ ਡਾ. ਬਲਵੀਰ ਸਿੰਘ ਸਿਹਤ ਮੰਤਰੀ ਪੰਜਾਬ ਨੇ ਪਿੰਡ ਲੁਬਾਣਾ ਟੈਕੂ ਦੀ ਬਾਜ਼ੀਗਰ ਬਸਤੀ ਵਿਖੇ ਲੋਕ ਮਿਲਣੀ ਕੀਤੀ। ਇਸ ਮੌਕੇ ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ ਤੇ ਮੌਕੇ 'ਤੇ ਹੀ ਹੱਲ ਕਰਨ ਲਈ ਪ੍ਰਸ਼ਾਸਨ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ। ਲੋਕ ਮਿਲਣੀ ਦੌਰਾਨ ਪਿੰਡ ਨੂੰ ਨਮੂਨੇ ਦਾ ਪਿੰਡ ਬਣਾਇਆ ਜਾਵੇਗਾ, ਜੋ ਕੰਮ ਰਹਿ ਗਏ, ਉਹ ਜਲਦੀ ਹੀ ਪੂਰੇ ਕੀਤੇ ਜਾਣਗੇ।ਇਸ ਮੌਕੇ ਗ੍ਰਾਮ ਪੰਚਾਇਤ ਲੁਬਾਣਾ ਟੈਕੂ ਨੂੰ 15 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ, ਜਿਸ ਨਾਲ ਪਿੰਡ ਦੇ ਵਿਕਾਸ ਕਾਰਜਾਂ ਨੂੰ ਹੋਰ ਬਿਹਤਰ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਆਪ ਦੀ ਭਗਵੰਤ ਸਿੰਘ ਮਾਨ ਸਰਕਾਰ ਨੇ ਚੋਣਾਂ ਦੌਰਾਨ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ।ਇਸ ਮੌਕੇ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਮੰਤਰੀ ਡਾਕਟਰ ਬਲਵੀਰ ਸਿੰਘ ਦਾ ਧੰਨਵਾਦ ਕਰਦਿਆਂ ਸਨਮਾਨਤ ਕੀਤਾ ਗਿਆ।ਇਸ ਮੌਕੇ ਬਲਵਿੰਦਰ ਕੌਰ ਸਰਪੰਚ, ਚਮਕੌਰ ਸਿੰਘ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਪ੍ਰਿਤਪਾਲ ਸਿੰਘ ਲਚਕਾਣੀ, ਅੱਛਰੂ ਰਾਮ ਪੰਚ, ਸਰਪੰਚ ਜਗਦੀਪ ਸਿੰਘ ਧੰਗੇੜਾ ਬਲਾਕ ਪ੍ਰਧਾਨ ਪਟਿਆਲਾ ਦਿਹਾਤੀ, ਬਚਿੱਤਰ ਸਿੰਘ ਲੁਬਾਣਾ ਕਰਮੂ ਆਪ ਆਗੂ, ਅੰਗਰੇਜ਼ ਸਿੰਘ ਖੁਰਦ, ਅਵਤਾਰ ਸਿੰਘ ਪੰਚ, ਗੁਰਪੀਤ ਸਿੰਘ ਸਰਪੰਚ ਪੇਧਨੀ, ਜੈ ਸ਼ੰਕਰ ਜੀ ਪੀ ਏ, ਸੈਕਟਰੀ ਗੁਰਪ੍ਰੀਤ ਸਿੰਘ ਕਲੇਰ, ਦੀਦਾਰ ਸਿੰਘ, ਅੱਛਰੂ ਰਾਮ ਪੰਚ, ਸੰਦੀਪ ਕੌਰ ਪੰਚ, ਸਵਰਨ ਕੌਰ ਪੰਚ, ਬਲਵਿੰਦਰ ਕੌਰ ਪੰਚ, ਨਿਰਭੈ ਸਿੰਘ ਪੰਚ, ਬਘੇਲ ਸਿੰਘ, ਅਵਤਾਰ ਸਿੰਘ, ਕਮਲਜੀਤ ਕੌਰ, ਜਿੰਦਰ ਸਿੰਘ, ਨੇਤਰ ਸਿੰਘ, ਦਰਸ਼ਨ ਸਿੰਘ, ਭੁਪਿੰਦਰ ਸਿੰਘ ਕੱਲਰਮਾਜਰੀ ਵਾਈਸ ਚੇਅਰਮੈਨ, ਸ਼ਿੰਦਾ ਸਿੰਘ, ਗੋਗੀ ਸਿੰਘ ਤੋਂ ਇਲਾਵਾ ਪਿੰਡ ਵਾਸੀ ਵੱਡੀ ਗਿਣਤੀ 'ਚ ਹਾਜ਼ਰ ਸਨ।

## ਬਾਲ ਸੁਰੱਖਿਆ ਵਿਭਾਗ ਵੱਲੋਂ 46 ਸਕੂਲੀ ਬੱਸਾਂ ਦੀ ਚੈਕਿੰਗ, 12 ਦੇ ਕੱਟੇ ਚਲਾਨ

ਮਾਲੇਰਕੋਟਲਾ (ਅਸਗਰ ਪਰਿਹਾਰ)

ਡਿਪਟੀ ਕਮਿਸ਼ਨਰ ਵਿਰਾਜ ਐੱਸ. ਤਿੜਕੇ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਦੀਆਂ ਹਦਾਇਤਾਂ 'ਤੇ ਸਕੂਲੀ ਬੱਚਿਆਂ ਦੀ ਸੁਰੱਖਿਅਤ ਆਵਾਜਾਈ ਯਕੀਨੀ ਬਣਾਉਣ ਲਈ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਸ ਮੁਹਿੰਮ ਤਹਿਤ ਬਾਲ ਸੁਰੱਖਿਆ ਵਿਭਾਗ ਦੀ ਟੀਮ ਵੱਲੋਂ 'ਸੇਫ ਸਕੂਲ ਵਾਹਨ ਪਾਲਿਸੀ' ਅਧੀਨ ਕੁੱਲ 46 ਸਕੂਲੀ ਬੱਸਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ।ਚੈਕਿੰਗ ਦੌਰਾਨ ਬੱਸਾਂ ਦੇ ਜ਼ਰੂਰੀ ਦਸਤਾਵੇਜ਼ਾਂ ਜਿਵੇਂ ਕਿ ਰਜਿਸਟ੍ਰੇਸ਼ਨ ਸਰਟੀਫਿਕੇਟ, ਬੀਮਾ, ਫਿਟਨੈੱਸ ਸਰਟੀਫਿਕੇਟ, ਪ੍ਰਦੂਸ਼ਣ ਪ੍ਰਮਾਣ ਪੱਤਰ, ਡਰਾਈਵਰਾਂ ਦੇ ਲਾਇਸੰਸ ਤੇ ਰੂਟ ਪਲਾਨ ਚੈੱਕ ਕੀਤੇ ਗਏ।ਇਸ ਤੋਂ ਇਲਾਵਾ ਵਾਹਨਾਂ ਵਿੱਚ ਫਸਟ ਏਡ ਕਿੱਟ, ਅੱਗ ਬੁਝਾਊ ਯੰਤਰ, ਐਮਰਜੈਂਸੀ ਦਰਵਾਜ਼ੇ, ਸਪੀਡ ਗਵਰਨਰ ਤੇ ਲਾਈਟਾਂ ਵਰਗੇ ਸੁਰੱਖਿਆ ਉਪਕਰਣਾਂ ਦਾ ਨਿਰੀਖਣ ਕੀਤਾ ਗਿਆ।ਨਿਯਮਾਂ ਦੀ ਉਲੰਘਣਾ ਕਰਨ 'ਤੇ 12 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਨੇ ਸਪੱਸ਼ਟ ਕੀਤਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਤੇ ਇਹ ਚੈਕਿੰਗ ਅੱਗੇ ਵੀ ਲਗਾਤਾਰ ਜਾਰੀ ਰਹੇਗੀ।ਇਸ ਮੌਕੇ ਟ੍ਰੈਫਿਕ ਇੰਚਾਰਜ ਹਰਭਜਨ ਸਿੰਘ, ਤੇਜਵੀਰ ਸਿੰਘ, ਸਿੱਖਿਆ ਵਿਭਾਗ ਤੋਂ ਗੁਰਵੀਰ ਸਿੰਘ, ਲੀਗਲ ਅਫ਼ਸਰ ਬਬੀਤਾ ਕੁਮਾਰੀ, ਲਵਪ੍ਰੀਤ ਸਿੰਘ ਤੇ ਮੀਡੀਆ ਸਹਾਇਕ ਪ੍ਰਗਟ ਸਿੰਘ ਮੌਜੂਦ ਸਨ।

## ਅਖਾੜਾ ਦੀਆਂ ਧੀਆਂ ਨੇ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 'ਚ ਮਾਰੀਆਂ ਮੱਲਾਂ



ਜਗਰਾਉਂ (ਸੰਜੀਵ ਅਰੋੜਾ)-ਪਿੰਡ ਅਖਾੜਾ ਦੀਆਂ ਧੀਆਂ ਨੇ 70ਵੀਆਂ ਜ਼ਿਲ੍ਹਾ ਪੱਧਰੀ ਸਕੂਲੀ ਖੇਡਾਂ 2026-27 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖੇਡ ਮੈਦਾਨ ਵਿੱਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਹੈ। ਜਗਰਾਉਂ ਜ਼ੋਨ ਦੀ ਨੁਮਾਇੰਦਗੀ ਕਰਦਿਆਂ ਪੀ.ਏ.ਯੂ. ਲੁਧਿਆਣਾ ਵਿਖੇ ਹੋਏ ਮੁਕਾਬਲਿਆਂ ਵਿੱਚ ਅਖਾੜਾ ਦੀਆਂ ਖਿਡਾਰਨਾਂ ਨੇ ਅੰਡਰ-14 ਤੇ ਅੰਡਰ-17 ਵਰਗ ਵਿੱਚ ਸੋਨੇ ਦੇ ਤਮਗੇ ਜਿੱਤ ਕੇ ਮਾਣਮੱਤੀ ਪ੍ਰਾਪਤੀ ਦਰਜ ਕੀਤੀ, ਜਦਕਿ ਅੰਡਰ-19 ਵਰਗ ਵਿੱਚ ਕਾਂਸੀ ਦਾ ਤਮਗਾ ਹਾਸਲ ਕੀਤਾ। ਇਸ ਪ੍ਰਾਪਤੀ ਨਾਲ ਜਿੱਥੇ ਖਿਡਾਰਨਾਂ ਨੇ ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ, ਉੱਥੇ ਪਿੰਡ ਅਖਾੜਾ ਦੀ ਖੇਡ ਪ੍ਰਤਿਭਾ ਨੂੰ ਵੀ ਜ਼ਿਲ੍ਹਾ ਪੱਧਰ 'ਤੇ ਨਵੀਂ ਪਛਾਣ ਮਿਲੀ ਹੈ। ਸਕੂਲ ਪ੍ਰਿੰਸੀਪਲ ਸਰਬਦੀਪ ਕੌਰ ਚੌਕੀਮਾਨ ਨੇ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਇਸ ਸਫਲਤਾ ਪਿੱਛੇ ਕੋਚ ਕੁਲਵਿੰਦਰ ਸਿੰਘ ਸਮਰਾ ਦੀ ਮਿਹਨਤ, ਸੁਚੱਜੀ ਅਗਵਾਈ ਤੇ ਲਗਾਤਾਰ ਸਿਖਲਾਈ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਤੇ ਜਿੱਤ ਦਾ ਜਜ਼ਬਾ ਪੈਦਾ ਕਰਦੀਆਂ ਹਨ। ਉਨ੍ਹਾਂ ਖਿਡਾਰਨਾਂ ਨੂੰ ਭਵਿੱਖ ਵਿੱਚ ਵੀ ਇਸੇ ਜਜ਼ਬੇ ਨਾਲ ਮਿਹਨਤ ਜਾਰੀ ਰੱਖਣ ਤੇ ਨਵੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕੀਤਾ। ਪਿੰਡ ਦੇ ਸਰਪੰਚ ਜਸਵੀਰ ਸਿੰਘ ਲੋਹਟ ਨੇ ਕਿਹਾ ਕਿ ਪਿੰਡ ਦੀਆਂ ਧੀਆਂ ਦੀ ਇਹ ਪ੍ਰਾਪਤੀ ਸਮੁੱਚੇ ਅਖਾੜਾ ਵਾਸੀਆਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਧੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਉਹ ਭਵਿੱਖ ਵਿੱਚ ਸੂਬੇ ਤੇ ਦੇਸ਼ ਦਾ ਨਾਮ ਵੀ ਰੌਸ਼ਨ ਕਰ ਸਕਣ। ਪਿੰਡ ਵਾਸੀਆਂ ਨੇ ਵੀ ਖਿਡਾਰਨਾਂ, ਸਕੂਲ ਦੀ ਪ੍ਰਿੰਸੀਪਲ ਸਰਬਦੀਪ ਕੌਰ ਚੌਕੀਮਾਨ ਤੇ ਕੋਚ ਕੁਲਵਿੰਦਰ ਸਿੰਘ ਸਮਰਾ ਨੂੰ ਵਧਾਈ ਦਿੱਤੀ। ਇਸ ਮੌਕੇ ਬਲਵਿੰਦਰ ਕੌਰ, ਜਗਰੂਪ ਸਿੰਘ, ਟੀਮ ਇੰਚਾਰਜ ਕਮਲਜੀਤ ਕੌਰ, ਮਨਪ੍ਰੀਤ ਕੌਰ, ਗੁਰਦੀਪ ਸਿੰਘ, ਨਿਧੀ ਜਿੰਦਲ, ਅਮ੍ਰਿਤਪਾਲ ਸਿੰਘ, ਰਮਨ ਸੂਦ, ਜਸਪ੍ਰੀਤ ਸਿੰਘ, ਦੀਪ ਸਿੰਘ, ਹਰਮੀਤ ਸਿੰਘ, ਦੀਪਕ ਕੁਮਾਰ ਤੇ ਮਨਿੰਦਰ ਸਿੰਘ ਹਾਜ਼ਰ ਸਨ।

## ਨਵਨਿਯੁਕਤ ਸ਼ਹਿਰੀ ਜ਼ਿਲ੍ਹਾ ਪ੍ਰਧਾਨ ਦਾ ਸਮੁੱਚੀ ਲੀਡਰਸ਼ਿਪ ਵੱਲੋਂ ਸਨਮਾਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਨੋਟਿਸ ਬਨਾਮ : 1. ਦੀਸ ਜੱਸਲ ਪੁੱਤਰ ਦੌਲਤ ਰਾਮ (2) ਗਿਆਨ ਚੰਦ ਪੁੱਤਰ ਦੋਲਤ ਰਾਮ (3) ਰਾਮ ਮੂਰਤੀ ਪੁੱਤਰ ਦੌਲਤ ਰਾਮ (4) ਰਮੇਸ਼ ਜੱਸਲ ਬਿਸ਼ਨ ਦਾਸ, ਸਾਰੇ ਵਾਸੀ ਬਸ਼ੇਸਰਪੁਰ ਤਹਿਸੀਲ ਵਾ ਜ਼ਿਲ੍ਹਾ ਜਲੰਧਰ।

ਵਾਕਿਆ ਰਕਬਾ ਬਸ਼ੇਸਰਪੁਰ ਜ਼ਿਲ੍ਹਾ ਜਲੰਧਰ ਬਾਬਤ ਖੇਵਟ ਨੰਬਰ 52/51 ਖਤੌਨੀ ਨੰਬਰ 70 ਖਸਰਾ ਨੰਬਰ 16//14/1 ਰਕਬਾ 5 ਕਨਾਲ 7 ਮਰਲੇ

ਕਿਉਂ ਜੋ ਜਸਵਿੰਦਰ ਸਿੰਘ ਪੁੱਤਰ ਗੁਰਮੇਜ ਸਿੰਘ ਵਾਸੀ ਪਿੰਡ ਬਸ਼ੇਸਰਪੁਰ, ਜ਼ਿਲ੍ਹਾ ਜਲੰਧਰ ਨੇ ਤੁਹਾਡੇ ਨਾਂਅ 'ਤੇ ਇਕ ਦਾਅਵਾ ਦਾਇਰ ਕੀਤਾ ਹੈ ਇਸ ਲਈ ਤੁਹਾਨੂੰ ਇਸ ਲਿਖਤ ਦੁਆਰਾ ਇਹ ਲਿਖਿਆ ਜਾਂਦਾ ਹੈ ਕਿ ਅਖਬਾਰ ਵਿੱਚ ਨੋਟਿਸ ਪ੍ਰਕਾਸ਼ਿਤ ਹੋਣ ਦੇ 15 ਦਿਨ ਦੇ ਅੰਦਰ-ਅੰਦਰ ਮਿਤੀ 04-09-2026 ਨੂੰ ਦੁਪਹਿਰ 2.00 ਵਜੇ ਇਸ ਅਦਾਲਤ ਵਿੱਚ ਖੁਦ ਜਾਂ ਅਸਾਲਤਨ ਜਾਂ ਵਕਾਲਤਨ ਰਾਹੀਂ ਹਾਜ਼ਰ ਹੋ ਕੇ ਦਾਅਵੇ ਦਾ ਜਵਾਬ ਦੇਵੋ ਅਤੇ ਉਪਰੋਕਤ ਦਿਨ ਉਹ ਸਾਰੇ ਦਸਤਾਵੇਜ਼ ਪੇਸ਼ ਕਰੋ ਜਿਨ੍ਹਾਂ ਨੂੰ ਤੁਸੀ ਆਪਣੇ ਜਵਾਬ ਦੀ ਪੁਸ਼ਟੀ ਵਿੱਚ ਸਬੂਤ ਵਜੋਂ ਪੇਸ਼ ਕਰਨਾ ਚਾਹੁੰਦੇ ਹੋ। ਤੁਹਾਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਉਪਰੋਕਤ ਦਿਨ ਹਾਜਰ ਨਾ ਹੋਏ ਤਾਂ ਮੁਕੱਦਮਾ ਤੁਹਾਡੀ ਹਾਜ਼ਰੀ ਤੋਂ ਬਗੈਰ ਹੀ ਸੁਣਾ ਦਿੱਤਾ ਜਾਵੇਗਾ ਅਤੇ ਫੈਸਲਾ ਕਰ ਦਿੱਤਾ ਜਾਵੇਗਾ।

ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ 17-08-2026 ਨੂੰ ਅਖਬਾਰੀ ਨੋਟਿਸ ਜਾਰੀ ਕੀਤਾ ਹੈ।

ਸਹੀ/-ਤਹਿਸੀਲਦਾਰ-ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਜਲੰਧਰ-2

# 'ਆਲ ਇੰਡੀਆ ਟੂਰਿਸਟ ਪਰਮਿਟ' ਹੁਣ ਸਿਰਫ਼ ਇੱਕ ਕਲਿੱਕ ਦੀ ਦੂਰੀ 'ਤੇ : ਚੀਮਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਸੂਬੇ ਦੇ ਪ੍ਰਸ਼ਾਸਨਿਕ ਕੰਮਕਾਜ ਨੂੰ ਵਧੇਰੇ ਪਾਰਦਰਸ਼ੀ ਅਤੇ ਤੇਜ਼-ਤਰਾਰ ਬਣਾਉਣ ਦੇ ਮਕਸਦ ਨਾਲ ਇੱਕ ਵੱਡਾ ਕਦਮ ਚੁੱਕਦਿਆਂ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਥੇ ਐਲਾਨ ਕੀਤਾ ਕਿ ਹੁਣ 'ਆਲ ਇੰਡੀਆ ਟੂਰਿਸਟ ਪਰਮਿਟ' (ਏ ਆਈ ਟੀ ਪੀ) ਹੋਰ ਟਰਾਂਸਪੋਰਟ ਅਤੇ ਹਾਈਵੇਅ ਮੰਤਰਾਲੇ ਦੇ ਅਧਿਕਾਰਤ ਪੋਰਟਲ (ਪਰਿਵਹਨ) ਰਾਹੀਂ ਬਿਨੈਕਾਰਾਂ ਨੂੰ ਸਿੱਧੇ ਆਨਲਾਈਨ ਜਾਰੀ ਕੀਤੇ ਜਾਣਗੇ। ਇੱਥੇ ਜਾਰੀ ਇੱਕ ਪ੍ਰੈਸ ਬਿਆਨ ਰਾਹੀਂ ਇਸ ਜਾਣਕਾਰੀ ਦਿੰਦਿਆਂ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, 'ਪਹਿਲਾਂ ਟੂਰਿਸਟ ਵਾਹਨ ਆਪਰੇਟਰਾਂ ਨੂੰ ਸਟੇਟ ਟਰਾਂਸਪੋਰਟ ਅਥਾਰਟੀ, ਮੋਹਾਲੀ ਦੇ ਦਫ਼ਤਰ ਤੋਂ ਖੁਦ ਜਾ ਕੇ ਪ੍ਰਿੰਟ ਕੀਤੇ ਪਰਮਿਟ ਲੈਣੇ ਪੈਂਦੇ ਸਨ। ਇਸ ਡਿਜੀਟਲ ਸਹੂਲਤ ਦੀ ਸ਼ੁਰੂਆਤ ਨਾਲ, ਬਿਨੈਕਾਰ ਹੁਣ ਆਪਣੇ ਘਰ ਜਾਂ ਦਫ਼ਤਰ ਬੈਠੇ ਹੀ ਆਸਾਨੀ ਨਾਲ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰ ਸਕਦੇ ਹਨ, ਜਿਸ ਨਾਲ ਸਰਕਾਰੀ ਦਫ਼ਤਰਾਂ ਵਿੱਚ ਨਿੱਜੀ ਤੌਰ 'ਤੇ ਜਾਣ ਦੀ ਲੋੜ ਪੂਰੀ ਤਰ੍ਹਾਂ ਖ਼ਤਮ ਹੋ ਗਈ ਹੈ।'



ਮੁੱਖ ਮੰਤਰੀ ਦੀ ਅਗਵਾਈ ਵਾਲੀ ਸਰਕਾਰ ਦੀ ਨਾਗਰਿਕ-ਕੇਂਦਰਿਤ ਸ਼ਾਸਨ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਉਨ੍ਹਾਂ ਕਿਹਾ 'ਭਗਵੰਤ ਮਾਨ ਸਰਕਾਰ ਜਨਤਕ ਸੇਵਾਵਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਪੂਰੀ ਤਰ੍ਹਾਂ ਪਰੇਸ਼ਾਨੀ-ਮੁਕਤ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਆਲ ਇੰਡੀਆ ਟੂਰਿਸਟ ਪਰਮਿਟ ਜਾਰੀ ਕਰਨ ਦੀ ਪ੍ਰਕਿਰਿਆ ਨੂੰ ਪੂਰੀ ਤਰ੍ਹਾਂ ਆਨਲਾਈਨ ਕਰਕੇ, ਅਸੀਂ ਦਫ਼ਤਰੀ ਲਾਲ ਫ਼ੀਤਾਸ਼ਾਹੀ ਨੂੰ ਖ਼ਤਮ ਕੀਤਾ ਹੈ ਅਤੇ ਸਰਕਾਰ ਤੇ ਨਾਗਰਿਕਾਂ ਵਿਚਕਾਰ ਦੂਰੀ ਨੂੰ ਮਿਟਾਇਆ ਹੈ। ਬਿਨੈਕਾਰਾਂ ਨੂੰ ਹੁਣ ਮੋਹਾਲੀ ਦਫ਼ਤਰ ਦੇ ਚੱਕਰ ਕੱਟਣ ਜਾਂ ਲੰਬੀਆਂ ਕਤਾਰਾਂ ਵਿੱਚ ਖੜ੍ਹੇ ਹੋਣ ਦੀ ਕੋਈ ਲੋੜ ਨਹੀਂ ਪਵੇਗੀ, ਹੁਣ ਸਭ ਕੁਝ ਉਨ੍ਹਾਂ ਦੀਆਂ ਉਂਗਲਾਂ 'ਤੇ ਉਪਲਬਧ ਹੈ।'

# 'ਆਪਣਾ ਪਿੰਡ ਸੰਭਾਲੋ' ਮੁਹਿੰਮ ਨੂੰ ਮਿਲਿਆ ਭਰਵਾਂ ਹੁੰਗਾਰਾ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)- ਨਸ਼ਿਆਂ ਖ਼ਿਲਾਫ਼ ਲੋਕਾਂ ਨੂੰ ਲਾਮਬੰਦ ਕਰਨ ਅਤੇ ਪਿੰਡਾਂ ਨੂੰ ਸਮਾਜਿਕ ਬੁਰਾਈਆਂ ਤੋਂ ਮੁਕਤ ਬਣਾਉਣ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ 'ਆਪਣਾ ਪਿੰਡ ਸੰਭਾਲੋ' ਮੁਹਿੰਮ ਨੂੰ ਇਲਾਕੇ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਸਭ ਤੋਂ ਵੱਡੀ ਲੋੜ ਹੈ। ਨਸ਼ਿਆਂ ਦੀ ਲਪੇਟ ਵਿੱਚ ਆ ਚੁੱਕੇ ਨੌਜਵਾਨਾਂ ਨੂੰ ਨਫ਼ਰਤ ਨਾਲ ਨਹੀਂ, ਸਗੋਂ ਹਮਦਰਦੀ ਨਾਲ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਦੀ ਲੋੜ ਹੈ।



ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਸ਼ੁਰੂ ਕੀਤੀ ਗਈ 'ਆਪਣਾ ਪਿੰਡ ਸੰਭਾਲੋ' ਮੁਹਿੰਮ ਨੂੰ ਇਲਾਕੇ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਪਵਿੱਤਰ ਕਾਲੀ ਵੇਈਂ ਦੇ ਕੰਢੇ ਸੁਲਤਾਨਪੁਰ ਲੋਧੀ ਵਿਖੇ ਕਰਵਾਈ ਗਈ ਵਿਸ਼ੇਸ਼ ਇਕੱਤਰਤਾ ਵਿੱਚ ਸਰਪੰਚਾਂ, ਪੰਚਾਂ, ਮੋਹਤਬਰਾਂ ਅਤੇ ਪੁਲਿਸ ਅਧਿਕਾਰੀਆਂ ਨੇ ਹਿੱਸਾ ਲਿਆ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਪੁਲਿਸ ਦੀ ਜ਼ਿੰਮੇਵਾਰੀ ਨਹੀਂ, ਬਲਕਿ ਸਮਾਜ ਦੇ ਹਰ ਵਰਗ ਨੂੰ ਆਪਣੀ ਭੂਮਿਕਾ ਨਿਭਾਉਣੀ ਪਵੇਗੀ। ਉਨ੍ਹਾਂ ਕਿਹਾ ਕਿ 'ਆਪਣਾ ਪਿੰਡ ਸੰਭਾਲੋ' ਮੁਹਿੰਮ ਦਾ ਮਕਸਦ ਹਰ ਪਿੰਡ ਦੇ ਲੋਕਾਂ ਨੂੰ ਆਪਣੀ ਜ਼ਿੰਮੇਵਾਰੀ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਪਿੰਡਾਂ ਵਿੱਚ ਠੀਕਰੀ ਪਹਿਰੇ ਲਾਉਣ, ਨਸ਼ਾ ਤਸਕਰਾਂ ਦੀ ਸੂਚਨਾ ਪੁਲਿਸ ਨੂੰ ਦੇਣ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ 'ਤੇ ਜ਼ੋਰ ਦਿੱਤਾ। ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨਸ਼ਾ ਵੇਚਣ ਵਾਲਿਆਂ ਸਬੰਧੀ ਜਾਣਕਾਰੀ ਦੇਣ ਵਾਲੇ ਲੋਕਾਂ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇ, ਤਾਂ ਜੋ ਲੋਕ ਬਿਨਾਂ ਕਿਸੇ ਡਰ ਦੇ ਪੁਲਿਸ ਤੱਕ ਜਾਣਕਾਰੀ ਪਹੁੰਚਾ ਸਕਣ। ਇਸ ਮੌਕੇ ਐੱਸਐੱਸਪੀ ਕਪੂਰਥਲਾ ਗੌਰਵ ਤੂਰਾ ਨੇ ਲੋਕਾਂ ਨੂੰ ਪੁਲਿਸ ਦਾ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਵਿਰੁੱਧ ਲੜਾਈ ਹੋਰ ਮਜ਼ਬੂਤ ਹੋਵੇਗੀ।

# ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਦੇ ਪੰਜਾਬ ਬੰਦ ਦਾ ਪੂਰਨ ਸਮਰਥਨ : ਕਾਹਲੋਂ

ਜਲੰਧਰ (ਰਾਜੇਸ਼ ਥਾਪਾ, ਸੁਰਿੰਦਰ ਕੁਮਾਰ)- ਐਡਵੋਕੇਟਸ ਫਾਰ ਫਾਰਮਰਜ਼ ਐਂਡ ਲੇਬਰਜ਼, ਜਲੰਧਰ ਦੇ ਪ੍ਰਧਾਨ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਅਤੇ ਜਨਰਲ ਸਕੱਤਰ ਐਡਵੋਕੇਟ ਰਾਜੂ ਅੰਬੇਡਕਰ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਦੇ ਪੰਜਾਬ ਬੰਦ ਦਾ ਪੂਰਨ ਸਮਰਥਨ ਕਰਨ ਦਾ ਐਲਾਨ ਕੀਤਾ।



ਦੀ ਮੰਗ ਨੂੰ ਲੈ ਕੇ 21 ਅਗਸਤ ਦੇ ਪੰਜਾਬ ਬੰਦ ਦੇ ਸੱਦੇ ਦਾ ਸੰਪੂਰਨ ਸਮਰਥਨ ਕਰਦਿਆਂ ਕੇਂਦਰ ਅਤੇ ਸਬੰਧਤ ਸਰਕਾਰਾਂ ਤੋਂ ਮੰਗ ਕੀਤੀ ਹੈ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ, ਜੋ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਹੋਰ ਲੰਬਿਤ ਕਾਨੂੰਨੀ ਮਾਮਲਿਆਂ ਦਾ ਵੀ ਬਿਨਾਂ ਹੋਰ ਦੇਰੀ ਨਿਪਟਾਰਾ ਕੀਤਾ ਜਾਵੇ। ਐਡਵੋਕੇਟ ਕਾਹਲੋਂ ਨੇ ਕਿਹਾ ਕਿ ਇਹ ਮਸਲਾ ਕਿਸੇ ਇੱਕ ਧਰਮ ਜਾਂ ਵਰਗ ਤੱਕ ਸੀਮਤ ਨਹੀਂ, ਸਗੋਂ ਸੰਵਿਧਾਨਕ ਬਰਾਬਰੀ, ਨਿਆਂ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਕਤਲ ਕੇਸ ਵਿੱਚ ਦੋਸ਼ੀ ਠਹਿਰਾਏ ਗਏ ਸੱਤ ਵਿਅਕਤੀਆਂ ਨੂੰ ਲੰਬੀ ਕੈਦ ਤੋਂ ਬਾਅਦ ਕਾਨੂੰਨੀ ਅਤੇ ਸੰਵਿਧਾਨਕ ਪ੍ਰਕਿਰਿਆ ਤਹਿਤ ਰਿਹਾਈ ਮਿਲ ਸਕਦੀ ਹੈ, ਤਾਂ ਬੰਦੀ ਸਿੰਘਾਂ ਦੇ ਕੇਸ ਵਿੱਚ ਵੀ ਉਸੇ ਮਾਪਦੰਡ ਨੂੰ ਲਾਗੂ ਕਰਨਾ ਚਾਹੀਦਾ ਹੈ। ਜਥੇਬੰਦੀ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ 21 ਅਗਸਤ ਦਾ ਬੰਦ ਪੂਰੀ ਤਰ੍ਹਾਂ ਸ਼ਾਂਤਮਈ, ਲੋਕਤਾਂਤਰਿਕ ਅਤੇ ਕਾਨੂੰਨ ਦੇ ਦਾਇਰੇ ਵਿੱਚ ਰੱਖਿਆ ਜਾਵੇ ਅਤੇ ਐਂਬੂਲੈਂਸਾਂ, ਮਰੀਜ਼ਾਂ, ਦਵਾਈਆਂ ਅਤੇ ਹੋਰ ਐਮਰਜੈਂਸੀ ਸੇਵਾਵਾਂ ਵਿੱਚ ਕਿਸੇ ਵੀ ਕਿਸਮ ਦੀ ਰੁਕਾਵਟ ਨਾ ਪਾਈ ਜਾਵੇ।

# ਡ੍ਰੈਂਡ ਸਕੋਲਰ 'ਚ ਡੇਵੀਏਟ ਦੇ ਤਿੰਨ ਵਿਦਿਆਰਥੀਆਂ ਦੀ ਚੋਣ



ਜਲੰਧਰ (ਨ ਜ ਸ)- ਡੀ ਏ ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਜਲੰਧਰ ਦੇ ਤਿੰਨ ਵਿਦਿਆਰਥੀਆਂ ਨੂੰ ਡ੍ਰੈਂਡ ਸਕੋਲਰ, ਇੱਕ ਪ੍ਰਮੁੱਖ ਅਮਰੀਕੀ ਬਹੁ-ਰਾਸ਼ਟਰੀ ਕੰਪਨੀ ਜੋ ਕਲਾਉਡ-ਅਧਾਰਿਤ ਜਾਣਕਾਰੀ ਅਤੇ ਸਾਈਬਰ ਸੁਰੱਖਿਆ ਵਿੱਚ ਮਾਹਰ ਹੈ, ਨੈਸ਼ਨਲਵਰਕ ਡਿਵੈਲਪਰ ਦੇ ਅਹੁਦੇ ਲਈ ਚੁਣਿਆ ਹੈ। ਚੁਣੇ ਗਏ ਵਿਦਿਆਰਥੀ ਸੰਸਥਾ ਦੇ ਵੱਖ-ਵੱਖ ਵਿਭਾਗਾਂ ਤੋਂ ਮਹਿਕ, ਰਿਸ਼ੀ ਅਤੇ ਪ੍ਰਿਯੰਕਾ ਹਨ। ਇਹ ਚੋਣ ਡੇਵੀਏਟ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਹੈ ਕਿਉਂਕਿ ਇਹ ਤਕਨਾਲੋਜੀ ਕੰਪਨੀ ਹੈ ਜੋ ਦੁਨੀਆ ਭਰ ਦੇ ਹਜ਼ਾਰਾਂ ਗਾਹਕਾਂ ਦੀ ਸੇਵਾ ਕਰਦੀ ਹੈ। ਚੁਣੇ ਗਏ ਵਿਦਿਆਰਥੀਆਂ ਨੂੰ ਸਿਖਲਾਈ ਦੀ ਮਿਆਦ ਦੇ ਦੌਰਾਨ ਪ੍ਰਤੀ ਮਹੀਨਾ 50,000 ਦਾ ਵਜ਼ੀਫ਼ਾ ਮਿਲੇਗਾ, ਅਤੇ ਸਿਖਲਾਈ ਦੇ ਸਫ਼ਲਤਾਪੂਰਵਕ ਪੂਰਾ ਹੋਣ 'ਤੇ, ਉਨ੍ਹਾਂ ਨੂੰ ਸਾਲ 22 ਲੱਖ ਦਾ ਪੈਕੇਜ ਦਿੱਤਾ ਜਾਵੇਗਾ।

# ਜੀ ਆਰ ਡੀ ਨਰਸਿੰਗ ਕਾਲਜ 'ਚ ਨਸ਼ਾ ਮੁਕਤ ਭਾਰਤ ਮੁਹਿੰਮ ਤਹਿਤ ਜਾਗਰੂਕਤਾ ਸੈਮੀਨਾਰ

ਟਾਂਡਾ ਉੜਮੁੜ (ਮਲਕੀਤ ਗਰਗ, ਜਸਵਿੰਦਰ ਸਿੰਘ)- ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਟਾਂਡਾ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਮੈਨੇਜਿੰਗ ਕਮੇਟੀ ਸਰਦਾਰਨੀ ਸਿੰਮੀ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਵਗ ਰਹੇ ਨਸ਼ਿਆਂ ਦੇ ਛੇਵੇਂ ਦਰਿਆ ਨੇ ਨੌਜਵਾਨਾਂ ਨੂੰ ਉਜਾੜ ਕੇ ਰੱਖ ਦਿੱਤਾ ਹੈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਏ ਗਏ ਇਸ ਅਭਿਆਨ ਦਾ ਮੁੱਖ ਮਕਸਦ ਇਹੀ ਹੈ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਭੈੜੀ ਅਲਾਮਤ ਤੋਂ ਬਚਾਇਆ ਜਾਵੇ।



ਇਸ ਮੌਕੇ ਭਾਸ਼ਣ ਪ੍ਰਤਿਯੋਗਿਤਾ ਅਤੇ ਕਵਿਤਾਵਾਂ ਮੁਕਾਬਲਿਆਂ 'ਚ ਪਹਿਲੇ ਦੂਜੇ ਤੇ ਤੀਸਰੇ ਸਥਾਨ 'ਤੇ ਰਹਿਣ ਵਾਲੀਆਂ ਵਿਦਿਆਰਥਣਾਂ ਦਾ ਸਨਮਾਨ ਵੀ ਕੀਤਾ ਗਿਆ। ਪ੍ਰਿੰਸੀਪਲ ਰੇਨੂ ਬਾਲਾ, ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ, ਐਡਮਿਸ਼ਨ ਸੈੱਲ ਇੰਚਾਰਜ ਮੈਡਮ ਲਵਲੀ ਸੈਣੀ, ਗੁਰਮੀਤ ਸਿੰਘ ਲੁਧਿਆਣਾ, ਗਗਨਦੀਪ ਕੌਰ, ਡਾ. ਤਵਲੀਨ ਕੌਰ, ਬਲਜੀਤ ਕੌਰ, ਦਲਜਿੰਦਰ ਕੌਰ, ਮਨਪ੍ਰੀਤ ਕੌਰ, ਜਸਪ੍ਰੀਤ ਕੌਰ, ਲਖਵਿੰਦਰ ਕੌਰ, ਮਨਜੀਤ ਕੌਰ, ਮਨਜੀਤ ਕੌਰ, ਹਰਲੀਨ ਕੌਰ, ਕਮਲੀਤ ਕੌਰ, ਆਂਚਲ ਸੈਣੀ, ਪਰਮਜੀਤ ਸਿੰਘ, ਸਮੂਹ ਕਾਲਜ ਜੀ ਆਰ ਡੀ ਦੀ ਇੰਟਰਨੈਸ਼ਨਲ ਸਕੂਲ ਦਾ ਸਟਾਫ ਮੈਂਬਰ ਵੀ ਮੌਜੂਦ ਸਨ।

# ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਪੁਜਾਰੀ ਨੂੰ ਲੁੱਟਿਆ

ਕਪੂਰਥਲਾ (ਮਨਜੀਤ ਮਾਨ)- ਪਿੰਡ ਰਹੀਮਪੁਰ ਜ਼ਿਲ੍ਹਾ ਜਲੰਧਰ ਵਿਖੇ ਮੰਦਰ ਦੇ ਪੁਜਾਰੀ ਪੰਡਿਤ ਗੋਬਿੰਦ ਪ੍ਰਸਾਦ ਨੂੰ ਤਿੰਨ ਅਣਪਛਾਤੇ ਮੋਟਰਸਾਈਕਲ ਸਵਾਰ ਲੁਟੇਰਿਆਂ ਵੱਲੋਂ ਲੁੱਟਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੰਡਿਤ ਗੋਬਿੰਦ ਪ੍ਰਸਾਦ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਰਹੀਮਪੁਰ ਤੋਂ ਪਿੰਡ ਸੰਧੂ ਚੱਠਾ ਵੱਲ ਜਾ ਰਹੇ ਸਨ।



ਕੀਤਾ, ਅਣਪਛਾਤੇ ਨੌਜਵਾਨਾਂ ਦਾ ਮੂੰਹ ਨੰਗੇ ਸਨ ਤੇ ਅਣਪਛਾਤੇ ਨੌਜਵਾਨਾਂ ਨੇ ਪੁੱਛੇ ਤਾਰਾਂ ਨਾਲ ਘਾਤਕ ਹਮਲਾ ਕਰ ਦਿੱਤਾ ਗਿਆ ਤੇ ਅਣਪਛਾਤੇ ਨੌਜਵਾਨਾਂ ਵੱਲੋਂ ਉਨ੍ਹਾਂ ਦੀਆਂ ਜੇਬਾਂ ਫਰੋਲਦਿਆਂ ਕੁਝ ਕਰ ਦਿੱਤੀਆਂ ਤੇ ਜੇਬਾਂ ਵਿੱਚੋਂ ਉਨ੍ਹਾਂ ਨੂੰ ਕੁਝ ਨਹੀਂ ਮਿਲਿਆ ਤਾਂ ਉਨ੍ਹਾਂ ਦੀ ਮੁੰਦਰੀ ਤੇ ਉਨ੍ਹਾਂ ਦੇ ਗਲ ਵਿੱਚ ਪਾਈ ਸੋਨੇ ਦੀ ਚੇਨ ਲਾਹ ਲਈ। ਉਨ੍ਹਾਂ ਦੀ ਸੋਨੇ ਦੀ ਮੁੰਦਰੀ ਦੀ ਕੀਮਤ ਲਗਭਗ 70,80 ਹਜ਼ਾਰ ਰੁਪਏ ਦੇ ਕਰੀਬ ਸੀ। ਪੀੜਤ ਨੇ ਕਾਲਾ ਸੰਘਿਆਂ ਪੁਲਸ ਨੂੰ ਲਿਖਤੀ ਦਰਖਾਸਤ ਕਰ ਦਿੱਤੀ ਗਈ ਹੈ। ਪੰਡਿਤ ਗੋਬਿੰਦ ਪ੍ਰਸਾਦ ਨੇ ਉੱਚ ਅਧਿਕਾਰੀਆਂ ਨੂੰ ਇਨਸਾਫ਼ ਦੀ ਗੁਹਾਰ ਲਗਾਉਂਦਿਆਂ ਕਿਹਾ ਕਿ ਚੋਰਾਂ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਉਸ ਨੂੰ ਇਨਸਾਫ਼ ਦਿਵਾਇਆ ਜਾਵੇ।

# ਵਿਜਯਾ ਰਾਹਤਕਰ ਵੱਲੋਂ ਕੇਂਦਰੀ ਜੇਲ੍ਹ ਦਾ ਦੌਰਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਾਹਤਕਰ ਨੇ ਆਪਣੇ ਦੌਰੇ ਦੌਰਾਨ ਸਥਾਨਕ ਕੇਂਦਰੀ ਜੇਲ੍ਹ ਵਿਖੇ ਪਹੁੰਚ ਕੇ ਮਹਿਲਾ ਕੈਦੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਆਪਣੀਆਂ ਸਜ਼ਾਵਾਂ ਪੂਰੀਆਂ ਹੋਣ ਉਪਰੰਤ ਮੁੱਖ ਧਾਰਾ ਵਿੱਚ ਬਿਹਤਰ ਜ਼ਿੰਦਗੀ ਜਿਊਣ ਲਈ ਪ੍ਰੇਰਿਤ ਕੀਤਾ ਅਤੇ ਬਾਅਦ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਵਿੱਚ ਔਰਤਾਂ ਨਾਲ ਸਬੰਧ ਚੱਲ ਰਹੇ ਪ੍ਰੋਗਰਾਮਾਂ ਅਤੇ ਭਲਾਈ ਸਕੀਮਾਂ ਦੀ ਸਮੀਖਿਆ ਕੀਤੀ। ਹਰਚਰਨ ਸਿੰਘ ਗਿੱਲ, ਵਧੀਕ ਸੁਪਰਡੈਂਟ ਹਰਭੇਜ ਸਿੰਘ, ਡਿਪਟੀ ਸੁਪਰਡੈਂਟ ਆਸ਼ਾ ਰਾਣੀ ਅਤੇ ਹੋਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕਿਹਾ ਕਿ ਸਜ਼ਾ ਪੂਰੀ ਹੋਣ ਉਪਰੰਤ ਆਪਣੇ ਚੰਗੇਰੇ ਭਵਿੱਖ ਦੇ ਨਿਰਮਾਣ ਸਮਾਜ ਵਿੱਚ ਆਪਣੇ ਬੱਚਿਆਂ ਦੀ ਤਰੱਕੀ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਕੈਦੀਆਂ ਤੋਂ ਜੇਲ੍ਹ ਵਿੱਚ ਦਰਪੇਸ਼ ਕਿਸੇ ਵੀ ਸਮੱਸਿਆ ਬਾਰੇ ਵੀ ਪੁੱਛਿਆ ਜਿਸ 'ਤੇ ਕੈਦੀਆਂ ਵੱਲੋਂ ਰਿਹਾਇਸ਼, ਖਾਣ-ਪੀਣ ਅਤੇ ਸਿਹਤ ਸੇਵਾਵਾਂ ਸਮੇਤ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਸ਼ਲਾਘਾ ਕਰਨ 'ਤੇ ਚੇਅਰਪਰਸਨ ਨੇ ਪੂਰੀ ਪ੍ਰਗਟਾਈ।



ਚੇਅਰਪਰਸਨ ਨੇ ਅਧਿਕਾਰੀਆਂ ਨੂੰ ਮਹਿਲਾਵਾਂ ਦੀ ਸੁਰੱਖਿਆ, ਕਾਨੂੰਨੀ ਅਧਿਕਾਰਾਂ, ਮੁੜ ਵਸੇਬੇ, ਆਰਥਿਕ ਸਸ਼ਕਤੀਕਰਨ ਅਤੇ ਕਮਜ਼ੋਰ ਵਰਗਾਂ ਦੀਆਂ ਔਰਤਾਂ ਦੀ ਚਹੁੰਮੁਖੀ ਭਲਾਈ ਅਤੇ ਵਿਕਾਸ ਦੀ ਲੋੜ 'ਤੇ ਖ਼ਾਸ ਧਿਆਨ ਦੇਣ ਦੀ ਤਾਕੀਦ ਕੀਤੀ। ਇਸ ਉਪਰੰਤ ਚੇਅਰਪਰਸਨ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਐੱਸ.ਐੱਸ.ਪੀ. ਸੰਦੀਪ ਕੁਮਾਰ ਮਲਿਕ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ। ਕੇਂਦਰੀ ਜੇਲ੍ਹ ਦੇ ਦੌਰੇ ਦੌਰਾਨ ਚੇਅਰਪਰਸਨ ਵਿਜਯਾ ਰਾਹਤਕਰ ਨੇ ਜੇਲ੍ਹ ਸੁਪਰਡੈਂਟ

# ਸ਼ਹੀਦੀ ਗੁਰਮਤਿ ਸਮਾਗਮ ਭਲਕੇ



ਆਦਮਪੁਰ (ਪਰਮਜੀਤ ਸਿੰਘ)- ਆਦਮਪੁਰ ਦੇ ਨਜ਼ਦੀਕ ਡਰੋਲੀ ਕਲਾਂ (ਜਲੰਧਰ) ਵਿਖੇ 1947 ਦੀ ਵੰਡ ਦੌਰਾਨ ਪਿੰਡ ਖੇਨੋਵਾਲ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਮੁਸਲਮਾਨਾਂ ਨਾਲ ਲੜਦਿਆਂ ਸ਼ਹੀਦ ਹੋਏ ਭਾਈ ਨਰੋਣ ਸਿੰਘ ਅਤੇ ਹੋਰ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਗੁਰਮਤਿ ਸਮਾਗਮ 22 ਅਗਸਤ, ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ, ਡਰੋਲੀ ਕਲਾਂ (ਜਲੰਧਰ) ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਜਥੇਦਾਰ ਪ੍ਰਬੰਧਕਾਂ ਮਹਿੰਦਰ ਸਿੰਘ ਨੇ ਦੱਸਿਆ ਕਿ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਹੋਵੇਗਾ।

# ਪਾਲਕਦੀਮ 'ਚ 'ਮੇਰੀ ਰਸੋਈ' ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆਂ

ਵਿਲੱਖ (ਨਿਰਮਲ)- ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਮੇਰੀ ਰਸੋਈ ਸਕੀਮ ਤਹਿਤ ਪਿੰਡ ਪਾਲਕਦੀਮ ਲਾਭਪਾਤਰੀਆਂ ਨੂੰ ਸੁਖਵਿੰਦਰ ਸਿੰਘ ਲੰਬੜਦਾਰ, ਡਾਕਟਰ ਗੁਰਚਰਨ ਭਾਟੀਆ, ਹਰਦੀਪ ਸਿੰਘ ਸਰਪੰਚ



ਅਵਤਾਰ ਸਿੰਘ, ਰਾਜਵੀਰ ਕੌਰ, ਸੁਰਜੀਤ ਸਿੰਘ, ਗੁਰਬਖਸ਼ ਕੌਰ, ਬਲਜੀਤ ਸਿੰਘ ਨੇ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਸੁਖਵਿੰਦਰ ਸਿੰਘ ਨੇ ਕਿਹਾ ਪੰਜਾਬ ਸਰਕਾਰ ਜੋ ਵੋਟਰਾਂ ਨਾਲ ਵਾਅਦੇ ਕੀਤੇ ਸਨ ਉਹ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ।

# ਲੋਹਟੀਆ ਵੱਲੋਂ ਸੜਕ ਨਿਰਮਾਣ ਕਾਰਜਾਂ ਦਾ ਆਰੰਭ

ਵਿਲੱਖ (ਨਿਰਮਲ)- ਹਲਕਾ ਵਿਲੱਖ ਦੇ ਲੋਕਾਂ ਦੀ ਸਹੂਲਤ ਅਤੇ ਬਿਹਤਰ ਆਵਾਜਾਈ ਲਈ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਔਖਾ-ਧਲੇਤਾ ਰੋਡ ਤੋਂ ਬੱਗ ਔਖਾ ਰੋਡ ਤੱਕ 4.80 ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਕੀਤਾ। ਉਨ੍ਹਾਂ ਦੱਸਿਆ ਕਿ ਇਹ ਸੜਕ ਜਲਦੀ ਹੀ ਮੁਕੰਮਲ ਹੋ ਜਾਵੇਗੀ, ਜਿਸ ਨਾਲ ਇਲਾਕੇ ਦੇ ਵਿਕਾਸ ਨੂੰ ਨਵੀਆਂ ਬੁਲੰਦੀਆਂ ਮਿਲਣਗੀਆਂ। ਇਸ ਦੌਰਾਨ ਆਵਾਜਾਈ ਨੂੰ ਹੋਰ ਸੁਚਾਰੂ ਤੇ ਸੁਰੱਖਿਅਤ ਬਣਾਉਣ ਲਈ ਬੱਸ ਔਜ਼ਾ ਔਖਾ ਤੋਂ ਸਤਿਸੰਗ ਘਰ ਨਹਿਰ ਵਾਲੇ ਪੁਲ ਤੱਕ 1.5 ਕਿਲੋਮੀਟਰ ਲੰਬੀ ਸੜਕ ਨੂੰ 10 ਫੁੱਟ ਤੋਂ ਵਧਾ ਕੇ 16 ਫੁੱਟ ਚੌੜਾ ਕਰਨ ਦਾ ਕੰਮ ਵੀ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਹਰਜੋਤ ਕੌਰ



ਲੋਹਟੀਆ ਨੇ ਕਿਹਾ ਕਿ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕਰਨ ਲਈ ਉਹ ਵਚਨਬੱਧ ਹਨ ਅਤੇ ਇਲਾਕੇ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਇਸ ਮੌਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਵਿਲੱਖ ਰੌਸ਼ਨ ਲਾਲ ਰੋਜ਼ੀ, ਸਰਪੰਚ ਪਿੰਡ ਜੋਗਾ ਜਗਸੀਰ, ਬਲਾਕ ਪ੍ਰਧਾਨ ਰਾਮੇਸ਼ਵਰ ਪੰਡਿਤ ਅਤੇ ਸੁਖਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਅੱਖਾਂ ਦੀ ਜਾਂਚ ਦਾ ਕੈਂਪ ਲਗਾਇਆ

ਮਹਿਲਪੁਰ/ਟਾਂਡਾ (ਜਗਤਾਰ ਸਿੰਘ ਹੁੰਦਲ ਰਾਮੀ)- ਡੀ ਏ ਵੀ ਸਕੂਲ ਪੱਟੀ ਦੇ ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਲਈ ਲਗਾਇਆ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਹ ਕੈਂਪ ਬੱਚਿਆਂ ਦੀ ਸਿਹਤ ਦੀ ਸੰਭਾਲ ਅਤੇ ਅੱਖਾਂ ਨਾਲ ਸਬੰਧਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਲਈ ਲਗਾਇਆ ਗਿਆ। ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਅੱਖਾਂ ਦੀ ਸਿਹਤ ਸੰਭਾਲ ਸਬੰਧੀ ਜ਼ਰੂਰੀ ਜਾਣਕਾਰੀ ਦਿੱਤੀ ਗਈ। ਸਕ੍ਰੀਨਿੰਗ ਦੌਰਾਨ ਬੱਚਿਆਂ ਦੀ ਨਜ਼ਰ ਦੀ ਜਾਂਚ ਕੀਤੀ ਗਈ ਅਤੇ ਇਹ ਪਤਾ ਲਗਾਇਆ ਗਿਆ ਕਿ ਕਿਸੇ ਬੱਚੇ ਨੂੰ ਦੂਰ ਜਾਂ ਨੇੜੇ ਦੀਆਂ ਵਸਤੂਆਂ ਦੇਖਣ ਵਿੱਚ ਕੋਈ ਮੁਸ਼ਕਲ ਤਾਂ ਨਹੀਂ ਆ ਰਹੀ।



ਸਿਰ ਪਛਾਣ ਅਤੇ ਇਲਾਜ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਯੋਗ ਅਗਵਾਈ ਹੇਠ ਡੀ. ਏ. ਵੀ.ਸਕੂਲ ਪੱਟੀ ਦੇ ਬੱਚਿਆਂ ਦੀ ਅੱਖਾਂ ਦੀ ਸਕ੍ਰੀਨਿੰਗ ਸੀ ਐੱਚ ਸੀ ਟਾਂਡਾ ਦੀ ਟੀਮ ਵੱਲੋਂ ਕੀਤੀ ਗਈ। ਇਸ ਕੈਂਪ ਦੌਰਾਨ ਓਪਥੈਲਮਿਕ ਅਫ਼ਸਰ ਤਰਸੇਮ ਲਾਲ ਵੱਲੋਂ ਬੱਚਿਆਂ ਦੀਆਂ ਅੱਖਾਂ ਦੀ ਵਿਸਥਾਰਪੂਰਵਕ ਬੱਚਿਆਂ ਵਿੱਚ ਨਜ਼ਰ ਸਬੰਧੀ ਕਿਸੇ ਸਮੱਸਿਆ ਦੇ ਲੱਛਣ ਪਾਏ ਗਏ, ਉਨ੍ਹਾਂ ਨੂੰ ਲੋੜ ਅਨੁਸਾਰ ਅਗਲੀ ਜਾਂਚ ਅਤੇ ਇਲਾਜ ਲਈ ਉਚਿਤ ਸਲਾਹ ਦਿੱਤੀ ਗਈ। ਮਾਪਿਆਂ ਨੂੰ ਵੀ ਬੱਚਿਆਂ ਦੀ ਅੱਖਾਂ ਦੀ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਸਿਹਤ ਵਿਭਾਗ ਵੱਲੋਂ ਦਿੱਤੀ ਸਲਾਹ ਅਨੁਸਾਰ ਅਗਲੀ ਜਾਂਚ ਕਰਵਾਉਣ ਲਈ ਕਿਹਾ ਗਿਆ। ਇਸ ਮੌਕੇ ਸਕੂਲ ਦੇ ਮੈਡੀਕਲ ਇੰਚਾਰਜ ਅਧਿਆਪਕ ਪੂਜਾ ਅਤੇ ਰੀਨਾ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਦਾ ਧੰਨਵਾਦ

ਬਲਾਚੌਰ (ਜਸਵਿੰਦਰ ਬੈਂਸ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸਥਾਨਕ ਸ਼ਹਿਰ ਦੇ ਇੱਕ ਨਿੱਜੀ ਰੈਸਟੋਰੈਂਟ ਵਿੱਚ ਬਲਾਕ ਪ੍ਰਧਾਨ ਡਾ. ਹਰਜਿੰਦਰ ਸਿੰਘ ਕਰਿਆਮ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜਥੇਬੰਦੀ ਦੇ ਆਗੂਆਂ ਅਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਡਾ. ਗੁਰਿੰਦਰਜੀਤ ਸਿੰਘ ਸੂਬੀ ਹਸਪਤਾਲ ਬਲਾਚੌਰ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਸੂਬੀ ਹਸਪਤਾਲ ਵਿੱਚ ਉਪਲਬਧ ਮੈਡੀਕਲ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਹਸਪਤਾਲ ਵਿੱਚ ਮਰੀਜ਼ਾਂ ਦਾ ਬਹੁਤ ਹੀ ਘੱਟ ਖਰਚੇ ਵਿੱਚ ਵਧੀਆ ਅਤੇ ਮਿਆਰੀ ਇਲਾਜ ਕੀਤਾ ਜਾਂਦਾ ਹੈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਡਾ. ਕਸ਼ਮੀਰ ਸਿੰਘ ਢਿੱਲੋਂ ਨੇ ਜ਼ਿਲ੍ਹਾ ਕਮੇਟੀ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਜ਼ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪ੍ਰਵਾਨ ਕਰਨ ਲਈ ਪੰਜਾਬ ਸਰਕਾਰ ਦਾ ਤਹਿਦਿਲੋਂ ਸਵਾਗਤ ਕੀਤਾ। ਡਾ. ਢਿੱਲੋਂ ਨੇ ਕਿਹਾ ਕਿ ਸਰਕਾਰ ਵੱਲੋਂ ਅਣ-ਰਜਿਸਟਰਡ ਡਾਕਟਰਾਂ ਨੂੰ ਵਿਸ਼ੇਸ਼ ਟ੍ਰੇਨਿੰਗ ਦੇ ਕੇ ਪ੍ਰੈਕਟਿਸ ਦਾ ਅਧਿਕਾਰ ਦੇਣ ਦਾ ਫੈਸਲਾ ਇੱਕ ਇਤਿਹਾਸਕ ਕਦਮ ਹੈ।



ਸਰਕਾਰ ਦਾ ਧੰਨਵਾਦ ਕਰਦਿਆਂ ਡਾ. ਢਿੱਲੋਂ ਨੇ ਮੰਗ ਕੀਤੀ ਕਿ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਦੇ ਮੁਤਾਬਕ ਸਾਰੇ ਸਾਥੀਆਂ ਦੇ ਜ਼ਰੂਰੀ ਦਸਤਾਵੇਜ਼ ਅਤੇ ਕਾਗਜ਼ਾਤ ਜਮ੍ਹਾਂ ਕਰਵਾ ਦਿੱਤੇ ਗਏ ਹਨ। ਹੁਣ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਜਲਦ ਤੋਂ ਜਲਦ ਟ੍ਰੇਨਿੰਗ ਸ਼ੁਰੂ ਕਰਵਾ ਕੇ ਸਰਟੀਫਿਕੇਟ ਜਾਰੀ ਕਰੇ। ਮੀਟਿੰਗ ਵਿੱਚ ਹੋਰ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਤਜਵੀਰ ਸਿੰਘ, ਡਾ. ਚੰਦਰ ਪ੍ਰਕਾਸ਼, ਡਾ. ਛਿੰਦਰ, ਡਾ. ਰਾਜੂ, ਡਾ. ਸੁਖਦੀਪ, ਡਾ. ਅਵਤਾਰ ਮੱਲ, ਡਾ. ਸੁਰਜੀਤ, ਡਾ. ਬਲਵੀਰ, ਡਾ. ਯਾਦਵਿੰਦਰ, ਡਾ. ਦਰਸ਼ਿਦਰ, ਡਾ. ਮਨੋਜ, ਡਾ. ਸੁਖਵਿੰਦਰ, ਡਾ. ਛਿੰਦਰ ਪਾਲ, ਡਾ. ਰਵਿੰਦਰ ਕੌਰ, ਡਾ. ਪੂਨਮ ਬਾਲਾ, ਡਾ. ਇਕਬਾਲਜੀਤ ਕੌਰ, ਡਾ. ਅਮਨਦੀਪ ਕੌਰ, ਡਾ. ਰੀਨਾ ਰਾਣੀ, ਡਾ. ਮੋਨਿਕਾ, ਡਾ. ਸੋਨੀਆ ਆਦਿ ਵੀ ਮੌਜੂਦ ਸਨ।

# ਐੱਨ ਐੱਚ ਐੱਮ ਕਰਮਚਾਰੀਆਂ ਵੱਲੋਂ ਤਨਖਾਹ 'ਚ ਵਾਧਾ ਕਰਨ ਦੀ ਮੰਗ

ਫਗਵਾੜਾ (ਡਾ ਰਮਨ)- ਸਿਹਤ ਵਿਭਾਗ ਵਿਚ ਕੰਮ ਕਰਦੇ ਨੈਸ਼ਨਲ ਹੈਲਥ ਮਿਸ਼ਨ ਦੇ ਕਰਮਚਾਰੀਆਂ ਵੱਲੋਂ ਅੱਜ ਆਪਣੀਆਂ ਮੰਗਾਂ ਦੇ ਸਬੰਧ ਵਿਚ ਹਲਕਾ ਇੰਚਾਰਜ ਐਡਵੋਕੇਟ ਕਰਮਵੀਰ ਸਿੰਘ ਚੌਧਰੀ ਨੂੰ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਉਨ੍ਹਾਂ ਨੇ ਆਪਣੀਆਂ ਮੰਗਾਂ ਦੇ ਸੰਬੰਧ 'ਚ ਯੂਨੀਅਨ ਦੇ ਜਨਰਲ ਸਕੱਤਰ ਰਾਮ ਸਿੰਘ ਵੱਲੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਮਹਿੰਗਾਈ ਦੇ ਦੌਰ ਵਿਚ ਮੁਲਾਜ਼ਮਾਂ ਵੱਲੋਂ ਨਿਗੂਣੀਆਂ ਤਨਖਾਹਾਂ ਕਾਰਨ ਗੁਜ਼ਾਰਾ ਕਰਨਾ ਮੁਸ਼ਕਿਲ ਹੋ ਰਿਹਾ ਹੈ। ਯੂਨੀਅਨ ਵੱਲੋਂ ਮੰਗ ਕੀਤੀ ਗਈ ਕਿ ਸਰਕਾਰ ਤਨਖਾਹਾਂ ਵਿਚ ਤੁਰੰਤ ਵਾਧਾ ਕਰੇ, ਉਮਰ ਹੱਦ ਵਿਚ ਵਾਧਾ ਕਰੇ। ਇਸ ਮੌਕੇ ਹਲਕਾ ਇੰਚਾਰਜ ਵੱਲੋਂ ਯੂਨੀਅਨ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸਰਕਾਰ ਤੱਕ ਇਹ ਮੰਗਾਂ ਪਹੁੰਚਾਉਣ ਦਾ ਭਰੋਸਾ ਵੀ ਦਿੱਤਾ ਗਿਆ। ਇਸ ਮੌਕੇ ਤੇ ਵਿਸ਼ਾਲ ਰਾਜ, ਮਨਿਸ਼ਾ, ਪ੍ਰਿਅੰਕਾ, ਸੰਤੋਸ਼, ਮਨੀਸ਼ ਕੁਮਾਰ, ਕਮਲਜੀਤ ਸਿੰਘ ਤੇ ਹੋਰ ਹਾਜ਼ਰ ਸਨ।

# ਪੀ ਐੱਚ ਸੀ ਘੜੂੰਆਂ ਵਿਖੇ ਵਾਟਰ ਕੂਲਰ ਭੇਟ

ਘੜੂੰਆਂ (ਹਰਨਾਮ ਸਿੰਘ ਡੱਲਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਜ਼ਿਲ੍ਹਾ ਆਗੂਆਂ ਵੱਲੋਂ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਹੁੰਦਿਆਂ ਸਿਹਤ ਕੇਂਦਰ ਪੀ ਐੱਚ ਸੀ ਘੜੂੰਆਂ ਵਿਖੇ ਮਰੀਜ਼ਾਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਇੱਕ ਨਵਾਂ ਵਾਟਰ ਕੂਲਰ ਦਾਨ ਕੀਤਾ ਗਿਆ ਹੈ। ਇਸ ਮੌਕੇ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਡਾ. ਬਲਬੀਰ ਸਿੰਘ, ਜ਼ਿਲ੍ਹਾ ਕੈਸ਼ੀਅਰ ਡਾ. ਸੁਖਵੀਰ ਸਿੰਘ, ਜਨਰਲ ਸਕੱਤਰ ਡਾ. ਵਿਕਰਮ



ਦੱਤ ਗੋਇਲ, ਮੀਤ ਪ੍ਰਧਾਨ ਡਾ. ਰਵਿੰਦਰ ਸਿੰਘ ਅਤੇ ਹੋਰ ਐਸੋਸੀਏਸ਼ਨ ਮੈਂਬਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਐਸੋਸੀਏਸ਼ਨ ਦੇ ਇਸ ਨੇਕ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਪੀ ਐੱਚ ਸੀ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਹਸਪਤਾਲ ਵਿੱਚ ਪੀਣ ਵਾਲੇ ਸਾਫ਼ ਅਤੇ ਠੰਢੇ ਪਾਣੀ ਦੀ ਸਹੂਲਤ ਮਿਲੇਗੀ। ਇਸ ਮੌਕੇ ਸਿਹਤ ਵਿਭਾਗ ਦੇ ਸਟਾਫ਼ ਵੱਲੋਂ ਵੀ ਐਸੋਸੀਏਸ਼ਨ ਦਾ ਧੰਨਵਾਦ ਕੀਤਾ ਗਿਆ।

# ਬੁਢਾਪਾ ਪੈਨਸ਼ਨ ਸਕੀਮ ਅਧੀਨ ਹੁਣ ਤੱਕ 1,785.29 ਕਰੋੜ ਜਾਰੀ : ਡਾ. ਬਲਜੀਤ ਕੌਰ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਬੁਢਾਪਾ ਪੈਨਸ਼ਨ ਸਕੀਮ ਅਧੀਨ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 1,785.29 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਸੂਬੇ ਦੇ ਬਜ਼ੁਰਗਾਂ ਨੂੰ ਆਰਥਿਕ ਸੁਰੱਖਿਆ ਦੇਣ ਅਤੇ ਸਨਮਾਨ ਨਾਲ ਜੀਵਨ ਬਤੀਤ ਕਰਨ ਯੋਗ ਬਣਾਉਣ ਪ੍ਰਤੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦਾ ਪ੍ਰਤੀਕ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬੇ ਦੇ 24 ਲੱਖ ਤੋਂ ਵੱਧ ਬਜ਼ੁਰਗ ਬੁਢਾਪਾ ਪੈਨਸ਼ਨ ਸਕੀਮ ਦਾ ਲਾਭ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਲਾਭਪਾਤਰੀਆਂ ਨੂੰ ਪੈਨਸ਼ਨ ਸਮੇਂ ਸਿਰ ਮਿਲਦੀ ਰਹੇ, ਇਸ ਲਈ ਚਾਲੂ ਵਿੱਤੀ ਸਾਲ ਦੇ ਬਜਟ ਵਿੱਚ ਇਸ ਸਕੀਮ ਲਈ 4,000 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਅਧੀਨ ਯੋਗ ਬਜ਼ੁਰਗ ਵਿਅਕਤੀ ਨੂੰ 1500/- ਰੁਪਏ ਪ੍ਰਤੀ ਮਹੀਨਾ ਪੈਨਸ਼ਨ ਪ੍ਰਦਾਨ ਕੀਤੀ ਜਾਂਦੀ ਹੈ। ਕੈਬਨਿਟ ਮੰਤਰੀ ਨੇ ਜਾਣਕਾਰੀ ਦਿੱਤੀ ਕਿ 65 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਪੁਰਸ਼ ਅਤੇ 58 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਇਸ ਸਕੀਮ ਲਈ ਯੋਗ ਹਨ, ਬਸ਼ਰਤੇ ਉਨ੍ਹਾਂ ਦੀ ਸਾਰੇ ਸਰੋਤਾਂ ਤੋਂ ਸਾਲਾਨਾ ਆਮਦਨ 60,000 ਰੁਪਏ ਤੋਂ ਵੱਧ ਨਾ ਹੋਵੇ। ਇਸ ਤੋਂ ਇਲਾਵਾ, ਬਿਨੈਕਾਰ ਕੋਲ 2.5 ਏਕੜ ਤੋਂ ਵੱਧ ਨਹਿਰੀ ਜ਼ਮੀਨ ਜਾਂ 5 ਏਕੜ ਤੋਂ ਵੱਧ ਬਰਾਨੀ ਜ਼ਮੀਨ ਨਹੀਂ ਹੋਣੀ ਚਾਹੀਦੀ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਬਜ਼ੁਰਗਾਂ ਨੂੰ ਸਮਾਜ ਦਾ ਅਨਮੋਲ ਸਰਮਾਇਆ ਮੰਨਦੀ ਹੈ।

# ਸੀਟੀ ਗਰੁੱਪ ਦੇ ਵਿਦਿਆਰਥੀਆਂ ਨੇ ਤਿਆਰ ਕੀਤਾ ਸਮਾਰਟ ਗਾਰਬੇਜ ਕਲੈਕਟਰ ਰੋਬੋਟ

ਜਲੰਧਰ (ਸ਼ੈਲੀ ਐਲਬਰਟ)- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਮਕਸੂਦਾਂ ਜਲੰਧਰ ਦੇ ਵਿਦਿਆਰਥੀਆਂ ਨੇ ਇਕਨਾਮੀ ਮੈਂਟਰ ਕੰਵਰ ਸਿੰਘ ਅਤੇ ਸੁਸ਼ੀ ਪ੍ਰਭਾਤ ਦੀ ਅਗਵਾਈ ਹੇਠ ਸਮਾਰਟ ਗਾਰਬੇਜ ਕਲੈਕਟਰ ਰੋਬੋਟ ਤਿਆਰ ਕਰਕੇ ਕੂੜਾ ਪ੍ਰਬੰਧਨ ਨੂੰ ਹੋਰ ਸੁਰੱਖਿਅਤ, ਸਮਾਰਟ ਅਤੇ ਪ੍ਰਭਾਵਸ਼ਾਲੀ ਬਣਾਉਣ ਵੱਲ ਇੱਕ ਸ਼ਲਾਘਾਯੋਗ ਕਦਮ ਚੁੱਕਿਆ ਹੈ। ਰੋਬੋਟਿਕਸ, ਐਂਬੇਡਿਡ ਸਿਸਟਮ, ਸੈਂਸਰ ਅਤੇ ਵਾਇਰਲੈੱਸ ਤਕਨਾਲੋਜੀ ਨੂੰ ਇਕੱਠਾ ਕਰਕੇ ਤਿਆਰ ਕੀਤਾ ਇਹ ਪ੍ਰੋਟੋਟਾਈਪ ਕੂੜਾ ਇਕੱਠਾ ਕਰਨ ਦੀ ਪ੍ਰਕਿਰਿਆ ਨੂੰ ਆਟੋਮੇਟ ਕਰਦਾ ਹੈ।



ਇਸ ਦਾ ਮੁੱਖ ਉਦੇਸ਼ ਵਾਰ-ਵਾਰ ਕੀਤੇ ਜਾਣ ਵਾਲੇ ਅਤੇ ਗੈਰ-ਸੁਵਿਧਾਜਨਕ ਕੂੜਾ ਇਕੱਠਾ ਕਰਨ ਵਾਲੇ ਕੰਮਾਂ ਵਿੱਚ ਮਨੁੱਖੀ ਦਖ਼ਲ ਨੂੰ ਘਟਾਉਣਾ ਹੈ। ਰੋਬੋਟ ਦਾ ਸੰਚਾਲਨ ਮੋਬਾਈਲ ਫੋਨ ਦੀ ਐੱਪ ਦੀ ਮਦਦ ਨਾਲ ਬਲੂਟੁੱਥ ਰਾਹੀਂ ਕੀਤਾ ਜਾਂਦਾ ਹੈ, ਜੋ ਇਸ ਦੀ ਮੂਵਮੈਂਟ, ਸੈਂਸਰ, ਵਾਇਰਲੈੱਸ ਕਮਾਂਡ ਅਤੇ ਕੂੜਾ ਇਕੱਠਾ ਕਰਨ ਵਾਲੀ ਪ੍ਰਣਾਲੀ ਨੂੰ ਨਿਯੰਤਰਿਤ ਕਰਦਾ ਹੈ। ਨਿਯੰਤਰਿਤ ਇਨਡੋਰ ਵਾਤਾਵਰਣ ਵਿੱਚ ਕੀਤੇ ਗਏ ਟੈਸਟ ਦੌਰਾਨ ਰੋਬੋਟ ਨੇ ਮੂਵਮੈਂਟ, ਔਬਸਟੈਕਲ ਡਿਟੈਕਸ਼ਨ, ਵਾਇਰਲੈੱਸ ਕੰਟਰੋਲ, ਕੂੜਾ ਇਕੱਠਾ ਕਰਨ ਅਤੇ ਬੈਟਰੀ ਪਰਫਾਰਮੈਂਸ ਵਿੱਚ ਸਫਲ ਪ੍ਰਦਰਸ਼ਨ ਕੀਤਾ। ਭਵਿੱਖ ਵਿੱਚ ਇਸ ਰੋਬੋਟ ਨੂੰ ਕਲਾਸਰੂਮਾਂ, ਲੈਬੋਰੇਟਰੀਆਂ, ਦਫ਼ਤਰਾਂ, ਕੋਰੀਡੋਰਾਂ ਅਤੇ ਹੋਰ ਸੰਸਥਾਗਤ ਸਥਾਨਾਂ ਵਿੱਚ ਵਰਤਣ ਲਈ ਹੋਰ ਵਿਕਸਤ ਕੀਤਾ ਜਾ ਸਕਦਾ ਹੈ।

# ਵਿਧਾਇਕ ਰੰਧਾਵਾ ਨੇ ਸ਼ਹੀਦਾਂ ਨੂੰ ਕੀਤਾ ਨਮਨ

ਡੇਰਾਬੱਸੀ (ਵਿਨੋਦ ਕੁਮਾਰ ਜੈਨ)- ਪੰਜਾਬ ਵਿਧਾਨ ਸਭਾ ਦੀ ਪੰਚਾਇਤੀ ਰਾਜ ਕਮੇਟੀ ਦੀ ਫਿਰੋਜ਼ਪੁਰ ਵਿਖੇ ਹੋਈ ਅਹਿਮ ਮੀਟਿੰਗ ਵਿਚ ਹਿੱਸਾ ਲੈਣ ਪਹੁੰਚੇ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਮੇਟੀ ਦੇ ਚੇਅਰਮੈਨ ਅਤੇ ਵਿਧਾਇਕ ਨਾਲ ਸਮੂਲੀਅਤ ਵਿਚਾਰ ਸਾਂਝੇ ਕੀਤੇ ਗਏ। ਇਸ ਦੇ ਨਾਲ ਹੀ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਠੋਸ ਰਣਨੀਤੀ ਤਿਆਰ ਕਰਨ ਸਬੰਧੀ ਵੀ ਵਿਚਾਰ ਚਰਚਾ ਕੀਤੀ ਗਈ।



ਕੀਤੀ। ਮੀਟਿੰਗ ਦੌਰਾਨ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਪਿੰਡਾਂ ਦੀਆਂ ਪੰਚਾਇਤਾਂ ਨਾਲ ਸਬੰਧਤ ਵਿਕਾਸ ਕਾਰਜਾਂ, ਸਰਕਾਰੀ ਸਕੀਮਾਂ ਅਤੇ ਪੰਚਾਇਤੀ ਰਾਜ ਨਾਲ ਜੁੜੇ ਵੱਖ-ਵੱਖ ਮਾਮਲਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ, ਲੋਕਾਂ ਨੂੰ ਮਿਲ ਰਹੀਆਂ ਬੁਨਿਆਦੀ ਸਹੂਲਤਾਂ ਅਤੇ ਪੰਚਾਇਤਾਂ ਰਾਹੀਂ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਉਨ੍ਹਾਂ ਸ਼ਹੀਦ ਊਧਮ ਸਿੰਘ ਦੀ ਯਾਦਗਾਰ ਅਤੇ ਹੁਸੈਨੀਵਾਲਾ ਸਥਿਤ ਸ਼ਹੀਦੀ ਸਮਾਰਕ ਵਿਖੇ ਪਹੁੰਚ ਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਜੀ ਅਤੇ ਹੋਰ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸੂਰਬੀਰਾਂ ਦੀ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਦੌਰਾਨ ਉਨ੍ਹਾਂ ਹੁਸੈਨੀਵਾਲਾ ਬਾਰਡਰ 'ਤੇ ਭਾਰਤ-ਪਾਕਿਸਤਾਨ ਸਰਹੱਦ 'ਤੇ ਪਹੁੰਚ ਕੇ ਦੇਸ਼ ਦੀ ਰਾਖੀ ਲਈ ਤਾਇਨਾਤ ਬੀ ਐੱਸ ਐੱਫ ਦੇ ਬਹਾਦਰ ਜਵਾਨਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਦੇ ਮੈਂਬਰਾਂ ਵੱਲੋਂ ਹੁਸੈਨੀਵਾਲਾ ਸਥਿਤ ਸ਼ਹੀਦੀ ਸਮਾਰਕ ਵਿਖੇ ਪਹੁੰਚ ਕੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਦੇਸ਼ ਭਗਤਾਂ ਦੇ ਸੁਪਨੇ ਪੂਰੇ ਕਰਨਾ ਹੀ ਆਜ਼ਾਦੀ ਦਾ ਅਸਲ ਮਕਸਦ : ਡਾ. ਹਰਪ੍ਰੀਤ ਕੌਰ

ਆਦਮਪੁਰ (ਪਰਮਜੀਤ ਸਿੰਘ)- ਗੁਰੂ ਨਾਨਕ ਖਾਲਸਾ ਕਾਲਜ ਡਰੋਲੀ ਕਲਾਂ ਦੀ ਸ਼ੈਲਸ ਸਾਇੰਸ ਸੁਸਾਇਟੀ ਵੱਲੋਂ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਦੀ ਅਗਵਾਈ ਹੇਠ 1947 ਦੀ ਦੇਸ਼ ਵੰਡ ਦੇ ਪੀੜਤਾਂ ਨੂੰ ਸਮਰਪਿਤ ਇੱਕ ਕੁਇਜ਼ ਸਮਾਗਮ ਕਰਵਾਇਆ ਗਿਆ। ਟੀਮ ਮੁਕਾਬਲੇ ਵਿੱਚ ਪਹਿਲੇ ਸਥਾਨ 'ਤੇ ਰਹੀ। ਐੱਸਲ ਆਈ ਟੀਮ ਨੂੰ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਨਗਦ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਰਚਨਾ ਤੁਲੀ ਅਤੇ ਡਾ. ਰਵਿੰਦਰ ਕੌਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਸਮਾਗਮ ਵਿੱਚ ਡਾ. ਬਲਵਿੰਦਰ ਸਿੰਘ ਢਿੱਲ, ਮੈਡਮ ਸਿਮਰਨਜੀਤ ਕੌਰ, ਮੈਡਮ ਲਖਵਿੰਦਰ ਕੌਰ, ਮੈਡਮ ਕੁਲਵੰਤ ਕੌਰ, ਨਿਸ਼ਾ, ਮੈਡਮ ਮਨਦੀਪ ਕੌਰ, ਮੈਡਮ ਸੁਰਿੰਦਰ ਕੌਰ ਅਤੇ ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।



ਗਿਆ। ਇਹ ਸਮਾਗਮ ਪ੍ਰਬੰਧਕ ਕਮੇਟੀ ਅਤੇ ਸਾਹਿਤਕ ਕਲੱਬ ਦੇ ਸਹਿਯੋਗ ਨਾਲ ਕਰਵਾਇਆ ਗਿਆ ਸੀ। ਇਹ ਇਤਿਹਾਸ ਵਿਭਾਗ ਦੇ ਐਸੋਸੀਏਟ ਪ੍ਰੋਫੈਸਰ ਡਾ. ਰਾਕੇਸ਼ ਬਾਵਾ ਇਸ ਸਮਾਗਮ ਦੇ ਕੁਇਜ਼ ਦੇ ਸੰਚਾਲਕ ਸਨ। ਮਨਜੀਤ ਕੌਰ ਨੇ ਸਮਾਗਮ ਦੀ ਤਿਆਰੀ ਲਈ ਵਿਸ਼ੇਸ਼ ਯੋਗਦਾਨ ਦਿੱਤਾ। ਸਰਦਾਰ ਜਰਨੈਲ ਸਿੰਘ ਵੀ ਮੌਜੂਦ ਸਨ। ਇਸ ਮੌਕੇ ਕਾਲਜ ਦੀ ਟੀਮਾਂ ਵੱਲੋਂ ਵੱਖ ਪ੍ਰਾਪਤ ਅੰਕਾਂ ਦਾ ਲੇਖਾ ਜੋਖਾ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸਮਾਗਮ ਦੇ ਅੰਤ ਵਿੱਚ ਡਾ. ਹਰਪ੍ਰੀਤ ਕੌਰ ਨੇ ਕਿਹਾ ਕਿ ਸਾਨੂੰ 1947 ਦੀ ਵੰਡ ਦੇ ਦਰਦ ਅਤੇ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਦੇਸ਼ ਦੇ ਸੁਨਹਿਰੀ ਭਵਿੱਖ ਲਈ ਆਪਣੀ ਜ਼ਿੰਮੇਵਾਰੀ ਸਮਝਣ ਲਈ ਕਿਹਾ। ਦੇਸ਼ ਭਗਤਾਂ ਦੇ ਸੁਪਨੇ ਪੂਰੇ ਕਰਨਾ ਹੀ ਆਜ਼ਾਦੀ ਦਾ ਅਸਲ ਮਕਸਦ ਹੈ। ਇਸ ਮੌਕੇ ਉਨ੍ਹਾਂ ਨੇ ਸੋਸਾਇਟੀ ਵੱਲੋਂ ਕਰਵਾਏ ਇਸ ਸਮਾਗਮ ਦੀ ਸ਼ਲਾਘਾ ਕੀਤੀ।

# ਪੰਜਾਬੀ ਸਾਹਿਤ ਸਭਾ ਵੱਲੋਂ ਸਥਾਪਨਾ ਦਿਵਸ 'ਤੇ ਪੁਸਤਕ ਰਿਲੀਜ਼ ਸਮਾਰੋਹ



ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)- ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਵੱਲੋਂ ਸਭਾ ਦਾ 42ਵਾਂ ਸਥਾਪਨਾ ਦਿਵਸ, ਪੁਸਤਕ ਰਿਲੀਜ਼ ਸਮਾਰੋਹ ਅਤੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ। ਪਿੰਡ ਦੁਸਾਂਝ ਕਲਾਂ ਵਿਖੇ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਮੰਡਲ ਵਿੱਚ ਸਭਾ ਦੇ ਪ੍ਰਧਾਨ ਸਿੰਦਰ ਸਿੰਘ ਭਿੰਡਰ, ਬਲਵੀਰ ਸਿੰਘ, ਸੁਸ਼ੀਲ ਦੁਸਾਂਝ, ਡਾ. ਰਾਮ ਮੂਰਤ, ਸੁਖਵਿੰਦਰ ਸਿੰਘ ਸ਼ਾਮਲ ਸਨ। ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਹਰਬਲਾਸ ਦੁਸਾਂਝ ਦੀ ਪੁਸਤਕ 'ਫਲੀਵਰਸ਼ਲ ਲੇਖ' ਰਿਲੀਜ਼ ਕੀਤੀ ਗਈ। ਪੁਸਤਕ ਰਿਲੀਜ਼ ਸਮੇਂ ਲੇਖਕ ਦੇ ਨਾਲ ਹਰਬਲਾਸ ਦੁਸਾਂਝ ਨੂੰ ਇਸ ਸਾਹਿਤਕ ਉਪਰਾਲੇ ਲਈ ਵਧਾਈ ਦਿੱਤੀ। ਸਮਾਗਮ ਦੇ ਅੰਤ ਵਿੱਚ ਹੋਏ ਕਵੀ ਦਰਬਾਰ ਵਿੱਚ ਵੱਖ-ਵੱਖ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਸਰੋਤਿਆਂ ਨੂੰ ਕੀਲ ਲਿਆ। ਇਸ ਮੌਕੇ ਸਭਾ ਦੇ ਸਾਬਕਾ ਪ੍ਰਧਾਨ, ਸਕੱਤਰ ਅਤੇ ਹੋਰ ਸਾਹਿਤਕਾਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਭਾ ਦੀਆਂ ਸਾਹਿਤਕ ਗਤੀਵਿਧੀਆਂ ਲਈ ਧੰਨਵਾਦ ਕੀਤਾ।

# ਸਤਲੁਜ ਪ੍ਰੈੱਸ ਕਲੱਬ ਸੁਖਸਾਲ ਦੀ ਮੀਟਿੰਗ

ਭਲਾਣ (ਹਰਭਜਨ ਸਿੰਘ)- ਸਤਲੁਜ ਪ੍ਰੈੱਸ ਕਲੱਬ (ਰਜਿ.) ਸੁਖਸਾਲ ਦੀ ਇੱਕ ਅਹਿਮ ਮੀਟਿੰਗ ਕਲੱਬ ਦੇ ਸਮੂਹ ਮੈਂਬਰਾਂ ਦੀ ਹਾਜ਼ਰੀ ਵਿੱਚ ਹੋਈ। ਮੀਟਿੰਗ ਦੀ ਸ਼ੁਰੂਆਤ ਕਲੱਬ ਦੇ ਅਕਾਲ ਚਲਾਣਾ ਕਰ ਗਏ ਪ੍ਰਧਾਨ ਦੌਰਾਨ ਨਵੇਂ ਅਹੁਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ ਜਿਸ ਵਿੱਚ ਚੌਧਰੀ ਰਤਨ ਪਾਲ ਨੂੰ ਪ੍ਰਧਾਨ, ਹਰਜਸ ਸਿੰਘ ਢਿੱਲੋਂ ਨੂੰ ਜਨਰਲ ਸਕੱਤਰ ਅਤੇ ਅਜੇ ਕੌਸ਼ਲ ਨੂੰ ਕੈਸ਼ੀਅਰ ਚੁਣਿਆ ਗਿਆ। ਨਵੇਂ ਚੁਣੇ ਅਹੁਦੇਦਾਰਾਂ ਨੇ ਕਲੱਬ ਦੀ ਮਜ਼ਬੂਤੀ, ਬਿਹਤਰੀ ਅਤੇ ਤਰੱਕੀ ਲਈ ਇਮਾਨਦਾਰੀ 'ਤੇ ਤਨਦੇਹੀ ਨਾਲ ਕੰਮ ਕਰਨ ਦਾ ਅਹਿਦ ਲਿਆ। ਇਸ ਮੌਕੇ ਸਵਰਗੀ ਪ੍ਰਧਾਨ ਸ਼ਿਵ ਕੁਮਾਰ ਬੱਬੀ ਨੂੰ ਸ਼ਰਧਾਂਜਲੀ ਭੇਂਟ ਕਰਦਿਆਂ ਉਨ੍ਹਾਂ ਦੇ ਕਲੱਬ ਪ੍ਰਤੀ ਪਾਏ ਯੋਗਦਾਨ ਨੂੰ ਯਾਦ ਕੀਤਾ ਗਿਆ।



ਮਾਸਟਰ ਮਲਕੀਅਤ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ। ਇਸ ਮੌਕੇ ਸਮੂਹ ਮੈਂਬਰਾਂ ਨੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਦਿੱਤੀ। ਇਸ ਉਪਰੰਤ ਕਲੱਬ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਕਲੱਬ ਦੇ ਸਾਰੇ ਕੰਮ ਸਾਂਝੀ ਪ੍ਰਕਿਰਿਆ ਰਾਹੀਂ ਚਲਾਏ ਜਾਣਗੇ। ਕਲੱਬ ਦੇ ਨਵੇਂ ਬਣੇ ਪ੍ਰਧਾਨ ਨੇ ਕਿਹਾ ਕਿ ਕਲੱਬ ਦੀਆਂ ਸਕੀਮਾਂ ਅਤੇ ਲੋਕ ਹਿੱਤ ਦੇ ਕਾਰਜਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੈਂਬਰਾਂ ਨੇ ਕਿਹਾ ਕਿ ਕਲੱਬ ਵੱਲੋਂ ਪੱਤਰਕਾਰੀ ਦੇ ਨਾਲ-ਨਾਲ ਸਮਾਜ ਭਲਾਈ ਦੇ ਕੰਮਾਂ ਵਿੱਚ ਵੀ ਆਪਣੀ ਸਰਗਰਮ ਭੂਮਿਕਾ ਜਾਰੀ ਰੱਖੀ ਜਾਵੇਗੀ। ਮੀਟਿੰਗ ਵਿੱਚ ਕਲੱਬ ਦੇ ਸੀਨੀਅਰ ਮੈਂਬਰਾਂ ਨੇ ਪੱਤਰਕਾਰੀ ਦੇ ਸਮਾਜ ਪ੍ਰਤੀ ਫਰਜ਼ਾਂ ਅਤੇ ਜ਼ਿੰਮੇਵਾਰੀਆਂ ਸਬੰਧੀ ਵਿਚਾਰ ਪੇਸ਼ ਕੀਤੇ। ਉਨ੍ਹਾਂ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ। ਇਸ ਮੌਕੇ ਸੀਨੀਅਰ ਪੱਤਰਕਾਰ ਜੁਝਾਰ ਸਿੰਘ ਭੰਗੂ, ਸੁਧੀਰ ਕੁਮਾਰ ਪਿੰਕ, ਅਸ਼ਵਨੀ ਸੈਣੀ, ਪੂਨਮ ਜੋਸ਼ੀ ਤੋਂ ਇਲਾਵਾ ਕਲੱਬ ਦੇ ਹੋਰ ਮੈਂਬਰ ਅਤੇ ਪਤਵੰਤੇ ਹਾਜ਼ਰ ਸਨ। ਮੀਟਿੰਗ ਦੌਰਾਨ ਕਲੱਬ ਦੀਆਂ ਭਵਿੱਖੀ ਗਤੀਵਿਧੀਆਂ ਲਈ ਸਮਾਜ ਸੇਵਾ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਲਈ ਵੀ ਵਿਚਾਰ ਸਾਂਝੇ ਕੀਤੇ ਗਏ।

# ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ



ਜਲੰਧਰ (ਰਾਜੇਸ਼ ਥਾਪਾ)- ਚੇਤਨਿਆ ਵਿਲੇਜ ਸਕੂਲ ਬਸਤੀ ਦਾਨਿਸ਼ਮੰਦਾਂ ਜਲੰਧਰ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼ਿਵਾਨੀ ਮਲਹੋਤਰਾ ਨੇ ਵਿਦਿਆਰਥੀਆਂ ਨੂੰ ਤੀਆਂ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਤੀਆਂ ਦੇ ਸੱਭਿਆਚਾਰਕ ਤੇ ਸਮਾਜਿਕ ਮਹੱਤਵ ਬਾਰੇ ਜਾਣਕਾਰੀ ਦਿੱਤੀ। ਸਕੂਲ ਵਿੱਚ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਏ ਗਏ ਇਸ ਤਿਉਹਾਰ ਦੌਰਾਨ ਸਕੂਲ ਦੀਆਂ ਵਿਦਿਆਰਥਣਾਂ ਨੇ ਗਿੱਧਾ, ਬੋਲੀਆਂ ਪਾ ਕੇ ਪੰਜਾਬੀ ਸੱਭਿਆਚਾਰ ਦੀ ਝਲਕ ਪੇਸ਼ ਕੀਤੀ। ਨਾਲ ਜੁੜੀਆਂ ਰਵਾਇਤੀ ਪਰੰਪਰਾਵਾਂ ਨੂੰ ਵੀ ਦਰਸਾਇਆ ਗਿਆ। ਇਸ ਦੌਰਾਨ ਪੰਜਾਬੀ ਸੱਭਿਆਚਾਰ ਦੀਆਂ ਝਲਕੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਵਿਦਿਆਰਥਣਾਂ ਵੱਲੋਂ ਅਲਗੋਜ਼ੇ, ਪੱਖੀਆਂ, ਫੁਲਕਾਰੀ, ਚਰਖਾ ਅਤੇ ਪੁਰਾਤਨ ਵਸਤਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥਣਾਂ ਵੱਲੋਂ ਮੁਕਾਬਲੇ ਵੀ ਕਰਵਾਏ ਗਏ। ਇਸ ਮੌਕੇ ਅਨੀਤਾ, ਨਿਸ਼ਾ, ਮਨੀਸ਼ਾ, ਸਵੀਟੀ, ਅਨੀਤਾ, ਨਿਸ਼ਾ, ਪੂਜਾ, ਰਿਤਿਕਾ, ਦੀਪਿਕਾ ਆਦਿ ਸਟਾਫ਼ ਮੈਂਬਰ ਵੀ ਮੌਜੂਦ ਸਨ।

# ਮਹਿੰਗਾਈ ਵਧਣ ਨਾਲ ਲੋਕ ਪ੍ਰੇਸ਼ਾਨ

ਮੋਰਿੰਡਾ (ਨਿਰਮਲ ਸਿੰਘ ਕਲਸੀ)- ਗੈਸ ਸਿਲੰਡਰ, ਪੈਟਰੋਲ, ਡੀਜ਼ਲ, ਸਬਜ਼ੀਆਂ, ਫਲ ਫਰੂਟ, ਦੁੱਧ ਆਦਿ ਤੋਂ ਬਾਅਦ ਹੁਣ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੀ ਭਾਰੀ ਵਾਧਾ ਹੋਣ ਕਾਰਨ ਆਮ ਲੋਕਾਂ ਦਾ ਜੀਵਨ ਪ੍ਰੇਸ਼ਾਨ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਸਮਾਜ ਸੇਵੀ ਸੰਸਥਾ ਦੇ ਆਗੂਆਂ ਅਤੇ ਹੋਰ ਨੁਮਾਇੰਦਿਆਂ ਨੇ ਦੱਸਿਆ ਕਿ ਮਹਿੰਗਾਈ ਦਿਨੋਂ-ਦਿਨ ਵਧਦੀ ਜਾ ਰਹੀ ਹੈ।



ਦੱਸਿਆ ਕਿ ਰਸੋਈ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਨਾਲ ਘਰੇਲੂ ਬਜਟ ਪੂਰੀ ਤਰ੍ਹਾਂ ਵਿਗੜ ਗਿਆ ਹੈ। ਸੋਨੇ ਦੀ ਕੀਮਤ 1 ਲੱਖ 50 ਹਜ਼ਾਰ ਰੁਪਏ ਤੋਂ ਵਧ ਚੁੱਕੀ ਹੈ, ਜਿਸ ਕਾਰਨ ਆਮ ਪਰਿਵਾਰਾਂ ਲਈ ਵਿਆਹ-ਸ਼ਾਦੀਆਂ ਵਿੱਚ ਗਹਿਣੇ ਖਰੀਦਣਾ ਬਹੁਤ ਮੁਸ਼ਕਲ ਹੋ ਗਿਆ ਹੈ। ਸਬਜ਼ੀਆਂ, ਦਾਲਾਂ, ਦੁੱਧ ਅਤੇ ਆਟੇ ਵਰਗੀਆਂ ਰੋਜ਼ਾਨਾ ਵਰਤੋਂ ਦੀਆਂ ਵਸਤਾਂ ਦੀਆਂ ਕੀਮਤਾਂ ਵੀ ਅਸਮਾਨ ਨੂੰ ਛੂਹ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੈਟਰੋਲ, ਡੀਜ਼ਲ, ਬਿਜਲੀ ਦੇ ਬਿੱਲਾਂ ਅਤੇ ਬੱਚਿਆਂ ਦੀਆਂ ਸਕੂਲ ਫੀਸਾਂ ਵਿੱਚ ਵਾਧਾ ਹੋਣ ਕਾਰਨ ਮੱਧ ਵਰਗ ਅਤੇ ਗਰੀਬ ਪਰਿਵਾਰਾਂ ਦੀ ਆਰਥਿਕ ਹਾਲਤ ਬਦ ਤੋਂ ਬਦਤਰ ਹੋ ਗਈ ਹੈ। ਉਨ੍ਹਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਵਧ ਰਹੀ ਮਹਿੰਗਾਈ 'ਤੇ ਕਾਬੂ ਪਾਇਆ ਜਾਵੇ ਅਤੇ ਆਮ ਲੋਕਾਂ ਨੂੰ ਰਾਹਤ ਦਿੱਤੀ ਜਾਵੇ। ਇਸ ਦਾ ਸਭ ਤੋਂ ਵੱਧ ਅਸਰ ਆਮ ਗਰੀਬ ਵਿਅਕਤੀ 'ਤੇ ਪੈਂਦਾ ਹੈ ਜੋ ਰੋਜ਼ਾਨਾ ਦਿਹਾੜੀ ਕਰਕੇ ਆਪਣੇ ਪਰਿਵਾਰ ਦਾ ਪਾਲਣ-ਪੋਸ਼ਣ ਕਰਦਾ ਹੈ।

# ਲੂੰਬਾ ਦੀ ਦੁਕਾਨ ਤੇ ਘਰ 'ਤੇ ਫਾਇਰਿੰਗ ਕਰਨ ਵਾਲਾ ਮੁੱਖ ਦੋਸ਼ੀ ਗ੍ਰਿਫ਼ਤਾਰ



**ਕਪੂਰਥਲਾ (ਮਨਜੀਤ ਮਾਨ)** ਬੀਤੀ 8 ਅਗਸਤ 2026 ਨੂੰ ਕਾਲਾ ਸੰਘਿਆਂ ਵਿਖੇ ਲੂੰਬਾ ਹੈਂਡਲੂਮ ਦੀ ਦੁਕਾਨ 'ਤੇ ਕਰੀਬ ਰਾਤ 1 ਵਜੇ ਦੇ ਕਰੀਬ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਵਿਅਕਤੀਆਂ ਵੱਲੋਂ ਫਾਇਰਿੰਗ ਕੀਤੀ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਮੁਦਈ ਕੁਲਦੀਪ ਕੁਮਾਰ ਲੂੰਬਾ ਵਾਸੀ ਆਲਮਗੀਰ ਕਾਲਾ ਸੰਘਿਆਂ ਕਪੂਰਥਲਾ ਦੇ ਬਿਆਨਾਂ 'ਤੇ ਮੁਕੱਦਮਾ ਆਰਮ ਐਕਟ ਥਾਣਾ ਸਦਰ ਕਪੂਰਥਲਾ ਵਿਖੇ ਨਾ ਮਾਲੂਮ ਵਿਅਕਤੀਆਂ 'ਤੇ ਦਰਜ ਕੀਤਾ ਗਿਆ ਸੀ ਦੌਰਾਨੇ ਤਫਤੀਸ਼ ਮੁਦਈ ਕੁਲਦੀਪ ਕੁਮਾਰ ਲੂੰਬਾ ਦਾ ਲੜਕਾ ਵਿਦੇਸ਼ ਇੰਗਲੈਂਡ ਵਿਖੇ ਰਹਿ ਰਿਹਾ ਹੈ, ਉਸ ਪਾਸੋਂ ਕਰਨਦੀਪ ਸਿੰਘ ਵਾਸੀ ਦੇਹਰੀਵਾਲ ਥਾਣਾ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਨਾਲ ਪੈਸਿਆਂ ਦਾ ਲੈਣ ਦੇਣ ਬਕਾਇਆ ਸੀ, ਜਿਸ ਨੂੰ ਕਪੂਰਥਲਾ ਪੁਲਸ ਵੱਲੋਂ ਅਤੇ ਟੈਕਨੀਕਲ ਸੈੱਲ ਦੀ ਮਦਦ ਨਾਲ ਮੁਕੱਦਮੇ ਵਿੱਚ ਮੁੱਖ ਦੋਸ਼ੀ ਅਮਰਜੀਤ ਸਿੰਘ ਵਾਸੀ ਸਾਹਲੇ ਚੱਕ ਥਾਣਾ ਕਲਾਨੌਰ ਥਾਣਾ ਗੁਰਦਾਸਪੁਰ ਨੂੰ ਗ੍ਰਿਫ਼ਤਾਰ ਕੀਤਾ ਹੈ, ਜਿਸ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਕਰਨਦੀਪ ਸਿੰਘ ਦੇ ਭਰਾ ਹਰਮਨਦੀਪ ਸਿੰਘ ਦੇ ਕਹਿਣ 'ਤੇ ਮੁਦਈ ਕੁਲਦੀਪ ਕੁਮਾਰ ਲੂੰਬਾ ਦੀ ਦੁਕਾਨ 'ਤੇ ਗੋਲੀਆਂ ਚਲਾਈਆਂ ਸਨ ਤੇ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੂਜੇ ਦੋਸ਼ੀ ਦੀ ਪਛਾਣ ਕਰ ਲਈ ਗਈ ਹੈ, ਪੁਲਸ ਨੇ ਕਿਹਾ ਉਸ ਨੂੰ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਵਿਸ਼ਵ ਫੋਟੋਗ੍ਰਾਫੀ ਦਿਵਸ 'ਤੇ ਪ੍ਰੀ-ਵੈਡਿੰਗ ਫੋਟੋਗ੍ਰਾਫੀ ਵਰਕਸ਼ਾਪ

**ਜਲੰਧਰ (ਸ਼ੈਲੀ ਐਲਬਰਟ)**- ਵਿਸ਼ਵ ਫੋਟੋਗ੍ਰਾਫੀ ਦਿਵਸ ਦੇ ਮੌਕੇ 'ਤੇ, ਹੰਸ ਰਾਜ ਮਹਿਲਾ ਮਹਾਵਿਦਿਆਲਿਆ ਦੇ ਪੀ ਜੀ ਮਾਸ ਕਮਿਊਨੀਕੇਸ਼ਨ ਅਤੇ ਵੀਡੀਓ ਪ੍ਰੋਡਕਸ਼ਨ ਵਿਭਾਗ ਵੱਲੋਂ ਫੋਟੋਗ੍ਰਾਫੀ ਦੇ ਰਚਨਾਤਮਕ ਖੇਤਰ ਵਿੱਚ ਵਿਦਿਆਰਥੀਆਂ ਨੂੰ ਵਿਹਾਰਕ (ਪ੍ਰੈਕਟੀਕਲ) ਜਾਣਕਾਰੀ ਅਤੇ ਪੇਸ਼ੇਵਰ ਸੂਝ ਪ੍ਰਦਾਨ ਕਰਨ ਲਈ ਪ੍ਰੀ-ਵੈਡਿੰਗ ਫੋਟੋਗ੍ਰਾਫੀ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਦੇ ਮੁੱਖ ਮਹਿਮਾਨ ਸੂਰਜ ਰਾਜ ਡੋਗਰਾ ਦਾ ਹੰਸ ਰਾਜ ਮਹਿਲਾ ਮਹਾਵਿਦਿਆਲਿਆ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਵੱਲੋਂ ਪਲਾਂਟਰ ਭੇਟ ਕਰਕੇ ਨਿੱਘਾ ਨਾਲ ਸਵਾਗਤ ਕੀਤਾ ਗਿਆ। ਡੋਗਰਾ ਨੇ ਵਿਦਿਆਰਥੀਆਂ ਨਾਲ ਆਪਣੀ ਮੁਹਾਰਤ ਅਤੇ ਤਜਰਬਾ ਸਾਂਝਾ ਕੀਤਾ ਅਤੇ ਪ੍ਰੀ-ਵੈਡਿੰਗ ਫੋਟੋਗ੍ਰਾਫੀ ਦੇ ਵੱਖ-ਵੱਖ ਪਹਿਲੂਆਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਦਾਨ ਕੀਤੀ, ਜਿਸ ਵਿੱਚ ਸੰਕਲਪ ਵਿਕਾਸ (ਕਾਨਸੈਪਟ ਡਿਵੈਲਪਮੈਂਟ), ਲੋਕੇਸ਼ਨ ਦੀ ਚੋਣ, ਲਾਈਟਿੰਗ, ਕੰਪੋਜ਼ੀਸ਼ਨ, ਕੈਮਰਾ ਤਕਨੀਕਾਂ, ਪੋਜ਼ਿੰਗ, ਅਤੇ ਵਿਜ਼ੂਅਲ ਸਟੋਰੀਟੈਲਿੰਗ ਸ਼ਾਮਲ ਸਨ। ਵਿਹਾਰਕ ਪ੍ਰਦਰਸ਼ਨਾਂ (ਪ੍ਰੈਕਟੀਕਲ ਡੈਮੋ) ਅਤੇ ਇੱਕ ਇੰਟਰਐਕਟਿਵ ਸੈਸ਼ਨ ਰਾਹੀਂ, ਵਿਦਿਆਰਥੀਆਂ ਨੇ ਪੇਸ਼ੇਵਰ ਫੋਟੋਗ੍ਰਾਫੀ ਤਕਨੀਕਾਂ ਅਤੇ ਰਚਨਾਤਮਕ ਪਹੁੰਚ ਦੀ ਬਿਹਤਰ ਸਮਝ ਪ੍ਰਾਪਤ ਕੀਤੀ। ਮਾਸ ਕਮਿਊਨੀਕੇਸ਼ਨ ਅਤੇ ਵੀਡੀਓ ਪ੍ਰੋਡਕਸ਼ਨ ਵਿਭਾਗ ਦੀ ਮੁਖੀ ਡਾ. ਰਮਾ ਸ਼ਰਮਾ ਨੇ ਕਿਹਾ, ਫੋਟੋਗ੍ਰਾਫੀ ਸਿਰਫ਼ ਇੱਕ ਤਸਵੀਰ ਖਿੱਚਣਾ ਨਹੀਂ ਹੈ, ਇਹ ਇੱਕ ਰਚਨਾਤਮਕ ਵਿਜ਼ੂਅਲ ਭਾਸ਼ਾ ਰਾਹੀਂ ਭਾਵਨਾਵਾਂ, ਯਾਦਾਂ ਅਤੇ ਕਹਾਣੀਆਂ ਨੂੰ ਸੰਭਾਲਣਾ ਹੈ। ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਨੂੰ ਬਹੁਮੁੱਲਾ



ਤਜਰਬਾ ਪ੍ਰਦਾਨ ਕਰਦੀਆਂ ਹਨ ਅਤੇ ਕਲਾਸ ਰੂਮ ਦੀ ਪੜ੍ਹਾਈ ਨੂੰ ਪੇਸ਼ੇਵਰ ਅਭਿਆਸਾਂ ਨਾਲ ਜੋੜਨ ਵਿੱਚ ਮਦਦ ਕਰਦੀਆਂ ਹਨ। ਹੰਸ ਰਾਜ ਮਹਿਲਾ ਮਹਾਵਿਦਿਆਲਿਆ ਦੀ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹੇ ਪ੍ਰੈਕਟੀਕਲ ਸਿੱਖਣ ਦੇ ਮੌਕਿਆਂ ਦਾ ਪੂਰਾ ਲਾਭ ਉਠਾਉਣ ਲਈ ਉਤਸ਼ਾਹਿਤ ਕੀਤਾ। ਸਟੇਜ ਦੀ ਕਾਰਵਾਈ ਦਾ ਸੰਚਾਲਨ ਜਸ਼ਨੀਤ ਸਹਿਗਲ ਦੁਆਰਾ ਸ਼ੁਕਰਾਨਾ ਨਾਲ ਕੀਤਾ ਗਿਆ। ਇਸ ਮੌਕੇ ਮਿਸ ਸਾਕਸ਼ੀ ਬਡੋਲਾ ਵੀ ਹਾਜ਼ਰ ਸਨ।



# ਵਿਸ਼ਵ ਫੋਟੋਗ੍ਰਾਫੀ ਦਿਵਸ ਮਨਾਇਆ

**ਦਸੂਹਾ (ਕਰਨੈਲ ਮੰਗਟ)**- ਫੋਟੋਗ੍ਰਾਫਰ ਮੰਚ ਦਸੂਹਾ ਵੱਲੋਂ ਵੀ ਵਿਸ਼ਵ ਫੋਟੋਗ੍ਰਾਫੀ ਦਿਵਸ ਦਸੂਹਾ ਵਿਖੇ ਬੱਚਾ ਬਿਸਟਰੋ ਰੈਸਟੋਰੈਂਟ ਵਿਖੇ ਦਸੂਹਾ ਫੋਟੋਗ੍ਰਾਫਰ ਦੇ ਸਾਰੇ ਮੈਂਬਰ ਨੇ ਕੇਕ ਕੱਟ ਕੇ ਮਨਾਇਆ ਤੇ ਰੈਸਟੋਰੈਂਟ ਵਿੱਚ ਰਿਫਰੈਸ਼ਮੈਂਟ ਪਾਰਟੀ ਵੀ ਕੀਤੀ ਗਈ। ਇਸ ਮੌਕੇ ਮੰਚ ਦੇ ਸਕੱਤਰ ਪਰਮਿੰਦਰ ਸਿੰਘ ਮੰਗਟ ਨੇ ਕਿਹਾ ਕੇ ਫੋਟੋਗ੍ਰਾਫੀ ਸਿਰਫ ਤਸਵੀਰਾਂ ਹੀ ਨਹੀਂ ਸਗੋਂ ਇਹ ਹਰ ਪਲ ਵਿੱਚ ਲੁਕੇ ਹੋਏ ਜਜ਼ਬਾਤ, ਕਹਾਣੀਆਂ ਅਤੇ ਯਾਦਾਂ ਨੂੰ ਸਦਾ ਲਈ ਸੰਭਾਲਣ ਦੀ ਕਲਾ ਹੈ। ਅੰਤ ਵਿੱਚ ਫੋਟੋਗ੍ਰਾਫਰ ਮੰਚ ਦੇ ਪ੍ਰਧਾਨ ਮਨਦੀਪ ਸਿੰਘ ਨੇ ਆਏ ਹੋਏ ਸਾਰੇ ਮੈਂਬਰਾ ਦਾ ਧੰਨਵਾਦ ਕੀਤਾ।

ਇਸ ਮੌਕੇ ਫੋਟੋਗ੍ਰਾਫਰ ਦਸੂਹਾ ਦੇ ਚੇਅਰਮੈਨ ਹਰਜਿੰਦਰ ਸਿੰਘ, ਕੈਸ਼ੀਅਰ ਸੰਜੀਵ ਕੁਮਾਰ, ਸੀਨੀਅਰ ਮੀਤ ਪ੍ਰਧਾਨ ਰਸ਼ਪਾਲ ਸਿੰਘ, ਹਰਜਿੰਦਰ ਸਿੰਘ, ਗੁਰਜਿੰਦਰ ਸਿੰਘ, ਜੋਧਵੀਰ ਸਿੰਘ, ਅਮ੍ਰਿਤਪਾਲ ਸਿੰਘ, ਵਿੱਕਰ ਸਿੰਘ, ਅਮਰ ਨਾਥ, ਜਸਵੰਤ ਸਿੰਘ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਨਰਿੰਦਰਪਾਲ ਸਿੰਘ, ਅਸ਼ੋਕ ਕੁਮਾਰ, ਸਤਨਾਮ ਸਿੰਘ ਕੁਲਵੀਰ ਸਿੰਘ, ਗੁਰਪ੍ਰੀਤ ਸਿੰਘ, ਚੰਦਨ ਗੁਰਵਿੰਦਰ ਸਿੰਘ, ਅਜੇ ਕੁਮਾਰ, ਲਵਪ੍ਰੀਤ ਸਿੰਘ, ਮਲਕੀਤ ਸਿੰਘ, ਰਣਵੀਰ ਸਿੰਘ, ਮਨਪ੍ਰੀਤ ਸਿੰਘ, ਸਤਪਾਲ ਸਿੰਘ, ਅਸ਼ਵਨੀ ਕੁਮਾਰ ਰਾਮ ਚੰਦ, ਸਤੀਸ਼ ਕੁਮਾਰ, ਅਮਰਜੀਤ ਸਿੰਘ, ਕੁਲਵਿੰਦਰ ਸਿੰਘ, ਸੁਖਨਦੀਪ ਸਿੰਘ, ਕਮਲ ਸ਼ਰਮਾ, ਬੰਟੀ, ਦਿਨੇਸ਼ ਕੁਮਾਰ, ਮੁਨੀਸ਼ ਅਤੇ ਭਾਰੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

### ਮਹਿੰਗਾਈ ਭੱਤਾ ਕੇਸ 'ਚ ਨਵਾਂ ਮੋੜ

# ਪਟੀਸ਼ਨਰ ਵੱਲੋਂ ਕੰਟੈਂਪਟ ਆਫ ਕੋਰਟ ਦਾਇਰ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਮਹਿੰਗਾਈ ਭੱਤੇ ਸਬੰਧੀ ਦਿੱਤੇ ਗਏ ਫੈਸਲੇ ਨੂੰ ਲਾਗੂ ਕਰਨ ਤੋਂਐਨ ਇੱਕ ਦਿਨ ਪਹਿਲਾਂ ਵਿੱਤ ਵਿਭਾਗ ਵੱਲੋਂ ਸਰਕਾਰ ਦੇ ਸਮੂਹ ਵਿਸ਼ੇਸ਼ ਪ੍ਰਮੁੱਖ ਸਕੱਤਰਾਂ, ਵਿੱਤੀ ਕਮਿਸ਼ਨਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਲਿਖੇ ਇੱਥ ਪੱਤਰ ਰਾਹੀਂ ਸਿਵਲ ਰਿੱਟ ਪਟੀਸ਼ਨ ਨੰ: 7291 ਆਫ 2026 - ਨਿਰਮਲ ਸਿੰਘ ਧਨੋਆ ਐਂਡ ਅਦਰਜ਼ ਬਨਾਮ ਪੰਜਾਬ ਸਰਕਾਰ ਅਤੇ ਹੋਰ ਸਬੰਧਤ ਕੇਸਾਂ ਵਿੱਚਵਿੱਤ ਵਿਭਾਗ ਦੀ ਅਗੇਤਰੀ ਮੰਨਜ਼ੂਰ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦਾ ਕੋਈ ਫੈਸਲਾ ਲੈਣ ਤੋਂ ਸਖਤੀ ਨਾਲ ਵਰਜਣ ਉਪਰੰਤ ਇਸ ਕੇਸ ਦੇ ਪਟੀਸ਼ਨਰ ਵੱਲੋਂ ਅਗਲੇ ਕਦਮ ਵਜੋਂ ਕੰਟੈਂਪਟ ਆਫ ਕੋਰਟ ਦਾ ਮਾਮਲਾ ਮੁੜ ਅਦਾਲਤ ਦੀਆਂ ਬਰੂਹਾਂ 'ਤੇ ਅੱਪੜ ਗਿਆ ਹੈ। ਜ਼ਿਕਰਯੋਗ ਹੈ ਕਿ ਅਦਾਲਤ ਵੱਲੋਂ ਦਿੱਤੀ ਸਮਾਂ ਸੀਮਾ ਪਾਰ ਹੋ ਜਾਣ ਦੇ ਬਾਵਜੂਦ ਵੀ ਬੇਸ਼ੱਕ ਸਰਕਾਰ ਵੱਲੋਂ ਸੁਪਰੀਮ ਕੋਰਟ ਦੇ ਰਾਹ ਜਾਣ ਤੋਂ ਕਿਨਾਰਾ ਕੀਤਾ ਗਿਆ ਜਾਪਦਾ ਹੈ। ਮਾਣਯੋਗ ਅਦਾਲਤ ਵੱਲੋਂ ਸੁਣਾਏ ਗਏ ਹੁਕਮਾਂ ਵਿੱਚ ਤਹਿ ਸਮਾਂ ਸੀਮਾ ਤੱਕ ਅਮਲੀ ਕਾਰਵਾਈ ਨਾ ਹੋਣ 'ਤੇ 6% ਵਿਆਜ ਦੀ ਸ਼ਰਤ ਨਿਰਧਾਰਤ ਹੈ। ਅਜਿਹੀ ਸਥਿਤੀ ਨਾਲ ਦੋ ਚਾਰ ਹੋਣ ਲਈ ਮੁਲਾਜ਼ਮ ਜਥੇਬੰਦੀਆਂ ਦੀਆਂ ਮੀਟਿੰਗਾਂ ਦਾ ਸਿਲਸਿਲਾ ਤੇਜ਼ ਹੋਇਆ ਹੈ ਅਤੇ ਉਹ 27 ਅਗਸਤ ਦੇ ਦਿੱਤੇ ਗਏ ਮਹਾਂ-ਬੰਦ ਦੀਆਂ ਤਿਆਰੀਆਂ ਵਿੱਚ ਜੁਟ ਗਏ ਹਨ। ਇਹ ਵੀ ਪਤਾ ਲਗਾ ਹੈ ਕਿ ਮੁਲਾਜ਼ਮ ਆਗੂ ਕੁਝ ਦਿਨਾਂ ਦੀ ਛੁੱਟੀ 'ਤੇ ਚਲ ਰਹੇ ਹਨ।ਵਰਨਣਯੋਗ ਹੈ ਕਿ ਚੰਡੀਗੜ੍ਹ ਦੀ ਦਾਣਾ ਮੰਡੀ ਵਿੱਚ ਹੋਈ ਇਤਿਹਾਸਕ ਮੁਲਾਜ਼ਮ ਰੈਲੀ ਦੇ ਅਸਰ ਹੇਠ ਮੁੱਖ ਮੰਤਰੀ ਵੱਲੋਂ ਮੁਲਾਜ਼ਮ ਜਥੇਬੰਦੀਆਂ ਨੂੰ ਪਹਿਲਾਂ ਹੀ 27 ਅਗਸਤ, 2026 ਨੂੰ ਮੀਟਿੰਗ ਲਈ ਸੱਦਿਆ ਜਾ ਚੁੱਕਾ ਹੈ। ਸਕੱਤਰੇਤ ਦੇ ਗਲਿਆਰਿਆਂ ਵਿੱਚ ਇਹ ਮੁੱਦਾ ਨਿੱਤ ਦੀ ਚਰਚਾ ਦਾ ਅਹਿਮ ਪ੍ਰਸੰਗ ਬਣ ਕੇ ਉੱਭਰ ਰਿਹਾ ਹੈ। ਇਹ ਵੀ ਕਨਸੋਅ ਹੈ ਕਿ ਸਰਕਾਰ ਇਸ ਮਸਲੇ ਨੂੰ ਹੱਲ ਕਰਨ ਲਈ ਮੁਲਾਜ਼ਮ ਆਗੂਆਂ ਨਾਲ ਮੁਲਾਕਾਤਾਂ ਦੇ ਦੌਰ ਨੂੰ ਅਗਾਂਹ ਤੋਰ ਮਹਿੰਗਾਈ ਭੱਤੇ ਦੀ ਬਕਾਇਆ ਰਾਸ਼ੀ ਦੇ ਜਾਲ਼ ਵਿੱਚੋਂ ਨਿਕਲਣ ਲਈ ਚਾਰਾਜੋਈ ਕਰਨ ਵਿੱਚ ਲੱਗੀ ਹੋਈ ਹੈ।

## ਥਾਇਰਾਇਡ ਤੇ ਸ਼ੂਗਰ ਦਾ ਮੁਫਤ ਜਾਂਚ ਕੈਂਪ ਅੱਜ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਅਤੇ ਸਮੇਂ ਸਿਰ ਬਿਮਾਰੀਆਂ ਦੀ ਪਛਾਣ ਕਰਨ ਦੇ ਉਦੇਸ਼ ਨਾਲ ਮੁਫਤ ਥਾਇਰਾਇਡ ਅਤੇ ਐਚ ਬੀ ਏ 1 ਸੀ ਸ਼ੂਗਰ ਜਾਂਚ ਕੈਂਪ 21 ਅਗਸਤ ਨੂੰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਲਗਾਇਆ ਜਾਵੇਗਾ।



ਇਸ ਸੰਬੰਧੀ ਜਾਣਕਾਰੀ ਹਸਪਤਾਲ ਪ੍ਰਬੰਧਕ ਟਰੱਸਟ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਦੱਸਿਆ ਕਿ ਕੈਂਪ ਦੌਰਾਨ ਲੋਕਾਂ ਦੀ ਸਿਹਤ ਦੀ ਜਾਂਚ ਕਰਕੇ ਥਾਇਰਾਇਡ ਅਤੇ ਸ਼ੂਗਰ ਨਾਲ ਸਬੰਧਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਨ ਲਈ ਵਿਸ਼ੇਸ਼ ਸਹੂਲਤ ਦਿੱਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਕੈਂਪ ਵਿੱਚ ਮੁਫ਼ਤ ਕੀਤੇ ਜਾਣ ਵਾਲੇ ਸ਼ੂਗਰ ਟੈਸਟ ਐਚ ਬੀ ਏ 1 ਸੀ ਰਾਹੀਂ ਪਿਛਲੇ ਤਿੰਨ ਮਹੀਨਿਆਂ ਦੌਰਾਨ ਬਲੱਡ ਸ਼ੂਗਰ ਦੇ ਔਸਤ ਪੱਧਰ ਬਾਰੇ ਮਹੱਤਵਪੂਰਨ ਜਾਣਕਾਰੀ ਮਿਲਦੀ ਹੈ, ਜਿਸ ਨਾਲ ਸ਼ੂਗਰ ਦੀ ਨਿਗਰਾਨੀ ਵਿੱਚ ਮਦਦ ਮਿਲਦੀ ਹੈ। ਇਸ ਕੈਂਪ ਵਿੱਚ ਸਰਕਾਰੀ ਹਸਪਤਾਲ ਦੇ ਮੈਡੀਕਲ ਮਾਹਿਰ ਡਾ. ਵਿਵੇਕ ਗੁੰਬਰ ਅਤੇ ਡਾ. ਰਾਹੁਲ ਗੋਇਲ ਵੱਲੋਂ ਥਾਇਰਾਇਡ ਅਤੇ ਸ਼ੂਗਰ ਦੇ ਟੈਸਟ ਕੀਤੇ ਜਾਣਗੇ। ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜ ਅਨੁਸਾਰ ਸਿਹਤ ਸਬੰਧੀ ਸਲਾਹ ਵੀ ਦਿੱਤੀ ਜਾਵੇਗੀ। ਇਸ ਮੌਕੇ ਦਵਿੰਦਰ ਸਿੰਘ ਢਿੱਲੋਂ ਟਰੱਸਟ ਮੈਂਬਰ, ਡਾ. ਵਿਵੇਕ ਗੁੰਬਰ ਤੇ ਡਾ. ਰਾਹੁਲ ਗੋਇਲ ਵੀ ਹਾਜ਼ਰ ਸਨ।

# ਲੋਕ ਨਾਚ ਤੇ ਰੈੱਡ ਰਿਬਨ ਕੁਇਜ਼ ਮੁਕਾਬਲੇ ਕਰਵਾਏ

**ਨਵਾਂ ਸ਼ਹਿਰ (ਮਨੋਜ ਲਾਡੀ)**- ਰਾਸ਼ਟਰੀ ਜਨਸੰਖਿਆ ਸਿੱਖਿਆ ਪ੍ਰੋਗਰਾਮ ਅਧੀਨ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਅਨੀਤਾ ਸ਼ਰਮਾ ਅਤੇ ਉਪ-ਜ਼ਿਲ੍ਹਾ ਸਿੱਖਿਆ ਅਫਸਰ ਲਖਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨੌਰਾ ਵਿਖੇ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ ਸਤਨਾਮ ਸਿੰਘ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਰੋਲ ਪਲੇ, ਲੋਕਨਾਚ ਅਤੇ ਰੈਡ ਰਿਬਨ ਕੁਇਜ਼ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਜ਼ਿਲ੍ਹੇ ਵਿੱਚੋਂ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਜ਼ਿਲਾ ਸਾਇੰਸ ਸੁਪਰਵਾਈਜ਼ਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਦੇ ਰਾਹੀਂ ਸਰਕਾਰ ਵੱਲੋਂ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਲਈ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਉਜਾਗਰ ਕਰਕੇ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਕਰੋਨਾ ਵਰਗੀ ਭਿਆਨਕ ਬਿਮਾਰੀ ਨਾਲ ਮਰਨ ਵਾਲੇ ਲੋਕਾਂ ਦੀ ਗਿਣਤੀ ਨਾਲੋਂ ਤੰਬਾਕੂ ਦੀ ਵਰਤੋਂ ਨਾਲ ਮਰਨ ਵਾਲੇ ਲੋਕਾਂ ਦੀ ਗਿਣਤੀ ਕਿਤੇ ਜ਼ਿਆਦਾ ਹੈ। ਇਸ ਮੌਕੇ ਉਪ-ਜ਼ਿਲਾ ਸਿੱਖਿਆ ਅਫਸਰ ਲਖਬੀਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਗਿਆ ਕਿ ਉਕਤ ਪ੍ਰੋਗਰਾਮ ਰਾਹੀਂ ਦਿੱਤੇ ਸਨੇਹੇ ਨੂੰ ਘਰ ਘਰ ਪਹੁੰਚਾਉਣਾ ਸਾਡੀ ਜ਼ਿੰਮੇਵਾਰੀ ਬਣਦੀ ਹੈ। ਜ਼ਿਲਾ ਸਿੱਖਿਆ ਅਫਸਰ ਮੈਡਮ ਨੀਤਾ ਸ਼ਰਮਾ ਨੇ



ਵਿਦਿਆਰਥੀਆਂ ਨੂੰ ਏਡਜ਼ ਵਰਗੀ ਭਿਆਨਕ ਬਿਮਾਰੀ, ਵਧ ਰਹੀ ਜਨਸੰਖਿਆ ਦੇ ਬੁਰੇ ਪ੍ਰਭਾਵ, ਤੰਬਾਕੂ ਦੇ ਬੁਰੇ ਪ੍ਰਭਾਵ ਆਦਿ ਬਾਰੇ ਜਾਗਰੂਕ ਕੀਤਾ ਅਤੇ ਵਿਦਿਆਰਥੀਆਂ ਨੂੰ ਇਹਨਾਂ ਕੁਰੀਤੀਆਂ ਤੋਂ ਬਚਣ ਦੇ ਲਈ ਸੁਨੇਹਾ ਦਿੱਤਾ। ਜ਼ਿਲ੍ਹਾ ਪੱਧਰੀ ਰੋਲ ਪਲੇ ਮੁਕਾਬਲੇ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁਕੰਦਪੁਰ ਦੇ ਵਿਦਿਆਰਥੀਆਂ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਨਾਣਾ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਕੰਡੀ ਸਕੂਲ ਸੰਧਵਾਂ ਦੇ ਵਿਦਿਆਰਥੀਆਂ ਨੇ ਤੀਸਰਾ ਸਥਾਨ ਹਾਸਿਲ ਕੀਤਾ। ਲੋਕ ਨਾਚ ਮੁਕਾਬਲੇ ਵਿੱਚ ਸਰਕਾਰੀ ਹਾਈ ਸਕੂਲ ਮੇਹਲੀ ਨੇ ਪਹਿਲਾਂ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਰਨਾਣਾ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਰਾਲਾ ਨੇ ਤੀਸਰਾ ਸਥਾਨ ਹਾਸਿਲ ਕੀਤਾ ਇਸੇ ਤਰ੍ਹਾਂ ਰੈਡ ਰਿਬਨ ਕੁਇਜ਼ ਦੇ ਵਿੱਚ ਪਿਛਲੇ ਸਾਲ ਦੀ ਤਰ੍ਹਾਂ ਸਕੂਲ ਆਫ ਐਮੀਨੈਂਸ ਨਵਾਂ ਸ਼ਹਿਰ ਦੀਆਂ ਵਿਦਿਆਰਥਣਾਂ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਟੈਂਡਾ ਦੇ ਵਿਦਿਆਰਥੀਆਂ ਨੇ ਦੂਜਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ ਦੇ ਵਿਦਿਆਰਥੀਆਂ ਨੇ ਤੀਸਰਾ ਸਥਾਨ ਹਾਸਿਲ ਕੀਤਾ। ਇਹਨਾਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਿਲ ਕਰਨ ਵਾਲੀਆਂ ਟੀਮਾਂ ਹੁਣ ਰਾਜ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ। ਇਸ ਮੌਕੇ ਪ੍ਰਿੰਸੀਪਲ ਰਜਨੀਸ਼ ਕੁਮਾਰ ਪ੍ਰਿੰਸੀਪਲ ਡਾਇਟ ਨੌਰਾ, ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨੌਰਾ ਦੀ ਇੰਚਾਰਜ ਮੈਡਮ ਰਵਿਤਾ ਢਿੱਲੋਂ, ਸੰਦੀਪ ਕੁਮਾਰ, ਕਮਲਦੀਪ ਸੰਲਣ ਅਤੇ ਜਸਵੀਰ ਚੰਦ ਵੱਲੋਂ ਵਿਸ਼ੇਸ਼ ਤੌਰ ਤੇ ਆਪਣਾ ਯੋਗਦਾਨ ਪਾਇਆ ਗਿਆ।

# 23 ਨੂੰ ਐੱਨ ਪੀ ਐਸ ਮੁਲਾਜ਼ਮ ਮੁੱਖ ਮੰਤਰੀ ਦੇ ਪਿੰਡ ਸਤੌਜ ਵੱਲ ਕਰਨਗੇ ਕੂਚ



**ਜਲੰਧਰ/ਹੁਸ਼ਿਆਰਪੁਰ (ਰਾਜੇਸ਼ ਥਾਪਾ, ਬਲਵੀਰ ਸਿੰਘ ਸੈਣੀ)**- ਪੰਜਾਬ ਵਿੱਚ ਐਨ ਪੀ ਐਸ ਦੇ ਖਿਲਾਫ ਲੜ ਰਹੀਆਂ ਮੁਲਾਜ਼ਮਾਂ ਦੀਆਂ ਤਿੰਨ ਪ੍ਰਮੁੱਖ ਜਥੇਬੰਦੀਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ, ਸੀ ਪੀ ਐਫ ਕਰਮਚਾਰੀ ਯੂਨੀਅਨ ਪੰਜਾਬ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਵੱਲੋਂ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਦੇ ਬੈਨਰ ਹੇਠ ਪ੍ਰੈਸ ਕਲੱਬ ਜਲੰਧਰ ਵਿਖੇ ਮੁਲਾਜ਼ਮ ਆਗੂ ਜਸਵੀਰ ਸਿੰਘ ਤਲਵਾੜਾ, ਗੁਰਜੰਟ ਸਿੰਘ ਕੋਕਰੀ ਤੇ ਸੁਖਜੀਤ ਸਿੰਘ ਵੱਲੋਂ ਸਾਂਝੇ ਰੂਪ ਵਿੱਚ ਸੂਬਾ ਪੱਧਰੀ ਪ੍ਰੈਸ ਕਾਨਫਰੰਸ ਕੀਤੀ ਗਈ। ਆਗੂਆਂ ਵੱਲੋਂ ਕਿਹਾ ਗਿਆ ਕਿ ਮੰਚ ਵੱਲੋਂ 4 ਜੁਲਾਈ ਨੂੰ ਮੰਗੀ ਕਾਨਵੈਨਸ਼ਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਵੀ ਸ਼ਾਮਿਲ ਹੋਣ ਲਈ ਖੁੱਲਾ ਸੱਦਾ ਦਿੱਤਾ ਗਿਆ ਸੀ ਤੇ ਉਨ੍ਹਾਂ ਦੀਆਂ ਕੁਰਸੀਆਂ ਵੀ ਸਟੇਜ ਉੱਤੇ ਲਗਾਈਆਂ ਗਈਆਂ ਸਨ ਤਾਂ ਜੋ ਪੰਜਾਬ ਦੇ ਐਨ ਪੀ ਐਸ ਦੀ ਸਕੀਮ ਤੋਂ ਪੀੜਤ ਪੰਜਾਬ ਦੇ ਲਗਭਗ ਢਾਈ ਲੱਖ ਮੁਲਾਜ਼ਮਾਂ ਨਾਲ ਨਿਆਂ ਹੋ ਸਕੇ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾ ਸਕੇ। ਪਰ ਮੁੱਖ ਮੰਤਰੀ ਅਤੇ ਵਿੱਤ ਮੰਤਰੀ ਵੱਲੋਂ ਮੁਲਾਜ਼ਮਾਂ ਦੀ ਖੁੱਲੀ ਸੱਥ ਵਿੱਚ ਸ਼ਾਮਲ ਨਾ ਹੋਏ।

ਆਗੂਆਂ ਵੱਲੋਂ ਦੱਸਿਆ ਗਿਆ ਕਿ ਹੁਣ ਪੁਰਾਣੀ ਪੈਨਸ਼ਨ ਬਹਾਲੀ ਸਾਂਝਾ ਮੰਚ ਪੰਜਾਬ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕਰਨ ਦੇ ਰੋਸ ਵਜੋਂ ਉਨ੍ਹਾਂ ਦੇ ਜੱਦੀ ਪਿੰਡ ਸਤੌਜ ਵੱਲ 23 ਅਗਸਤ ਨੂੰ ਵਿਸ਼ਾਲ ਮਾਰਚ ਕਰਦੇ ਹੋਏ ਰੋਸ ਪ੍ਰਗਟ ਕੀਤਾ ਜਾਵੇਗਾ।

ਇਸ ਮੌਕੇ 'ਤੇ ਸੰਬੋਧਨ ਕਰਦਿਆਂ ਮੁਲਾਜ਼ਮ ਆਗੂ ਪ੍ਰਗਟ ਸਿੰਘ ਝੱਬਾਲ, ਸਰੂਪ ਸਿੰਘ ਛੱਤਿਆਣਾ, ਸਾਹਿਬ ਸਿੰਘ, ਪਰਮਜੀਤ ਸਿੰਘ ਕ੍ਰਿਸ਼ਨਪੁਰਾ, ਪ੍ਰਮੋਦ ਕੁਮਾਰ, ਵਰਿੰਦਰ ਵਿੱਕੀ, ਵੇਦ ਰਾਜ ਦੁਆਰਾ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਐਨ ਪੀ ਐਸ ਪੀੜਤ ਮੁਲਾਜ਼ਮ ਹੁਣ ਸਰਕਾਰ ਖਿਲਾਫ ਆਰ ਪਾਰ ਦੀ ਲੜਾਈ ਲੜਨ ਲਈ ਤਿਆਰ ਬੈਠੇ ਹਨ ਤੇ ਉਨ੍ਹਾਂ ਦੇ ਸਬਰ ਨੂੰ ਹੋਰ ਨਾ ਪਰਖਿਆ ਜਾਵੇ।

## ਨਾਜਾਇਜ਼ ਖਣਨ ਖ਼ਿਲਾਫ਼ ਭਾਜਪਾ ਨੇ ਮੋਰਚਾ ਖੋਲ੍ਹਿਆ

**ਤਲਵਾੜਾ (ਬਲਦੇਵ ਸਿੰਘ ਸੈਣੀ)**- ਹਲਕਾ ਦਸੂਹਾ ਤੋਂ ਭਾਜਪਾ ਦੇ ਸੀਨੀਅਰ ਆਗੂ ਅਤੇ ਨਾਮਵਰ ਕਾਰੋਬਾਰੀ ਸੁਸ਼ੀਲ ਪਿੰਕੀ ਨੇ ਆਪਣੇ ਸਮਰਥਕਾਂ ਨਾਲ ਇੱਕ ਮੀਟਿੰਗ ਕੀਤੀ।ਇਸ ਦੌਰਾਨ



ਖੇਤਰ 'ਚ ਨਾਜਾਇਜ਼ ਮਾਈਨਿੰਗ ਅਤੇ ਆਏ ਦਿਨ ਟਿੱਪਰਾਂ ਨਾਲ ਹੋ ਰਹੇ ਹਾਦਸਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਭਾਜਪਾ ਆਗੂ ਸੁਸ਼ੀਲ ਪਿੰਕੀ ਨੇ ਕਿਹਾ ਕਿ ਨਾਜਾਇਜ਼ ਖਣਨ ਮਾਫੀਆ ਨੇ ਕੰਢੀ ਖੇਤਰ ਵਿੱਚ ਭਾਰੀ ਤਬਾਹੀ ਮਚਾਈ ਹੋਈ ਹੈ। ਹੈਰਾਨੀ ਵਾਲੀ ਗੱਲ ਹੈ ਕਿ ਇਸ ਦੇ ਚੱਲਦੇ ਓਵਰਲੋਡ ਟਿੱਪਰ ਲੋਕਾਂ ਨੂੰ ਦਰੜ ਰਹੇ ਹਨ। ਸਵਾਂ ਦਰਿਆ 'ਚ ਖਣਨ ਮਾਫੀਆ ਵੱਲੋਂ ਪਾਏ 100 ਤੋਂ 200 ਫੁੱਟ ਡੂੰਘੇ ਖੱਡੇ ਲੋਕਾਂ ਅਤੇ ਪਸ਼ੂਆਂ ਦੀ ਜਾਨ ਦਾ ਖੌਅ ਬਣੇ ਹੋਏ ਹਨ। ਸਿਆਸੀ ਸ਼ਹਿ 'ਤੇ ਚੱਲ ਰਹੇ ਨਾਜਾਇਜ਼ ਖਣਨ ਤੋਂ ਕੰਢੀ ਦੇ ਲੋਕ ਦੁੱਖੀ ਹਨ। ਸੁਸ਼ੀਲ ਪਿੰਕੀ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਇੱਕ ਹਫ਼ਤੇ ਅੰਦਰ ਨਾਜਾਇਜ਼ ਖਣਨ ਅਤੇ ਓਵਰਲੋਡ ਟਿੱਪਰਾਂ 'ਤੇ ਸ਼ਿਕੰਜਾ ਨਾ ਕਸੱਣ ਦੀ ਸੂਰਤ 'ਚ ਪੀੜ੍ਹਤ ਲੋਕਾਂ ਨੂੰ ਨਾਲ ਲੈ ਕੇ ਸੜਕਾਂ 'ਤੇ ਉਤਰਨ ਦੀ ਚੇਤਾਵਨੀ ਦਿੱਤੀ ਹੈ। ਇਸ ਮੌਕੇ 'ਤੇ ਅਨਿਲ ਸ਼ਰਮਾ, ਕੈਪਟਨ ਨਰੇਸ਼ਸ ਕੁਮਾਰ, ਠਾ ਧਰੁਵ ਸਿੰਘ ਸਾਬਕਾ ਪ੍ਰਧਾਨ ਨਗਰ ਕੌਂਸਲ ਤਲਵਾੜਾ, ਦੀਪਕ ਰਾਣਾ, ਸਤਨਾਮ ਸਿੰਘ ਸੈਣੀ, ਸਾਬਕਾ ਸਰਪੰਚ ਕੁਲਜੀਤ ਸਿੰਘ, ਰਮਨ ਕੌਲ, ਕੁਲਦੀਪ ਚਤਰੂ, ਸੰਜੀਵ ਭਾਰਦਵਾਜ, ਸੁਸ਼ੀਲ ਚੌਧਰੀ, ਕਮਲਜੀਤ ਸਿੰਘ, ਅੰਕਿਤ ਪਠਾਨੀਆ, ਚੌਧਰੀ ਕਰਤਾਰ ਸਿੰਘ, ਕਸ਼ਮੀਰ ਸਿੰਘ ਆਦਿ ਹਾਜ਼ਰ ਸਨ।

# ਤੀਆਂ ਦਾ ਤਿਉਹਾਰ ਮਨਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਭਾਰਤ ਸਰਕਾਰ ਵੱਲੋਂ ਜ਼ਿਲ੍ਹਾ ਐਵਾਰਡ ਨਾਲ ਸਨਮਾਨਤ ਸ਼ਹੀਦ ਭਗਤ ਸਿੰਘ ਯੂਥ ਕਲੱਬ ਅਰਨੋਲੀ ਵੱਲੋਂ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤੀਆਂ ਦਾ ਤਿਉਹਾਰ ਮਨਾਇਆ ਗਿਆ। ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨ ਬੱਚੀਆਂ ਅਤੇ ਔਰਤਾਂ ਨੇ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਬਚਿੱਤਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਛੋਟੀ ਬੱਚੀ ਹਰਨੂਰ ਕੌਰ ਅਤੇ ਉਹਨਾਂ ਦੀ ਟੀਮ ਵੱਲੋਂ ਕੀਤੇ ਯਤਨਾ ਸਦਕਾ ਸਫਲਤਾ ਪੂਰਵਕ ਰਿਹਾ। ਇਸ ਮੌਕੇ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਗਿੱਧਾ, ਭੰਗੜਾ,



ਕੋਰੀਓਗ੍ਰਾਫੀ, ਨਾਟਕ ਆਦਿ ਕਰਵਾਏ ਗਏ। ਇਸ ਸਮਾਗਮ ਦਾ ਉਦਘਾਟਨ ਸਮਾਜ ਸੇਵੀ ਜਸਬੀਰ ਸਿੰਘ ਸ਼ਾਂਤਪਰੀ ਵੱਲੋਂ ਕੀਤਾ ਗਿਆ ਅਤੇ ਉਹਨਾਂ ਨੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਗਏ ਉਪਰਾਲੇ ਦੀ ਸਲਾਘਾ ਕੀਤੀ। ਇਸ ਮੌਕੇ ਸਮਾਜ ਸੇਵੀ ਆਗੂ ਦੀਪਕ ਛਾਬੜਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ ਜਦਕਿ ਮੁੱਖ ਮਹਿਮਾਨ ਵਜੋਂ ਕੌਂਸਲਰ ਮਨਦੀਪ ਸਿੰਘ ਬਾਜਵਾ, ਸਮਾਜ ਸੇਵੀ ਠੇਕੇਦਾਰ ਬਲਵੀਰ ਸਿੰਘ ਲਾਲਾ, ਗੁਰੂ ਸ਼ੇਰ ਗਿੱਲ ਅਤੇ ਅਮਰਜੀਤ ਸਿੰਘ ਲੱਲਾ ਰੋਣੀ ਨੇ ਹਾਜ਼ਰੀ ਭਰਦਿਆਂ ਕਲੱਬ ਵੱਲੋਂ ਕੀਤੇ ਉਪਰਾਲੇ ਦੀ ਸਲਾਂਘਾ ਕੀਤੀ। ਇਸ ਮੌਕੇ ਮੁੱਖ ਮਹਿਮਾਨ ਅਤੇ ਸਮਾਜ ਸੇਵੀ ਮਨਦੀਪ ਸਿੰਘ ਬਾਜਵਾ ਵੱਲੋਂ ਪ੍ਰੋਗਰਾਮ ਦੌਰਾਨ ਭਾਗ ਲੈਣ ਵਾਲੇ ਬੱਚਿਆਂ ਨੂੰ ਅਤੇ ਆਏ ਹੋਰ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੇ ਅਖੀਰ ਵਿੱਚ ਕਲੱਬ ਦੇ ਪ੍ਰਧਾਨ ਕਮਲਜੀਤ ਸਿੰਘ ਅਰਨੌਲੀ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਜੈਸਮੀਨ ਕੌਰ ਅਰਨੌਲੀ ਵੱਲੋਂ ਕੀਤਾ ਗਿਆ। ਇਸ ਮੌਕੇ ਸਰਪੰਚ ਗੁਰਮੀਤ ਕੌਰ, ਅਧਿਆਪਕ ਆਗੂ ਗੁਰਮੀਤ ਕੌਰ ਫਤਿਹਪੁਰ, ਡਾ. ਦਲਜੀਤ ਰਾਣੀ, ਪੰਚਾਇਤ ਮੈਂਬਰ ਪਰਮਜੀਤ ਕੌਰ, ਪੰਚਾਇਤ ਮੈਂਬਰ ਰਣਧੀਰ ਕੌਰ, ਪੰਚਾਇਤ ਮੈਂਬਰ ਜਸਵੀਰ ਕੌਰ, ਸਮਾਜ ਸੇਵੀ ਨਰਾਤਾ ਸਿੰਘ ਫੌਜੀ, ਸਾਬਕਾ ਸਰਪੰਚ ਹਰਪ੍ਰੀਤ ਕੌਰ, ਮਨਦੀਪ ਸਿੰਘ, ਗੁਰਨੂਰ ਕੌਰ, ਅਰਸ਼ਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਅਮਨਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਮਨਪ੍ਰੀਤ ਕੌਰ ਹਰਸਿਮਰਨ ਕੌਰ, ਜਸ਼ਨਪ੍ਰੀਤ ਸਿੰਘ, ਤਨਵੀਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਐੱਚ ਐੱਮ ਵੀ 'ਚ 'ਸ਼ੀ ਸਰਵਸ' ਰਾਸ਼ਟਰ ਪੱਧਰੀ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਹੰਸਰਾਜ ਮਹਿਲਾ ਮਹਾਵਿਦਿਆਲਾ ਜਲੰਧਰ ਵਿੱਚ ਪ੍ਰਿੰਸੀਪਲ ਡਾ. ਏਕਤਾ ਖੋਸਲਾ ਦੀ ਅਗਵਾਈ ਹੇਠ ਰਾਸ਼ਟਰੀ ਪੱਧਰ ਦੇ 'ਸ਼ੀ ਸਰਵਸ' ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਰਾਸ਼ਟਰੀ



ਮਹਿਲਾ ਕਮਿਸ਼ਨ ਦੇ ਸਹਿਯੋਗ ਨਾਲ ਅਤੇ ਕਾਲਜ ਦੀ ਅੰਦਰੂਨੀ ਸ਼ਿਕਾਇਤ ਕਮੇਟੀ ਤੇ ਮਹਿਲਾ ਸ਼ਸ਼ਕਤੀਕਰਨ ਸੈੱਲ ਦੇ ਸਾਂਝੇ ਯਤਨਾਂ ਸਦਕਾ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਖਾਸ ਮਹਿਮਾਨਾਂ ਦੇ ਆਗਮਨ, ਵੰਦੇ ਮਾਤਰਮ ਅਤੇ ਗਿਆਨ ਦੀ ਜੋਤ ਜਗਾ ਕੇ ਕੀਤੀ ਗਈ। ਇਸ ਤੋਂ ਬਾਅਦ ਮਹਿਮਾਨਾਂ ਦਾ ਸੁਆਗਤ ਗ੍ਰੀਨ ਪਲਾਂਟਰ ਸੱਭਿਆਚਾਰਕ ਫੁਲਕਾਰੀ ਅਤੇ ਸ਼ਾਲ ਭੇਂਟ ਕਰਕੇ ਕੀਤਾ ਗਿਆ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਵਿਜਯਾ ਰਾਹਤਕਰ (ਮਾਨਯੋਗ ਪ੍ਰਧਾਨ, ਰਾਸ਼ਟਰੀ ਮਹਿਲਾ ਕਮਿਸ਼ਨ) ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਕਰਨਲ ਰਸ਼ਮੀ ਨਾਰਾਇਣ ਤੇ ਰਾਮ ਅਵਤਾਰ (ਡਿਪਟੀ ਡਾਇਰੈਕਟਰ) ਵੀ ਹਾਜ਼ਰ ਸਨ। ਆਪਣੇ ਪ੍ਰਭਾਵਸ਼ਾਲੀ ਸੰਬੋਧਨ ਵਿੱਚ ਮਾਨਯੋਗ ਸ਼੍ਰੀਮਤੀ ਵਿਜਯਾ ਰਾਹਤਕਰ ਨੇ ਔਰਤਾਂ ਦੇ ਅਧਿਕਾਰਾਂ, ਸੁਰੱਖਿਆ, ਸਨਮਾਨ, ਅਗਵਾਈ ਅਤੇ ਸ਼ਸ਼ਕਤੀਕਰਨ ਨਾਲ ਜੁੜੇ ਮਹੱਤਵਪੂਰਨ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਤੋਂ ਬਾਅਦ ਤਕਨੀਕੀ ਸੈਸ਼ਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਸ਼ਾ ਮਾਹਿਰ ਕਰਨਲ ਰਸ਼ਮੀ ਨਾਰਾਇਣ ਨੇ ਭਾਗੀਦਾਰਾਂ ਨੂੰ ਆਰਮੀ ਦੀ ਸੰਖੇਪ ਜਾਣਕਾਰੀ ਦਿੰਦੇ ਹੋਏ ਨੌਜਵਾਨ ਵਰਗ ਨੂੰ ਫੌਜ ਦਾ ਖੇਤਰ ਚੁਣਨ ਲਈ ਉਤਸ਼ਾਹਿਤ ਕੀਤਾ ਅਤੇ ਔਰਤਾਂ ਦੇ ਅਧਿਕਾਰਾਂ, ਸੁਰੱਖਿਆ ਤੇ ਸ਼ਸ਼ਕਤੀਕਰਨ ਨਾਲ ਸਬੰਧਤ ਮਹੱਤਵਪੂਰਨ ਜਾਣਕਾਰੀ ਦਿੱਤੀ ਅਤੇ ਲੈਫਟੀਨੈਂਟ ਸੋਨੀਆ ਮਹਿੰਦਰੂ ਨੇ ਵਿਦਿਆਰਥਣਾਂ ਨੂੰ 'ਸ਼ੀ ਸਰਵਸ' ਦੇ ਉਦੇਸ਼ਾਂ ਪ੍ਰਤੀ ਜਾਗਰੂਕ ਕੀਤਾ ਅਤੇ ਧੀਆਂ ਨੂੰ ਫੌਜ (ਆਰਮੀ) ਨਾਲ ਜੁੜਨ ਲਈ ਅਨਮੋਲ ਜਾਣਕਾਰੀ ਦਿੱਤੀ। ਵਿਜਯਾ ਰਾਹਤਕਰ ਵੱਲੋਂ ਪ੍ਰਿੰਸੀਪਲ ਡਾ. ਏਕਤਾ ਖੋਸਲਾ, ਕਰਨਲ ਰਸ਼ਮੀ ਨਾਰਾਇਣ ਅਤੇ ਲੇਫਟੀਨੈਂਟ ਸੋਨੀਆ ਮਹਿੰਦਰੂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਮੋਟਰਸਾਈਕਲ ਤੇ ਸਵਿੱਫਟ ਦੀ ਟੱਕਰ 'ਚ ਇੱਕ ਜ਼ਖ਼ਮੀ



**ਬਲਾਚੌਰ: (ਜਸਵਿੰਦਰ ਬੈਂਸ)** ਬਲਾਚੌਰ-ਰੋਪੜ ਮਾਰਗ 'ਤੇ ਪਿੰਡ ਮੁੱਤੋਂ ਨੇੜੇ ਇੱਕ ਪਲਸਰ ਮੋਟਰਸਾਈਕਲ ਅਤੇ ਸਵਿਫਟ ਕਾਰ ਵਿਚਕਾਰ ਹੋਏ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਜ਼ਖਮੀ ਹੋ ਗਿਆ। ਹਾਦਸੇ ਤੋਂ ਬਾਅਦ ਸਵਿਫਟ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ।ਮੌਕੇ 'ਤੇ ਮੌਜੂਦ ਲੋਕਾਂ ਮੁਤਾਬਕ ਸਵਿਫਟ ਕਾਰ ਨੇ ਮੋਟਰਸਾਈਕਲ ਨੂੰ ਪਿੱਛਿਓਂ ਟੱਕਰ ਮਾਰੀ, ਜਿਸ ਕਾਰਨ ਮੋਟਰਸਾਈਕਲ ਸਵਾਰ ਜ਼ਖਮੀ ਹੋ ਗਿਆ।

ਜ਼ਖਮੀ ਮੋਟਰਸਾਈਕਲ ਸਵਾਰ ਨੂੰ ਮੌਕੇ 'ਤੇ ਮੌਜੂਦ ਲੋਕਾਂ ਵੱਲੋਂ ਪੁਲਸ ਦੇ ਪਹੁੰਚਣ ਤੋਂ ਪਹਿਲਾਂ ਹੀ ਇਲਾਜ ਲਈ ਸਿਵਲ ਹਸਪਤਾਲ ਰੋਪੜ ਵਿਖੇ ਲਿਜਾਇਆ ਗਿਆ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਫਰਾਰ ਕਾਰ ਚਾਲਕ ਸਬੰਧੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

## ਕੰਨਿਆ ਸਕੂਲ ਵਿਖੇ ਆਜ਼ਾਦੀ ਦਿਹਾੜਾ ਮਨਾਇਆ

**ਦੁਸਾਂਝ ਕਲਾਂ, (ਸੁਰਿੰਦਰਪਾਲ ਕੁੱਕੂ)** - ਪੂਰੇ ਦੇਸ਼ ਭਰ ਦੇ ਨਾਲ ਨਾਲ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਦੁਸਾਂਝ ਕਲਾਂ ਵਿਖੇ 80ਵਾਂ ਆਜ਼ਾਦੀ ਦਿਹਾੜਾ



ਮਨਾਇਆ ਗਿਆ। ਇਸ ਮੌਕੇ ਸਰਪੰਚ ਨਿਰਮਲ ਕੁਮਾਰ, ਸਾਬਕਾ ਸਰਪੰਚ ਸਹਿਬਾਨ ਮੱਖਣ ਸਿੰਘ, ਬਲਵੀਰ ਸਿੰਘ, ਕੁਲਵੰਤ ਭੁੱਟਾ ਨੇ ਸਾਂਝੇ ਤੌਰ 'ਤੇ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ, ਉਪਰੰਤ ਰਾਸ਼ਟਰੀ ਗੀਤ ਗਾਇਨ ਕੀਤਾ ਗਿਆ।ਇਸ ਮੌਕੇ ਸਕੂਲ ਇੰਚਾਰਜ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਨੇ ਅਜ਼ਾਦੀ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਸਰਪੰਚ ਨਿਰਮਲ ਕੁਮਾਰ ਨਵੀਂ ਨੇ ਸਕੂਲ ਦੀਆਂ ਵਿਦਿਆਰਥਣਾਂ, ਸਕੂਲ ਸਕੂਲ ਸਟਾਫ ਅਤੇ ਪਿੰਡ ਵਾਸੀਆਂ, ਐੱਨ ਆਰ ਆਈ ਵੀਰਾਂ ਨੂੰ ਆਜ਼ਾਦੀ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸਕੂਲ ਇੰਚਾਰਜ ਸ਼੍ਰੀਮਤੀ ਕ੍ਰਿਸ਼ਨਾ ਦੇਵੀ, ਸਰਪੰਚ ਨਿਰਮਲ ਕੁਮਾਰ ਨਵੀਂ ਸਾਬਕਾ ਸਰਪੰਚ ਸਹਿਬਾਨ ਮੱਖਣ ਸਿੰਘ, ਬਲਵੀਰ ਸਿੰਘ, ਕੁਲਵੰਤ ਭੁੱਟਾ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਸਮੂਹ ਮੈਂਬਰਾਂ, ਸਮੂਹ ਸਕੂਲ ਸਟਾਫ ਮੈਂਬਰਾਂ ਤੋਂ ਇਲਾਵਾਂ ਵਿਦਿਆਰਥਣਾਂ ਦੇ ਮਾਪੇ ਭਾਰੀ ਗਿਣਤੀ ਵਿੱਚ ਆਦਿ ਹਾਜ਼ਰ ਸਨ।

## ਖੇਡ ਮੁਕਾਬਲਿਆਂ 'ਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ

**ਪੋਜੇਵਾਲ (ਰਾਮ ਲਾਲ)** ਪਿੰਡ ਚਾਂਦਪੁਰ ਰੁੜਕੀ ਦੇ ਜੋਨ ਪੱਧਰ 'ਤੇ ਹੋਏ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਸਰਕਾਰੀ ਹਾਈ



ਸਕੂਲ ਚਾਂਦਪੁਰ ਦੇ ਵਿਦਿਆਰਥੀਆਂ ਨੂੰ ਬ੍ਰਿਗੇਡੀਅਰ ਕੁਲਦੀਪ ਸਿੰਘ ਚਾਂਦਪੁਰੀ ਸਪੋਰਟਸ ਕਲੱਬ ਅਤੇ ਡਿੰਪੀ ਚੌਧਰੀ, ਲੁਧਿਆਣਾ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਦੇ ਬੱਚਿਆਂ ਨੇ ਅੰਡਰ-10 ਬੈਡਮਿੰਟਨ, ਅੰਡਰ-12 ਬੈਡਮਿੰਟਨ, ਅੰਡਰ-14 ਟੇਬਲ ਟੈਨਿਸ ਅਤੇ ਅੰਡਰ-16 ਵਾਲੀਬਾਲ ਮੁਕਾਬਲਿਆਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਕੇ ਸਕੂਲ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ।ਇਸ ਮੌਕੇ ਜਾਣਕਾਰੀ ਦਿੰਦਿਆਂ ਰਜਿੰਦਰ ਸਿੰਘ ਨੇ ਕਿਹਾ ਕਿ ਬੱਚਿਆਂ ਦੀ ਹੌਸਲਾ-ਅਫਜ਼ਾਈ ਲਈ ਅਜਿਹੇ ਪ੍ਰੋਗਰਾਮ ਹਰ ਸਕੂਲ ਵਿੱਚ ਕਰਵਾਏ ਜਾਣੇ ਚਾਹੀਦੇ ਹਨ।ਇਸ ਮੌਕੇ ਸਕੂਲ ਸਟਾਫ਼ ਅਤੇ ਪਿੰਡ ਵਾਸੀਆਂ ਵੱਲੋਂ ਬੱਚਿਆਂ ਨੂੰ ਵਧਾਈ ਦਿੱਤੀ ਗਈ।ਕਲੱਬ ਪ੍ਰਧਾਨ ਗੁਰਚਰਨ ਸਿੰਘ ਟਿੰਪੀ, ਚੌਧਰੀ ਗੁੱਜਰ ਅਖਲ ਭਾਰਤੀ ਸਲਾਹਕਾਰ ਪੰਜਾਬ ਰਿਟਾਇਰਡ ਐਕਸੀਅਨ ,ਅਸ਼ੋਕ ਕੁਮਾਰ ਮੀਲੂ, ਮਦਨ ਲਾਲ ਗਊਸ਼ਾਲਾ ਪ੍ਰਧਾਨ, ਰਮੇਸ਼ ਲਾਲ, ਗੁਰਮੇਲ ਸਿੰਘ, ਰਜਿੰਦਰ ਸੀ ਆਰ ਪੀ ਐਫ ਆਦਿ ਹਾਜ਼ਰ ਸਨ।

## ਸੁਖਬੀਰ ਬਾਦਲ 'ਤੇ ਹੋਏ ਹਮਲੇ ਦੀ ਉੱਚ ਪੱਧਰੀ ਜਾਂਚ ਹੋਵੇ : ਗਿੱਲ, ਲੱਖੀ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸਿੰਧੂ)** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਮਹਾਰਾਸ਼ਟਰ ਦੇ ਨਾਂਦੇੜ ਸਾਹਿਬ ਵਿਖੇ ਬੀਤੀ



ਦਿਨੀ ਹੋਏ ਹਮਲੇ ਦੀ ਨਿੰਦਾ ਕਰਦਿਆਂ ਯੂਥ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਅਮਨਪ੍ਰੀਤ ਸਿੰਘ ਗਿੱਲ ਝਿੰਗੜ, ਲਖਵਿੰਦਰ ਲੱਖੀ ਜ਼ਿਲ੍ਹਾ ਪ੍ਰਧਾਨ ਯੂਥ ਸ਼੍ਰੋਮਣੀ ਅਕਾਲੀ ਦਲ ਨੇ ਕਿਹਾ ਕਿ ਸਮੂਹ ਯੂਥ ਅਕਾਲੀ ਦਲ ਦੇ ਅਹੁਦੇਦਾਰ ਵਰਕਰਾਂ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੇ ਉਨ੍ਹਾਂ ਦੇ ਜਲਦ ਠੀਕ ਹੋਣ ਦੀ ਕਾਮਨਾ ਕੀਤੀ। ਇਸ ਦੇ ਨਾਲ ਹੀ ਮਹਾਰਾਸ਼ਟਰ ਸਰਕਾਰ ਨੂੰ ਅਪੀਲ ਕੀਤੀ ਕਿ ਸੰਬੰਧਤ ਹਮਲਾ ਕਰਨ ਵਾਲੇ ਵਿਅਕਤੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

## ਦੇਸ਼ ਹਿੱਤਾਂ ਦੀ ਰਾਖੀ ਲਈ ਲੜਦੀ ਹੈ ਬਸਪਾ : ਮਲਕੀਤ ਚੁੰਬਰ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਬਹੁਜਨ ਸਮਾਜ ਪਾਰਟੀ ਕਦੇ ਵੀ ਲੋਕਾਂ ਨੂੰ ਗੁੰਮਰਾਹ ਕਰਕੇ ਝੂਠੇ ਲਾਰੇ ਲਾ ਕੇ ਭਾਈਚਾਰਿਆਂ ਨੂੰ ਆਪਸ ਵਿੱਚ ਲੜਾ ਕੇ ਚੋਣਾਂ ਜਿੱਤਣ ਲਈ ਨਹੀਂ ਲੜਦੀ। ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਨੇ ਕਿਹਾ ਕਿ ਬਹੁਜਨ ਸਮਾਜ ਪਾਰਟੀ ਹਮੇਸ਼ਾ ਦੇਸ਼ ਦੇ ਹਿੱਤਾਂ ਲਈ ਲੜਦੀ ਹੈ। ਬਹੁਜਨ ਸਮਾਜ ਪਾਰਟੀ 2027 ਦੀਆਂ ਚੋਣਾਂ ਭ੍ਰਿਸ਼ਟਾਚਾਰ ਬੇਰੁਜ਼ਗਾਰੀ ਮਹਿੰਗਾਈ, ਖਰਾਬ ਕਨੂੰਨ ਵਿਵਸਥਾ ਨਫ਼ਰਤ ਫੈਲਾਉਣ ਵਾਲੇ ਲੋਕਾਂ ਖਿਲਾਫ ਚੋਣ ਲੜੇਗੀ।

## ਧਾਰਮਿਕ ਪ੍ਰੀਖਿਆ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀ ਸਨਮਾਨਤ

**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੈਂਡਰੀ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਨੇ ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਹਰ ਸਾਲ



ਕਰਵਾਈ ਜਾਂਦੀ ਧਾਰਮਿਕ ਪ੍ਰੀਖਿਆ ਵਿੱਚ ਵੱਡੀ ਗਿਣਤੀ ਵਿੱਚ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਦੱਸਿਆ ਕਿ ਇਸ ਧਾਰਮਿਕ ਪ੍ਰੀਖਿਆ ਵਿੱਚ ਚੌਥੀ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ । ਵਿਦਿਆਰਥੀਆਂ ਨੇ ਗੁਰਬਾਣੀ, ਸਿੱਖ ਇਤਿਹਾਸ ਅਤੇ ਧਾਰਮਿਕ ਗਿਆਨ ਨਾਲ ਸਬੰਧਿਤ ਵਿਸ਼ਿਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ।ਉਨ੍ਹਾਂ ਕਿਹਾ ਕਿ ਅਜਿਹੀਆਂ ਧਾਰਮਿਕ ਪ੍ਰੀਖਿਆਵਾਂ ਵਿਦਿਆਰਥੀਆਂ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਸ ਮੌਕੇ ਪ੍ਰੀਖਿਆ ਵਿੱਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵੱਲੋਂ ਵੀ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ ।

## ਦਿ ਮਿਲਾਨੋ ਨੇ ਜਲੰਧਰ 'ਚ ਖੋਲ੍ਹਿਆ ਪੰਜਾਬ ਦਾ ਪਹਿਲਾ ਹਾਈ-ਸਟ੍ਰੀਟ ਸਟੋਰ



**ਜਲੰਧਰ (ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**- ਲਗਜ਼ਰੀ ਹੈਂਡਬੈਗ ਅਤੇ ਐਕਸੈਸਰੀਜ਼ ਬ੍ਰਾਂਡ ਦਿ ਮਿਲਾਨੋ ਨੇ ਮਾਡਲ ਟਾਊਨ ਵਿੱਚ ਆਪਣਾ ਪਹਿਲਾ ਹਾਈ-ਸਟ੍ਰੀਟ ਸਟੋਰ ਖੋਲ੍ਹ ਕੇ ਪੰਜਾਬ ਵਿੱਚ ਰਿਟੇਲ ਮੌਜੂਦਗੀ ਮਜ਼ਬੂਤ ਕੀਤੀ ਹੈ। ਲਗਭਗ 600 ਵਰਗ ਫੁੱਟ ਦੇ ਇਸ ਪ੍ਰੀਮੀਅਮ ਬੁਟੀਕ ਵਿੱਚ ਇਟਾਲੀਅਨ ਸ਼ੈਲੀ ਤੋਂ ਪ੍ਰੇਰਿਤ ਲੈਦਰ ਕਲੈਕਸ਼ਨ ਸਮੇਤ ਹੈਂਡਬੈਗ, ਵਾਲਿਟ, ਲੱਗੇਜ, ਟ੍ਰੈਵਲ ਐਕਸੈਸਰੀਜ਼, ਬੈਲਟ ਅਤੇ ਫੁੱਟਵੇਅਰ ਉਪਲਬਧ ਹੋਣਗੇ। ਦਿ ਮਿਲਾਨੋ ਗਰੁੱਪ ਦੇ ਐਮਡੀ ਸਾਹਿਲ ਮਲਿਕ ਨੇ ਕਿਹਾ ਕਿ ਪੰਜਾਬ ਕੰਪਨੀ ਦੇ ਮਜ਼ਬੂਤ ਬਾਜ਼ਾਰਾਂ ਵਿੱਚੋਂ ਇੱਕ ਹੈ ਅਤੇ ਜਲੰਧਰ ਪ੍ਰੀਮੀਅਮ ਰਿਟੇਲ ਲਈ ਉਭਰਦਾ ਕੇਂਦਰ ਹੈ। ਰੀਜਨਲ ਹੈੱਡ ਬਿਪਾਸ਼ਾ ਖੁਰਾਨਾ ਨੇ ਕਿਹਾ ਕਿ ਇਹ ਸਟੋਰ ਟੀਅਰ-2 ਸ਼ਹਿਰਾਂ ਵਿੱਚ ਕੰਪਨੀ ਦੀ ਮੌਜੂਦਗੀ ਵਧਾਉਣ ਦੀ ਲੰਬੇ ਸਮੇਂ ਦੀ ਰਣਨੀਤੀ ਦਾ ਹਿੱਸਾ ਹੈ।

# ਆਮਦਨ ਕਰ ਵਿਭਾਗ ਵੱਲੋਂ ਜਨ-ਸੰਪਰਕ ਪ੍ਰੋਗਰਾਮ

**ਸ਼ਾਹਕੋਟ (ਗਿਆਨ ਸੈਦਪੁਰੀ)**- ਜਲੰਧਰ ਦੇ ਪ੍ਰਿੰਸੀਪਲ ਇਨਕਮ ਟੈਕਸ ਕਮਿਸ਼ਨਰ ਡਾ. ਸ਼ਿਵਦਾਨ ਸਿੰਘ ਭਦੌਰੀਆਦੀ ਅਗਵਾਈ ਹੇਠ, ਆਮਦਨ ਕਰ ਵਿਭਾਗ ਵੱਲੋਂ ਲਕਸ਼ਮੀ ਨਾਰਾਇਣ ਮੰਦਰ, ਸ਼ਾਹਕੋਟ ਵਿਖੇ ਇੱਕ ਟੈਕਸਦਾਤਾ ਆਊਟਰੀਚ ਪ੍ਰੋਗਰਾਮ ਉਲੀਕਿਆ ਗਿਆ। ਇਸ ਪ੍ਰੋਗਰਾਮ ਦਾ ਮੁੱਖ ਮਕਸਦ ਟੈਕਸਦਾਤਿਆਂ, ਪੇਸ਼ੇਵਰਾਂ ਅਤੇ ਕਾਰੋਬਾਰੀਆਂ ਵਿੱਚ ਨਵੇਂਇਨਕਮ-ਟੈਕਸ ਐਕਟ, 2025 ਦੀਆਂ ਮੁੱਖ ਵਿਸ਼ੇਸ਼ਤਾਵਾਂ ਤੇ ਸਰਲ ਨਿਯਮਾਂ, ਐਡਵਾਂਸ ਟੈਕਸ (ਅਗਾਊਂ ਕਰ) ਦਾ ਸਮੇਂ ਸਿਰ ਤੇ ਸਹੀ ਭੁਗਤਾਨ ਕਰਨ ਦੇ ਮਹੱਤਵਅਤੇ ਸਹੀ ਇਨਕਮ-ਟੈਕਸ ਰਿਟਰਨ ਭਰਨ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਆਪਣੇ ਮੁੱਖ ਭਾਸ਼ਣ ਵਿੱਚ ਡਾ. ਸ਼ਿਵਦਾਨ ਸਿੰਘ ਭਦੌਰੀਆ ਨੇ ਇਨਕਮ-ਟੈਕਸਐਕਟ, 2025 ਅਤੇ ਇਨਕਮ-ਟੈਕਸ ਨਿਯਮ, 2026 ਦੇ ਮਨੋਰਥਾਂ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਉਹਨਾਂ ਕਿਹਾ ਕਿ ਨਵੇਂ ਕਾਨੂੰਨ ਨੂੰ ਇਸ ਤਰ੍ਹਾਂ ਤਿਆਰ ਕੀਤਾ ਗਿਆ ਹੈ ਤਾਂ ਜੋ ਟੈਕਸ ਨਿਯਮਾਂ ਨੂੰ ਵਧੇਰੇ ਸਰਲ, ਸਮਝਣ ਵਿੱਚਆਸਾਨ ਅਤੇ ਟੈਕਸਦਾਤਾ-ਪੱਖੀ ਬਣਾਇਆ ਜਾ ਸਕੇ, ਜਿਸ ਨਾਲ ਆਪਣੀ ਮਰਜ਼ੀਨਾਲ ਟੈਕਸ ਭਰਨ ਦੀ ਪ੍ਰਵਿਰਤੀ ਨੂੰ ਹੁਲਾਰਾ ਮਿਲੇ। ਉਹਨਾਂ ਨੇ ਦੇਸ਼ ਦੇ ਵਿਕਾਸ ਵਿੱਚ ਟੈਕਸਦਾਤਿਆਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਭਾਰਤੀ ਅਰਥਵਿਵਸਥਾ ਨੂੰਮਜ਼ਬੂਤ ਕਰਨ ਵਿੱਚ ਉਹਨਾਂ ਦੀ ਅਹਿਮ ਭੂਮਿਕਾ ਨੂੰ ਸਵੀਕਾਰਿਆ। ਉਹਨਾਂ ਕਿਹਾ ਕਿ ਇਮਾਨਦਾਰ ਟੈਕਸਦਾਤਿਆਂ ਵੱਲੋਂ ਦਿੱਤਾ ਗਿਆ ਟੈਕਸ ਸਰਕਾਰ ਨੂੰ ਬਿਹਤਰਬੁਨਿਆਦੀ ਢਾਂਚਾ, ਜਨਤਕ ਸੇਵਾਵਾਂ ਅਤੇ ਭਲਾਈ ਸਕੀਮਾਂ ਪ੍ਰਦਾਨ ਕਰਨ ਵਿੱਚ ਮਦਦ ਕਰਦਾ ਹੈ। ਉਹਨਾਂ ਨੇ ਲਗਾਤਾਰ ਸਹਿਯੋਗ ਲਈ ਟੈਕਸਦਾਤਿਆਂ ਦਾ



ਧੰਨਵਾਦ ਕੀਤਾ ਅਤੇ ਉਹਨਾਂ ਨੂੰ ਸਮੇਂ ਸਿਰ ਤੇ ਸਵੈ-ਇੱਛਾ ਨਾਲ ਟੈਕਸ ਨਿਯਮਾਂ ਦੀਪਾਲਣਾ ਬਣਾਈ ਰੱਖਣ ਦੀ ਅਪੀਲ ਕੀਤੀ। ਉਹਨਾਂ ਨੇ ਆਪਣੇ ਡਿਜੀਟਲ ਪਲੇਟਫਾਰਮਾਂ ਰਾਹੀਂ ਪਾਰਦਰਸ਼ੀ, ਤਕਨਾਲੋਜੀ-ਅਧਾਰਿਤ ਅਤੇ ਨਾਗਰਿਕ-ਪੱਖੀਸੇਵਾਵਾਂ ਪ੍ਰਦਾਨ ਕਰਨ ਦੀ ਵਿਭਾਗ ਦੀ ਵਚਨਬੱਧਤਾ 'ਤੇ ਵੀ ਜ਼ੋਰ ਦਿੱਤਾ। ਇਸ ਪ੍ਰੋਗਰਾਮ ਨੂੰ ਐਡੀਸ਼ਨਲ ਇਨਕਮ ਟੈਕਸ ਕਮਿਸ਼ਨਰ ਯਸ਼ੇਂਦਰ ਗਰਗ ਅਤੇ ਡਿਪਟੀ ਇਨਕਮ ਟੈਕਸ ਕਮਿਸ਼ਨਰ ਸਤਵਿੰਦਰ ਪਾਲ ਸਿੰਘ ਨੇ ਵੀ ਸੰਬੋਧਨ ਕੀਤਾ। ਉਹਨਾਂ ਨੇ ਇਨਕਮ-ਟੈਕਸ ਐਕਟ, 2025 ਦੇ ਮਹੱਤਵਪੂਰਨ ਨਿਯਮਾਂ ਅਤੇਇਸ ਦੇ ਲਾਗੂ ਹੋਣ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਟੈਕਸਦਾਤਿਆਂ ਨੂੰ ਸਹੀ ਅਤੇਸਮੇਂ ਸਿਰ ਐਡਵਾਂਸ ਟੈਕਸ ਦਾ ਭੁਗਤਾਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਸੈਲਫ-ਅਸੈਸਮੈਂਟ ਟੈਕਸ ਦੇ ਭੁਗਤਾਨ ਦੇ ਮੁਕਾਬਲੇ ਇਸ ਦੇ ਫਾਇਦਿਆਂ ਬਾਰੇਦੱਸਿਆ। ਹਿੱਸਾ ਲੈਣ ਵਾਲਿਆਂ ਨੂੰ ਨਿਰਧਾਰਿਤ ਆਖਰੀ ਮਿਤੀਆਂ ਦੇ ਅੰਦਰਆਪਣੀਆਂ ਇਨਕਮ-ਟੈਕਸ ਰਿਟਰਨਾਂ ਬਿਲਕੁਲ ਸਹੀ ਭਰਨ ਦੀ ਸਲਾਹ ਦਿੱਤੀ ਗਈ।

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ 21,000 ਦੀ ਰਾਸ਼ੀ ਭੇਟ

**ਹੁਸ਼ਿਆਰਪੁਰ (ਓ ਪੀ ਰਾਣਾ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹੁਸ਼ਿਆਰਪੁਰ ਆਸ਼ਿਕਾ ਜੈਨ ਦੀ ਯੋਗ ਅਗਵਾਈ ਹੇਠ ਚਲਾਈ ਜਾ ਰਹੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ



ਲੋੜਵੰਦਾਂ ਦੀ ਭਲਾਈ ਲਈ ਲਗਾਤਾਰ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ ਰੈੱਡ ਕਰਾਸ ਸੁਸਾਇਟੀ ਵੱਲੋਂ ਅਲਿਮਕੋ ਮੋਹਾਲੀ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ 'ਲੋੜਵੰਦਾਂ ਨੂੰ ਕੰਨਾਂ ਦੀਆਂ ਮਸ਼ੀਨਾਂ ਵੰਡਣ ਦਾ ਕੈਂਪ' ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ 130 ਲਾਭਪਾਤਰੀਆਂ ਨੂੰ ਮੌਕੇ 'ਤੇ ਹੀ ਆਧੁਨਿਕ ਸੁਣਨ ਵਾਲੀਆਂ ਮਸ਼ੀਨਾਂ ਪ੍ਰਦਾਨ ਕੀਤੀਆਂ ਗਈਆਂ। ਰੈੱਡ ਕਾਸ ਸੁਸਾਇਟੀ, ਹੁਸ਼ਿਆਰਪੁਰ ਦੇ ਸੱਕਤਰ ਮੰਗੇਸ਼ ਸੂਦ ਦੁਆਰਾ ਦੱਸਿਆ ਗਿਆ ਕਿ ਇਸ ਕੈਂਪ ਦੌਰਾਨ ਲੋੜਵੰਦਾਂ ਨੂੰ ਮਸ਼ੀਨਾਂ ਵੰਡਣ ਦੇ ਸੁਚੱਜੇ ਪ੍ਰਬੰਧਾਂ ਅਤੇ ਰੈੱਡ ਕਰਾਸ ਵੱਲੋਂ ਮਾਨਵਤਾ ਦੀ ਸੇਵਾ ਲਈ ਕੀਤੇ ਜਾ ਰਹੇ ਕਾਰਜਾਂ ਤੋਂ ਬਹੁਤ ਜ਼ਿਆਦਾ ਪ੍ਰਭਾਵਿਤ ਹੋ ਕੇ, ਨੰਗਲ ਬਿਹਾਲਾ (ਹੁਸ਼ਿਆਰਪੁਰ) ਦੇ ਰਹਿਣ ਵਾਲੇ ਪਤਵੰਤੇ ਸੱਜਣ ਰਾਮ ਜੀ ਦਾਸ ਰਿਟਾ. ਫੌਜੀ ਅਤੇ ਉਹਨਾਂ ਦੀ ਪਤਨੀ ਆਸ਼ਾ ਰਾਣੀ ਵੱਲੋਂ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ 21,000 ਰੁਪਏ ਦੀ ਰਾਸ਼ੀ ਚੈੱਕ ਰਾਹੀਂ ਭੇਟ ਕੀਤੀ ਗਈ ਹੈ। ਰਿਟਾ. ਰਾਮ ਜੀ ਦਾਸ ਨੇ ਰੈੱਡ ਕਰਾਸ ਸੁਸਾਇਟੀ ਦੇ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਸੁਸਾਇਟੀ ਵੱਲੋਂ ਲੋੜਵੰਦ ਵਿਅਕਤੀਆਂ ਨੂੰ ਸੁਣਨ ਵਾਲੀਆਂ ਮਸ਼ੀਨਾਂ ਮੁਫ਼ਤ ਪ੍ਰਦਾਨ ਕਰਨਾ ਇੱਕ ਬਹੁਤ ਹੀ ਪੁੰਨ ਦਾ ਕਾਰਜ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸਾਹਿਬ ਦੀ ਰਹਿਨੁਮਾਈ ਹੇਠ ਰੈੱਡ ਕਰਾਸ ਟੀਮ ਜਿਸ ਤਰ੍ਹਾਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਮਦਦ ਕਰ ਰਹੀ ਹੈ, ਉਹ ਬੇਹੱਦ ਪ੍ਰੇਰਨਾਦਾਇਕ ਹੈ। ਇਸ ਮੌਕੇ ਰੈੱਡ ਕਰਾਸ ਹਸਪਤਾਲ ਭਲਾਈ ਸੈਕਸ਼ਨ ਦੇ ਵਾਇਸ ਚੈਅਰਮੈਨ ਰਾਜੀਵ ਬਜਾਜ ਅਤੇ ਜੁਆਂਇਟ ਸਕੱਤਰ ਆਦਿਤਯ ਰਾਣਾ ਅਤੇ ਆਡਿਓਲੋਜਿਸਟ ਅਲਿਮਕੋ, ਮੋਹਾਲੀ ਮਿਸ ਮਧੁਰ ਵੀ ਮੌਜੂਦ ਰਹੇ।

# ਗੌਰਮਿੰਟ ਟੀਚਰਜ਼ ਯੂਨੀਅਨ ਦਾ ਵਫਦ ਜ਼ਿਲਾ ਸਿੱਖਿਆ ਅਫਸਰ ਨੂੰ ਮਿਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਹੁਸ਼ਿਆਰਪੁਰ ਦਾ ਇੱਕ ਵੱਡਾ ਵਫਦ ਜ਼ਿਲਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਦੀ ਅਗਵਾਈ ਵਿੱਚ ਜਿਲਾ ਸਿੱਖਿਆ



ਅਫਸਰ ਹਰਜਿੰਦਰ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਅਮਨਦੀਪ ਸ਼ਰਮਾ ਨੂੰ ਮਿਲਿਆ। ਵਫਦ ਵੱਲੋਂ ਜਿਲੇ ਵਿੱਚ ਅਧਿਆਪਕਾਂ ਨੂੰ ਦਰਪੇਸ਼ ਮੁਸ਼ਕਲਾਂ ਸੰਬੰਧੀ ਖੁੱਲ ਕੇ ਵਿਚਾਰ ਚਰਚਾ ਹੋਈ। ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਕਿਹਾ ਕਿ ਜ਼ਿਲ੍ਹੇ ਦੇ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਦੀਆਂ ਤਨਖਾਹਾਂ ਹਰ ਮਹੀਨੇ ਸਮੇਂ ਸਿਰ ਨਾ ਮਿਲਣਾ, ਪੇ ਕਮਿਸ਼ਨ ਦੇ ਬਕਾਏ ਦੀਆਂ ਕਿਸ਼ਤਾਂ ਨਾ ਮਿਲਣ, ਅਧਿਆਪਕਾਂ ਦੀਆਂ ਸੇਵਾ ਪੱਤਰੀਆਂ ਪੂਰੀਆਂ ਨਾ ਹੋਣ, ਪ੍ਰਾਇਮਰੀ ਅਧਿਆਪਕਾਂ ਦੀਆਂ ਪ੍ਰਮੋਸ਼ਨਾਂ ਵਿੱਚ ਦੇਰੀ, ਸਕੂਲਾਂ ਦੀਆਂ ਸਿਵਲ ਵਰਕਸ ਨਾਲ ਸੰਬੰਧਿਤ ਗਰਾਂਟਾਂ ਦੀਆਂ ਕਿਸ਼ਤਾਂ ਨਾ ਮਿਲਣਾ, ਅਤੇ ਹੋਰ ਅਨੇਕਾਂ ਮੰਗਾਂ ਜੋ ਜਿਲਾ ਸਿੱਖਿਆ ਅਫਸਰ ਤੇ ਧਿਆਨ ਵਿੱਚ ਲਿਆਂਦੀਆਂ ਗਈਆਂ। ਇਸ ਮੌਕੇ ਜਿਲਾ ਸਿੱਖਿਆ ਅਫਸਰ ਵੱਲੋਂ ਵਫਦ ਦੇ ਮੈਂਬਰਾਂ ਨੂੰ ਇਹ ਵਿਸ਼ਵਾਸ ਦਵਾਇਆ ਕਿ ਆਉਣ ਵਾਲੇ ਦਿਨਾਂ ਵਿੱਚ ਉਪਰੋਕਤ ਸਾਰੀਆਂ ਮੰਗਾਂ ਦਾ ਢੁਕਵਾਂ ਹੱਲ ਕੀਤਾ ਜਾਵੇਗਾ ਤਾਂ ਜੋ ਸਕੂਲਾਂ ਵਿੱਚ ਅਧਿਆਪਕ ਵਧੀਆ ਢੰਗ ਨਾਲ ਬੱਚਿਆਂ ਨੂੰ ਸਿੱਖਿਆ ਦੇ ਸਕਣ। ਇਸ ਮੌਕੇ ਸੰਜੀਵ ਧੂਤ, ਸੁਨੀਲ ਸ਼ਰਮਾ, ਨਰਿੰਦਰ ਅਜਨੋਹਾ, ਰਾਜ ਕੁਮਾਰ ਹੁਸ਼ਿਆਰਪੁਰ, ਨਰੇਸ਼ ਮਿਡਾ, ਵਰਿੰਦਰ ਵਿੱਕੀ, ਸਰਬਜੀਤ ਸਿੰਘ ਡੱਫਰ, ਰਣਵੀਰ ਸਿੰਘ, ਪਰਮਜੀਤ ਕਾਤਬ, ਓਂਕਾਰ ਸਿੰਘ, ਪ੍ਰਿਤਪਾਲ ਸਿੰਘ ਦਸੂਹਾ, ਰਜੇਸ਼ ਅਰੋੜਾ ਅਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਚੱਕਲਾਂ ਵਿਖੇ ਵਿਸ਼ੇਸ਼ ਅੱਖਾਂ ਦੀ ਜਾਂਚ ਕੈਂਪ ਦਾ ਆਯੋਜਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਆਯੁਸ਼ਮਾਨ ਆਰੋਗਿਆ ਕੇਂਦਰ ਓਇੰਦ ਅਧੀਨ ਪਿੰਡ ਚੱਕਲਾਂ ਵਿਖੇ 45 ਸਾਲ ਤੋਂ ਵੱਧ ਉਮਰ ਦੇ



ਲੋਕਾਂ ਲਈ ਵਿਸ਼ੇਸ਼ ਅੱਖਾਂ ਦੀ ਜਾਂਚ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਮੌਕੇ ਤੇ ਡਾ.ਗੋਬਿੰਦ ਟੰਡਨ ਨੇ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਵੱਧ ਉਮਰ ਦੇ ਲੋਕਾਂ ਵਿੱਚ ਨਜ਼ਰ ਸੰਬੰਧੀ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸੀ। ਅਜਿਹੇ ਕੈਂਪ ਪ੍ਰਾਇਮਰੀ ਪੱਧਰ 'ਤੇ ਅੱਖਾਂ ਦੀ ਸੰਭਾਲ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਸਮੇਂ ਸਿਰ ਇਲਾਜ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਓਪਥੈਲਮਿਕ ਅਫਸਰ ਤਨਵੀਰ ਕੌਰ ਨੇ ਦੱਸਿਆ ਕਿ ਕੈਂਪ ਦੌਰਾਨ ਕੁੱਲ 50 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਜਾਂਚ ਉਪਰੰਤ 46 ਮਰੀਜ਼ਾਂ ਵਿੱਚ ਰਿਫਰੈਕਟਿਵ ਐਰਰ (ਨਜ਼ਰ ਦੀ ਕਮੀ) ਪਾਈ ਗਈ, ਜਿਨ੍ਹਾਂ ਵਿੱਚੋਂ 44 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ ਅਤੇ 2 ਮਰੀਜ਼ਾਂ ਨੂੰ ਮੁਫ਼ਤ ਸਰਜਰੀ ਐਸ.ਡੀ.ਐਚ ਸ੍ਰੀ ਚਮਕੌਰ ਸਾਹਿਬ ਵਿਖੇ ਰੈਫਰ ਕੀਤਾ ਗਿਆ। ਉਨ੍ਹਾਂ ਕਿਹਾ ਕਿ 45 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਨੂੰ ਆਪਣੀਆਂ ਅੱਖਾਂ ਦੀ ਨਿਯਮਿਤ ਜਾਂਚ ਜ਼ਰੂਰ ਕਰਵਾਉਣੀ ਚਾਹੀਦੀ ਹੈ ਤਾਂ ਜੋ ਨਜ਼ਰ ਦੀ ਕਮੀ, ਮੋਤੀਆਬਿੰਦ ਅਤੇ ਹੋਰ ਅੱਖਾਂ ਦੀਆਂ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਕੇ ਇਲਾਜ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਮੇਂ ਸਿਰ ਇਲਾਜ ਨਾਲ ਅੰਨ੍ਹੇਪਣ ਵਰਗੀਆਂ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਤੇ ਨਰੰਜਣ ਸਿੰਘ ਆਈ.ਸੀ.ਟੀ.ਸੀ ਕਾਉਂਸਲਰ ਵੱਲੋਂ ਐਚ.ਆਈ.ਵੀ ਏਡਜ਼ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਇਸ ਮੌਕੇ ਤੇ ਸੀ.ਐਚ.ਓ ਗੁਰਜੀਤ ਕੌਰ, ਏ.ਐਨ.ਐਮ ਮਨਦੀਪ ਕੌਰ, ਬੇਅੰਤ ਸਿੰਘ ਹੈਲਥ ਵਰਕਰ, ਹਰਜੀਤ ਸਿੰਘ ਐਲ.ਟੀ, ਬਖਸ਼ਿੰਦਰ ਕੌਰ ਆਸ਼ਾ ਫੈਸਿਲੀਟੇਟਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਘਰ ਦੇ ਬਾਹਰ ਖੜ੍ਹਾ ਮੋਟਰਸਾਈਕਲ ਚੋਰੀ

**ਸ਼ਾਹਕੋਟ (ਗਿਆਨ ਸੈਦਪੁਰੀ)**- ਬੀਤੀ ਰਾਤ ਸ਼ਾਹਕੋਟ ਦੇ ਮੁਹੱਲਾ ਰਿਸ਼ੀ ਨਗਰ ਤੋਂ ਇੱਕ ਮੋਟਰਸਾਈਕਲ ਚੋਰੀ ਹੋਣ ਦੀ ਸੂਚਨਾ ਮਿਲੀ।ਸ਼ਾਹਕੋਟ ਦੇ ਮੁਹੱਲਾ ਰਿਸ਼ੀ ਨਗਰ ਦੇ ਰਹਿਣ ਵਾਲੇ ਰਮੇਸ਼



ਕੁਮਾਰ ਦੇ ਪੁੱਤਰ ਸੁਨੀਲ ਕੁਮਾਰ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਸ਼ਾਹਕੋਟ ਤਹਿਸੀਲ ਕੰਪਲੈਕਸ ਵਿੱਚ ਕੰਮ ਕਰਦਾ ਹੈ ਅਤੇ ਉਸ ਨੇ ਲਗਭਗ ਦੋ ਸਾਲ ਪਹਿਲਾਂ ਜਲੰਧਰ ਤੋਂ ਮੋਟਰਸਾਈਕਲ ਖਰੀਦਿਆ ਸੀ। ਸੁਨੀਲ ਕੁਮਾਰ ਨੇ ਦੱਸਿਆ ਕਿ ਉਸਦਾ ਮੋਟਰਸਾਈਕਲ, ਨੰਬਰ ਪੀ ਬੀ 08 ਸੀ ਸੀ 4027, ਮੰਗਲਵਾਰ, 18 ਅਗਸਤ ਨੂੰ ਰਾਤ 9:00 ਤੋਂ 9:30 ਵਜੇ ਦੇ ਵਿਚਕਾਰ ਉਸ ਦੇ ਘਰ ਦੇ ਬਾਹਰ ਖੜ੍ਹਾ ਸੀ। ਜਦੋਂ ਉਹ ਰਾਤ 9:30 ਵਜੇ ਦੇ ਕਰੀਬ ਘਰ ਵਾਪਸ ਆਇਆ ਤਾਂ ਉਸ ਦਾ ਮੋਟਰਸਾਈਕਲ ਗਾਇਬ ਸੀ। ਪੀੜਤ ਸੁਨੀਲ ਕੁਮਾਰ ਨੇ ਤੁਰੰਤ ਆਪਣੇ ਗੁਆਂਢੀਆਂ ਨਾਲ ਮੋਟਰਸਾਈਕਲ ਦੀ ਭਾਲ ਸ਼ੁਰੂ ਕੀਤੀ, ਪਰ ਮੋਟਰਸਾਈਕਲ ਕਿਤੇ ਨਹੀਂ ਮਿਲਿਆ। ਉਸ ਨੇ ਦੱਸਿਆ ਕਿ ਉਸਨੇ ਮੋਟਰਸਾਈਕਲ ਚੋਰੀ ਹੋਣ ਦੀ ਸੂਚਨਾ ਸ਼ਾਹਕੋਟ ਪੁਲਸ ਨੂੰ ਲਿਖਤੀ ਸ਼ਿਕਾਇਤ ਦਰਜ ਕਰਵਾਈ। ਇਹ ਧਿਆਨ ਦੇਣ ਯੋਗ ਹੈ ਕਿ ਸ਼ਾਹਕੋਟ ਖੇਤਰ ਵਿੱਚ ਚੋਰੀਆਂ ਲਗਾਤਾਰ ਹੁੰਦੀਆਂ ਰਹਿੰਦੀਆਂ ਹਨ ਅਤੇ ਚੋਰ ਸ਼ਾਹਕੋਟ ਪੁਲਸ ਲਈ ਇੱਕ ਕੰਡਾ ਬਣ ਗਏ ਹਨ।

## ਰਾਜ ਕੁਮਾਰ ਨੌਂਕਵਾਲ ਭਾਰਤ-ਤਿੱਬਤ ਸਹਿਯੋਗ ਮੰਚ ਜ਼ਿਲ੍ਹਾ ਪਟਿਆਲਾ ਦੇ ਜਨਰਲ ਸਕੱਤਰ ਬਣੇ



**ਨਾਭਾ (ਅਮਨ ਗਰਗ)**-ਲੰਮੇ ਸਮੇਂ ਤੋਂ ਸਮਾਜ ਦੀ ਸੇਵਾ ਕਰ ਰਹੇ ਨਾਭਾ ਦੇ ਰਾਜ ਕੁਮਾਰ ਨੌਂਕਵਾਲ ਨੂੰ ਭਾਰਤ ਤਿੱਬਤ ਸਹਿਯੋਗ ਮੰਚ ਪੰਜਾਬ ਸੂਬੇ ਦੇ ਪਟਿਆਲਾ ਜ਼ਿਲ੍ਹੇ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ।ਪਿਛਲੇ ਦਿਨੀਂ ਜ਼ੀਰਕਪੁਰ ਵਿਖੇ ਪੰਜਾਬ ਪ੍ਰਧਾਨ ਭੁਪਿੰਦਰ ਸਿੰਘ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮੁੱਖ ਤੌਰ 'ਤੇ ਪਹੁੰਚੇ ਰਾਸ਼ਟਰੀ ਸੰਗਠਨ ਦੇ ਜਨਰਲ ਸਕੱਤਰ ਪੰਕਜ ਗੋਇਲ ਨੇ ਸੰਬੋਧਨ ਕਰਦਿਆਂ ਤਿੱਬਤ ਦੀ ਆਜ਼ਾਦੀ ਤੇ ਭਾਰਤ ਦੀ ਸੁਰੱਖਿਆ ਵਿਸ਼ੇ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਤਿੱਬਤ ਦੀ ਆਜ਼ਾਦੀ ਦਾ ਨਾ ਸਿਰਫ਼ ਤਿੱਬਤੀ ਲੋਕਾਂ ਦਾ ਹੱਕ ਹੈ, ਸਗੋਂ ਭਾਰਤ ਦੀ ਸੁਰੱਖਿਆ ਦੀ ਗਾਰੰਟੀ ਵੀ ਹੈ।ਇਸ ਦੇ ਨਾਲ ਹੀ ਉਨ੍ਹਾਂ 19 ਨਵੰਬਰ ਤੋਂ ਕੱਢੀ ਜਾਣ ਵਾਲੀ ਤਵਾਂਗ ਯਾਤਰਾ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਇਸ ਇਤਿਹਾਸਕ ਯਾਤਰਾ ਵਿੱਚ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਦੇ ਨਾਲ ਹੀ ਰਾਸ਼ਟਰੀ ਸੀਨੀਅਰ ਜਨਰਲ ਸਕੱਤਰ ਐਡਵੋਕੇਟ ਰਵਿੰਦਰ ਗੁਪਤਾ ਨੇ ਜਥੇਬੰਦੀ ਦੀਆਂ ਆਉਣ ਵਾਲੀਆਂ ਮੁਹਿੰਮਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।ਮੀਟਿੰਗ ਦੌਰਾਨ ਅਹਿਮ ਐਲਾਨ ਕਰਦਿਆਂ ਡਾ. ਹਰਜ਼ਨ ਸਿੰਘ ਨੂੰ ਭਾਰਤ ਤਿੱਬਤ ਸਹਿਯੋਗ ਫੋਰਮ (ਪੰਜਾਬ ਪ੍ਰਾਂਤ) ਦਾ ਸਰਪ੍ਰਸਤ ਨਿਯੁਕਤ ਕੀਤਾ ਗਿਆ।ਇਸ ਮੌਕੇ ਨਾਭਾ ਤੋਂ ਰਾਜ ਕੁਮਾਰ ਨੌਂਕਵਾਲ ਨੂੰ ਜ਼ਿਲ੍ਹਾ ਪਟਿਆਲਾ ਦਾ ਜਨਰਲ ਸਕੱਤਰ ਚੁਣਿਆ ਗਿਆ।ਇਸ ਮੌਕੇ ਰਾਜ ਕੁਮਾਰ ਨੌਂਕਵਾਲ ਨੇ ਸਮੂਹ ਭਾਰਤ ਤਿੱਬਤ ਸਹਿਯੋਗ ਮੰਚ ਦੇ ਅਹੁਦੇਦਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਮੈਂ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ।ਇਸ ਮੌਕੇ ਉੱਤਰੀ ਜ਼ੋਨ ਦੇ ਕੋ-ਕਨਵੀਨਰ ਅਸ਼ਵਨੀ ਪਰਾਸ਼ਰ, ਸਰਬਜੀਤ ਸੇਖੋਂ, ਹਰਿਆਣਾ ਰਾਜ ਦੇ ਜਨਰਲ ਸਕੱਤਰ ਦੁਰਗੇਸ਼ ਅਗਰਵਾਲ ਤੋਂ ਇਲਾਵਾ ਵਿਸ਼ਾਲ ਸਿੱਧੂ, ਪੰਜਾਬ ਪ੍ਰਾਂਤ ਦੇ ਜਨਰਲ ਸਕੱਤਰ ਬਲਰਾਮ ਪਰਾਸ਼ਰ ਆਦਿ ਹਾਜ਼ਰ ਸਨ।

## ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਵੱਲੋਂ ਅੱਜ ਦੇ ਪੰਜਾਬ ਬੰਦ ਦੀ ਹਮਾਇਤ

**ਲੁਧਿਆਣਾ (ਸਤੀਸ਼ ਸਚਦੇਵਾ)**-ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ ਤੇ ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ ਨੇ ਆਖਿਆ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਦੀ ਸਾਂਝੀ ਸਾਜ਼ਿਸ਼ ਅਧੀਨ ਚੰਡੀਗੜ੍ਹ ਪੁਲਸ ਵੱਲੋਂ 15 ਅਗਸਤ ਨੂੰ ਬੰਦੀ ਸਿੰਘਾਂ ਦੀ ਰਿਹਾਈ ਦੀ ਹੱਕੀ ਮੰਗ ਨੂੰ ਲੈ ਕੇ ਗਵਰਨਰ ਹਾਊਸ ਤੱਕ ਕੀਤੇ ਜਾ ਰਹੇ ਪੁਰਅਮਨ ਤੇ ਜਮਹੂਰੀ ਮਾਰਚ ਉਪਰ ਲਾਠੀਚਾਰਜ ਕਰਨ, ਅੱਥਰੂ ਗੈਸ ਦੇ ਗੋਲੇ ਤੇ ਗੰਦੇ ਪਾਣੀ ਤੇ ਮਿਰਚਾਂ ਵਾਲੇ ਪਾਣੀ ਦੀਆਂ ਬੁਛਾੜਾਂ ਮਾਰਨ, 25-26 ਮੋਰਚਾਕਾਰੀਆਂ ਨੂੰ ਗੰਭੀਰ ਫੱਟੜ ਕਰਨ ਤੇ ਦਰਜਨਾਂ ਨੂੰ ਜਬਰੀ ਹਿਰਾਸਤ 'ਚ ਲੈਣ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਵਰਤਾਰੇ ਨੂੰ ਸੰਵਿਧਾਨ ਅਧੀਨ ਪ੍ਰਾਪਤ ਜਮਹੂਰੀ ਹੱਕਾਂ ਤੇ ਸ਼ਹਿਰੀ ਆਜ਼ਾਦੀਆਂ ਦਾ ਬੁਰੀ ਤਰ੍ਹਾਂ ਘਾਣ ਕਰਾਰ ਦਿੱਤਾ ਹੈ।ਆਗੂਆਂ ਨੇ ਆਖਿਆ ਕਿ ਦੋਨਾਂ ਹਕੂਮਤਾਂ ਦੀਆਂ ਦੋਗਲੀਆਂ ਨੀਤੀਆਂ ਅਧੀਨ ਇੱਕ ਪਾਸੇ ਬਲਾਤਕਾਰੀ ਤੇ ਕਾਤਲ ਸੌਦਾ ਸਾਧ ਨੂੰ ਦਰਜਨ ਤੋਂ ਉੱਪਰ ਵਾਰੀ 20-30 ਦਿਨ ਦੀ ਪੈਰੋਲ ਦਿੱਤੀ ਜਾ ਚੁੱਕੀ ਹੈ, ਦੂਜੇ ਪਾਸੇ 30-35 ਸਾਲ ਕੈਦਾਂ ਕੱਟਣ ਵਾਲੇ ਬੰਦੀ ਸਿੰਘਾਂ ਨੂੰ ਰਿਹਾਈ ਤਾਂ ਕੀ ਬਲਕਿ ਮਾਤਾ ਦੇ ਅੰਤਿਮ ਪੜਾਅ 'ਤੇ ਹੋਣ ਦੇ ਬਾਵਜੂਦ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ 10 ਦਿਨ ਦੀ ਪੈਰੋਲ ਵੀ ਨਹੀਂ ਦਿੱਤੀ ਜਾ ਰਹੀ।ਅੰਤ ਵਿੱਚ ਆਗੂਆਂ ਨੇ ਐਲਾਨ ਕੀਤਾ ਕਿ 21 ਅਗਸਤ ਦੇ ਕੌਮੀ ਇਨਸਾਫ ਮੋਰਚਾ ਦੇ ਹੱਕੀ ਪੰਜਾਬ ਬੰਦ ਦੇ ਸੱਦੇ ਨੂੰ ਕਾਮਯਾਬ ਕਰਨ ਲਈ ਜਥੇਬੰਦੀ ਢੁੱਕਵਾਂ ਤੇ ਜਚਵਾਂ ਸਾਥ ਦੇਵੇਗੀ।

## 'ਮਾਤ ਭਾਸ਼ਾ ਦਾ ਅਧਿਆਪਨ ਸਮਕਾਲੀ ਵੰਗਾਰਾਂ ਦੇ ਸਨਮੁੱਖ' ਵਿਸ਼ੇ 'ਤੇ ਕਰਵਾਇਆ ਸਮਾਗਮ



**ਫ਼ਿਰੋਜ਼ਪੁਰ, (ਗੁਰਬਚਨ ਸਿੰਘ)**-ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ 'ਮਾਤ ਭਾਸ਼ਾ (ਪੰਜਾਬੀ) ਦਾ ਅਧਿਆਪਨ : ਸਮਕਾਲੀ ਵੰਗਾਰਾਂ ਦੇ ਸਨਮੁੱਖ' ਵਿਸ਼ੇ 'ਤੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸਿੰਘ ਸੰਧੂ ਨੇ ਸਮਾਗਮ ਦੇ ਮਨੋਰਥ ਬਾਰੇ ਗੱਲ ਕਰਦਿਆਂ ਕਿਹਾ ਕਿ ਵਰਤਮਾਨ ਯੁੱਗ ਵਿੱਚ ਸਾਡੀ ਜ਼ਿੰਦਗੀ ਵਿੱਚ ਬਹੁਤ ਵੱਡੀਆਂ ਤਬਦੀਲੀਆਂ ਆਈਆਂ ਹਨ।ਇਨ੍ਹਾਂ ਤਬਦੀਲੀਆਂ ਵਿੱਚ ਤਕਨੀਕ ਦਾ ਬਹੁਤ ਵੱਡਾ ਯੋਗਦਾਨ ਹੈ।ਮੌਜੂਦਾ ਦੌਰ ਵਿੱਚ ਮਸਨੂਈ ਬੁੱਧੀ (19) ਨੇ ਸਾਡੀ ਜ਼ਿੰਦਗੀ ਵਿੱਚ ਇੱਕ ਬਹੁਤ ਵੱਡਾ ਬਦਲਾਅ ਲਿਆਂਦਾ ਹੈ।ਇਹ ਬਦਲਾਅ ਜੀਵਨ ਦੇ ਹਰ ਵਰਤਾਰੇ ਵਿੱਚ ਦੇਖਣ ਨੂੰ ਮਿਲਦਾ ਹੈ।ਅਜਿਹੀ ਸਥਿਤੀ ਵਿੱਚ ਅਧਿਆਪਨ ਦੇ ਖੇਤਰ ਵਿੱਚ ਵੀ ਇਨ੍ਹਾਂ ਬਦਲਾਵਾਂ ਦੇ ਸਨਮੁੱਖ ਨਵੇਂ ਜੋਖ਼ਮ ਅਤੇ ਚੁਣੌਤੀਆਂ ਪੈਦਾ ਹੋ ਰਹੀਆਂ ਹਨ।ਉਨ੍ਹਾਂ ਕਿਹਾ ਕਿ ਅਜਿਹੀ ਸਥਿਤੀ ਵਿੱਚ ਵਿਸ਼ੇਸ਼ ਤੌਰ 'ਤੇ ਭਾਸ਼ਾ ਦੇ ਅਧਿਆਪਨ ਵਿੱਚ ਇੱਕ ਅਧਿਆਪਕ ਦੀ ਬਹੁਤ ਵੱਡੀ ਭੂਮਿਕਾ ਬਣ ਜਾਂਦੀ ਹੈ, ਕਿਉਂਕਿ ਭਾਸ਼ਾ ਮਨੁੱਖ ਦੇ ਜੀਵਨ, ਉਸ ਦੇ ਸੁਭਾਅ ਅਤੇ ਉਸ ਦੇ ਆਚਾਰ-ਵਿਹਾਰ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ।ਇਸ ਲਈ ਐਜੂਕੇਸ਼ਨ ਕਾਲਜ ਦੇ ਵਿਦਿਆਰਥੀਆਂ ਲਈ ਇਹ ਸਮਾਗਮ ਬਹੁਤ ਲਾਹੇਵੰਦ ਹੋਵੇਗਾ, ਕਿਉਂਕਿ ਇਨ੍ਹਾਂ ਵਿਦਿਆਰਥੀਆਂ ਨੇ ਭਵਿੱਖ ਵਿੱਚ ਅਧਿਆਪਕ ਬਣਨਾ ਹੈ। ਮੁੱਖ ਬੁਲਾਰੇ ਵਜੋਂ ਸ਼ਾਇਰ, ਅਨੁਵਾਦਕ ਤੇ ਅਧਿਆਪਕ ਸੁਖਜਿੰਦਰ ਨੇ ਲੰਮਾ ਸਮਾਂ ਵਿਦਿਆਰਥੀਆਂ ਨਾਲ ਇਸ ਵਿਸ਼ੇ 'ਤੇ ਗੱਲਬਾਤ ਕੀਤੀ।ਦੇਵ ਸਮਾਜ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਰਾਜਵਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੇਸ਼ੱਕ ਤਕਨੀਕ ਨੇ ਬਹੁਤ ਸਾਰਾ ਪਸਾਰਾ ਫੈਲਾ ਲਿਆ ਹੈ ਅਤੇ ਸਾਡੇ ਜੀਵਨ ਦੇ ਹਰ ਪਲ ਵਿੱਚ ਤਕਨੀਕ ਮੌਜੂਦ ਹੈ, ਪ੍ਰੰਤੂ ਤਕਨੀਕ ਕਦੇ ਵੀ ਇੱਕ ਅਧਿਆਪਕ ਦਾ ਬਦਲ ਨਹੀਂ ਹੋ ਸਕਦੀ।ਉਨ੍ਹਾਂ ਕਿਹਾ ਕਿ ਅਧਿਆਪਕ ਇੱਕ ਜਿਉਂਦੀ-ਜਾਗਦੀ, ਸਾਹ ਲੈਂਦੀ ਤੇ ਮਹਿਸੂਸ ਕਰਦੀ ਸ਼ਖ਼ਸੀਅਤ ਹੁੰਦੀ ਹੈ।ਇਸ ਲਈ ਅਧਿਆਪਕ ਹੀ ਵਿਦਿਆਰਥੀਆਂ ਦੀਆਂ ਮਾਨਸਿਕ ਤੇ ਭਾਵਨਾਤਮਿਕ ਲੋੜਾਂ ਨੂੰ ਸਹੀ ਢੰਗ ਨਾਲ ਸਮਝ ਕੇ ਅਧਿਆਪਨ ਨੂੰ ਅਸੀਮ ਸੰਭਾਵਨਾਵਾਂ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਨਿਭਾ ਸਕਦਾ ਹੈ। ਕਹਾਣੀਕਾਰ ਇੰਜੀ. ਗੁਰਦਿਆਲ ਸਿੰਘ ਵਿਰਕ ਨੇ ਵਿਦਿਆਰਥੀਆਂ ਨੂੰ ਪ੍ਰੇਰਨਾ ਦਿੰਦਿਆਂ ਸਿੱਖਿਆ ਦੇ ਮਹੱਤਵ ਬਾਰੇ ਸੰਖੇਪ ਵਿੱਚ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਹਰੇਕ ਭਾਸ਼ਾ ਸਿੱਖਣੀ ਚਾਹੀਦੀ ਹੈ, ਪਰ ਸਵੈ-ਪ੍ਰਗਟਾਵਾ ਤੇ ਜੀਵਨ ਵਿੱਚ ਖ਼ੂਬਸੂਰਤੀ ਦਾ ਅਹਿਸਾਸ ਮਾਤ ਭਾਸ਼ਾ ਰਾਹੀਂ ਹੀ ਵਧੇਰੇ ਸਾਰਥਕ ਢੰਗ ਨਾਲ ਸੰਭਵ ਹੁੰਦਾ ਹੈ।

## ਨਸ਼ਿਆਂ ਦੀ ਦਲਦਲ 'ਚੋਂ ਨੌਜਵਾਨਾਂ ਨੂੰ ਕੱਢਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ : ਡਾ. ਰਾਣਾ



**ਭਵਾਨੀਗੜ੍ਹ (ਰਾਜ ਖੁਰਮੀ)**-ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਦੀ ਇੱਕ ਵਿਸ਼ੇਸ਼ ਮੀਟਿੰਗ ਭਵਾਨੀਗੜ੍ਹ ਵਿਖੇ ਜ਼ਿਲ੍ਹਾ ਸੰਗਰੂਰ ਇਕਾਈ ਦੇ ਪ੍ਰਧਾਨ ਜਸਵੀਰ ਸਿੰਘ ਜੱਸੀ ਧਰਮਗੜ੍ਹ ਦੀ ਅਗਵਾਈ ਹੇਠ ਹੋਈ।ਮੀਟਿੰਗ ਦੌਰਾਨ ਜਸਵੀਰ ਸਿੰਘ ਜੱਸੀ ਧਰਮਗੜ੍ਹ ਨੇ ਦੱਸਿਆ ਕਿ ਸੰਘ ਵੱਲੋਂ ਅਗਸਤ ਮਹੀਨੇ ਦੌਰਾਨ 'ਨਸ਼ਿਆਂ ਤੋਂ ਆਜ਼ਾਦੀ' ਸਬੰਧੀ ਵਿਸ਼ੇਸ਼ ਸਮਾਗਮ ਕਰਵਾਏ ਜਾ ਰਹੇ ਹਨ।ਇਹ ਸਮਾਗਮ ਵੱਖ-ਵੱਖ ਸਪੋਰਟਸ ਕਲੱਬਾਂ, ਸਕੂਲਾਂ ਤੇ ਕਾਲਜਾਂ ਵਿੱਚ ਕਰਵਾ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੰਘ ਦੇ ਸਟੇਟ ਮੀਡੀਆ ਇੰਚਾਰਜ ਡਾ. ਅਵਿਨਾਸ਼ ਰਾਣਾ ਨੇ ਕਿਹਾ ਕਿ ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਵੱਲੋਂ ਮਾਰਗਦਰਸ਼ਕ ਜਸਵੰਤ ਸਿੰਘ ਤੇ ਮਨਜੀਤ ਸਿੰਘ ਦੀ ਰਹਿਨੁਮਾਈ ਹੇਠ ਪੂਰੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜਾਗਰੂਕਤਾ ਸਭ ਤੋਂ ਪ੍ਰਭਾਵਸ਼ਾਲੀ ਹਥਿਆਰ ਹੈ ਤੇ ਸਮਾਜ ਦੇ ਹਰ ਵਰਗ ਨੂੰ ਇਕਜੁੱਟ ਹੋ ਕੇ ਨਸ਼ਿਆਂ ਵਿਰੁੱਧ ਲੜਾਈ ਲੜਨੀ ਪਵੇਗੀ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਦਲਦਲ ਵਿੱਚੋਂ ਨੌਜਵਾਨਾਂ ਨੂੰ ਬਾਹਰ ਕੱਢਣਾ ਸਿਰਫ਼ ਸਰਕਾਰ ਦੀ ਹੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਵਿਅਕਤੀ ਦਾ ਬਰਾਬਰ ਦਾ ਫ਼ਰਜ਼ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਤੇ ਉਸਾਰੂ ਗਤੀਵਿਧੀਆਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਣ ਲਈ ਸਾਂਝੇ ਯਤਨ ਕੀਤੇ ਜਾਣ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਰਸੇਵਕ ਸਿੰਘ ਕਮਾਲਪੁਰ ਨੇ ਅਗਸਤ ਮਹੀਨੇ ਦੌਰਾਨ ਕਰਵਾਏ ਜਾਣ ਵਾਲੇ ਸਮਾਗਮਾਂ ਸਬੰਧੀ ਸਕੂਲਾਂ ਤੇ ਕਾਲਜਾਂ ਦਾ ਵੇਰਵਾ ਸਾਂਝਾ ਕੀਤਾ।ਮੀਟਿੰਗ ਦੌਰਾਨ ਅੰਮ੍ਰਿਤ ਪਾਲ ਸਿੰਘ, ਅਰਸ਼ਜੋਤ ਗਿੱਲ, ਹਰਮਨ ਸਿੰਘ, ਅਰਸ਼ਦੀਪ ਸਿੰਘ ਕਪਿਆਲ, ਅਵਤਾਰ ਸਿੰਘ, ਜਗਤਾਰ ਸਿੰਘ ਅਤੇ ਸੁਰਜੀਤ ਸਿੰਘ ਸਮੇਤ ਹੋਰ ਆਗੂ ਤੇ ਮੈਂਬਰ ਹਾਜ਼ਰ ਸਨ।

## ਰਹਿਬਰ ਇੰਸਟੀਚਿਊਟ ਵਿਖੇ ਤੀਜ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਰਹਿਬਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿਖੇ ਪੰਜਾਬੀ ਸੱਭਿਆਚਾਰ ਤੇ ਅਮੀਰ ਵਿਰਸੇ ਨੂੰ ਸਮਰਪਤ ਤੀਜ ਦਾ ਤਿਉਹਾਰ ਬੜੇ ਉਤਸ਼ਾਹ, ਚਾਅ ਤੇ ਖ਼ੁਸ਼ੀ ਨਾਲ ਮਨਾਇਆ ਗਿਆ।ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਡਾ. ਕਾਫ਼ਿਲਾ ਖ਼ਾਨ ਨੇ ਸ਼ਿਰਕਤ ਕੀਤੀ।ਇਸ ਮੌਕੇ ਵਿਦਿਆਰਥਣਾਂ ਤੇ ਸੰਸਥਾ ਦੇ ਸਟਾਫ਼ ਵੱਲੋਂ ਪੰਜਾਬੀ ਸੱਭਿਆਚਾਰ ਨਾਲ ਸਬੰਧਤ ਵੱਖ-ਵੱਖ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ।ਗਿੱਧੇ ਦੀਆਂ ਧਮਾਲਾਂ, ਪੰਜਾਬੀ ਬੋਲੀਆਂ ਤੇ ਰਵਾਇਤੀ ਪਹਿਰਾਵਿਆਂ ਨੇ ਸਮਾਗਮ ਨੂੰ ਪੂਰੀ ਤਰ੍ਹਾਂ ਪੰਜਾਬੀ ਰੰਗ ਵਿੱਚ ਰੰਗ ਦਿੱਤਾ।ਵਿਦਿਆਰਥਣਾਂ ਵੱਲੋਂ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸਜ-ਧਜ ਕੇ ਸ਼ਮੂਲੀਅਤ ਕਰਨ ਨਾਲ ਸਮਾਗਮ ਦੀ ਰੌਣਕ ਹੋਰ ਵੀ ਵਧ ਗਈ।ਇਸ ਮੌਕੇ ਮੁੱਖ ਮਹਿਮਾਨ ਡਾ. ਕਾਫ਼ਿਲਾ ਖ਼ਾਨ ਨੇ ਕਿਹਾ ਕਿ ਤੀਜ ਪੰਜਾਬੀ ਸੱਭਿਆਚਾਰ, ਵਿਰਸੇ ਤੇ ਰਵਾਇਤੀ ਕਦਰਾਂ-ਕੀਮਤਾਂ ਨਾਲ ਜੁੜਿਆ ਮਹੱਤਵਪੂਰਨ ਤਿਉਹਾਰ ਹੈ।ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਅਮੀਰ ਸੱਭਿਆਚਾਰ ਤੇ ਵਿਰਸੇ ਨੂੰ ਸੰਭਾਲਣ ਦੇ ਨਾਲ-ਨਾਲ ਨਵੀਂ ਪੀੜ੍ਹੀ ਨੂੰ ਵੀ ਇਸ ਨਾਲ ਜੋੜਨਾ ਚਾਹੀਦਾ ਹੈ।ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਖ਼ੁਸ਼ੀ, ਆਪਸੀ ਸਾਂਝ ਤੇ ਸੱਭਿਆਚਾਰਕ ਜਾਗਰੂਕਤਾ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਅੰਤ ਵਿੱਚ ਮੁੱਖ ਮਹਿਮਾਨ ਡਾ. ਕਾਫ਼ਿਲਾ ਖ਼ਾਨ ਦਾ ਧੰਨਵਾਦ ਕੀਤਾ ਗਿਆ ਤੇ ਸਮੂਹ ਵਿਦਿਆਰਥੀਆਂ ਤੇ ਸਟਾਫ਼ ਨੂੰ ਤੀਜ ਦੇ ਤਿਉਹਾਰ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ।

## ਘੱਗਾ ਵਿਖੇ ਜਲ ਸੋਧਕ ਪਲਾਂਟ ਦਾ ਨਿਰਮਾਣ ਕਾਰਜ ਸ਼ੁਰੂ

### ਪਾਤੜਾਂ ਤੇ ਘੱਗਾ ਨੂੰ ਵੀ ਮਿਲੇਗਾ ਸਾਫ਼-ਸੁਥਰਾ ਪੀਣ ਵਾਲਾ ਨਹਿਰੀ ਪਾਣੀ : ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਵਣਵਾਲਾ)**-ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਸੰਨੀ ਸਿੰਘ ਆਹਲੂਵਾਲੀਆ ਤੇ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਘੱਗਾ ਵਿਖੇ ਪਾਤੜਾਂ ਤੇ ਘੱਗਾ ਸ਼ਹਿਰ ਦੇ ਵਸਨੀਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ ਅੰਮ੍ਰਿਤ ਸਕੀਮ ਤਹਿਤ 31.77 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਜਲ ਸੋਧਕ ਪਲਾਂਟ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਘੱਗਾ ਤੇ ਪਾਤੜਾਂ ਦੇ ਵਸਨੀਕਾਂ ਦੀ ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਦੇ ਮੁਕੰਮਲ ਹੋਣ ਨਾਲ ਦੋਵਾਂ ਸ਼ਹਿਰਾਂ ਦੇ ਵਸਨੀਕਾਂ ਨੂੰ ਸਾਫ਼-ਸੁਥਰਾ ਤੇ ਮਿਆਰੀ ਪੀਣ ਵਾਲਾ ਪਾਣੀ ਮੁਹੱਈਆ ਹੋਵੇਗਾ, ਜਿਸ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਚੇਅਰਮੈਨ ਸੰਨੀ ਸਿੰਘ ਆਹਲੂਵਾਲੀਆ ਦਾ ਇਸ ਮਹੱਤਵਪੂਰਨ ਪ੍ਰਾਜੈਕਟ ਨੂੰ ਮਨਜ਼ੂਰੀ ਦਿਵਾਉਣ ਤੇ ਅਮਲੀ ਰੂਪ ਦੇਣ ਲਈ ਧੰਨਵਾਦ ਕੀਤਾ।ਚੇਅਰਮੈਨ ਸੰਨੀ ਸਿੰਘ ਆਹਲੂਵਾਲੀਆ ਨੇ ਦੱਸਿਆ ਕਿ ਇਸ ਜਲ ਸੋਧਕ ਪਲਾਂਟ ਲਈ ਪਾਣੀ ਕਰਮਗੜ੍ਹ ਲਿੰਕ ਤੋਂ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ 11 ਐਮ.ਐਲ.ਡੀ. ਸਮਰੱਥਾ ਵਾਲਾ ਇਹ ਪਲਾਂਟ 18 ਮਹੀਨਿਆਂ ਦੇ ਅੰਦਰ-ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਪ੍ਰਾਜੈਕਟ ਦਾ ਕੰਮ ਨਿਰਧਾਰਤ ਸਮਾਂ-ਸੀਮਾ ਅੰਦਰ ਗੁਣਵੱਤਾ ਮਾਪਦੰਡਾਂ ਅਨੁਸਾਰ ਮੁਕੰਮਲ ਕਰਨ ਲਈ ਵੀ ਕਿਹਾ।ਇਸ ਮੌਕੇ ਚੀਫ਼ ਇੰਜੀਨੀਅਰ ਜੀ ਪੀ ਸਿੰਘ, ਐੱਸਈ ਜਿਤਿਨ ਵਾਸੂਦੇਵਾ, ਐਕਸੀਅਨ ਹਰਸ਼ਰਨਜੀਤ ਸਿੰਘ, ਐੱਸਡੀਓ ਲਲਿਤ ਮਿੱਤਲ, ਜੇਈ ਅਨੁਜ ਸੱਚਰ, ਨਗਰ ਪੰਚਾਇਤ ਘੱਗਾ ਦੇ ਪ੍ਰਧਾਨ ਮਿੱਠੂ ਸਿੰਘ, ਸੀਨੀਅਰ ਮੀਤ ਪ੍ਰਧਾਨ ਸ਼ਕਤੀ ਗੋਇਲ, ਮੀਤ ਪ੍ਰਧਾਨ ਜੱਸ ਮੀਤ ਪ੍ਰਧਾਨ ਤੇ ਹੋਰ ਆਗੂ ਹਾਜ਼ਰ ਸਨ।

## ਟੱਕਰ ਪਰਵਾਰ ਨੇ ਲੰਗਰ ਲਗਾਇਆ

**ਕੋਟ ਈਸੇ ਖਾਂ (ਅਰੋੜਾ)**-ਸਾਉਣ ਮਹੀਨੇ ਨੂੰ ਮੁੱਖ ਰੱਖਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਥਾਨਕ ਸ਼ਹਿਰ ਦੀ ਧਰਮਕੋਟ ਰੋਡ 'ਤੇ ਦੇਸ ਰਾਜ ਟੱਕਰ ਪਰਵਾਰ ਵੱਲੋਂ ਲੰਗਰ ਲਗਾਇਆ ਗਿਆ।

ਇਸ ਮੌਕੇ ਵਾਰਡ ਨੰਬਰ 7 ਤੋਂ ਕੌਂਸਲਰ ਸੁਖਨਜੀਤ ਕੌਰ ਟੱਕਰ ਦੇ ਪਤੀ ਅਮਨ ਟੱਕਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਉਣ ਮਹੀਨੇ ਨੂੰ ਮੁੱਖ ਰੱਖਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਾਲ-ਪ੍ਰਸ਼ਾਦਾ, ਸਬਜ਼ੀ, ਖੀਰ ਪ੍ਰਸ਼ਾਦ ਆਦਿ ਦਾ ਲੰਗਰ ਲਗਾਇਆ ਗਿਆ ਹੈ, ਜਿੱਥੇ ਕਿ ਮਾਤਾ ਚਿੰਤਪੁਰਨੀ ਦੇ ਧਾਮ ਜਾਣ ਆਉਣ ਵਾਲੇ ਸ਼ਰਧਾਲੂ ਇਥੇ ਰੁਕ ਕੇ ਬੜੀ ਸ਼ਰਧਾ ਭਾਵਨਾ ਨਾਲ ਲੰਗਰ ਛਕਦੇ ਹਨ ਤੇ ਸਾਡੇ ਸਮੂਹ ਸੇਵਾਦਾਰਾਂ ਵੱਲੋਂ ਬਹੁਤ ਹੀ ਪ੍ਰੇਮ ਪਿਆਰ ਨਾਲ ਲੰਗਰ ਛਕਾਇਆ ਜਾਂਦਾ ਹੈ।ਬੀਬੀਆਂ ਭੈਣਾਂ ਵੱਲੋਂ ਬਹੁਤ ਵਧੀਆ ਢੰਗ ਨਾਲ ਪ੍ਰਸ਼ਾਦੇ ਤਿਆਰ ਕੀਤੇ ਜਾਂਦੇ ਹਨ ਤੇ ਸੇਵਾ ਕੀਤੀ ਜਾਂਦੀ ਹੈ।ਇਸ ਮੌਕੇ ਅਮਨ ਟੱਕਰ, ਲਵ ਟੱਕਰ, ਰੋਹਿਤ, ਤਰਸੇਮ ਸਿੰਘ, ਰਾਜ ਕੁਮਾਰ ਤੋਂ ਇਲਾਵਾ ਹੋਰ ਸੇਵਾਦਾਰ ਹਾਜ਼ਰ ਸਨ।

## ਸ੍ਰੀਮਦ ਭਾਗਵਤ ਕਥਾ 4 ਤੋਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀਮਦ ਭਾਗਵਤ ਕਥਾ ਸੋਸਾਇਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ 4 ਅਕਤੂਬਰ ਤੋਂ 11 ਅਕਤੂਬਰ 2026 ਤੱਕ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਕਥਾ ਅਜਮੇਰ ਪੈਲੇਸ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਹਰ ਰੋਜ਼ ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ ਹੋਵੇਗੀ।ਇਸ ਮੌਕੇ ਪ੍ਰਸਿੱਧ ਭਾਗਵਤ ਵਿਆਸ ਸ੍ਰੀ ਅਨਿਲ ਜੀ ਦਾਸ (ਸ੍ਰੀ ਰਾਮ ਲੱਲ੍ਹਾ ਵਾਟਿਕਾ ਧਾਮ ਵਾਲੇ) ਵੱਲੋਂ ਸ਼ਰਧਾਲੂਆਂ ਨੂੰ ਸ੍ਰੀਮਦ ਭਾਗਵਤ ਕਥਾ ਦਾ ਰਸਪਾਨ ਕਰਵਾਇਆ ਜਾਵੇਗਾ।ਇਸ ਸਬੰਧੀ ਨਵੀਂ ਦਾਣਾ ਮੰਡੀ ਵਿਖੇ ਸੋਸਾਇਟੀ ਵੱਲੋਂ ਪ੍ਰੈੱਸ ਕਾਨਫਰੰਸ ਕੀਤੀ ਗਈ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਤਰਸੇਮ ਗੋਇਲ ਤੇ ਹੋਰ ਮੈਂਬਰਾਂ ਨੇ ਦੱਸਿਆ ਕਿ ਕਥਾ ਦੀ ਸ਼ੁਰੂਆਤ ਮੌਕੇ 4 ਅਕਤੂਬਰ ਨੂੰ ਸਵੇਰੇ 9:15 ਵਜੇ ਦੁਰਗਾ ਮੰਦਰ ਤੋਂ ਕਥਾ ਸਥਲ ਅਜਮੇਰ ਪੈਲੇਸ ਤੱਕ ਕਲਸ਼ ਯਾਤਰਾ ਕੱਢੀ ਜਾਵੇਗੀ ਅਤੇ 7 ਅਕਤੂਬਰ ਨੂੰ ਨੰਦ ਉਤਸਵ, 8 ਨੂੰ ਗੋਵਰਧਨ ਪੂਜਾ ਤੇ ਛੱਪਣ ਭੋਗ, 9 ਨੂੰ ਰੁਕਮਣੀ ਮੰਗਲ ਤੇ 10 ਨੂੰ ਸੁਦਾਮਾ ਚਰਿੱਤਰ ਅਤੇ ਵਿਆਸ ਪੂਜਨ ਸਮੇਤ ਵੱਖ-ਵੱਖ ਧਾਰਮਿਕ ਪ੍ਰੋਗਰਾਮ ਕਰਵਾਏ ਜਾਣਗੇ।ਪ੍ਰਬੰਧਕਾਂ ਅਨੁਸਾਰ ਕਥਾ ਉਪਰੰਤ ਸ਼ਰਧਾਲੂਆਂ ਲਈ ਪ੍ਰਸਾਦ ਰੂਪੀ ਲੰਗਰ ਦੀ ਵੀ ਵਿਵਸਥਾ ਕੀਤੀ ਜਾਵੇਗੀ।ਇਸ ਮੌਕੇ ਸੇਵਾ ਮੁਕਤ ਡੀਟੀਓ ਗੁਰਚਰਨ ਸਿੰਘ ਸੰਧੂ, ਵਿਜੈ ਬਾਂਸਲ, ਸੰਜੀਵ ਬਾਂਸਲ, ਅਨਿਲ ਕੁਮਾਰ ਸਿੰਗਲਾ, ਪੱਪੂ ਆਦਿ ਮੌਜੂਦ ਸਨ।

## ਪਬਲਿਕ ਕਾਲਜ ਵਿਖੇ ਮਾਨਸਿਕ ਸਿਹਤ ਦਿਵਸ ਮਨਾਇਆ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਦੇ ਸਾਈਕਿਆਟ੍ਰਿਕ ਸੈਲੋ ਵੱਲੋਂ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਮਾਸਿਕ ਮਾਨਸਿਕ ਸਿਹਤ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਨੂੰ ਕੁਦਰਤ ਨਾਲ ਜੋੜਨ ਦੇ ਉਦੇਸ਼ ਨਾਲ ਪੇਪਰ ਰੀਡਿੰਗ, ਪੋਸਟਰ ਮੇਕਿੰਗ ਤੇ ਕਵਿਤਾ ਉਚਾਰਨ ਵਰਗੀਆਂ ਗਤੀਵਿਧੀਆਂ ਕਰਵਾਈਆਂ ਗਈਆਂ।ਉਪਰੰਤ ਵਿਦਿਆਰਥੀਆਂ ਨੂੰ ਕਾਲਜ ਦੇ ਬੋਟੈਨੀਕਲ ਗਾਰਡਨ ਵਿੱਚ ਹੀਲਿੰਗ ਵਾਕ ਕਰਵਾਈ ਗਈ।ਇਸ ਦੌਰਾਨ ਵਿਦਿਆਰਥੀਆਂ ਨੇ ਹਰੇ-ਭਰੇ ਵਾਤਾਵਰਨ, ਰੁੱਖਾਂ, ਪੌਦਿਆਂ ਤੇ ਕੁਦਰਤ ਦੀ ਸੁੰਦਰਤਾ ਦੇ ਵਿਚਕਾਰ ਕੁੱਝ ਸਮਾਂ ਬਿਤਾਇਆ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕੁਦਰਤ ਨਾਲ ਜੁੜੇ ਰਹਿਣ ਦੇ ਮਾਨਸਿਕ ਤੇ ਸਰੀਰਕ ਲਾਭਾਂ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ।ਸਾਈਕਿਆਟ੍ਰਿਕ ਸੈਲੋ ਦੇ ਇੰਚਾਰਜ ਡਾ. ਸੁਮਨ ਰਾਹੀਂ ਨੇ ਵਿਦਿਆਰਥੀਆਂ ਨੂੰ ਖੋਜ ਅਧਿਐਨਾਂ ਦੇ ਹਵਾਲਿਆਂ ਨਾਲ ਦੱਸਿਆ ਕਿ ਕੁਦਰਤ ਵਿੱਚ ਸਮਾਂ ਬਿਤਾਉਣਾ, ਹਰਿਆਲੀ ਨੂੰ ਦੇਖਣਾ ਤੇ ਤਾਜ਼ੀ ਹਵਾ ਵਿੱਚ ਸੈਰ ਕਰਨਾ, ਤਣਾਅ ਤੇ ਮਾਨਸਿਕ ਥਕਾਵਟ ਨੂੰ ਘਟਾਉਣ ਵਿੱਚ ਸਹਾਇਕ ਹੁੰਦੇ ਹਨ। ਇਸ ਮੌਕੇ ਹੈਲਥ ਕਮੇਟੀ ਦੇ ਇੰਚਾਰਜ ਡਾ. ਪੀ. ਐੱਸ. ਸੰਧੂ ਨੇ ਕਾਲਜ ਦੇ ਬੋਟੈਨੀਕਲ ਗਾਰਡਨ ਵਿੱਚ ਮੌਜੂਦ ਵੱਖ-ਵੱਖ ਔਸ਼ਧੀ ਪੌਦਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ।

## ਏਵੀਓਰ ਸਕੂਲ ਦੀ ਵੰਸ਼ਿਕਾ ਰਾਣਾ ਤੇ ਏਂਜਲਪ੍ਰੀਤ ਕੌਰ ਦੀ ਸਟੇਟ ਟੂਰਨਾਮੈਂਟ ਲਈ ਚੋਣ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ )**-ਏਵੀਓਰ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਜ਼ੋਨਲ ਅਤੇ ਜ਼ਿਲ੍ਹਾ ਟੂਰਨਾਮੈਂਟ ਦੇ ਅਲੱਗ-ਅਲੱਗ ਵਰਗਾਂ 'ਚ ਗੋਲਡ, ਸਿਲਵਰ ਅਤੇ ਕਾਂਸੇ ਦਾ ਮੈਡਲ ਜਿੱਤ ਕੇ ਸਕੂਲ ਦਾ ਨਾਂ ਰੋਸ਼ਨ ਕੀਤਾ। ਪ੍ਰਿੰਸੀਪਲ ਗੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਸਕੂਲ ਦੀ ਅੰਡਰ-14 ਲੜਕੀਆਂ ਦੀ ਟੀਮ ਨੇ ਹੈਂਡਬਾਲ 'ਚ ਗੋਲਡ ਮੈਡਲ, ਬੈਡਮਿੰਟਨ 'ਚ ਸਿਲਵਰ ਮੈਡਲ ਅਤੇ ਵਾਲੀਬਾਲ 'ਚ ਕਾਂਸੀ ਮੈਡਲ ਪ੍ਰਾਪਤ ਕੀਤਾ, ਸਕੂਲ ਦੀ ਅੰਡਰ-14 ਲੜਕਿਆਂ ਦੀ ਟੀਮ ਨੇ ਹੈਂਡਬਾਲ 'ਚ ਗੋਲਡ ਮੈਡਲ ਅਤੇ ਕ੍ਰਿਕਟ 'ਚ ਕਾਂਸਾ ਮੈਡਲ ਪ੍ਰਾਪਤ ਕੀਤਾ, ਅੰਡਰ-17 ਲੜਕੀਆਂ ਦੀ ਟੀਮ ਨੇ ਹੈਂਡਬਾਲ 'ਚ ਗੋਲਡ ਮੈਡਲ ਅਤੇ ਵਾਲੀਬਾਲ 'ਚ ਸਿਲਵਰ ਮੈਡਲ ਪ੍ਰਾਪਤ ਕੀਤੇ, ਸਕੂਲ ਦੀ ਅੰਡਰ-17 ਲੜਕਿਆਂ ਦੀ ਟੀਮ ਨੇ ਵੀ ਹੈਂਡਬਾਲ 'ਚ ਸਿਲਵਰ ਮੈਡਲ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਜ਼ਿਲ੍ਹਾ ਟੂਰਨਾਮੈਂਟ 'ਚ ਅੰਡਰ-14 ਲੜਕੀਆਂ ਦੀ ਟੀਮ ਵੰਸ਼ਿਕਾ, ਅਵਨੀਤ ਕੌਰ ਅਤੇ ਏਂਜਲਪ੍ਰੀਤ ਨੇ ਬੀਚ ਵਾਲੀਬਾਲ 'ਚ ਗੋਲਡ ਮੈਡਲ ਪ੍ਰਾਪਤ ਕੀਤੇ। ਸਕੂਲ ਦੇ ਪ੍ਰਧਾਨ ਤੇਜਿੰਦਰ ਪਾਲ ਸਿੰਘ, ਉਪ ਪ੍ਰਧਾਨ ਹਰਿੰਦਰ ਪਾਲ ਸਿੰਘ, ਸੈਕੇਟਰੀ ਸਿਮਰਨਪ੍ਰੀਤ ਕੌਰ ਨੇ ਬੱਚਿਆਂ ਦੀਆਂ ਮਾਨਮੱਤੀਆਂ ਪ੍ਰਾਪਤੀਆਂ ਲਈ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ।

## ਹੇਮ ਰਾਜ 'ਆਪ' ਦੀ ਨੈਸ਼ਨਲ ਕੌਂਸਲ ਦੇ ਮੈਂਬਰ ਨਿਯੁਕਤ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੇ ਬੀ. ਸੀ. ਵਿੰਗ ਪੰਜਾਬ ਦੇ ਵਾਈਸ ਪ੍ਰਧਾਨ, ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਦੇ ਆਗੂ ਹੇਮ ਰਾਜ ਰਾਜੀ ਨੂੰ ਪਾਰਟੀ ਦੀ ਨੈਸ਼ਨਲ ਕੌਂਸਲ ਦਾ ਮੈਂਬਰ ਚੁਣਿਆ ਗਿਆ ਹੈ।

ਇਸ ਨਿਯੁਕਤੀ 'ਤੇ ਹੇਮ ਰਾਜ ਰਾਜੀ ਨੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਅਤੇ ਪਾਰਟੀ ਦੀ ਸਮੁੱਚੀ ਹਾਈਕਮਾਨ ਤੇ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ।ਰਾਜੀ ਨੇ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਪ੍ਰਗਟਾਏ ਵਿਸ਼ਵਾਸ ਤੇ ਸੌਂਪੀ ਗਈ ਇਸ ਅਹਿਮ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਸੇਵਾ ਤੇ ਪਾਰਟੀ ਦੀਆਂ ਨੀਤੀਆਂ ਨੂੰ ਮਜ਼ਬੂਤੀ ਨਾਲ ਅੱਗੇ ਲਿਜਾਣ ਲਈ ਵਚਨਬੱਧ ਰਹਿਣਗੇ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਪਰਵਾਰ ਮਿਲਣ ਸਮਾਰੋਹ



**ਨਾਭਾ (ਅਮਨ ਗਰਗ)**-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਵੱਲੋਂ ਦਯਾਨੰਦ ਪਬਲਿਕ ਸਕੂਲ ਪਾਂਡੂਸਰ ਮੁਹੱਲਾ ਵਿਖੇ ਦੂਜਾ ਪਰਵਾਰ ਮਿਲਣ ਸਮਾਰੋਹ ਪ੍ਰਧਾਨ ਓਮ ਪ੍ਰਕਾਸ਼ ਗਰਗ, ਜਨਰਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਵਿਜੇ ਗਰਗ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਮੌਕੇ ਸੰਸਥਾ ਦੇ ਬੱਚਿਆਂ ਨੇ ਧਾਰਮਿਕ, ਦੇਸ਼ ਭਗਤੀ ਤੇ ਸਮਾਜਿਕ ਮੁੱਦਿਆਂ ਨਾਲ ਸੰਬੰਧਤ ਸੁੰਦਰ ਗੀਤ, ਕਵਿਤਾਵਾਂ, ਨਾਚ ਤੇ ਗਿੱਧਾ ਪੇਸ਼ ਕੀਤਾ।ਇਸ ਦੇ ਨਾਲ ਹੀ ਪ੍ਰੀਸ਼ਦ ਦੀ ਮਹਿਲਾ ਮੁਖੀ ਹੀਨਾ ਸਿੰਗਲਾ ਦੀ ਅਗਵਾਈ ਹੇਠ ਤੀਆਂ ਦਾ ਤਿਉਹਾਰ ਵੀ ਮਨਾਇਆ ਗਿਆ।ਇਸ ਸਮਾਰੋਹ ਦੇ ਮੁੱਖ ਮਹਿਮਾਨ ਭਾਰਤ ਵਿਕਾਸ ਪ੍ਰੀਸ਼ਦ ਦੀ 2026/2027 ਸੂਬਾ ਸਕੱਤਰ ਡਾਕਟਰ ਮੀਨਾ ਕੁਮਾਰੀ ਤੇ ਵਿਸ਼ੇਸ਼ ਮਹਿਮਾਨ ਅਗਰਵਾਲ ਸਭਾ ਮਹਿਲਾ ਵਿੰਗ ਪ੍ਰਧਾਨ ਰੇਨੂ ਜੈਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਉਨ੍ਹਾਂ ਵੱਲੋਂ ਦੀਪ ਜਲਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਸਾਨੂੰ ਇਹ ਤਿਉਹਾਰ ਰਲ ਮਿਲ ਕੇ ਮਨਾਉਣਾ ਚਾਹੀਦਾ ਹੈ, ਇਸ ਨਾਲ ਆਪਸੀ ਭਾਈਚਾਰਕ ਸਾਂਝ ਵਧਦੀ ਹੈ। ਉਪਰੰਤ ਇਕਾਈ ਪ੍ਰਧਾਨ ਓਮ ਪ੍ਰਕਾਸ਼ ਗਰਗ, ਜਨਰਲ ਸਕੱਤਰ ਵਿਕਾਸ ਮਿੱਤਲ, ਕੈਸ਼ੀਅਰ ਵਿਜੇ ਗਰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਜਿੱਥੇ ਸਮਾਜ ਭਲਾਈ ਦੇ ਕਾਰਜ ਕੀਤੇ ਜਾਦੇ ਹਨ, ਉੱਥੇ ਹੀ ਸਕੂਲਾਂ ਵਿੱਚ ਲੋੜਵੰਦ ਬੱਚਿਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦਿੱਤੀ ਜਾਂਦੀ ਹੈ।ਇਸ ਮੌਕੇ ਜਨਰਲ ਸਕੱਤਰ ਵਿਕਾਸ ਮਿੱਤਲ ਵੱਲੋਂ ਸਮਾਜ ਭਲਾਈ ਦੇ ਕਾਰਜਾਂ ਬਾਰੇ ਪਰਿਵਾਰਕ ਮੈਂਬਰਾਂ ਨੂੰ ਜਾਣੂ ਕਰਵਾਇਆ।ਇਸ ਮੌਕੇ ਪਰਿਵਾਰਕ ਮੈਂਬਰਾਂ ਦੀਆਂ ਮਹਿਲਾਵਾਂ, ਬੱਚਿਆਂ ਵੱਲੋਂ ਤੀਆਂ ਦੇ ਮੱਦੇਨਜ਼ਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਸਮਾਰੋਹ ਦੌਰਾਨ ਇਕਾਈ ਦੇ ਪ੍ਰਧਾਨ ਤੇ ਸਮੂਹ ਮੈਂਬਰਾਂ ਵੱਲੋਂ ਤੀਆਂ ਦੇ ਤਿਉਹਾਰ ਵਿੱਚ ਭਾਗ ਲੈਣ ਵਾਲਿਆਂ ਮਹਿਲਾਵਾਂ ਤੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੂਬਾ ਕੈਸ਼ੀਅਰ ਅਸ਼ਵਨੀ ਮਦਾਨ, ਸੂਬਾ ਐਪ ਮੈਨੇਜਰ ਹੇਮੰਤ ਧਵਨ, ਸ਼ੀਤਲ ਜੈਨ, ਵਿਨੋਦ ਕਾਲੜਾ, ਇੰਦਰ ਰਾਜ ਨਈਅਰ, ਸੰਜੇ ਢੀਂਗਰਾ, ਸੁਸ਼ਮਾ ਗਰਗ, ਦਰਸ਼ਨ ਕੁਮਾਰ, ਨਰਿੰਦਰ ਵਰਮਾ, ਨਵਿੰਦਰ ਭਾਰਤੀ, ਉਮੇਸ਼ ਕੁਮਾਰ, ਭੂਸ਼ਣ ਗਰਗ, ਪਰਮਿੰਦਰ ਗੁਪਤਾ, ਅਮਿਤ ਜਿੰਦਲ, ਰਜਨੀ ਮਿੱਤਲ, ਪ੍ਰਿੰਸੀਪਲ ਜੋਤੀ ਸ਼ਰਮਾ, ਆਸ਼ਾ ਜੈਨ, ਸੁਸ਼ਮਾ ਗਰਗ, ਕੁਸਮ ਲਤਾ, ਰੀਮਾ ਗਰਗ ਆਦਿ ਮੈਂਬਰ ਹਾਜ਼ਰ ਸਨ।

## ਫ਼ਿਰੋਜ਼ਪੁਰ ਰੇਲ ਮੰਡਲ 'ਚ ਟਰੈਕਟਰ ਮਾਲ ਢੁਆਈ 'ਚ ਵਾਧਾ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੀ ਰਹਿਨੁਮਾਈ ਹੇਠ ਫ਼ਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਨੇ ਨਿਰੰਤਰ ਯਤਨਾਂ ਨਾਲ ਇਕ ਹੋਰ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ ਹੈ। ਵੱਖ-ਵੱਖ ਭਾਈਵਾਲਾਂ ਨਾਲ ਲਗਾਤਾਰ ਮੀਟਿੰਗਾਂ ਤੇ ਬਿਹਤਰ ਤਾਲਮੇਲ ਦੇ ਸਦਕਾ ਫ਼ਿਰੋਜ਼ਪੁਰ ਮੰਡਲ ਨੇ ਜੁਲਾਈ 2026 ਵਿੱਚ 35 ਰੇਕ ਟਰੈਕਟਰ ਲੋਡਿੰਗ ਦਰਜ ਕੀਤੀ। ਇਹ ਅੰਕੜਾ ਪਿਛਲੇ ਸਾਲ ਦੇ ਇਸੇ ਸਮੇਂ ਦੇ 24 ਰੇਕਾਂ ਦੀ ਤੁਲਨਾ 'ਚ ਲਗਭਗ 45 ਪ੍ਰਤੀਸ਼ਤ ਵੱਧ ਹੈ। ਇਸ ਲੋਡਿੰਗ ਨਾਲ ਨਾ ਸਿਰਫ਼ ਮੰਡਲ ਦੀ ਮਾਲ ਢੁਆਈ ਵਿਚ ਵਾਧਾ ਹੋਇਆ ਹੈ, ਸਗੋਂ ਰੇਲਵੇ ਦੀ ਆਮਦਨ ਵਿੱਚ ਵੀ ਵਾਧਾ ਦਰਜ ਕੀਤਾ ਗਿਆ ਹੈ। ਰੇਲਵੇ ਵੱਲੋਂ ਕਿਫਾਇਤੀ, ਸਮੇਂ ਸਿਰ ਤੇ 'ਡੋਰ-ਟੂ-ਡੋਰ' ਸੇਵਾ ਉਪਲਬਧ ਕਰਾਉਣ ਨਾਲ ਵਪਾਰੀਆਂ ਦਾ ਭਰੋਸਾ ਮਜ਼ਬੂਤ ਹੋਇਆ ਹੈ। ਇਹ ਪ੍ਰਾਪਤੀ ਫ਼ਿਰੋਜ਼ਪੁਰ ਮੰਡਲ ਦੀ ਕੁਸ਼ਲ ਕਾਰਜਪ੍ਰਣਾਲੀ, ਤਾਲਮੇਲ ਤੇ ਗਾਹਕਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਜਨਕ ਸੇਵਾਵਾਂ ਦਾ ਨਤੀਜਾ ਹੈ। ਮੰਡਲ ਵੱਲੋਂ ਮਾਲ ਢੁਆਈ ਨੂੰ ਉਤਸ਼ਾਹਤ ਕਰਨ ਤੇ ਗਾਹਕਾਂ ਨੂੰ ਬਿਹਤਰ ਸੇਵਾਵਾਂ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

## ਮਨਿਸਟਰੀਅਲ ਮੁਲਾਜ਼ਮਾਂ ਦੀ ਹੜਤਾਲ ਕਾਰਨ ਜਨਤਾ ਪ੍ਰੇਸ਼ਾਨ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਟੇਟ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਦੇ ਸੱਦੇ ਤਹਿਤ ਜ਼ਿਲ੍ਹਾ ਮਾਨਸਾ ਦੇ ਸਮੂਹ ਸਰਕਾਰੀ ਦਫ਼ਤਰਾਂ ਦੇ ਮੁਲਾਜ਼ਮਾਂ ਵੱਲੋਂ ਉਲੀਕੇ ਗਏ ਸੰਘਰਸ਼ ਤਹਿਤ ਬੁੱਧਵਾਰ ਤੀਜੇ ਦਿਨ ਵੀ ਮੁਕੰਮਲ 'ਕੰਪਿਊਟਰ ਬੰਦ, ਕਲਮ ਛੋੜ' ਹੜਤਾਲ ਰਹੀ।ਆਗੂਆਂ ਨੇ ਐਲਾਨ ਕੀਤਾ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਇਹ ਸੰਘਰਸ਼ 21ਅਗਸਤ ਤੱਕ ਲਗਾਤਾਰ ਜਾਰੀ ਰਹੇਗਾ।ਹੜਤਾਲ ਕਾਰਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਮੇਤ ਸਾਰੇ ਸਰਕਾਰੀ ਵਿਭਾਗਾਂ ਦਾ ਕੰਮਕਾਜ਼ ਪੂਰੀ ਤਰ੍ਹਾਂ ਠੱਪ ਰਿਹਾ, ਜਿਸ ਕਰਕੇ ਕੰਮ ਕਾਰ ਲਈ ਆਏ ਆਮ ਲੋਕਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ।ਤਹਿਸੀਲ 'ਚ ਰਜਿਸਟਰੀਆਂ ਦਾ ਕੰਮ ਬਿਲਕੁਲ ਠੱਪ ਹੋਣ ਕਰਕੇ ਆਮ ਜਨਤਾ ਦੀਆਂ ਮੁਸ਼ਕਲਾਂ ਵਧ ਗਈਆਂ ਹਨ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਦੇ ਨਾਲ ਸੁਖਵਿੰਦਰ ਸਿੰਘ (ਵਾਟਰ ਸਪਲਾਈ), ਸੰਦੀਪ ਸਿੰਘ ਬਾਲੀਆ (ਸਿਹਤ ਵਿਭਾਗ) ਅਤੇ ਜਸਵੰਤ ਸਿੰਘ ਮੌਜੋ ਹਰਪ੍ਰੀਤ ਪ੍ਰਧਾਨ ਸਿੰਘ ਡੀ.ਸੀ. ਦਫ਼ਤਰ ਤੇ ਕਾਨੂੰਨੀ ਸਲਾਹਕਾਰ ਆਦਿ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਸਰਕਾਰ ਮੁਲਾਜ਼ਮ ਵਿਰੋਧੀ ਫੈਸਲੇ ਵਾਪਸ ਨਹੀਂ ਲੈਂਦੀ ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

## ਸੀ ਪੀ ਐੱਫ ਕਾਮੇ 23 ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਦਾ ਕਰਨਗੇ ਘਿਰਾਓ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ/ਜਸਵੰਤ ਗਿੱਲ)**-ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਸੀ.ਪੀ.ਐਫ. ਕ੍ਰਮਚਾਰੀ ਯੂਨੀਅਨ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ, ਜਿਸਦੀ ਲੜੀ ਤਹਿਤ 23 ਅਗਸਤ ਨੂੰ ਪੰਜਾਬ ਦੇ ਸਮੂਹ ਸੀ.ਪੀ.ਐਫ. ਕਰਮਚਾਰੀ ਪਿੰਡ ਸਤੌਜ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਨ ਜਾ ਰਹੇ ਹਨ, ਕਿਉਂਕਿ ਮੁੱਖ ਮੰਤਰੀ ਪੰਜਾਬ ਵੱਲੋਂ ਪੁਰਾਣੀ ਪੈਨਸ਼ਨ ਸਕੀਮ ਦਾ ਨੋਟੀਫਿਕੇਸ਼ਨ ਕਰਨ ਦੇ ਤਿੰਨ ਸਾਲ ਬੀਤਣ ਦੇ ਬਾਵਜੂਦ ਇਸ ਨੂੰ ਅਜੇ ਤੱਕ ਲਾਗੂ ਨਹੀਂ ਕੀਤਾ ਗਿਆ।

ਸੀ.ਪੀ.ਐਫ. ਕ੍ਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਦੀਪਕ ਕੁਮਾਰ ਸੋਨੀ ਤੇ ਜਨਰਲ ਸਕੱਤਰ ਤਲਵਿੰਦਰ ਸਿੰਘ ਨਿੱਝਰ ਨੇ ਦੱਸਿਆ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਸੀ.ਪੀ.ਐਫ. ਕ੍ਰਮਚਾਰੀਆਂ ਨਾਲ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਵਾਅਦਾ ਕੀਤਾ ਗਿਆ ਸੀ ਤੇ ਬਕਾਇਦਾ ਇਸ ਨੂੰ ਆਪਣੇ ਚੋਣ ਮੈਨੀਫੈਸਟੋ ਵਿੱਚ ਗਰੰਟੀ ਦੇ ਰੂਪ ਵਿੱਚ ਵੀ ਅੰਕਿਤ ਕੀਤਾ ਗਿਆ ਸੀ, ਪ੍ਰੰਤੂ ਬੜੇ ਦੁੱਖ ਦੀ ਗੱਲ ਹੈ ਕਿ ਸਰਕਾਰ ਦਾ 4 ਸਾਲ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਪੁਰਾਣੀ ਪੈਨਸ਼ਨ ਸਕੀਮ ਦੇ ਵਾਅਦੇ ਨੂੰ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇੱਕ ਕ੍ਰਮਚਾਰੀ ਜੋ ਆਪਣੀ ਜ਼ਿੰਦਗੀ ਦੇ 35 ਤੋਂ 40 ਸਾਲ ਸਰਕਾਰੀ ਸੇਵਾ ਵਿੱਚ ਲਾਉਂਦਾ ਹੈ, ਪ੍ਰੰਤੂ ਰਿਟਾਇਰਮੈਂਟ ਸਮੇਂ ਉਸਨੂੰ ਨਵੀਂ ਪੈਨਸ਼ਨ ਸਕੀਮ ਦੇ ਰੂਪ ਵਿੱਚ ਬਹੁਤ ਹੀ ਨਿਗੂਣੀ ਪੈਨਸ਼ਨ ਦਿੱਤੀ ਜਾਂਦੀ ਹੈ, ਜਿਸ ਨਾਲ ਉਸਦੇ ਘਰ ਦਾ ਗੁਜ਼ਾਰਾ ਤਾਂ ਦੂਰ ਦੀ ਗੱਲ ਹੈ, ਆਪਣੀ ਦਵਾਈ ਬੂਟੀ ਦਾ ਖਰਚਾ ਵੀ ਪੂਰਾ ਨਹੀਂ ਕਰ ਸਕਦਾ।

ਦੂਜੇ ਪਾਸੇ ਇੱਕ ਵਿਧਾਇਕ ਜਾਂ ਮੈਂਬਰ ਪਾਰਲੀਮੈਂਟ 5 ਸਾਲ ਲਈ ਚੁਣੇ ਜਾਣ ਤਾਂ ਉਨ੍ਹਾਂ ਨੂੰ ਪੈਨਸ਼ਨ ਦੇ ਪੂਰੇ ਲਾਭ ਦਿੱਤੇ ਜਾਂਦੇ ਹਨ। ਇੱਥੋਂ ਤੱਕ ਕਿ ਜੇਕਰ ਵਾਰ ਦੂਸਰੀ, ਤੀਸਰੀ ਜਾਂ ਇਸਤੋਂ ਵੱਧ ਜਿੰਨੀ ਵਾਰ ਜਿੱਤਣਗੇ, ਉਨ੍ਹਾਂ ਨੂੰ ਓਨੀ ਹੀ ਪੈਨਸ਼ਨ ਵੱਧ ਦਿੱਤੀ ਜਾਂਦੀ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਦੀਆ ਇਨ੍ਹਾਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੁੱਧ 23 ਨੂੰ ਪਿੰਡ ਸਤੌਜ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘਿਰਾਓ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ, ਜਿਸਦੀਆਂ ਤਿਆਰੀਆਂ ਦੇ ਮੱਦੇਨਜ਼ਰ ਮੀਟਿੰਗਾਂ ਦਾ ਦੌਰ ਜਾਰੀ ਹੈ ਤੇ ਸਾਰੇ ਕ੍ਰਮਚਾਰੀਆਂ ਵਿੱਚ ਪੂਰਾ ਜੋਸ਼ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ 23 ਦੀ ਸਤੌਜ ਰੈਲੀ ਵਿੱਚ ਲਾਮਿਸਾਲ ਇਕੱਠ ਹੋਵੇਗਾ, ਕਿਉਂਕਿ ਸੀ.ਪੀ.ਐਫ. ਕ੍ਰਮਚਾਰੀਆਂ ਦੇ ਇਸ ਸੰਘਰਸ਼ ਵਿੱਚ ਵੱਖ-ਵੱਖ ਭਰਾਤਰੀ ਜਥੇਬੰਦੀਆਂ ਵੱਲੋਂ ਸਹਿਯੋਗ ਦੇਣ ਦਾ ਐਲਾਨ ਕੀਤਾ ਗਿਆ ਹੈ।

## ਗੁਰੂ ਗੋਬਿੰਦ ਕਲੋਨੀ 'ਚ ਆਵਾਰਾ ਕੁੱਤਿਆਂ ਦੀ ਦਹਿਸ਼ਤ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਗੁਰੂ ਗੋਬਿੰਦ ਕਲੋਨੀ ਦੀ ਗਲੀ ਨੰਬਰ 2 ਦੇ ਨੇੜੇ ਕਰੀਬ 12 ਆਵਾਰਾ ਕੁੱਤਿਆਂ ਦੀ ਦਹਿਸ਼ਤ ਕਾਰਨ ਇਲਾਕਾ ਵਾਸੀਆਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਹੈ।ਸ਼ਹਿਰ ਵਾਸੀਆਂ ਦੇ ਅਨੁਸਾਰ ਇਹ ਕੁੱਤੇ ਖਾਸ ਤੌਰ 'ਤੇ ਬਜ਼ੁਰਗਾਂ ਅਤੇ ਛੋਟੇ ਬੱਚਿਆਂ ਨੂੰ ਆਪਣਾ ਨਿਸ਼ਾਨਾ ਬਣਾ ਰਹੇ ਹਨ, ਜਿਸ ਕਾਰਨ ਲੋਕਾਂ ਨੂੰ ਘਰਾਂ ਤੋਂ ਬਾਹਰ ਨਿਕਲਣ ਸਮੇਂ ਵੀ ਡਰ ਬਣਿਆ ਰਹਿੰਦਾ ਹੈ।ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਜੇਕਰ ਸਮੇਂ ਸਿਰ ਇਸ ਸਮੱਸਿਆ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਆਵਾਰਾ ਕੁੱਤਿਆਂ ਕਾਰਨ ਕੋਈ ਵੱਡੀ ਘਟਨਾ ਵਾਪਰ ਸਕਦੀ ਹੈ।ਸ਼ਹਿਰ ਵਾਸੀਆਂ ਨੇ ਕਿਹਾ ਕਿ ਬੱਚਿਆਂ ਅਤੇ ਬਜ਼ੁਰਗਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪ੍ਰਸ਼ਾਸਨ ਨੂੰ ਬਿਨਾਂ ਕਿਸੇ ਦੇਰੀ ਦੇ ਇਸ ਮਾਮਲੇ 'ਤੇ ਧਿਆਨ ਦੇਣਾ ਚਾਹੀਦਾ ਹੈ।

## ਨਹਿਰੀ ਪਾਣੀ ਦੀ ਸੁਚਾਰੂ ਸਪਲਾਈ ਲਈ 8.38 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਸ਼ਮਿੰਦਰਪਾਲ, ਪੂਜਾ, ਪਰਮਜੀਤ ਸਿੰਘ/ਜਸਵੰਤ ਗਿੱਲ)**-ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਗਿੱਦੜਬਾਹਾ ਹਲਕੇ ਦੇ ਦੌਰੇ ਦੌਰਾਨ 8.38 ਕਰੋੜ ਰੁਪਏ ਦੀ ਲਾਗਤ ਨਾਲ ਕੋਟਭਾਈ ਰਜਬਾਹੇ ਨੂੰ ਪਾਈਪਲਾਈਨ ਵਿੱਚ ਤਬਦੀਲ ਕਰਨ, 10 ਨੰਬਰ ਮੋਘਿਆਂ ਦੇ ਖਾਲਾਂ ਦੀ ਮੁੜ ਉਸਾਰੀ ਤੇ ਪਿਉਰੀ ਰਜਬਾਹੇ ਦੀ ਐਕਸਟੈਂਸ਼ਨ ਅਤੇ ਹੈੱਡ ਰੈਗੂਲੇਟਰ ਦੀ ਰੀਮਾਡਲਿੰਗ ਦੇ ਨੀਂਹ ਪੱਥਰ ਰੱਖੇ।ਉਨ੍ਹਾਂ ਨਾਲ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਸੁਚਾਰੂ ਅਤੇ ਬਿਹਤਰ ਸਪਲਾਈ ਮੁਹੱਈਆ ਕਰਾਉਣ ਦੇ ਮੰਤਵ ਨਾਲ ਜਲ ਸਰੋਤ ਵਿਭਾਗ ਅਧੀਨ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸੇ ਲੜੀ ਤਹਿਤ ਗਿੱਦੜਬਾਹਾ ਵਿਖੇ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਨੇਪਰੇ ਚੜ੍ਹਾਉਣ ਲਈ ਕੋਟਭਾਈ ਰਜਬਾਹੇ ਨੂੰ ਬੁਰਜੀ 127500 ਤੋਂ 134342 ਤੱਕ ਪਾਈਪਲਾਈਨ ਵਿੱਚ ਤਬਦੀਲ ਕਰਨ ਦੇ ਕੰਮ ਲਈ 2.30 ਕਰੋੜ ਰੁਪਏ, 10 ਨੰਬਰ ਮੋਘਿਆਂ ਦੇ ਖਾਲਾਂ ਦੀ ਮੁੜ ਉਸਾਰੀ ਲਈ 5.30 ਕਰੋੜ ਰੁਪਏ ਤੇ ਪਿਉਰੀ ਰਜਬਾਹੇ ਦੀ ਬੁਰਜੀ ਨੰਬਰ 20137 ਤੋਂ 26187 ਤੱਕ ਐਕਸਟੈਂਸ਼ਨ ਤੇ ਹੈੱਡ ਰੈਗੂਲੇਟਰ ਦੀ ਰੀਮਾਡਲਿੰਗ ਦੇ ਕੰਮ ਦੀ ਕੁੱਲ ਲੰਬਾਈ 1.84 ਕਿਲੋਮੀਟਰ ਹੈ ਤੇ ਇਸ 'ਤੇ ਲਗਭਗ 0.78 ਕਰੋੜ ਰੁਪਏ ਦੀ ਲਾਗਤ ਆਵੇਗੀ।ਇਸ ਨਾਲ ਕਿਸਾਨਾਂ ਨੂੰ ਖੇਤੀਬਾੜੀ ਲਈ ਲੋੜੀਂਦੇ ਪਾਣੀ ਦੀ ਵਧੇਰੇ ਸੁਚਾਰੂ ਅਤੇ ਭਰੋਸੇਯੋਗ ਸਪਲਾਈ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਦੱਸਿਆ ਕਿ ਕੋਟਭਾਈ ਰਜਬਾਹੇ ਨੂੰ ਪਾਈਪਲਾਈਨ 'ਚ ਤਬਦੀਲ ਕਰਨ ਨਾਲ ਸ਼ਹਿਰੀ ਖੇਤਰ ਨੂੰ ਵੱਡਾ ਲਾਭ ਮਿਲੇਗਾ। ਮੌਜੂਦਾ ਡਿਸਟ੍ਰੀਬਿਊਟਰੀ ਗਿੱਦੜਬਾਹਾ ਸ਼ਹਿਰ ਦੇ ਰਿਹਾਇਸ਼ੀ ਤੇ ਸ਼ਹਿਰੀ ਖੇਤਰ ਵਿੱਚੋਂ ਲੰਘ ਰਹੀ ਹੈ।ਇਸ ਨੂੰ ਬੰਦ ਕਰਕੇ ਇਸ ਦੀ ਥਾਂ ਪਾਈਪਲਾਈਨ ਵਿਛਾਉਣ ਨਾਲ ਕਈ ਮਹੱਤਵਪੂਰਨ ਲਾਭ ਹੋਣਗੇ।ਮੌਜੂਦਾ ਖੁੱਲ੍ਹੀ ਡਿਸਟ੍ਰੀਬਿਊਟਰੀ 'ਚ ਸ਼ਹਿਰ ਵਾਸੀਆਂ ਵੱਲੋਂ ਕੂੜਾ-ਕਰਕਟ ਸੁੱਟਣ ਕਾਰਨ ਪੈਦਾ ਹੋਣ ਵਾਲੀ ਗੰਦਗੀ ਦੀ ਸਮੱਸਿਆ ਦੂਰ ਹੋਵੇਗੀ ਤੇ ਸਿੰਚਾਈ ਤੇ ਵਾਟਰ ਵਰਕਸ ਲਈ ਸਾਫ਼ ਪਾਣੀ ਦੀ ਸਪਲਾਈ ਯਕੀਨੀ ਬਣੇਗੀ। ਇਸ ਤੋਂ ਪਹਿਲਾਂ ਵਿਧਾਇਕ ਗਿੱਦੜਬਾਹਾ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿਕਾਸ ਤੇ ਲੋਕ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ।

## ਪੁਰਾਣੀ ਰੇਲਿੰਗ ਲੱਭਣ ਤੋਂ ਬਾਅਦ ਹੀ ਲੱਗੇਗੀ : ਐਕਸੀਅਨ



**ਜਗਰਾਉਂ (ਅਮਿਤ ਖੰਨਾ)**-ਝਾਂਸੀ ਰਾਣੀ ਚੌਂਕ ਨੇੜੇ ਰੇਲਵੇ ਪੁਲ ਦੇ ਨਾਲ ਲੱਗੀ ਹੋਈ ਰੇਲਿੰਗ ਨੂੰ ਸੜਕ ਬਣਨ ਸਮੇ ਪੁੱਟ ਲਿਆ ਗਿਆ ਸੀ। ਸੜਕ ਬਣੀ ਨੂੰ ਲਗਭਗ 4 ਮਹੀਨੇ ਬੀਤ ਗਏ ਹਨ, ਪਰ ਰੇਲਿੰਗ ਦਾ ਕੋਈ ਅਤਾ-ਪਤਾ ਨਹੀਂ। ਰੋਜ਼ਾਨਾ ਹਾਦਸੇ ਹੋ ਰਹੇ ਹਨ। ਇਸ ਬਾਰੇ ਪੀ ਡਬਲ ਯੂ ਦੇ ਐਕਸੀਐਨ ਕਮਲਜੀਤ ਨਾਲ ਗੱਲਬਾਤ ਕੀਤੀ ਤਾ ਉਨ੍ਹਾਂ ਕਿਹਾ ਪੁਰਾਣੀ ਰੇਲਿੰਗ ਲੱਭਣ ਤੋਂ ਬਾਅਦ ਜੋ ਅਖਾੜਾ ਨਹਿਰ ਪੁਲ ਕੇ ਪਾਸ ਜੋ ਰੇਲਿੰਗ ਪਈ ਹੈ, ਉਸ ਨੂੰ ਲਾ ਦਿੱਤਾ ਜਾਵੇਗਾ। ਪਹਿਲਾਂ ਵੀ ਐਕਸੀਐਨ ਨਾਲ ਸੰਪਰਕ ਕਰਨ 'ਤੇ ਕਿਹਾ ਸੀ ਕਿ ਇਹ ਕੰਮ ਮੇਰੇ ਧਿਆਨ ਵਿੱਚ ਹੈ। ਜਲਦੀ ਹੀ 1-2 ਦਿਨ ਵਿੱਚ ਲਵਾ ਦਿੱਤੀ ਜਾਵੇਗੀ, ਪਰ 15 ਦਿਨ ਬੀਤ ਜਾਣ ਤੋਂ ਬਾਅਦ ਰੇਲਿੰਗ ਨਹੀਂ ਲਾਈ ਗਈ। ਸੂਤਰਾਂ ਦਾ ਕਹਿਣਾ ਹੈ ਕੀ ਪੁਰਾਣੀ ਰੇਲਿੰਗ ਨਗਰ ਕੌਂਸਲ ਵਿੱਚ ਪਈ ਹੈ। ਇਸ ਸਬੰਧੀ ਜੇਈ ਕਰਮਜੀਤ ਸਿੰਘ ਨੇ ਵੀ ਕਿਹਾ ਕਿ ਮੇਰੀ ਡਿਊਟੀ ਲਾ ਦਿੱਤੀ ਹੈ। ਜਲਦ ਹੀ ਲਾ ਦਿੱਤੀ ਜਾਵੇਗੀ। ਜੇ ਰੇਲਿੰਗ ਨਹੀਂ ਲੱਭਦੀ ਤਾਂ ਕੀ ਪ੍ਰਸ਼ਾਸਨ ਵੱਡੇ ਹਾਦਸੇ ਦੀ ਉਡੀਕ ਕਰ ਰਿਹਾ ਹੈ।

## ਡੀ ਟੀ ਐੱਫ ਮੋਗਾ ਦਾ ਵਫਦ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਮਿਲਿਆ

**ਮੋਗਾ (ਇਕਬਾਲ ਸਿੰਘ ਖਹਿਰਾ)**- ਡੀ. ਟੀ ਐਫ ਮੋਗਾ ਦਾ ਵਫਦ ਅਧਿਆਪਕ ਮਸਲਿਆਂ ਸੰਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੋਗਾ ਆਸ਼ੀਸ਼ ਕੁਮਾਰ ਸ਼ਰਮਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਨਿਸ਼ਾਨ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਸੁਖਪਾਲਜੀਤ ਸਿੰਘ ਦੀ ਪ੍ਰਧਾਨਗੀ ਹੇਠ ਮਿਲਿਆ। ਅਧਿਆਪਕ ਆਗੂਆਂ ਨੇ ਜਾਣਕਾਰੀ ਦਿੰਦਿਆਂ ਕਾਰਜਕਾਰੀ ਜ਼ਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਘੋਲੀਆਂ ਤੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਝੋਰੜਾਂ, ਅਮਨਦੀਪ ਮਾਛੀਕੇ ਜ਼ਿਲ੍ਹਾ ਸੰਯੁਕਤ ਸਕੱਤਰ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਨਾਲ ਅਧਿਆਪਕ ਮੰਗਾਂ ਸਬੰਧੀ ਗੱਲਬਾਤ ਕੀਤੀ। ਆਗੂਆਂ ਨੇ ਹੋਰ ਮੰਗਾਂ ਤੋਂ ਇਲਾਵਾ ਅਧਿਆਪਕਾਂ ਦੇ ਪੇ ਰਿਵੀਜਨ ਦੇ ਬਕਾਏ ਜਾਰੀ ਨਾ ਕਰਨ 'ਤੇ ਸਖ਼ਤ ਇਤਰਾਜ਼ ਜਤਾਇਆ। ਇਸ ਤੋਂ ਇਲਾਵਾ ਵਫਦ ਨੇ ਜ਼ਿਲ੍ਹਾ ਖਜ਼ਾਨਾ ਅਫ਼ਸਰ ਮੋਗਾ ਨੂੰ ਮਿਲ ਕੇ ਅਧਿਆਪਕਾਂ ਦੇ ਪੈਂਡਿੰਗ ਮੈਡੀਕਲ ਤੇ ਹੋਰ ਬਿੱਲਾਂ ਨੂੰ ਕਲੀਅਰ ਕਰਨ ਦੀ ਬੇਨਤੀ ਕੀਤੀ। ਇਸ ਸਮੇਂ ਕੁਲਵਿੰਦਰ ਸਿੰਘ ਚੁੱਘੇ, ਨਵਦੀਪ ਸਿੰਘ ਧੂੜਕੋਟ, 6635 ਅਧਿਆਪਕ ਯੂਨੀਅਨ ਤੋਂ ਸੁਖਚੈਨ ਸਿੰਘ, ਸਬਨਮ ਮੈਡਮ, ਮਮਤਾ ਮੈਡਮ, ਕੰਵਲਜੀਤ ਸਿੰਘ ਆਦਿ ਅਧਿਆਪਕ ਆਗੂ ਹਾਜ਼ਰ ਸਨ।

## ਸੁਪਰੀਮ ਕੋਰਟ ਵੱਲੋਂ ਨਿਯੁਕਤ ਤੱਥ-ਖੋਜ ਕਮੇਟੀ ਦੀ ਰਿਪੋਰਟ ਜਨਤਕ ਹੋਣ ਤੋਂ ਬਾਅਦ ਕਾਂਗਰਸ ਨੇ ਤੇਜ਼ ਕੀਤੀ ਮੁਹਿੰਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨਗਰ ਨਿਗਮ ਚੋਣਾਂ ਨਾਲ ਸਬੰਧਤ ਵਿਵਾਦ 'ਚ ਸੁਪਰੀਮ ਕੋਰਟ ਵੱਲੋਂ ਗਠਿਤ ਫੈਕਟ ਫਾਈਂਡਿੰਗ ਕਮੇਟੀ ਦੀ ਰਿਪੋਰਟ ਜਨਤਕ ਹੋਣ ਤੋਂ ਬਾਅਦ ਸਾਬਕਾ ਪੰਜਾਬ ਯੂਥ ਕਾਂਗਰਸ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਇਸ ਨੂੰ ਪਟਿਆਲਵੀਆਂ ਤੇ ਲੋਕਤੰਤਰਿਕ ਪ੍ਰਕਿਰਿਆ ਦੀ ਵੱਡੀ ਜਿੱਤ ਕਰਾਰ ਦਿੱਤਾ ਹੈ। ਮੋਹਿਤ ਮੋਹਿੰਦਰਾ ਨੇ ਕਾਂਗਰਸ ਵਰਕਰਾਂ, ਨਗਰ ਨਿਗਮ ਚੋਣਾਂ ਨਾਲ ਸਬੰਧਤ ਉਮੀਦਵਾਰਾਂ, ਪਟੀਸ਼ਨਰਾਂ, ਕਾਨੂੰਨੀ ਟੀਮ ਤੇ ਮੀਡੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਲੜਾਈ ਸ਼ੁਰੂ ਤੋਂ ਹੀ ਲੋਕਤੰਤਰ, ਸੰਵਿਧਾਨਕ ਅਧਿਕਾਰਾਂ ਅਤੇ ਪਟਿਆਲਾ ਵਾਸੀਆਂ ਦੇ ਹੱਕਾਂ ਨਾਲ ਜੁੜੀ ਹੋਈ ਸੀ।ਉਨ੍ਹਾਂ ਕਿਹਾ ਕਿ ਰਿਪੋਰਟ ਜਨਤਕ ਹੋਣਾ ਇੱਕ ਮਹੱਤਵਪੂਰਨ ਪੜਾਅ ਹੈ, ਪਰ ਅੰਤਿਮ ਫੈਸਲਾ ਅਜੇ ਸੁਪਰੀਮ ਕੋਰਟ ਵੱਲੋਂ ਕੀਤਾ ਜਾਣਾ ਹੈ।ਉਨ੍ਹਾਂ 12 ਅਗਸਤ 2025 ਨੂੰ ਨਾਮਜ਼ਦਗੀ ਪ੍ਰਕਿਰਿਆ ਦੌਰਾਨ ਵਾਪਰੀਆਂ ਘਟਨਾਵਾਂ ਦਾ ਜ਼ਿਕਰ ਕਰਦਿਆਂ ਦੋਸ਼ ਲਾਇਆ ਕਿ ਕਾਂਗਰਸ ਦੇ ਕਈ ਉਮੀਦਵਾਰਾਂ ਨੂੰ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਤੋਂ ਰੋਕਿਆ ਗਿਆ ਤੇ ਚੋਣ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕੀਤੀ ਗਈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਤੁਰੰਤ ਕਾਨੂੰਨੀ ਕਾਰਵਾਈ ਸ਼ੁਰੂ ਕੀਤੀ ਤੇ ਪਹਿਲਾਂ ਹਾਈਕੋਰਟ ਤੇ ਬਾਅਦ ਵਿੱਚ ਸੁਪਰੀਮ ਕੋਰਟ ਦਾ ਰੁਖ ਕੀਤਾ।ਮੋਹਿਤ ਮੋਹਿੰਦਰਾ ਨੇ ਦੱਸਿਆ ਕਿ ਸੁਪਰੀਮ ਕੋਰਟ ਵੱਲੋਂ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਰਿਟਾਇਰਡ ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਹੇਠ ਫੈਕਟ ਫਾਈਂਡਿੰਗ ਕਮੇਟੀ ਦਾ ਗਠਨ ਕੀਤਾ ਗਿਆ।ਉਨ੍ਹਾਂ ਅਨੁਸਾਰ ਕਮੇਟੀ ਨੇ ਕਾਂਗਰਸ ਉਮੀਦਵਾਰਾਂ ਤੇ ਪਟੀਸ਼ਨਰਾਂ ਤੋਂ ਇਲਾਵਾ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਬਿਆਨ ਵੀ ਦਰਜ ਕੀਤੇ। ਸੀਸੀਟੀਵੀ ਫੁਟੇਜ, ਮੀਡੀਆ ਵੱਲੋਂ ਕੀਤੀ ਗਈ ਵੀਡੀਓਗ੍ਰਾਫੀ ਅਤੇ ਹੋਰ ਸਬੂਤ ਵੀ ਕਮੇਟੀ ਦੇ ਸਾਹਮਣੇ ਪੇਸ਼ ਕੀਤੇ ਗਏ। ਉਨ੍ਹਾਂ ਕਿਹਾ ਕਿ ਕਮੇਟੀ ਨੇ ਆਪਣੀ ਰਿਪੋਰਟ 18 ਨਵੰਬਰ 2025 ਨੂੰ ਸੁਪਰੀਮ ਕੋਰਟ ਦੇ ਸਾਹਮਣੇ ਪੇਸ਼ ਕੀਤੀ ਸੀ ਅਤੇ ਹੁਣ ਇਸ ਦੇ ਜਨਤਕ ਹੋਣ ਨਾਲ ਮਾਮਲੇ ਨਾਲ ਸਬੰਧਤ ਕਈ ਤੱਥ ਸਾਹਮਣੇ ਆਏ ਹਨ। ਹਾਲਾਂਕਿ, ਉਨ੍ਹਾਂ ਸਪੱਸ਼ਟ ਕੀਤਾ ਕਿ ਕਮੇਟੀ ਦੀ ਰਿਪੋਰਟ ਨੂੰ ਸੁਪਰੀਮ ਕੋਰਟ ਦਾ ਅੰਤਿਮ ਫੈਸਲਾ ਨਹੀਂ ਮੰਨਿਆ ਜਾ ਸਕਦਾ। ਅਦਾਲਤ ਵੱਲੋਂ ਰਿਪੋਰਟ ਦੇ ਆਧਾਰ 'ਤੇ ਕੀ ਕਾਰਵਾਈ ਕੀਤੀ ਜਾਂਦੀ ਹੈ ਅਤੇ ਕਿਸ ਦੀ ਜਵਾਬਦੇਹੀ ਤੈਅ ਹੁੰਦੀ ਹੈ, ਇਸ ਬਾਰੇ ਅੰਤਿਮ ਫੈਸਲੇ ਦੀ ਉਡੀਕ ਕੀਤੀ ਜਾਵੇਗੀ। ਮੋਹਿਤ ਮੋਹਿੰਦਰਾ ਨੇ ਕਿਹਾ ਕਿ ਪਟਿਆਲਾ ਤੋਂ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ, ਕੇ.ਪੀ. ਸਾਹਿਬ, ਸੀਨੀਅਰ ਐਡਵੋਕੇਟ ਵਿਵੇਕ ਜੈਨ ਅਤੇ ਪਾਰਟੀ ਦੀ ਕਾਨੂੰਨੀ ਟੀਮ ਨੇ ਇਸ ਮਾਮਲੇ ਨੂੰ ਸੁਪਰੀਮ ਕੋਰਟ ਤੱਕ ਪੁਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਕਿਸੇ ਵੀ ਪੜਾਅ 'ਤੇ ਕਾਨੂੰਨੀ ਲੜਾਈ ਤੋਂ ਪਿੱਛੇ ਹਟਣ ਦੀ ਬਜਾਏ ਆਪਣਾ ਸੰਘਰਸ਼ ਜਾਰੀ ਰੱਖਿਆ।

## ਸਾਹਿਤਕ ਸੇਵਾਵਾਂ ਲਈ ਪ੍ਰਿੰਸੀਪਲ ਪ੍ਰੇਮ ਲਤਾ ਨੂੰ ਸਟੇਟ ਐਵਾਰਡ



**ਧੂਰੀ (ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਜ਼ਾਦੀ ਦਿਹਾੜੇ ਮੌਕੇ ਫਿਰੋਜ਼ਪੁਰ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਦੌਰਾਨ ਸਾਹਿਤਕ ਖੇਤਰ ਵਿੱਚ ਪਾਏ ਯੋਗਦਾਨ ਲਈ ਧੂਰੀ ਵਾਸੀ ਪ੍ਰਿੰਸੀਪਲ ਪ੍ਰੇਮ ਲਤਾ ਨੂੰ 'ਸਟੇਟ ਐਵਾਰਡ' ਨਾਲ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਪ੍ਰੇਮ ਲਤਾ ਨੇ ਸਾਹਿਤ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਹੈ। ਉਨ੍ਹਾਂ ਦੀਆਂ ਰਚਨਾਵਾਂ ਵਿੱਚ ਪੰਜਾਬੀ ਨਿਬੰਧ ਸੰਗ੍ਰਹਿ 'ਗਿਆਨ ਹੀ ਸੁੰਦਰ ਹੈ', 'ਤੀਜੀ ਅੱਖ ਦਾ ਸਵੇਰਾ', 'ਪੰਜ ਕੁੱਜਿਆਂ 'ਚ ਈਸ਼ਵਰ' (ਅਮਰ ਗਰਗ ਕਲਮਦਾਨ ਨਾਲ ਸਾਂਝੀ ਪੁਸਤਕ), ਹਿੰਦੀ ਕਹਾਣੀ 'ਸਰਘੀ ਵੇਲਾ ' ਅਤੇ 'ਸੱਭਿਆਚਾਰ ਤਿੰਨ ਮਾਵਾਂ ਦਾ ਪਸਾਰਾ' (ਅਮਰ ਗਰਗ ਕਲਮਦਾਨ ਨਾਲ ਸਾਂਝਾ ਨਿਬੰਧ ਸੰਗ੍ਰਹਿ) ਸ਼ਾਮਲ ਹਨ।ਇਸ ਤੋਂ ਇਲਾਵਾ ਪੰਜਾਬੀ ਸੱਭਿਆਚਾਰ ਅਤੇ ਵਾਤਾਵਰਨ ਸਮੇਤ ਵੱਖ-ਵੱਖ ਵਿਸ਼ਿਆਂ ਸੰਬੰਧੀ ਉਨ੍ਹਾਂ ਦੇ ਕਰੀਬ 200 ਲੇਖ ਪੰਜਾਬੀ ਅਤੇ ਹਿੰਦੀ ਦੇ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਹੋ ਚੁੱਕੇ ਹਨ।ਪ੍ਰਿੰਸੀਪਲ ਪ੍ਰੇਮ ਲਤਾ ਨੂੰ ਸਟੇਟ ਐਵਾਰਡ ਮਿਲਣ 'ਤੇ ਇਲਾਕੇ ਦੀਆਂ ਸਾਹਿਤਕ ਸ਼ਖ਼ਸੀਅਤਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਇਸ ਸਨਮਾਨ ਨੂੰ ਧੂਰੀ ਇਲਾਕੇ ਲਈ ਮਾਣ ਵਾਲੀ ਗੱਲ ਦੱਸਿਆ।

# ਐਨ ਐਚ ਐਮ ਯੂਨੀਅਨ ਤਰਨ ਤਾਰਨ ਵੱਲੋਂ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ



ਤਰਨ ਤਾਰਨ/ ਚੋਹਲਾ ਸਾਹਿਬ (ਰਮਨ ਚੱਢਾ) ਲੰਮੇ ਸਮੇਂ ਤੋਂ ਨਿਗੂਣੀਆਂ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਾਲੇ ਐਨ ਐਚ ਐਮ ਕਰਮਚਾਰੀ ਰੈਗੂਲਰ ਹੋਣ ਲਈ ਲਗਾਤਾਰ ਜੂਝ ਰਹੇ ਹਨ ਅਤੇ ਪੂਰੇ ਪੰਜਾਬ ਵਿੱਚ ਰੋਸ ਮੁਜ਼ਾਹਰੇ ਅਤੇ ਧਰਨੇ ਲਗਾਏ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਐਨ ਐਚ ਐਮ ਯੂਨੀਅਨ ਤਰਨ ਤਾਰਨ ਦੇ ਜ਼ਿਲ੍ਹਾ ਜਨਰਲ ਸਕੱਤਰ ਮਨਦੀਪ ਸਿੰਘ ਅਤੇ ਸੀ ਐਚ ਓ ਯੂਨੀਅਨ ਦੇ ਪ੍ਰਧਾਨ ਜੈਸਮੀਨ ਕੌਰ ਨੇ ਸਾਂਝੇ ਤੌਰ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਦੱਸਿਆ ਕਿ ਅੱਜ ਐਨ ਐਚ ਐਮ ਯੂਨੀਅਨ ਵੱਲੋਂ ਸਿਵਲ ਸਰਜਨ ਦਫਤਰ ਤਰਨ ਤਾਰਨ ਵਿਖੇ ਧਰਨਾ ਲਗਾਇਆ ਗਿਆ, ਫਿਰ ਰੈਲੀ ਕਰਦੇ ਹੋਏ ਰੋਸ ਮੁਜ਼ਾਹਰਾ ਕੀਤਾ ਅਤੇ ਸਿਵਲ ਸਰਜਨ ਦਫਤਰ ਤਰਨ ਤਾਰਨ ਦੇ ਬਾਹਰ ਜੀ ਟੀ ਰੋਡ ਤੇ ਮੁੱਖ ਮੰਤਰੀ, ਵਿੱਤ ਮੰਤਰੀ ਅਤੇ ਸਿਹਤ ਮੰਤਰੀ ਦੇ ਪੁਤਲਿਆਂ ਦੇ ਨਾਲ ਝੂਠੇ ਲਾਰਿਆਂ ਦੀ ਪੰਡ ਨੂੰ ਵੀ ਫੂਕਿਆ ਗਿਆ। ਉਹਨਾਂ ਦੱਸਿਆ ਕਿ ਐਨ ਐਚ ਐਮ ਕਰਮਚਾਰੀ ਬਹੁਤ ਘੱਟ ਤਨਖਾਹਾਂ ਤੇ ਸਿਹਤ ਸਹੂਲਤਾਂ ਪ੍ਰਦਾਨ ਕਰਦੇ ਆ ਰਹੇ ਹਨ ਅਤੇ ਵਿਰਾਇਤੀ ਪਾਰਟੀਆਂ ਤੋਂ ਲੈ ਹੁਣ ਤੱਕ ਰੈਗੂਲਰ ਹੋਣ ਦੀ ਸੰਘਰਸ਼ ਕਰ ਰਹੇ ਹਨ। ਉਹਨਾਂ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਹਨਾਂ ਨੂੰ ਪੂਰਾ ਭਰੋਸਾ ਦਿੱਤਾ ਸੀ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੇ ਉਹਨਾਂ ਸਾਰੇ ਕਰਮਚਾਰੀਆਂ ਨੂੰ ਰੈਗੂਲਰ ਕਰ ਦਿੱਤਾ ਜਾਵੇਗਾ ਪਰ ਅਫਸੋਸ ਹੁਣ ਮੁੱਖ ਮੰਤਰੀ ਵੱਲੋਂ ਉਹਨਾਂ ਨੂੰ ਰੈਗੂਲਰ ਕਰਨ ਵਿੱਚ ਟਾਲ ਮਟੋਲ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਹੁਣ ਤੱਕ ਲਗਭਗ 35 ਮੀਟਿੰਗਾਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਕੀਤੀਆਂ ਜਾ ਚੁੱਕੀਆਂ ਹਨ ਪਰ ਲਾਰਿਆਂ ਤੋਂ ਸਿਵਾਏ ਕੁਝ ਵੀ ਨਹੀਂ ਮਿਲਿਆ। ਇਸ ਸਮੇਂ ਰੈਗੂਲਰ ਯੂਨੀਅਨ ਵੱਲੋਂ ਵੀ ਐਨ ਐਚ ਐਮ ਯੂਨੀਅਨ ਦਾ ਸਾਥ ਦਿੱਤਾ ਗਿਆ ਅਤੇ ਰੈਗੂਲਰ ਯੂਨੀਅਨ ਦੇ ਆਗੂ ਰਣਵੰਤ ਸਿੰਘ ਬਾਗੜੀਆਂ ਨੇ ਪੰਜਾਬ ਸਰਕਾਰ ਨੂੰ ਕੋਸਦਿਆਂ ਕਿਹਾ ਕਿ ਕੱਚੇ ਮੁਲਾਜ਼ਮਾਂ ਨੂੰ ਜਲਦ ਪੱਕਾ ਕੀਤਾ ਜਾਵੇ ਨਹੀਂ ਤਾਂ ਵੱਡੇ ਪੱਧਰ ਤੇ ਸੰਘਰਸ਼ ਵਿੱਢਿਆ ਜਾਵੇਗਾ।

ਇਸ ਸਮੇਂ ਮੈਡਮ ਰਣਜੀਤ ਤਰਨ ਤਾਰਨ, ਕਵਲਜੀਤ ਕੌਰ ਡੀ ਐਸ ਏ, ਸੀ ਐਚ ਓ ਪ੍ਰਧਾਨ ਜੈਸਮੀਨ ਕੌਰ, ਸੀ ਐਚ ਓ ਸੁਪਰੀਤ ਕੌਰ ਸਰਹਾਲੀ, ਸੀ ਐਚ ਓ ਜੀਵਨਜੋਤ ਸਿੰਘ, ਵਿਸ਼ਾਲ ਕੁਮਾਰ ਬੀ ਐਸ ਏ ਸਰਹਾਲੀ ਕਲਾਂ, ਕੁਲਵੰਤ ਕੌਰ ਅਕਾਊਂਟੈਂਟ ਸਰਹਾਲੀ ਕਲਾਂ, ਕਵਲਜੀਤ ਕੌਰ ਸਟਾਫ ਨਰਸ ਸਰਹਾਲੀ ਕਲਾਂ, ਅਕਾਊਂਟੈਂਟ ਅਮਰਜੀਤ ਕੌਰ ਕੈਰੋਂ, ਡਾਕਟਰ ਕੇ.ਪੀ ਏ.ਐਮ.ਓ ਕੈਰੋਂ, ਤਰਸੇਮ ਸਿੰਘ ਫਾਰਮੇਸੀ ਅਫਸਰ ਕੈਰੋਂ, ਪ੍ਰਭਜੀਤ ਸਿੰਘ ਹੋਮਿਓਪੈਥਿਕ ਡਿਸਪੈਂਸਰ ਕੈਰੋਂ, ਮਨਦੀਪ ਸਿੰਘ ਆਈਏ ਕੈਰੋਂ, ਬਲਜੀਤ ਸਿੰਘ ਝਬਾਲ, ਮੈਡਮ ਵਿੱਦਿਆ, ਚਰਨਜੀਤ ਸਿੰਘ ਮੀਆਂਵਿੰਡ, ਰਿਤੇਸ਼ ਵਾਲੀਆ, ਆਦਿ ਹਾਜ਼ਰ ਸਨ।

# ਵਿਸ਼ੇਸ਼ ਲੋਕ ਅਦਾਲਤ ਅੱਜ ਤੋਂ



ਧਾਰੀਵਾਲ/ਬਟਾਲਾ ((ਮਨਦੀਪ ਵਿੱਕੀ)/ ਡਾਕਟਰ ਮਲਵਿੰਦਰ ਸਿੰਘ))– ਮਾਣਯੋਗ ਸੁਪਰੀਮ ਕੋਰਟ 21, 22 ਅਤੇ 23 ਅਗਸਤ ਨੂੰ ਵਿਸ਼ੇਸ਼ ਲੋਕ ਅਦਾਲਤ ਲਗਾ ਰਹੀ ਹੈ, ਜਿਸ ਦਾ ਉਦੇਸ਼ ਅਦਾਲਤ ਦੇ ਸਾਹਮਣੇ ਕਾਫ਼ੀ ਸਮੇਂ ਤੋਂ ਲੰਬਿਤ ਪਏ ਮਾਮਲਿਆਂ ਦਾ ਸੁਹਿਰਦ ਨਿਪਟਾਰੇ ਅਤੇ ਤੇਜ਼ੀ ਨਾਲ ਨਿਪਟਾਰੇ ਨੂੰ ਸੁਵਿਧਾਜਨਕ ਬਣਾਉਣਾ ਹੈ। ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦਿਲਬਾਗ ਸਿੰਘ ਜੋਹਲ ਨੇ ਦੱਸਿਆ ਕਿ ਇਹ ਪਹਿਲ ਸੁਪਰੀਮ ਕੋਰਟ ਦੀ ਲੰਬਿਤ ਮਾਮਲਿਆਂ ਨੂੰ ਘਟਾਉਣ ਅਤੇ ਵਿਕਲਪਿਕ ਵਿਵਾਦ ਨਿਪਟਾਰਾ ਵਿਧੀਆਂ ਰਾਹੀਂ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਲੋਕ ਅਦਾਲਤ ਦੌਰਾਨ, ਆਪਸੀ ਸਹਿਮਤੀ ਅਤੇ ਸੁਲ੍ਹਾ-ਸਫਾਈ ਰਾਹੀਂ ਨਿਪਟਾਰੇ ਲਈ ਯੋਗ ਮਾਮਲਿਆਂ ਨੂੰ ਹੱਲ ਕੀਤਾ ਜਾਵੇਗਾ। ਅਜਿਹੇ ਮਾਮਲਿਆਂ ਵਿੱਚ ਵਿਆਹ ਸੰਬੰਧੀ ਵਿਵਾਦ, ਮੋਟਰ ਦੁਰਘਟਨਾ ਦਾਅਵੇ ਦੇ ਮਾਮਲੇ, ਸੇਵਾ ਵਿਵਾਦ, ਜ਼ਮੀਨ ਪ੍ਰਾਪਤੀ ਮਾਮਲੇ, ਖਪਤਕਾਰ ਮਾਮਲੇ, ਅਤੇ ਹੋਰ ਸਿਵਲ ਵਿਵਾਦ ਸ਼ਾਮਲ ਹੋ ਸਕਦੇ ਹਨ ਜੋ ਲੋਕ ਅਦਾਲਤ ਕਾਰਵਾਈਆਂ ਰਾਹੀਂ ਨਿਪਟਾਰੇ ਲਈ ਕਾਨੂੰਨ ਅਧੀਨ ਆਗਿਆਯੋਗ ਹਨ। ਇਹ ਪ੍ਰੀ-ਲੋਕ ਅਦਾਲਤਾਂ ਗੁਰਦਾਸਪੁਰ ਅਤੇ ਸਬ ਡਵੀਜ਼ਨ ਪੱਧਰ ਨਾਲ ਸਬੰਧਿਤ ਜਿਹਨਾਂ ਕੇਸਾਂ ਦੀ ਸੁਪਰੀਮ ਕੋਰਟ ਆਫ ਇੰਡਿਆ ਵੱਲੋਂ ਮੁੱਖ ਦਫਤਰ ਐਸ. ਏ. ਐਸ . ਨਗਰ ਦਫਤਰ ਰਾਹੀਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਨੂੰ ਕੇਸਾਂ ਦੀ ਲਿਸਟ ਪ੍ਰਾਪਤ ਹੋਈ ਹੈ, ਉਹਨਾਂ ਕੇਸਾਂ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦਫਤਰ ਵੱਲੋਂ ਦੋਵਾਂ ਧਿਰਾਂ ਨੂੰ ਸੰਮਨ ਜਾਰੀ ਕੀਤੇ ਗਏ ਹਨ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਪ੍ਰੀ-ਲੋਕ ਅਦਾਲਤਾਂ ਦਿਲਬਾਗ ਸਿੰਘ ਜੌਹਲ, ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਦੀ ਅਗਵਾਈ ਵਿੱਚ ਲਗਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾ ਰਹੀਆਂ ਹਨ। ਇਹਨਾਂ ਪ੍ਰੀ-ਲੋਕ ਅਦਾਲਤਾਂ ਰਾਹੀਂ ਦੋਵੇਂ ਧਿਰਾਂ ਦੀ ਸਹਿਮਤੀ ਪ੍ਰਗਟਾਉਣ ਉਪਰੰਤ ਰਿਪੋਰਟ ਮਾਨਯੋਗ ਮੁੱਖ ਦਫਤਰ ਐਸ. ਏ.ਐਸ ਨਗਰ ਨੂੰ ਭੇਜੀ ਜਾਵੇਗੀ ਤਾਂ ਜੋ ਮਾਨਯੋਗ ਸੁਪਰੀਮ ਕੋਰਟ ਆਫ ਇੰਡਿਆ ਵਿਖੇ 21, 22 ਤੇ 23 ਅਗਸਤ ਨੂੰ ਇੱਕ ਵਿਸ਼ੇਸ਼ ਲੋਕ ਅਦਾਲਤ ਵਿੱਚ ਅੰਤਿਮ ਨਿਪਟਾਰਾ ਕੀਤਾ ਜਾ ਸਕੇ।

# ਫ਼ਰਦ ਕੇਂਦਰ ਦੇ ਕਰਮਚਾਰੀਆਂ ਵੱਲੋਂ ਹੜਤਾਲ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)–ਪਿਛਲੇ ਸਮੇਂ ਦੌਰਾਨ ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਤੋਂ ਇੱਕ ਪ੍ਰਾਈਵੇਟ ਕੰਪਨੀ ਰਾਹੀਂ ਕੰਮ ਕਰਵਾਇਆ ਜਾ ਰਿਹਾ ਸੀ, ਜੋ ਕਿ ਬਹੁਤ ਹੀ ਘੱਟ ਤਨਖਾਹਾਂ ਦੇ ਰਹੀ ਸੀ। ਹੁਣ ਭਾਵੇਂ ਪੰਜਾਬ ਸਰਕਾਰ ਵੱਲੋਂ ਕੰਪਿਊਟਰ ਆਪਰੇਟਰਾਂ ਨੂੰ ਡੀ.ਸੀ. ਰੇਟ 'ਤੇ ਕੀਤਾ ਗਿਆ ਹੈ, ਪਰੰਤੂ ਇਸ ਵਿੱਚ ਵੀ ਬਹੁਤ ਸਾਰੀਆਂ ਖਾਮੀਆਂ ਹਨ, ਜਿਨ੍ਹਾਂ ਨੂੰ ਦੂਰ ਕਰਨਾ ਬਹੁਤ ਜ਼ਰੂਰੀ ਹੈ।ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਨੂੰ ਸਰਕਾਰ ਦੁਆਰਾ ਪਾਸ ਕੀਤੇ ਜਾ ਰਹੇ ਆਊਟਸੋਰਸ ਆਰਡੀਨੈਂਸ 2026 ਵਿੱਚ ਸ਼ਾਮਲ ਕੀਤਾ ਜਾਵੇ। ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਦਾ ਡਾਟਾ ਵਿਭਾਗ ਵੱਲੋਂ ਪਰਸੋਨਲ ਡਿਪਾਰਟਮੈਂਟ ਨੂੰ ਨਹੀਂ ਭੇਜਿਆ ਗਿਆ ਜਿਸ ਨੂੰ ਭੇਜਣ ਸਬੰਧੀ ਵਿਭਾਗ ਨੂੰ ਹਦਾਇਤ ਕੀਤੀ ਜਾਵੇ। ਜ਼ਿਲ੍ਹਾ ਬਰਨਾਲਾ ਸੰਗਰੂਰ ਮਾਲੇਰਕੋਟਲਾ ਦੇ ਆਪਰੇਟਰਾਂ ਨੂੰ ਕੰਪਨੀ ਵੱਲੋਂ ਨਾ ਤਾਂ 15 ਦਿਨ ਦੀ ਤਨਖਾਹ ਦਿੱਤੀ ਗਈ ਹੈ ਅਤੇ ਨਾ ਹੀ ਕੋਈ ਬਕਾਇਆ ਦਿੱਤਾ ਗਿਆ ਹੈ। ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਦੀ ਪਿਛਲੀ ਕੰਪਨੀ ਕੋਲ ਰਸੀ ਹੋਈ ਬਕਾਇਆ ਰਾਸ਼ੀ ਤੁਰੰਤ ਜਾਰੀ ਕਰਵਾਈ ਜਾਵੇ। ਫਰਦ ਕੇਂਦਰ ਆਪਰੇਟਰਾਂ ਦੀ ਤਨਖਾਹ 'ਤੇ ਲੱਗਦਾ ਵਾਲੇ 18% ਜੀ ਐਸ ਟੀ ਨੂੰ ਖਤਮ ਕਰਕੇ ਕੰਪਿਊਟਰ ਆਪਰੇਟਰਾਂ ਨੂੰ ਦਿੱਤਾ ਜਾਵੇ। ਕੰਪਿਊਟਰ ਆਪਰੇਟਰਾਂ ਤੋਂ ਜੋ ਸਮੇਂ ਤੋਂ ਵੱਧ (ਓਵਰਟਾਈਮ) ਕੰਮ ਲਿਆ ਜਾਂਦਾ ਹੈ, ਉਸ ਦਾ ਵਾਧੂ ਮਿਹਨਤਾਨਾ ਦਿੱਤਾ ਜਾਵੇ। ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਨੂੰ ਠੇਕੇਦਾਰੀ ਸਿਸਟਮ ਵਿੱਚੋਂ ਕੱਢ ਕੇ ਸਿੱਧਾ ਸਰਕਾਰ ਅਧੀਨ ਕੰਟਰੈਕਟ 'ਤੇ ਲਿਆ ਜਾਵੇ। ਸਰਕਾਰ ਦੁਆਰਾ ਸਮੇਂ-ਸਮੇਂ ਤੇ ਦਿੱਤੀਆਂ ਜਾਣ ਵਾਲੀਆਂ ਸਰਕਾਰੀ ਛੁੱਟੀਆਂ ਫਰਦ ਕੇਂਦਰ ਕੰਪਿਊਟਰ ਆਪਰੇਟਰਾਂ 'ਤੇ ਵੀ ਲਾਗੂ ਕੀਤੀਆਂ ਜਾਣ। ਕੰਪਿਊਟਰ ਆਪਰੇਟਰਾਂ ਨੂੰ ਕਿਸੇ ਦੁਰਘਟਨਾ ਜਾਂ ਕਿਸੇ ਹੋਰ ਅਣਸੁਖਾਵੀਂ ਘਟਨਾ ਦੇ ਸਮੇਂ ਹੋਣ ਵਾਲੇ ਨੁਕਸਾਨ ਦੀ ਭਰਪਾਈ ਲਈ ਬੀਮਾ ਪਾਲਿਸੀ ਦਿੱਤੀ ਜਾਵੇ।ਫਰਦ ਕੇਂਦਰ ਕੰਪਿਊਟਰ ਆਪਰੇਟਰਾਂ ਦੀ ਭਵਿੱਖ ਦੀ ਨੌਕਰੀ ਨੂੰ 58 ਸਾਲ ਤੱਕ ਸੁਰੱਖਿਅਤ ਕੀਤਾ ਜਾਵੇ।ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਵਿੱਚ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸ਼ਚਿਤ ਕੀਤੀ ਜਾਵੇ।ਪੰਜਾਬ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਬਣਾਈ ਜਾ ਰਹੀ ਆਰਡੀਨੈਂਸ ਵਿੱਚ ਇਨਲਿਸਟਮੈਂਟ ਵਰਕਰਾਂ ਨੂੰ ਸ਼ਾਮਲ ਨਹੀਂ ਕੀਤਾ ਗਿਆ ਤਾਂ ਮਜਬੂਰਨ ਜਥੇਬੰਦੀ ਵੱਲੋਂ ਪੂਰਨਮਾਨ ਢੰਗ ਨਾਲ ਅੰਦੋਲਨ ਕੀਤਾ ਜਾਵੇਗਾ। ਇਸੇ ਕੜੀ ਤਹਿਤ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕਾ ਅਤੇ ਸੁਰੱਖਿਅਤ ਰੁਜਗਾਰ ਕਰਵਾਉਣ ਲਈ ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਪੰਜਾਬ ਵੱਲੋ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਵਿਧਾਨ ਸਭਾ ਹਲਕੇ ਸਾਹਨੇਵਾਲ ਵਿੱਚ ਵਰਕਰਾਂ ਵੱਲੋਂ ਆਪਣੇ ਪਰਵਾਰਾਂ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਾਇਆ ਜਾਵੇਗਾ, ਜਿਸਦੇ ਨਿੱਕਲਣ ਵਾਲੇ ਨਤੀਜਿਆਂ ਦੀ ਜੁੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਕੌਂਸਲਰ ਬਲਦੇਵ ਰਾਜ ਡਾਇਮੰਡ ਸਰਬਸੰਮਤੀ ਨਾਲ ਰਾਮਲੀਲ੍ਹਾ ਕਲੱਬ ਦੇ ਪ੍ਰਧਾਨ ਬਣੇ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)–ਡੇਰਾ ਬਾਬਾ ਨਾਨਕ ਦੇ ਮੁਹੱਲਾ ਸ੍ਰੀ ਚੋਲਾ ਸਾਹਿਬ ਵਿਖੇ ਸਥਿਤ ਬੇਦੀ ਲਾਲ ਚੰਦ ਮੈਮੋਰੀਅਲ ਰਾਮ ਲੀਲ੍ਹਾ ਕਲੱਬ ਦੀ ਇੱਕ ਵਿਸ਼ੇਸ਼ ਮੀਟਿੰਗ ਕਲੱਬ ਦੇ ਸਰਪ੍ਰਸਤ ਮਾਸਟਰ ਜੋਗਿੰਦਰ ਪਾਲ ਬੇਦੀ ਦੀ ਪ੍ਰਧਾਨਗੀ ਹੇਠ ਡੇਰਾ ਬਾਬਾ ਨਾਨਕ ਵਿਖੇ ਹੋਈ। ਇਸ ਮੌਕੇ ਸਰਬਸੰਮਤੀ ਨਾਲ ਕਲੱਬ ਦੇ ਪ੍ਰਧਾਨ ਦੀ ਚੋਣ ਕੀਤੀ ਗਈ। ਮੀਟਿੰਗ ਦੌਰਾਨ ਕਲੱਬ ਮੈਂਬਰਾਂ ਵੱਲੋਂ ਸਰਬ ਸੰਮਤੀ ਨਾਲ ਕੌਂਸਲਰ ਬਲਦੇਵ ਰਾਜ ਡਾਇਮੰਡ ਨੂੰ ਬੇਦੀ ਲਾਲ ਚੰਦ ਮੈਮੋਰੀਅਲ ਰਾਮ ਲੀਲ੍ਹਾ ਕਲੱਬ ਦੇ ਪ੍ਰਧਾਨ ਵਜੋਂ ਚੋਣ ਕੀਤੀ ਗਈ। ਇਸ ਮੌਕੇ ਕਈ ਅਹਿਮ ਫੈਸਲੇ ਕੀਤੇ ਗਏ, ਜਿਸ ਵਿੱਚ ਫੈਸਲਾ ਕੀਤਾ ਗਿਆ ਕਿ ਮੁਹੱਲਾ ਸ੍ਰੀ ਚੋਲਾ ਸਾਹਿਬ ਦੇ ਨਜ਼ਦੀਕ ਰਾਮਲੀਲ੍ਹਾ ਦੀ ਗਰਾਊਂਡ ਦੀ ਸਟੇਜ ਤੇ ਸਮੂਹ ਮੈਂਬਰਾਂ ਵੱਲੋਂ ਬੜੀ ਹੀ ਸ਼ਰਧਾ ਤੇ ਭਾਵਨਾ ਨਾਲ ਰੱਖੜੀ ਬੰਧਨ ਵਾਲੇ ਦਿਨ ਝੰਡਾ ਪੂਜਣ ਦੀ ਰਸਮ ਅਦਾ ਕੀਤੀ ਜਾਵੇਗੀ।ਅਖੀਰ ਵਿੱਚ ਨਵੇਂ ਚੁਣੇ ਗਏ ਪ੍ਰਧਾਨ ਕੌਂਸਲਰ ਬਲਦੇਵ ਰਾਜ ਡਾਇਮੰਡ ਨੇ ਕਲੱਬ ਮੈਂਬਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਸਮੂਹ ਕਲੱਬ ਮੈਂਬਰਾਂ ਨੂੰ ਨਾਲ ਲੈ ਕੇ ਚੱਲਣਗੇ ਅਤੇ ਕਲੱਬ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਐਕਟਿਵ ਮੈਂਬਰ ਅੰਗਰੇਜ਼ ਸਿੰਘ, ਸੰਜੀਵ ਰਿੰਕਾ, ਦਲਜੀਤ ਸਿੰਘ ਸੋਨੀ, ਮਾਸਟਰ ਜੋਗਿੰਦਰ ਕੁਮਾਰ ਬੇਦੀ, ਰਾਜਕੁਮਾਰ ਪਟਵਾਰੀ, ਰਿਸ਼ੂ ਕੁਮਾਰ, ਨਰਿੰਦਰ ਕੁਮਾਰ ਬੱਬੀ, ਪਰਵੀਨ ਮਹਾਜਨ, ਜੈ ਮਹਾਜਨ, ਲਵ ਸਰਨਾ, ਕੁਛ ਸਰਨਾ, ਰਾਕੇਸ਼ ਕੁਮਾਰ, ਮਿੰਟੂ, ਨਬੀ, ਰਾਕੇਸ਼ ਕੁਮਾਰ ਸੰਨੀ, ਕੰਵਲਜੀਤ ਸਿੰਘ, ਪਵਨ ਕੁਮਾਰ, ਸਾਬਰੀ, ਯੋਗੇਸ਼ ਸ਼ਰਮਾ, ਰਿਸ਼ੀ, ਪਾਰਸ, ਅਰਸ਼, ਹੈਪੀ ਬੇਦੀ ਅਤੇ ਲਵ ਕੁਮਾਰ ਆਦਿ ਕਲੱਬ ਮੈਂਬਰ ਹਾਜ਼ਰ ਸਨ।

# ਰੋਟਰੀ ਨਾਰਥ ਦਾ ਸਹੁੰ ਚੁੱਕ ਤਾਜਪੋਸ਼ੀ ਗਵਰਨਰ ਵਿਜ਼ਿਟ ਸਮਾਗਮ ਸੰਪੰਨ




ਅੰਮ੍ਰਿਤਸਰ (ਅਰੋੜਾ)–ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਤ ਨਿਯਮਾਂ ਦੇ ਅਨੁਸਾਰ ਹਰੇਕ ਰੋਟਰੀ ਕਲੱਬ ਦੇ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਨਵੇਂ ਪ੍ਰਧਾਨ ਨੂੰ ਸੁਸ਼ੋਭਿਤ ਕੀਤੇ ਜਾਣ ਦੀ ਪ੍ਰਥਾ ਚੱਲਦੀ ਆ ਰਹੀ ਹੈ। ਇਸੇ ਪ੍ਰਥਾ ਦੇ ਚੱਲਦੇ ਰੋਟਰੀ ਕਲੱਬ ਨਾਰਥ ਦੇ ਸਾਲ 2025-26 ਦੇ ਪ੍ਰਧਾਨ ਵਰੁਣ ਕੱਕੜ ਦਾ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਸਾਲ 2026-27 ਲਈ ਇੰਜੀ. ਪਰਮੀਤ ਸਿੰਘ ਖੇੜਾ ਨੂੰ ਪ੍ਰਧਾਨਗੀ ਦਾ ਤਾਜ ਪਹਿਨਾਇਆ ਗਿਆ। ਸਕੱਤਰ ਦੇ ਅਹੁਦੇ ਲਈ ਸਮਾਜ ਸੇਵਿਕਾ ਮਨਿੰਦਰ ਕੌਰ ਅਰੋੜਾ ਨੂੰ ਸੁਸ਼ੋਭਿਤ ਕੀਤਾ ਗਿਆ। ਰੋਟਰੀ ਦੇ ਵੱਲੋਂ ਸਮਾਗਮ ਦਾ ਆਯੋਜਨ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕੀਤਾ ਗਿਆ। ਸਮਾਗਮ ਵਿੱਚ ਰੋਟਰੀ 3070 ਦੇ ਗਵਰਨਰ ਅਨਿਲ ਸਿੰਗਲ ਮੁੱਖ ਮਹਿਮਾਨ ਅਤੇ ਰੋਟਰੀ ਦੇ ਜ਼ਿਲ੍ਹਾ ਸਕੱਤਰ ਐਡਮੀਨ ਵਿਜੇ ਭਸੀਨ, ਸਹਾਇਕ ਗਵਰਨਰ ਕੇ.ਐਸ ਚੱਠਾ, ਜ਼ਿਲ੍ਹਾ ਸਕੱਤਰ ਗਵਰਨਰ ਵਿਜ਼ਿਟ ਨਰੇਸ਼ ਆਨੰਦ ਖਾਸ ਮਹਿਮਾਨ ਵਜੋਂ ਸ਼ਾਮਿਲ ਹੋਏ। ਸਮਾਗਮ ਦਾ ਸ਼ੁੱਭ ਆਰੰਭ ਰੋਟਰੀ ਪ੍ਰਥਾ ਦੇ ਅਨੁਸਾਰ ਰਾਸ਼ਟਰੀ ਗਾਣ ਦੇ ਨਾਲ ਕੀਤਾ ਗਿਆ ਉਸ ਤੋਂ ਬਾਅਦ 2025-26 ਵਿੱਚ ਕੀਤੇ ਗਏ ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਸੰਬੰਧ ਵਿੱਚ ਇੰਜੀ. ਪਰਮੀਤ ਸਿੰਘ ਖੇੜਾ ਨੇ ਛੋਟੇ ਪਰਦੇ ਰਾਹੀਂ ਰਾਣਕਾਰੀ ਮੁਹੱਈਆ ਕਰਵਾਈ।ਮਾਸਟਰ ਆਫ਼ ਸ਼ੋਮਣੀ ਦੀ ਭੂਮਿਕਾ ਨਿਭਾਉਣ ਵਾਲੇ ਸਾਬਕਾ ਗਵਰਨਰ ਆਰ. ਐਸ ਚੱਠਾ ਦੇ ਸ਼ਾਇਰਾਨਾ ਅੰਦਾਜ ਨੇ ਸਾਰੇ ਮੈਂਬਰਾਂ ਦਾ ਖੂਬ ਮਨੋਰੰਜਨ ਕੀਤਾ। ਗਵਰਨਰ ਅਨਿਲ ਸਿੰਗਲ ਨੇ ਸਾਬਕਾ ਪ੍ਰਧਾਨ ਵਰੁਣ ਕੱਕੜ ਤੋਂ ਰੋਟਰੀ ਦਾ ਕਾਰਜਭਾਰ ਲੈ ਕੇ ਨਵੇਂ ਬਣੇ ਪ੍ਰਧਾਨ ਇੰਜੀ. ਪਰਮੀਤ ਸਿੰਘ ਖੇੜਾ ਨੂੰ ਸੌਂਪਿਆ। ਨਵੇਂ ਪ੍ਰਧਾਨ ਅਤੇ ਸਕੱਤਰ ਨੂੰ ਦੇਸ਼ ਅਤੇ ਸਮਾਜ ਭਲਾਈ ਕੰਮਾਂ ਵਿੱਚ ਹਮੇਸ਼ਾ ਅੱਗੇ ਰਹਿਣ ਦੀ ਸਹੁੰ ਦਿਲਾਈ। ਪ੍ਰਧਾਨ ਪਰਮੀਤ ਸਿੰਘ ਅਤੇ ਸਕੱਤਰ ਮਨਿੰਦਰ ਕੌਰ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਪ੍ਰਾਜੈਕਟਾਂ, ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੀ ਰੂਪ ਰੇਖਾ ਰੋਟਰੀ ਮੈਂਬਰਾਂ ਦੇ ਸਾਹਮਣੇ ਰੱਖੀ। ਮੇਜਰ ਡੋਨਰ ਡਾ. ਜੀ.ਐਸ ਮਦਾਨ ਨੇ ਰੋਟਰੀ ਨਾਰਥ ਵੱਲੋਂ ਚਲਾਏ ਜਾ ਰਹੇ ਸਥਾਈ ਪ੍ਰਾਜੈਕਟਾਂ ਦੇ ਬਾਰੇ ਗਵਰਨਰ ਨੂੰ ਜਾਣਕਾਰੀ ਦਿੱਤੀ। ਰੋਟਰੀ ਨਾਰਥ ਦੇ ਵੱਲੋਂ ਮੁੱਖ ਮਹਿਮਾਨ ਅਤੇ ਖਾਸ ਮਹਿਮਾਨਾਂ ਨੂੰ ਖਾਸ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਹੋਰ ਕਲੱਬਾਂ ਦੇ ਅਹੁੱਦੇਦਾਰਾਂ ਨੇ ਨਵੇਂ ਬਣੇ ਪ੍ਰਧਾਨ ਪਰਮੀਤ ਸਿੰਘ ਖੇੜਾ ਨੂੰ ਫੁੱਲ ਮਾਲਾਵਾਂ ਪਹਿਨਾ ਕੇ ਉਨ੍ਹਾਂ ਨੂੰ ਮੁਬਾਰਕਬਾਦ ਦਿੱਤੀ। ਇਸ ਮੌਕੇ ਤੇ ਰੋਟਰੀ ਆਸਥਾ ਦੇ ਪ੍ਰਧਾਨ ਅਸ਼ੋਕ ਸ਼ਰਮਾ, ਰੋਟਰੀ ਨਾਰਥ ਦੇ ਸਾਬਕਾ ਪ੍ਰਧਾਨ ਸ਼ਿਵ ਗੁਪਤਾ, ਗੁਰਮੀਤ ਸਿੰਘ ਹੀਰਾ, ਅਤੁਲ ਮੇਹਰਾ, ਨਿਰਮਲ ਸਿੰਘ, ਐਡਵੋਕੇਟ ਅਨੀਤਾ ਸ਼ਰਮਾ, ਡਾ. ਮਨਜੀਤ ਪਾਲ ਕੌਰ, ਸੁਰਿੰਦਰ ਕੱਕੜ, ਟੀ.ਪੀ.ਐਸ ਚਾਵਲਾ, ਹਰਮੀਤ ਅਰੋੜਾ, ਅਮਨਦੀਪ ਕੌਰ, ਸੁਨੀਤਾ ਭਸੀਨ, ਯਸ਼ਪਾਲ ਅਰੋੜਾ, ਹਰਜੀਤ ਕੌਰ, ਗੁਰਿੰਦਰ ਸਿੰਘ, ਰਮੇਸ਼ ਕੱਕੜ, ਮਨਪ੍ਰੀਤ ਕੌਰ, ਰਮਨੀਤ ਭੰਡਾਰੀ ਸਹਿਤ ਰੋਟਰੀ ਕਲੱਬ ਨਾਰਥ ਦੇ ਸਾਰੇ ਮੈਂਬਰ ਪਰਿਵਾਰਾਂ ਸਮੇਤ ਮੌਜੂਦ ਸਨ।

# ਉਪਜਾਊ ਜ਼ਮੀਨਾਂ ਨੂੰ ਦਰਿਆ ਬੁਰਦ ਹੋਣੋ ਰੋਕਣ ਲਈ ਪ੍ਰਸ਼ਾਸਨਕ ਯਤਨ ਆਰੰਭ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**–ਡੇਰਾ ਬਾਬਾ ਨਾਨਕ ਦੇ ਨੇੜਲੇ ਦਰਿਆ ਰਾਵੀ ਦੇ ਕੰਢੇ ਉੱਪਰ ਸਥਿਤ ਪਿੰਡ ਗੁਰ ਚੱਕ, ਮਨਸੂਰ ਅਤੇ ਧਰਮਕੋਟ ਪੱਤਣ ਵਗੈਰਾ ਦੀ ਉਪਜਾਊ ਜ਼ਮੀਨ ਨੂੰ ਕਰੀਬ ਤਿੰਨ ਹਫਤਿਆਂ ਤੋਂ ਦਰਿਆ ਰਾਵੀ ਵੱਲੋਂ ਲਗਾਈ ਜਾ ਰਹੀ ਢਾਹ ਨੂੰ ਰੋਕਣ ਲਈ ਅੱਜ ਪ੍ਰਸ਼ਾਸਨਿਕ ਯਤਨ ਆਰੰਭ ਹੋ ਗਏ ਹਨ। ਇਹਨਾਂ ਪਿੰਡਾਂ ਦੀ ਉਪਜਾਊ ਜ਼ਮੀਨ ਨੂੰ ਦਰਿਆ ਬੁਰਦ ਹੋਣੋਂ ਰੋਕਣ ਲਈ ਤੁਰੰਤ ਲੋੜੀਂਦੀ ਕਾਰਵਾਈ ਕਰਨ ਦੀ ਮੰਗ ਨੂੰ ਲੈ ਕੇ ਦਰਿਆ ਦੀ ਮਾਰ ਹੇਠ ਆਈਆਂ ਜ਼ਮੀਨਾਂ ਵਾਲੇ ਉਕਤ ਪਿੰਡਾਂ ਦੇ ਕਿਸਾਨਾਂ ਨੇ ਪਿਛਲੇ ਦਿਨੀ ਲਗਾਤਾਰ ਯਤਨ ਕਰਦਿਆਂ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਦੇ ਐਸ ਡੀ ਐਮ ਲਛਮਣ ਸਿੰਘ, ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਤੱਕ ਪਹੁੰਚ ਕੀਤੀ ਸੀ।ਡਿਪਟੀ ਕਮਿਸ਼ਨਰ ਵੱਲੋਂ ਦਿੱਤੇ ਨਿਰਦੇਸ਼ਾਂ ਮੁਤਾਬਕ ਅੱਜ ਡਰੇਨੇਜ ਵਿਭਾਗ ਦੇ ਐਸ ਡੀ ਓ ਰਾਹੁਲ ਮਹਾਜਨ ਅਤੇ ਜੇ ਈ ਪ੍ਰਿਤਪਾਲ ਸਿੰਘ ਵੱਲੋਂ ਇਹਨਾਂ ਪਿੰਡਾਂ ਦੀ ਦਰਿਆ ਬੁਰਦ ਹੋ ਰਹੀ ਜ਼ਮੀਨ ਅਤੇ ਦਰਿਆ ਦਾ ਮੌਕੇ ਉੱਤੇ ਪਹੁੰਚ ਕੇ ਜਾਇਜ਼ਾ ਲਿਆ ਗਿਆ। ਉਪਰੰਤ ਦੋਵਾਂ ਅਧਿਕਾਰੀਆਂ ਨੇ ਪੀੜਤ ਕਿਸਾਨਾਂ ਨਾਲ ਸਹਿਮਤੀ ਪ੍ਰਗਟਾਉਂਦਿਆਂ ਆਖਿਆ ਗਿਆ ਕਿ ਠੀਕ ਹੀ ਉਪਜਾਊ ਜ਼ਮੀਨਾਂ ਨੂੰ ਬਚਾਉਣ ਲਈ ਇੱਥੇ ਦਰਿਆ ਦਾ ਵਹਿਣ ਤੁਰੰਤ ਮੋੜੇ ਜਾਣ ਦੀ ਜ਼ਰੂਰਤ ਹੈ।ਜਿਸ ਵਾਸਤੇ ਇਥੇ ਘੱਟੋ ਘੱਟ ਦੋ ਸਪੱਰ ਫੌਰੀ ਬਣਾਏ ਜਾਣੇ ਅਤਿ ਜ਼ਰੂਰੀ ਹਨ। ਐਸ ਡੀ ਓ ਨੇ ਮੌਕੇ ਉੱਪਰ ਹਾਜ਼ਰ ਪੀੜਤ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਇਸ ਸਬੰਧੀ ਉਹ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਰਿਪੋਰਟ ਕਰਕੇ ਉਹਨਾਂ ਦੀ ਮਨਜ਼ੂਰੀ ਨਾਲ ਇਹਨਾਂ ਸਪੱਰਾਂ ਦੀ ਉਸਾਰੀ ਜਲਦੀ ਤੋਂ ਜਲਦੀ ਸ਼ੁਰੂ ਕਰਵਾ ਦੇਣਗੇ। ਇਸ ਮੌਕੇ ਕਿਸਾਨ ਮਜ਼ਦੂਰ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਜੋਗਿੰਦਰ ਸਿੰਘ ਖੰਨਾ ਚਮਾਰਾਂ, ਸਤਬੀਰ ਸਿੰਘ ਖੋਦੇਬੇਟ, ਅਵਤਾਰ ਸਿੰਘ ਸਿੰਘਪੁਰਾ, ਨਰਿੰਦਰ ਸਿੰਘ ਤਲਵੰਡੀ ਹਿੰਦੂਆਂ, ਮਾ: ਸੁੱਚਾ ਸਿੰਘ ਰਾਮ ਦੀਵਾਲੀ, ਸਰਬਜੀਤ ਸਿੰਘ ਤਲਵੰਡੀ ਹਿੰਦੂਆਂ, ਸ਼ਮਸ਼ੇਰ ਸਿੰਘ ਖਾਸਾਂਵਾਲਾਂ, ਗੁਰਮੁਖ ਸਿੰਘ ਸਾਬਕਾ ਸਰਪੰਚ ਗੁਰਚੱਕ, ਰਵਣ ਸਿੰਘ ਰੜੇ ਵਾਲੀ ਅਤੇ ਮਿਹਰ ਸਿੰਘ ਸਰਪੰਚ ਪਿੰਡ ਮਨਸੂਰ ਆਦਿ ਹਾਜ਼ਰ ਸਨ।

# ਰੋਟਰੀ ਨਾਰਥ ਈਸਟ ਵੱਲੋਂ ਸਾਉਣ-ਭਾਦੋਂ ਸਮਾਗਮ



**ਅੰਮ੍ਰਿਤਸਰ (ਅਰੋੜਾ)**-ਰੋਟਰੀ ਕਲੱਬ ਨਾਰਥ ਈਸਟ ਵੱਲੋਂ ਪੰਜਾਬ ਦਾ ਇਤਿਹਾਸਿਕ ਸਾਉਣ ਭਾਦੋਂ ਸਮਾਗਮ ਕਲੱਬ ਦੇ ਪ੍ਰਧਾਨ ਪ੍ਰੇਮਨਾਥ ਸ਼ਰਮਾ, ਸਕੱਤਰ ਐਡਵੋਕੇਟ ਰਜਤ ਸ਼ਰਮਾ ਅਤੇ ਕਲੱਬ ਦੇ ਐਮ.ਓ.ਸੀ ਪ੍ਰੋਫੈਸਰ ਤਮਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਧੂਮਧਾਮ ਨਾਲ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕੀਤਾ ਗਿਆ। ਸਮਾਗਮ ਵਿਖੇ ਰੋਟਰੀ 3070 ਦੇ ਆਉਣ ਵਾਲੇ ਗਵਰਨਰ ਐਚ.ਐਸ ਜੋਗੀ ਮੁੱਖ ਮਹਿਮਾਨ ਅਤੇ ਰੋਟਰੀ ਦੇ ਸਹਾਇਕ ਗਵਰਨਰ ਕੇ.ਐਸ ਚੱਠਾ ਖਾਸ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦਾ ਸ਼ੁੱਭ ਆਰੰਭ ਰਾਸ਼ਟਰੀ ਗਾਣ ਨਾਲ ਕੀਤਾ ਗਿਆ। ਉਸ ਤੋਂ ਬਾਅਦ ਪ੍ਰਧਾਨ ਪ੍ਰੇਮਨਾਥ ਅਤੇ ਸਕੱਤਰ ਰਜਤ ਸ਼ਰਮਾ ਨੇ ਆਪਣੇ ਕਾਰਜਕਾਲ ਵਿੱਚ ਕੀਤੇ ਜਾਣ ਵਾਲੇ ਪ੍ਰਾਜੈਕਟਾਂ, ਦੇਸ਼ ਅਤੇ ਸਮਾਜ ਭਲਾਈ ਕੰਮਾਂ ਦੇ ਬਾਰੇ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਐਚ.ਐਸ ਜੋਗੀ ਨੇ ਕਿਹਾ ਕਿ ਉਨ੍ਹਾਂ ਦੀ ਇਹ ਤਮੰਨਾ ਹੈ ਕਿ ਉਹ ਗੁਰੂ ਕੀ ਨਗਰੀ ਅੰਮ੍ਰਿਤਸਰ ਵਿਖੇ ਰੋਟਰੀ ਭਵਨ ਦਾ ਨਿਰਮਾਣ ਕਰਾਉਣਗੇ ਜਿਸ ਦਾ ਸਾਰੇ ਰੋਟਰੀ ਕਲੱਬਾਂ ਵੱਲੋਂ ਉਨ੍ਹਾਂ ਨੂੰ ਸਹਿਯੋਗ ਦੇਣ ਦਾ ਵਿਸ਼ਵਾਸ ਦਿੱਤਾ ਗਿਆ ਹੈ।ਰੋਟਰੀ ਮਹਿਲਾਵਾਂ ਨੇ ਪੰਜਾਬੀ ਗਿੱਧਾ ਅਤੇ ਪੰਜਾਬ ਦੇ ਇਤਿਹਾਸਿਕ ਗੀਤਾਂ ਅਤੇ ਕਈ ਤਰ੍ਹਾਂ ਦੀਆਂ ਖੇਡ ਪ੍ਰਤੀਯੋਗਤਾਵਾਂ ਵੀ ਕਰਵਾਈਆਂ। ਮੁੱਖ ਮਹਿਮਾਨ ਐਚ.ਐਸ ਜੋਗੀ ਨੇ ਰੋਟਰੀ ਦੇ ਸਾਬਕਾ ਪ੍ਰਧਾਨ ਵਿਸ਼ਵ ਪ੍ਰਸਿੱਧ ਪਲਾਸਟਿਕ ਸਰਜਨ ਮੈਡੀਕਲ ਕਾਲਜ ਦੇ ਸਾਬਕਾ ਪ੍ਰੋਫੈਸਰ ਡਾ. ਵਿਕਰਮ ਗੁਪਤਾ ਨੂੰ ਰੋਟਰੀ ਅਵਾਰਡ ਦੇ ਨਾਲ ਸਨਮਾਨਤ ਵੀ ਕੀਤਾ। ਇਸ ਮੌਕੇ ਤੇ ਸੀਨੀਅਰ ਰੋਟੇਰੀਅਨ ਜੇ.ਐਸ ਕੋਹਲੀ, ਜਰਨੈਲ ਸਿੰਘ, ਐਡਵੋਕੇਟ ਅਨੂਪ ਗੁਪਤਾ, ਜੀ.ਐਸ ਭੁੱਲਰ, ਪ੍ਰੋਫੈਸਰ ਵਿਜੇ ਕੁਮਾਰ, ਸੁਧੀਰ ਰਨਦੇਵ, ਐਡਵੋਕੇਟ ਐਸ.ਐਸ ਬਾਜਵਾ, ਪ੍ਰਭਜੋਤ ਸਿੰਘ ਹੇਰ, ਦੀਪਕ ਸ਼ਰਮਾ, ਐਡਵੋਕੇਟ ਭੁੱਲਰ, ਹਰਮਨ ਸਿੰਘ, ਐਡਵੋਕੇਟ ਨਰਿੰਦਰਪਾਲ ਸਿੰਘ, ਦਵਿੰਦਰ ਕੁਮਾਰ, ਸਤਿੰਦਰ ਸਿੰਘ ਕੰਵਲਦੀਪ ਖੇਹਰਾ, ਜਗਦੀਸ਼ ਕੁਮਾਰ ਸਹਿਤ ਰੋਟਰੀ ਕਲੱਬ ਨਾਰਥ ਈਸਟ ਦੇ ਸਮੂਹ ਮੈਂਬਰ ਪਰਵਾਰਾਂ ਸਮੇਤ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਸਾਉਣ ਮਹੀਨੇ ਵਿੱਚ ਖਵਾਏ ਜਾਣ ਵਾਲੇ ਵਿਅੰਜਨ ਖੀਰ ਅਤੇ ਮਾਲ ਪੂੜੇ ਦਾ ਭੋਜਨ ਵੀ ਵੰਡਿਆ ਗਿਆ।

# 76ਵੀਆਂ ਜ਼ੋਨਲ ਖੇਡਾਂ : ਰਿਆੜਕੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਵੱਲੋਂ 80 ਮੈਡਲਾਂ 'ਤੇ ਕਬਜ਼ਾ




ਧਾਰੀਵਾਲ (ਮਨਦੀਪ ਵਿੱਕੀ)- ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਗਈਆਂ 76ਵੀਆਂ ਜ਼ੋਨਲ ਖੇਡਾਂ ਵਿੱਚ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਦੇ ਖਿਡਾਰੀਆਂ ਨੇ ਕੁੱਲ 80 ਪੁਜ਼ੀਸ਼ਨਾਂ 'ਤੇ ਕਬਜ਼ਾ ਜਮਾ ਕੇ ਇਹ ਸਾਬਤ ਕਰ ਦਿੱਤਾ ਕਿ ਲਗਨ ਅਤੇ ਸਖ਼ਤ ਮਿਹਨਤ ਸਾਹਮਣੇ ਕੋਈ ਵੀ ਚੁਣੌਤੀ ਟਿਕ ਨਹੀਂ ਸਕਦੀ। ਸੰਸਥਾ ਦੇ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਦੱਸਿਆ ਕਿ ਵਾਲੀਬਾਲ ਦੇ ਮੈਦਾਨ ਵਿੱਚ ਕਪਤਾਨ ਸ਼ੁਭਪ੍ਰੀਤ ਸਿੰਘ ਦੀ ਅਗਵਾਈ ਵਾਲੀ ਅੰਡਰ-17 ਲੜਕਿਆਂ ਦੀ ਟੀਮ (ਇਕਮਜੋਤ ਸਿੰਘ, ਮਿਹਰਾਨਦੀਪ ਸਿੰਘ, ਕਰਨਬੀਰ ਸਿੰਘ, ਗੁਰਵੰਸ਼ਪ੍ਰੀਤ ਸਿੰਘ, ਨਵਪ੍ਰੀਤ ਸਿੰਘ, ਕੁੰਵਰਪ੍ਰਤਾਪ ਸਿੰਘ) ਸੋਨ ਤਗਮਾ ਜਿੱਤਣ ਵਿੱਚ ਸਫਲ ਰਹੀ, ਜਦਕਿ ਕਪਤਾਨ ਸਹਿਜਪ੍ਰੀਤ ਸਿੰਘ ਦੀ ਅੰਡਰ-19 ਟੀਮ (ਗੁਰਵਿੰਦਰ ਸਿੰਘ, ਸ਼ਿਵਤਾਜ ਸਿੰਘ, ਸਹਿਜਦੀਪ ਸਿੰਘ, ਅਭਿਜੀਤ ਸਿੰਘ, ਜਸਵੀਰ ਸਿੰਘ, ਮਹਰੂਪ ਸਿੰਘ, ਨਵਤੇਜਪ੍ਰੀਤ ਸਿੰਘ, ਜਗਨੂਰਵੀਰ ਸਿੰਘ, ਅਨਮੋਲਦੀਪ ਸਿੰਘ) ਨੇ ਤੀਜਾ ਸਥਾਨ ਹਾਸਲ ਕੀਤਾ। ਖੋ-ਖੋ ਵਿੱਚ ਕਪਤਾਨ ਵੈਸ਼ਾਲੀ ਸ਼ਰਮਾ ਦੀ ਅਗਵਾਈ ਵਾਲੀ ਅੰਡਰ-19 ਲੜਕੀਆਂ ਦੀ ਟੀਮ (ਰਸ਼ਲੀਨ ਕੌਰ, ਹਰਲੀਨ ਕੌਰ, ਸੋਭਨੀਤ ਕੌਰ, ਜਸਨੀਤ ਕੌਰ, ਮਨਰੀਤ ਕੌਰ, ਏਕਮਪ੍ਰੀਤ ਕੌਰ, ਨਵਰੋਜ਼ਪ੍ਰੀਤ ਕੌਰ, ਜਸਮੀਤ ਕੌਰ, ਗੁਰਲੀਨ ਕੌਰ, ਗੁਰਅਸ਼ੀਸ਼ ਕੌਰ) ਨੇ ਪਹਿਲਾ ਸਥਾਨ ਹਾਸਲ ਕੀਤਾ। ਗੱਤਕੇ ਵਿੱਚ ਵੀ ਸਕੂਲ ਦੇ ਬੱਚਿਆਂ ਦਾ ਜਲਵਾ ਵੇਖਣ ਨੂੰ ਮਿਲਿਆ। ਅੰਡਰ-14 ਲੜਕੀਆਂ ਵਿੱਚ ਦਿਲਪ੍ਰੀਤ ਕੌਰ, ਮਨਪ੍ਰੀਤ ਕੌਰ, ਗੁਰਸਿਮਰਤ ਕੌਰ ਅਤੇ ਅਨੁਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ, ਅੰਡਰ-17 ਲੜਕਿਆਂ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਜੰਗ ਸਿੰਘ ਨੇ ਅੰਡਰ-14 ਵਰਗ ਵਿੱਚ ਦੂਜਾ ਸਥਾਨ ਹਾਸਲ ਕੀਤਾ। ਕਰਾਟੇ ਦੇ ਦੰਗਲ ਵਿੱਚ ਸਕੂਲ ਦੀਆਂ ਧੀਆਂ ਸਭ ਤੋਂ ਵੱਧ ਚਮਕੀਆਂ। ਅੰਡਰ-14 ਵਰਗ ਦੀ-34 ਕਿਲੋਗ੍ਰਾਮ ਸ਼੍ਰੇਣੀ ਵਿੱਚ ਸਵਰੀਤ ਕੌਰ ਅਤੇ-38 ਕਿਲੋਗ੍ਰਾਮ ਵਿੱਚ ਅਨੁਰੀਤ ਕੌਰ ਨੇ ਪਹਿਲਾ ਸਥਾਨ ਹਾਸਲ ਕੀਤਾ।-32 ਕਿਲੋਗ੍ਰਾਮ ਵਿੱਚ ਸਿਮਰਤ ਕੌਰ ਅਤੇ -42 ਕਿਲੋਗ੍ਰਾਮ ਵਿੱਚ ਸੁਪਰੀਤ ਨੇ ਦੂਜਾ ਸਥਾਨ ਹਾਸਲ ਕੀਤਾ, ਜਦਕਿ -36 ਕਿਲੋਗ੍ਰਾਮ ਵਿੱਚ ਜਸਮੀਤ ਕੌਰ ਅਤੇ -44 ਕਿਲੋਗ੍ਰਾਮ ਵਿੱਚ ਸੋਨਾਕਸ਼ੀ ਨੇ ਤੀਜਾ ਸਥਾਨ ਹਾਸਲ ਕੀਤਾ। ਲੜਕਿਆਂ ਦੇ ਵਰਗ ਵਿੱਚ ਅੰਡਰ-14 ਦੀ -45 ਕਿਲੋਗ੍ਰਾਮ ਸ਼੍ਰੇਣੀ ਵਿੱਚ ਗੁਰਬੀਰ ਸਿੰਘ ਅਤੇ -55 ਕਿਲੋਗ੍ਰਾਮ ਵਿੱਚ ਅਰਮਾਨਦੀਪ ਸਿੰਘ ਨੇ ਸੋਨ ਤਗਮਾ ਆਪਣੇ ਨਾਮ ਕੀਤਾ। ਬੌਧਿਕ ਖੇਡਾਂ ਵਿੱਚ ਵੀ ਬੱਚਿਆਂ ਨੇ ਆਪਣੀ ਸੂਝ-ਬੂਝ ਦਾ ਪਰਚਮ ਲਹਿਰਾਇਆ। ਸ਼ਤਰੰਜ ਵਿੱਚ ਅਨੁਰੀਤ ਕੌਰ, ਸੁਖਨਾਜ਼ ਕੌਰ ਅਤੇ ਤਨਮੀਤ ਕੌਰ ਨੇ ਅੰਡਰ-14 ਲੜਕੀਆਂ ਸਿੰਗਲ ਤੇ ਡਬਲਜ਼ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਸਹਿਜਦੀਪ ਸਿੰਘ ਅਤੇ ਗੁਰਜੋਤ ਸਿੰਘ ਨੇ ਅੰਡਰ-14 ਲੜਕਿਆਂ ਵਿੱਚ ਦੂਜਾ ਸਥਾਨ ਹਾਸਲ ਕੀਤਾ। ਅੰਮ੍ਰਿਤਪਾਲ ਸਿੰਘ ਨੇ ਅੰਡਰ-17 ਸਿੰਗਲ ਵਿੱਚ ਪਹਿਲਾ ਸਥਾਨ ਅਤੇ ਗੁਰਪਿੰਦਰ ਸਿੰਘ ਤੇ ਅਨਮੋਲਦੀਪ ਸਿੰਘ ਨੇ ਟੀਮ ਵਰਗ ਵਿੱਚ ਦੂਜਾ ਸਥਾਨ ਹਾਸਲ ਕੀਤਾ। ਬੈਡਮਿੰਟਨ ਵਿੱਚ ਇਮਾਨਦੀਪ ਸਿੰਘ, ਨਮਨਪ੍ਰੀਤ ਸਿੰਘ ਅਤੇ ਅਰਮਾਨਦੀਪ ਸਿੰਘ ਨੇ ਅੰਡਰ-14 ਸਿੰਗਲ-ਡਬਲਜ਼ ਵਿੱਚ ਤੀਜਾ ਸਥਾਨ ਹਾਸਲ ਕੀਤਾ, ਜਦਕਿ ਮਨਜੋਤ ਸਿੰਘ, ਯੁਵਰਾਜ ਸਿੰਘ ਅਤੇ ਜਸਕੀਰਤ ਸਿੰਘ ਨੇ ਅੰਡਰ-17 ਵਰਗ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ। ਰੱਸਾਕਸ਼ੀ ਵਿੱਚ ਮਨਰਾਜ ਸਿੰਘ, ਜੁਗਨੂਰ ਸਿੰਘ, ਏਕਮਜੀਤ ਸਿੰਘ, ਗੁਰਦਾਸ ਸਿੰਘ, ਅਭਿਜੋਤ ਸਿੰਘ, ਸੁਖਮਨਦੀਪ ਸਿੰਘ ਅਤੇ ਗੁਣਵੀਰ ਸਿੰਘ ਦੀ ਅੰਡਰ-14 ਲੜਕਿਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅਨੰਤਪਾਲ ਕੌਰ, ਹਰਜੀਤ ਕੌਰ, ਅਵਨੀਤ ਕੌਰ, ਮਹਕਪ੍ਰੀਤ ਕੌਰ, ਅਨਹਦਪ੍ਰੀਤ ਕੌਰ, ਸੀਰਤਪ੍ਰੀਤ ਕੌਰ, ਗਗਨਪ੍ਰੀਤ ਕੌਰ, ਗੁਰਲੀਨ ਕੌਰ ਅਤੇ ਹਰਗੁਣਦੀਪ ਕੌਰ ਦੀ ਅੰਡਰ-14 ਲੜਕੀਆਂ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ ਸਮੂਹਿਕ ਤਾਕਤ ਦੀ ਮਿਸਾਲ ਪੇਸ਼ ਕੀਤੀ। ਇਸ ਸ਼ਾਨਦਾਰ ਪ੍ਰਦਰਸ਼ਨ ਨਾਲ ਸਕੂਲ ਨੇ ਜ਼ਿਲ੍ਹਾ ਪੱਧਰ 'ਤੇ ਵੀ ਆਪਣੀ ਮਜ਼ਬੂਤ ਦਾਅਵੇਦਾਰੀ ਦਰਜ ਕਰਵਾ ਦਿੱਤੀ ਹੈ।

ਇਸ ਮੌਕੇ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਕਿ ਇਹ ਜਿੱਤਾਂ ਬੱਚਿਆਂ ਦੀ ਲਗਾਤਾਰ ਮਿਹਨਤ ਅਤੇ ਖੇਡਾਂ ਪ੍ਰਤੀ ਸਮਰਪਣ ਭਾਵਨਾ ਦਾ ਨਤੀਜਾ ਹਨ, ਅਤੇ ਸਕੂਲ ਹਮੇਸ਼ਾ ਖੇਡਾਂ ਨੂੰ ਪੜ੍ਹਾਈ ਦੇ ਬਰਾਬਰ ਮਹੱਤਵ ਦਿੰਦਾ ਰਿਹਾ ਹੈ। ਖੇਡ ਇੰਚਾਰਜ ਜਤਿੰਦਰ ਕੁਮਾਰ ਅਤੇ ਰਾਜਵਿੰਦਰ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੇ ਹਰ ਮੈਦਾਨ ਵਿੱਚ ਪੂਰੀ ਲਗਨ ਨਾਲ ਸੰਘਰਸ਼ ਕੀਤਾ।

ਸੰਸਥਾ ਦੇ ਸੰਚਾਲਕ ਗਗਨਦੀਪ ਸਿੰਘ ਨੇ ਸਾਰੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਾਂ ਨੂੰ ਵਧਾਈ ਦਿੱਤੀ। ਸਕੂਲ ਪ੍ਰਬੰਧਕ ਕਮੇਟੀ ਵੱਲੋਂ ਵੀ ਸਾਰੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ ਗਈ।

# 70ਵੀਆਂ ਜ਼ਿਲ੍ਹਾ ਸਕੂਲ ਚੈੱਸ ਖੇਡਾਂ ਦਾ ਆਗਾਜ਼ ਅੱਜ ਤੋਂ



ਤਰਨਤਾਰਨ (ਪ੍ਰਿਤਪਾਲ ਸਿੰਘ)–ਸੰਤ ਬਾਬਾ ਜਗਤਾਰ ਸਿੰਘ ਅਤੇ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਤਰਨ ਤਾਰਨ ਵੱਲੋਂ ਚਲਾਈ ਜਾ ਰਹੀ ਗੁਰੂ ਨਾਨਕ ਦੇਵ ਅਕੈਡਮੀ, ਝਬਾਲ ਰੋਡ, ਨੂਰਦੀ, ਤਰਨ ਤਾਰਨ ਵਿਖੇ 70ਵੀਆਂ ਜ਼ਿਲ੍ਹਾ ਸਕੂਲ ਖੇਡਾਂ (ਚੈੱਸ) ਦੋ ਦਿਨ ਸ਼ੁੱਕਰਵਾਰ, ਸ਼ਨੀਵਾਰ ਹੋਣਗੀਆਂ। ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜੁਗਰਾਜ ਸਿੰਘ ਦੇ ਨਿਰਦੇਸ਼ ਅਨੁਸਾਰ ਜ਼ਿਲ੍ਹਾ ਤਰਨ ਤਾਰਨ 70ਵੀਆਂ ਜ਼ਿਲ੍ਹਾ ਸਕੂਲ ਖੇਡਾਂ ਹੋ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਚੈੱਸ ਟੂਰਨਾਮੈਂਟ ਅੰਡਰ-14, ਅੰਡਰ-17, ਅੰਡਰ-19 ਲੜਕੇ ਅਤੇ ਲੜਕੀਆਂ ਦਾ ਟੂਰਨਾਮੈਂਟ ਗੁਰੂ ਨਾਨਕ ਦੇਵ ਅਕੈਡਮੀ, ਤਰਨ ਤਾਰਨ ਵਿਖੇ ਹੋਣਗੀਆਂ। ਇਸ ਟੂਰਨਾਮੈਂਟ ਦੇ ਕਨਵੀਨਰਰ ਪ੍ਰਿੰਸੀਪਲ ਜਸਪਾਲ ਕੌਰ ਸਿੱਧੂ ਦੀ ਦੇਖ-ਰੇਖ ਵਿਚ ਟੂਰਨਾਮੈਂਟ ਹੋਵੇਗਾ। ਟੂਰਨਾਮੈਂਟ ਦੇ ਕਨਵੀਨਰ ਪ੍ਰਿੰਸੀਪਲ ਜਸਪਾਲ ਕੌਰ ਸਿੱਧੂ ਨੇ ਦੱਸਿਆ ਕਿ ਦੋ ਰੋਜ਼ਾ ਟੂਰਨਾਮੈਂਟ 21 ਅਗਸਤ ਤੋਂ 22 ਅਗਸਤ ਤੱਕ ਹੋਣਗੀਆਂ। ਇਸ ਟੂਰਨਾਮੈਂਟ ਦੇ ਮੁਕੰਮਲ ਪ੍ਰਬੰਧ ਕਰ ਦਿੱਤੇ ਗਏ ਹਨ। ਪ੍ਰਿੰਸੀਪਲ ਜਸਪਾਲ ਕੌਰ ਸਿੱਧੂ ਨੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜੁਗਰਾਜ ਸਿੰਘ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਵੱਲੋਂ ਵੱਖ-ਵੱਖ ਖੇਡਾਂ ਜ਼ਿਲ੍ਹਾ ਪੱਧਰ ਦੇ ਟੂਰਨਾਮੈਂਟ ਕਰਵਾਉਣ ਲਈ ਸਕੂਲ ਨੂੰ ਹਮੇਸ਼ਾ ਮੁੱਖ ਰੱਖਦੇ ਹੋਏ ਸਕੂਲ ਨੂੰ ਹਰ ਸਾਲ ਖੇਡਾਂ ਕਰਵਾਉਣ ਦਾ ਮੌਕਾ ਦੇਂਦੇ ਹਨ।

# ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਨੂੰ ਬੀਤੇ ਚਾਰ ਮਹੀਨਿਆਂ ਤੋਂ ਮਿਹਨਤਾਨਾ ਨਹੀਂ



**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**–ਆਸ਼ਾ ਵਰਕਰ ਫੈਸਿਲੀਟੇਟਰਜ਼, ਸੁਪਰਵਾਈਜ਼ਰਾਂ ਨੂੰ ਬੀਤੇ ਚਾਰ ਮਹੀਨਿਆਂ ਤੋਂ ਮਿਲਦੇ ਭੱਤੇ ਤੇ ਮਿਹਨਤਾਨਾ ਨਾ ਮਿਲਣ ਕਾਰਨ ਸਰਕਾਰ ਤੇ ਮਹਿਕਮੇ ਖਿਲਾਫ ਭਾਰੀ ਰੋਸ ਹੈ।ਆਲ ਇੰਡੀਆ ਯੂਨੀਅਨ ਏਟਕ ਪੰਜਾਬ ਆਸ਼ਾ ਵਰਕਰ ਫੈਸਿਲੀਟੇਟਰਜ਼, ਸੁਪਰਵਾਈਜ਼ਰ ਸਾਂਝਾ ਮੋਰਚਾ ਦੀ ਇੱਕ ਮਹਿੰਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਦੀ ਅਗਵਾਈ ਹੇਠ ਹੋਈ।ਮਨਜਿੰਦਰ ਕੌਰ ਹਰੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੱਤਾ ਸੰਭਾਲਣ ਸਮੇਂ ਉਹਨਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਗਏ। ਪਰ ਸੱਤਾ ਹਾਸਲ ਕਰਨ ਤੋਂ ਬਾਅਦ ਉਹਨਾਂ ਨਾਲ ਕੀਤੇ ਸਾਰੇ ਵਾਅਦੇ ਵਫਾ ਨਹੀਂ ਹੋਏ। ਮਨਜਿੰਦਰ ਕੌਰ ਨੇ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਆਖਿਆ ਕਿ ਸੂਬੇ ਦੇ ਮੁੱਖ ਮੰਤਰੀ ਵੱਲੋ ਮਾਂਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਕਿਹਾ ਜਾਂਦਾ ਹੈ ਕਿ ਸੂਬੇ ਦੀਆਂ ਮਾਂਵਾਂ ਭੈਣਾਂ ਨੂੰ ਸਤਿਕਾਰ ਦੇ ਕੇ ਮਨ ਨੂੰ ਖੁਸ਼ੀ ਮਿਲਦੀ ਹੈਠ, ਕੀ ਆਸ਼ਾ ਵਰਕਰ, ਫੈਸਿਲੀਟੇਟਰਜ਼, ਸੁਪਰਵਾਈਜ਼ਰਾਂ ਉਹਨਾਂ ਦੀਆਂ ਮਾਂਵਾਂ ਭੈਣਾਂ ਦੀ ਗਿਣਤੀ 'ਚ ਨਹੀਂ ਆਉਂਦੀਆਂ। ਬੀਤੇ ਚਾਰ ਮਹੀਨਿਆਂ ਤੋਂ ਨਾ ਤਾਂ ਉਹਨਾਂ ਨੂੰ ਫਿਕਸ ਭੱਤਾ ਅਤੇ ਨਾ ਹੀ ਕੰਮ ਦੇ ਪੈਸੇ ਨਾ ਮਿਲਣ ਕਾਰਨ ਉਹਨਾਂ ਦੇ ਚੁੱਲ੍ਹੇ ਠੰਡੇ ਪੈਣ ਲੱਗੇ ਹਨ। ਹਰੀਕੇ ਨੇ ਦੱਸਿਆ ਕਿ ਅਨੇਕਾਂ ਵਾਰ ਸਿਵਲ ਸਰਜਨ ਤਰਨ ਤਾਰਨ ਤੇ ਐਸ.ਐਮ.ਓ. ਘਰਿਆਲਾ ਨੂੰ ਅਪੀਲ ਕਰ ਚੁੱਕੇ ਹਨ ਕਿ ਉਹਨਾ ਨੂੰ ਉਹਨਾ ਦੇ ਬਣਦੇ ਭੱਤੇ ਸਮੇਤ ਮਿਹਨਤਾਨਾ ਦਿੱਤਾ ਜਾਵੇ ਪਰ ਸਰਕਾਰ ਤੇ ਮਹਿਕਮੇ ਦੇ ਸਿਰ 'ਤੇ ਜੂੰ ਤੱਕ ਨਹੀ ਸਰਕਦੀ। ਉਹਨਾ ਦੇ ਸਾਂਝੇ ਮੋਰਚੇ ਵੱਲੋਂ ਸਰਕਾਰ ਤੇ ਮਹਿਕਮੇ ਦੇ ਖਿਲਾਫ ਰੋਸ ਵਜੋਂ 24 ਅਗਸਤ ਨੂੰ ਸਰਕਾਰ ਪਿੱਟ ਸਿਆਪਾ ਕਰਨ ਦਾ ਐਲਾਨ ਕੀਤਾ ਗਿਆ।ਜਿਸ ਦੀ ਜੁੰਮੇਵਾਰੀ ਸੂਬਾ ਸਰਕਾਰ ਤੇ ਐਸ.ਐਮ.ਓ ਘਰਿਆਲਾ ਦੀ ਹੋਵੇਗੀ। ਇਸ ਮੌਕੇ ਚੇਅਰਮੈਨ ਰਾਜਬੀਰ ਕੌਰ ਹਰੀਕੇ, ਮੀਤ ਪ੍ਰਧਾਨ ਸਰਬਜੀਤ ਕੌਰ, ਜ਼ਿਲ੍ਹਾ ਸੈਕਟਰੀ ਵੀਰਪਾਲ ਕੌਰ ਭੱਗੂਪੁਰ, ਬਲਾਕ ਪ੍ਰਧਾਨ ਅਮਨਦੀਪ ਕੌਰ ਤਲਵੰਡੀ, ਰਾਜਵਿੰਦਰ ਕੌਰ ਖਜ਼ਾਨਚੀ, ਵਾਈਸ ਚੇਅਰਮੈਨ ਹਰਜੀਤ ਕੌਰ ਚੂਸਲੇਵੜ੍ਹ ਆਦਿ ਹਾਜ਼ਰ ਸਨ।

# ਐਨ ਜੀ ਓ ਕਾਨਫ਼ਰੰਸ 'ਚ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ ਦਾ ਸਨਮਾਨ




ਪੱਟੀ,(ਬਲਦੇਵ ਸਿੰਘ ਸੰਧੂ ਕਿਰਤੋਵਾਲ)- ਖ਼ੂਨਦਾਨ ਨੂੰ ਉਤਸ਼ਾਹਿਤ ਕਰਨ ਅਤੇ ਖ਼ੂਨਦਾਨ ਰਾਹੀਂ ਮਨੁੱਖੀ ਜ਼ਿੰਦਗੀਆਂ ਬਚਾਉਣ ਲਈ ਲਗਾਤਾਰ ਕਾਰਜ ਕਰ ਰਹੀ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ ਨੂੰ ਰਾਜ-ਪੱਧਰੀ ਐਨ ਜੀ ਓ ਕਾਨਫ਼ਰੰਸ ਦੌਰਾਨ ਬਿਹਤਰੀਨ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਪੰਜਾਬ ਮਿਉਂਸਪਲ ਭਵਨ, ਸੈਕਟਰ-35ਏ, ਚੰਡੀਗੜ੍ਹ ਵਿਖੇ ਹੋਈ ਇਸ ਕਾਨਫ਼ਰੰਸ ਵਿੱਚ ਪੰਜਾਬ ਭਰ ਤੋਂ ਖ਼ੂਨਦਾਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਅਤੇ ਸਬੰਧਤ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ।ਇਹ ਕਾਨਫ਼ਰੰਸ ਪੰਜਾਬ ਰਾਜ ਖ਼ੂਨ ਸੰਚਾਰ ਪਰਿਸ਼ਦ ਅਤੇ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਵੱਲੋਂ ਸਵੈਇੱਛਤ ਖ਼ੂਨਦਾਨ ਨੂੰ ਹੋਰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਕਰਵਾਈ ਗਈ। ਕਾਨਫ਼ਰੰਸ ਵਿੱਚ ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਖ਼ੂਨਦਾਨ ਦੇ ਖੇਤਰ ਵਿੱਚ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀਆਂ ਸੰਸਥਾਵਾਂ ਅਤੇ ਸੇਵਾਦਾਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ ਨੂੰ ਸਨਮਾਨ ਪੱਤਰ ਪ੍ਰਦਾਨ ਕਰਦਿਆਂ ਖ਼ੂਨ ਸੰਚਾਰ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਵਿੱਚ ਸੁਰੱਖਿਅਤ ਖ਼ੂਨਦਾਨ ਦੀਆਂ ਪ੍ਰਥਾਵਾਂ ਨੂੰ ਉਤਸ਼ਾਹਿਤ ਕਰਨ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਗਈ। ਸੁਸਾਇਟੀ ਵੱਲੋਂ ਲੰਮੇ ਸਮੇਂ ਤੋਂ ਪੱਟੀ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖ਼ੂਨਦਾਨ ਕੈਂਪ ਲਗਾਉਣ ਦੇ ਨਾਲ-ਨਾਲ ਲੋੜਵੰਦ ਮਰੀਜ਼ਾਂ ਲਈ ਖ਼ੂਨ ਦਾ ਪ੍ਰਬੰਧ ਕਰਨ ਅਤੇ ਨੌਜਵਾਨਾਂ ਨੂੰ ਸਵੈਇੱਛਤ ਖ਼ੂਨਦਾਨ ਲਈ ਪ੍ਰੇਰਿਤ ਕਰਨ ਦੇ ਕਾਰਜ ਕੀਤੇ ਜਾ ਰਹੇ ਹਨ। ਸੁਸਾਇਟੀ ਵੱਲੋਂ ਖਾਸ ਕਰਕੇ ਨੌਜਵਾਨਾਂ ਨੂੰ ਖ਼ੂਨਦਾਨ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਵੱਖ-ਵੱਖ ਮੌਕਿਆਂ 'ਤੇ ਖ਼ੂਨਦਾਨ ਕੈਂਪ ਲਗਾ ਕੇ ਨੌਜਵਾਨਾਂ ਨੂੰ ਇਸ ਮਹਾਨ ਕਾਰਜ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਸੁਸਾਇਟੀ ਦਾ ਉਦੇਸ਼ ਹੈ ਕਿ ਪੱਟੀ ਇਲਾਕੇ ਵਿੱਚ ਕਿਸੇ ਵੀ ਲੋੜਵੰਦ ਮਰੀਜ਼ ਨੂੰ ਖ਼ੂਨ ਦੀ ਕਮੀ ਕਾਰਨ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਮਨੁੱਖਤਾ ਦੀ ਸੇਵਾ ਖ਼ੂਨਦਾਨ ਸੁਸਾਇਟੀ ਪੱਟੀ ਦੇ ਪ੍ਰਬੰਧਕ ਮਲਕੀਅਤ ਸਿੰਘ ਬੱਬਲ ਨੇ ਇਸ ਸਨਮਾਨ ਲਈ ਪੰਜਾਬ ਸਰਕਾਰ, ਪੰਜਾਬ ਰਾਜ ਖ਼ੂਨ ਸੰਚਾਰ ਪਰਿਸ਼ਦ, ਸਿਹਤ ਵਿਭਾਗ ਅਤੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ।ਮਲਕੀਅਤ ਸਿੰਘ ਬੱਬਲ ਨੇ ਕਿਹਾ ਕਿ ਸਾਡੇ ਲਈ ਇਹ ਸਨਮਾਨ ਹੋਰ ਵੱਡੀ ਜ਼ਿੰਮੇਵਾਰੀ ਲੈ ਕੇ ਆਇਆ ਹੈ।ਉਨ੍ਹਾਂ ਇਲਾਕੇ ਦੇ ਨੌਜਵਾਨਾਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਖ਼ੂਨਦਾਨ ਨੂੰ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਦਿਆਂ ਅੱਗੇ ਆਉਣ। ਉਨ੍ਹਾਂ ਕਿਹਾ ਕਿ ਇੱਕ ਯੋਗ ਵਿਅਕਤੀ ਵੱਲੋਂ ਕੀਤਾ ਗਿਆ ਖ਼ੂਨਦਾਨ ਕਿਸੇ ਅਣਜਾਣ ਪਰਵਾਰ ਦੀ ਜ਼ਿੰਦਗੀ ਬਚਾਉਣ ਦਾ ਕਾਰਨ ਬਣ ਸਕਦਾ ਹੈ।

# ਰਾਜਵੀਰ ਦੀ ਯੋਗਾ ਮੁਕਾਬਲੇ 'ਚ ਰਾਜ ਪੱਧਰੀ ਮੁਕਾਬਲੇ ਲਈ ਚੋਣ



ਬਟਾਲਾ (ਡਾਕਟਰ ਮਾਲਵਿੰਦਰ ਸਿੰਘ)–ਅੱਠਵੀਂ ਜਮਾਤ (ਆਈ ) ਦੀ ਹੋਣਹਾਰ ਵਿਦਿਆਰਥਣ ਰਾਜਵੀਰ ਕੌਰ ਨੇ ਜ਼ਿਲ੍ਹਾ ਸਕੂਲ ਖੇਡ ਕਮੇਟੀ, ਗੁਰਦਾਸਪੁਰ ਦੀ ਨਿਗਰਾਨੀ ਹੇਠ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੇ ਵਿਹੜੇ ਵਿੱਚ ਆਯੋਜਿਤ ਜ਼ਿਲ੍ਹਾ ਯੋਗਾ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਸੋਨ ਤਗਮਾ ਜਿੱਤ ਕੇ ਸਕੂਲ ਅਤੇ ਖੇਤਰ ਦਾ ਨਾਮ ਰੌਸ਼ਨ ਕੀਤਾ।

ਰਾਜਵੀਰ ਕੌਰ ਨੇ 18 ਅਗਸਤ ਨੂੰ ਅੰਡਰ-17 ਉਮਰ ਵਰਗ ਲਈ ਰਵਾਇਤੀ ਯੋਗਾ ਮੁਕਾਬਲੇ ਵਿੱਚ ਆਪਣੇ ਸ਼ਾਨਦਾਰ ਅਤੇ ਸੰਤੁਲਿਤ ਯੋਗਾ ਆਸਣਾਂ ਦੀ ਬਦੌਲਤ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਸ਼ਾਨਦਾਰ ਪ੍ਰਾਪਤੀ ਦੇ ਆਧਾਰ 'ਤੇ ਉਸ ਨੂੰ ਆਉਣ ਵਾਲੇ ਰਾਜ-ਪੱਧਰੀ ਯੋਗਾ ਮੁਕਾਬਲੇ ਲਈ ਚੁਣਿਆ ਗਿਆ ਹੈ, ਜਿੱਥੇ ਉਹ ਗੁਰਦਾਸਪੁਰ ਜ਼ਿਲ੍ਹੇ ਦੀ ਨੁਮਾਇੰਦਗੀ ਕਰੇਗੀ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥਣ, ਉਸ ਦੇ ਮਾਪਿਆਂ ਅਤੇ ਕੋਚ ਯੋਗਾਚਾਰੀਆ ਵਿਨੈ ਪੁਸ਼ਕਰਨਾ ਨੂੰ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

# ਭਾਜਪਾ ਵੱਲੋਂ ਕਾਨਫਰੰਸ ਸੰਬੰਧੀ ਉੱਪਲ 'ਚ ਮੀਟਿੰਗ



ਬਿਆਸ (ਪਰਮਜੀਤ ਸਿੰਘ ਰੱਖੜਾ) ਭਾਜਪਾ ਵੱਲੋਂ 'ਸਾਚਾ ਗੁਰ ਲਾਧੋ ਰੇ' ਦਿਵਸ ਮੌਕੇ ਕਰਵਾਈ ਜਾ ਰਹੀ ਕਾਨਫਰੰਸ ਦੀਆਂ ਤਿਆਰੀਆਂ ਸੰਬੰਧੀ ਪਿੰਡ ਉੱਪਲ ਵਿਖੇ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਭਾਜਪਾ ਦੇ ਸੂਬਾ ਸਕੱਤਰ ਮਨਜੀਤ ਸਿੰਘ ਮੰਨਾ, ਜਿਨ੍ਹਾ ਦੀ ਅਗਵਾਈ ਹੇਠ ਭਾਜਪਾ ਪਲੇਠੀ ਕਾਨਫਰੰਸ ਕਰਵਾਉਣ ਜਾ ਰਹੀ ਹੈ, ਉਚੇਚੇ ਤੌਰ 'ਤੇ ਸ਼ਾਮਲ ਹੋਏ। ਮਨਜੀਤ ਸਿੰਘ ਮੰਨਾ ਵੱਲੋਂ ਇਤਿਹਾਸਕ ਨਗਰੀ ਬਾਬਾ ਬਕਾਲਾ ਸਾਹਿਬ ਵਿਖੇ ਮਨਾਏ ਜਾ ਰਹੇ ਪਵਿੱਤਰ ਦਿਹਾੜੇ ਮੌਕੇ ਭਾਰਤੀ ਜਨਤਾ ਪਾਰਟੀ ਵੱਲੋਂ ਕਰਵਾਈ ਜਾ ਰਹੀ ਵਿਸ਼ਾਲ ਕਾਨਫਰੰਸ ਦੀਆਂ ਤਿਆਰੀਆਂ ਨੂੰ ਲੈ ਕੇ ਹਲਕੇ ਅੰਦਰ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ। ਸਰਕਲ ਜਲਾਲਾਬਾਦ ਦੇ ਪਿੰਡ ਉੱਪਲ ਵਿਖੇ ਪਾਰਟੀ ਵਰਕਰਾਂ ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਮੰਨਾ ਨੇ ਕਿਹਾ ਕਿ ਉਹ ਧੰਨਵਾਦੀ ਹਨ, ਜੋ ਹਲਕੇ ਦੀ ਸੰਗਤ ਨੂੰ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਬੇਨਤੀ ਕਰ ਰਹੇ ਹਨ। ਉਨ੍ਹਾ ਕਿਹਾ ਕਿ ਭਾਜਪਾ ਦੀ ਕਾਨਫਰੰਸ ਦੀ ਕਾਮਯਾਬੀ ਵਿੱਚ ਮੇਰੇ ਸਾਥੀਆਂ ਦਾ ਅਹਿਮ ਰੋਲ ਹੋਵੇਗਾ।

ਇਸ ਮੌਕੇ ਸਰਕਲ ਪ੍ਰਧਾਨ ਸਰਬਿੰਦਰ ਸਿੰਘ ਬੌਬੀ, ਜਨਰਲ ਸੈਕਟਰੀ ਰਾਕੇਸ਼ ਟਾਂਗਰੀ, ਪਿੰਦਰ ਸਿੰਘ ਦੌਲੋ ਨੰਗਲ, ਲਾਟ ਬਿਆਸ, ਲਖਬੀਰ ਸਿੰਘ, ਲਵਪ੍ਰੀਤ ਸਿੰਘ, ਸੁਖਜਿੰਦਰ ਸਿੰਘ, ਬਲਕਾਰ ਸਿੰਘ, ਸਰਬਜੀਤ ਸਿੰਘ, ਅਮਰੀਕ ਸਿੰਘ, ਕੁਲਬੀਰ ਸਿੰਘ, ਡਾ. ਜਗਦੀਸ਼ ਸਿੰਘ, ਸਵਰਨ ਸਿੰਘ ਬੋਦੇਵਾਲ, ਹਰਵਿੰਦਰ ਸਿੰਘ ਲਾਡੀ, ਬਲਵਿੰਦਰ ਹੇਠ, ਸੁਰਿੰਦਰ ਲੱਡੂ ਦੌਲੋ ਨੰਗਲ, ਰਵੀ ਟਪਿਆਲਾ, ਹੈਪੀ ਖੱਖ, ਜੋਬਨ ਉੱਪਲ, ਸੁਖਦੇਵ ਸਿੰਘ ਅਤੇ ਹੋਰ ਭਾਜਪਾ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਮਾਤਾ ਜੋਗਿੰਦਰ ਕੌਰ ਨਮਿਤ ਭੋਗ ਤੇ ਅੰਤਮ ਅਰਦਾਸ



ਜੈਂਤੀਪੁਰ (ਸੁਖਬੀਰ ਸਿੱਧੂ)– ਇਤਿਹਾਸਕ ਗੁਰਦੁਆਰਾ ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲੇ ਟਾਹਲੀ ਸਾਹਿਬ ਵਿਖੇ ਉੱਘੇ ਸਮਾਜ ਸੇਵੀ ਲਖਬੀਰ ਸਿੰਘ, ਕਸ਼ਮੀਰ ਸਿੰਘ, ਜਸਬੀਰ ਸਿੰਘ ਦੀ ਮਾਤਾ ਜੋਗਿੰਦਰ ਕੌਰ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੀ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਬੀਰ ਸਿੰਘ ਨੌਰੰਗਾਬਾਦ ਵਾਲਿਆਂ ਦੇ ਕੀਤੀ ਗਈ। ਜਿਸ ਵਿਚ ਇਲਾਕੇ ਦੀਆਂ ਰਾਜਨੀਤਕ ਪਾਰਟੀਆਂ, ਸਮਾਜ ਸੇਵੀ ਸੰਸਥਾਵਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ।

ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਮਜੀਠੀਆ ਦੇ ਸਿਆਸੀ ਸਲਾਹਕਾਰ ਲਖਵੀਰ ਸਿੰਘ ਗਿੱਲ, ਡਾਕਟਰ ਦਲਜੀਤ ਸਿੰਘ ਹੈਪੀ, ਪ੍ਰਧਾਨ ਲਾਭ ਸਿੰਘ ਬੱਗਾ, ਫੌਜੀ ਗੁਰਦੀਪ ਸਿੰਘ,ਗੁਰਜੀਤ ਸਿੰਘ ਟਾਹਲੀ ਸਾਹਿਬ ਕਵਲਜੀਤ ਸਿੰਘ ਸਰਪੰਚ ਟਾਹਲੀ ਸਾਹਿਬ ਆਦਿ ਹਾਜ਼ਰ ਸਨ।

# ਕਲਮ ਛੋੜ ਤੇ ਕੰਪਿਊਟਰ ਬੰਦ ਹੜਤਾਲ ਨਾਲ ਰੋਸ ਪ੍ਰਦਰਸ਼ਨ



ਮਜੀਠਾ (ਸੋਇਮ ਆਨੰਦ)-ਪੰਜਾਬ ਸਟੇਟ ਮਨਿਸਟਰੀਅਲ ਸਰਵਿਸ ਯੂਨੀਅਨ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਸੂਬਾ ਜਨਰਲ ਸਕੱਤਰ ਤਰਸੇਮ ਸਿੰਘ ਭੱਠਲ ਤੇ ਸੂਬਾ ਕਮੇਟੀ ਦੀ ਕਾਲ 'ਤੇ ਸਬ-ਡਵੀਜ਼ਨ ਦਫ਼ਤਰ ਮਜੀਠਾ ਦੇ ਕਰਮਚਾਰੀਆਂ ਨੇ ਵੀਰਵਾਰ ਕਲਮ ਛੱਡ ਕੇ ਤੇ ਕੰਪਿਊਟਰ ਬੰਦ ਕਰਕੇ ਰੋਸ ਰੈਲੀ ਕੀਤੀ। ਇਸ ਰੈਲੀ ਵਿੱਚ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਹਾਜ਼ਰੀ ਵਿੱਚ ਮੁਲਾਜ਼ਮ ਇਕੱਠੇ ਹੋਏ। ਉਨ੍ਹਾਂ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇ ਲਗਾ ਕੇ ਆਪਣੀਆਂ ਲੰਬੇ ਸਮੇਂ ਤੋਂ ਲੰਬਿਤ ਮੰਗਾਂ ਤੁਰੰਤ ਮੰਨਣ ਦੀ ਮੰਗ ਕੀਤੀ।ਡਵੀਜ਼ਨਲ ਪ੍ਰਧਾਨ ਸੁਖਵਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਸਪੱਸ਼ਟ ਕੀਤਾ ਕਿ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਨਾ ਮੰਨਣ ਤੱਕ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਬਾ ਕਮੇਟੀ ਨੇ ਕਲਮ ਛੋੜ ਤੇ ਕੰਪਿਊਟਰ ਬੰਦ ਹੜਤਾਲ ਨੂੰ 21 ਅਗਸਤ ਤੱਕ ਜਾਰੀ ਰੱਖਣ ਦਾ ਫ਼ੈਸਲਾ ਲਿਆ ਹੈ। ਇਸ ਤੋਂ ਬਾਅਦ 22 ਅਗਸਤ ਨੂੰ ਸੂਬਾ ਪੱਧਰੀ ਮੀਟਿੰਗ ਹੋਵੇਗੀ, ਜਿਸ ਵਿੱਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ। ਉਨ੍ਹਾਂ ਭਰੋਸਾ ਦਿਵਾਇਆ ਕਿ ਮੀਟਿੰਗ ਵਿੱਚ ਲਏ ਗਏ ਫ਼ੈਸਲਿਆਂ ਨੂੰ ਹਰ ਪੱਧਰ 'ਤੇ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇਗਾ।ਆਗੂਆਂ ਨੇ ਯਾਦ ਕਰਵਾਇਆ ਕਿ ਸਰਕਾਰ ਨੇ ਸੱਤਾ ਸੰਭਾਲਣ ਤੋਂ ਪਹਿਲਾਂ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ।ਰੈਲੀ ਵਿੱਚ ਯੂਨੀਅਨ ਦੇ ਪ੍ਰਧਾਨ ਸੁਖਵਿੰਦਰ ਸਿੰਘ, ਮੀਤ ਪ੍ਰਧਾਨ ਗੁਰਬਖਸ਼ ਸਿੰਘ, ਸੀਨੀਅਰ ਮੀਤ ਪ੍ਰਧਾਨ ਕਰਤਾਰ ਸਿੰਘ, ਸਕੱਤਰ ਤਲਵਿੰਦਰ ਸਿੰਘ, ਸੰਜੀਵ ਕੁਮਾਰ, ਜਗਜੀਤ ਸਿੰਘ (ਟੀਚਰ ਯੂਨੀਅਨ), ਨਿਰਮਲ ਸਿੰਘ ਨੈਬਕੋਟ, ਸੀਮਾ ਕੁਮਾਰੀ, ਦੀਪਕ ਮਸੀਹ ਤੇ ਹੋਰ ਬਹੁਤ ਸਾਰੇ ਕਰਮਚਾਰੀ ਮੌਜੂਦ ਸਨ।

# ਮਾਨ ਸਰਕਾਰ ਦੇ ਕੰਮਾਂ ਨੇ ਵਿਰੋਧੀਆਂ ਦੀ ਬੋਲਤੀ ਬੰਦ ਕੀਤੀ : ਭੋਏਵਾਲ



ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਰਫ਼ ਵਾਅਦੇ ਨਹੀਂ ਕੀਤੇ, ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਲੋਕਾਂ ਨੂੰ ਉਸ ਦਾ ਸਿੱਧਾ ਲਾਭ ਦਿੱਤਾ ਹੈ। ਵਿਕਾਸ ਕਾਰਜਾਂ ਤੋਂ ਲੈ ਕੇ ਮਾਵਾਂ-ਧੀਆਂ ਸਤਿਕਾਰ ਯੋਜਨਾ, ਰਾਸ਼ਨ ਕਿੱਟਾਂ, ਤੀਰਥ ਯਾਤਰਾ ਯੋਜਨਾ ਅਤੇ ਸਿਹਤ ਸਹੂਲਤਾਂ ਤੱਕ ਸਰਕਾਰ ਵੱਲੋਂ ਚੁੱਕੇ ਜਾ ਰਹੇ ਕਦਮਾਂ ਨੇ ਆਮ ਲੋਕਾਂ ਵਿੱਚ ਭਰੋਸਾ ਪੈਦਾ ਕੀਤਾ ਹੈ। ਇਹੀ ਕਾਰਨ ਹੈ ਕਿ ਅੱਜ ਪੰਜਾਬ ਦੇ ਲੋਕ ਸਰਕਾਰ ਦੇ ਕੰਮਾਂ ਨੂੰ ਆਪਣੇ ਤਜਰਬੇ ਨਾਲ ਦੇਖ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮਜੀਠਾ-02 ਦੇ ਚੇਅਰਮੈਨ ਸਿਕੰਦਰ ਸਿੰਘ ਭੋਏਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਵਿਕਾਸ ਕਾਰਜਾਂ ਨੇ ਨਵੀਂ ਰਫ਼ਤਾਰ ਫੜੀ ਹੈ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਭੋਏਵਾਲ ਨੇ ਕਿਹਾ ਕਿ ਤਲਬੀਰ ਸਿੰਘ ਗਿੱਲ ਵੱਲੋਂ ਪਿੰਡ-ਪਿੰਡ ਅਤੇ ਲੋਕਾਂ ਦੇ ਵਿਚਕਾਰ ਜਾ ਕੇ ਕੀਤੀਆਂ ਜਾ ਰਹੀਆਂ ਲੋਕ ਮਿਲਣੀਆਂ ਸਿਰਫ਼ ਰਸਮੀ ਪ੍ਰੋਗਰਾਮ ਨਹੀਂ ਹਨ, ਬਲਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨ ਦਾ ਜ਼ਰੀਆ ਹਨ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਵਿੱਚ ਤਲਬੀਰ ਸਿੰਘ ਗਿੱਲ ਦੀ ਸਰਗਰਮੀ ਕਾਰਨ ਵਿਕਾਸ ਕਾਰਜਾਂ ਨੂੰ ਹੁਲਾਰਾ ਮਿਲਿਆ ਹੈ ਅਤੇ ਸਰਕਾਰੀ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਮੈਦਾਨ ਵਿੱਚ ਡਟੇ ਰਹਿਣ ਵਾਲੀ ਇਹ ਪਹੁੰਚ ਹੀ ਤਲਬੀਰ ਸਿੰਘ ਗਿੱਲ ਨੂੰ ਲੋਕਾਂ ਨਾਲ ਜੋੜਦੀ ਹੈ। ਚੇਅਰਮੈਨ ਭੋਏਵਾਲ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਹਲਕਾ ਮਜੀਠਾ ਦੀ ਜ਼ਿੰਮੇਵਾਰੀ ਤਲਬੀਰ ਸਿੰਘ ਗਿੱਲ ਨੂੰ ਸੌਂਪਣਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰ ਰਿਹਾ ਹੈ। ਉਨ੍ਹਾਂ ਕਿਹਾ ਕਿ ਹੁਣ ਹਲਕੇ ਵਿੱਚ ਵਿਕਾਸ ਦੇ ਮੁੱਦੇ 'ਤੇ ਸਿਆਸਤ ਕਰਨ ਦੀ ਬਜਾਏ ਕੰਮ ਕਰਕੇ ਜਵਾਬ ਦੇਣ ਦਾ ਦੌਰ ਸ਼ੁਰੂ ਹੋ ਗਿਆ ਹੈ। ਆਉਣ ਵਾਲੇ ਸਮੇਂ ਵਿੱਚ ਹਲਕਾ ਮਜੀਠਾ ਦੇ ਵਿਕਾਸ ਕਾਰਜਾਂ ਦੀ ਰਫ਼ਤਾਰ ਹੋਰ ਤੇਜ਼ ਕਰਨ ਅਤੇ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦਿਵਾਉਣ ਲਈ ਯਤਨ ਜਾਰੀ ਰਹਿਣਗੇ।

# ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)– ਗੁਰਦਾਸਪੁਰ ਪੁਲਸ ਨੇ ਦੋ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਥਾਣਾ ਦੀਨਾਨਗਰ ਦੇ ਤਫਤੀਸ਼ੀ ਅਫਸਰ ਏ.ਐਸ.ਆਈ. ਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣੀ ਬੰਦ ਤਹਿਸੀਲ ਦੀਨਾਨਗਰ ਤੋਂ ਰੋਕੀ ਪੁੱਤਰ ਬਲਦੇਵ ਸਿੰਘ ਵਾਸੀ ਅਵਾਂਖਾ ਜੋ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਮੌਕੇ 'ਤੇ ਇਕ ਸਿਲਵਰ ਪੇਪਰ ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਦੀਨਾਨਗਰ ਦੇ ਐਸ.ਆਈ. ਵਰਿੰਦਰਪਾਲ ਨੇ ਸਮੇਤ ਪੁਲਸ ਪਾਰਟੀ ਦਾਨਾ ਮੰਡੀ ਪਨਿਆੜ ਤੋਂ ਅੰਸ਼ ਪੁੱਤਰ ਵਿਨੋਦ ਕੁਮਾਰ ਵਾਸੀ ਭੂਸ਼ਨਪੁਰਾ ਅੰਮ੍ਰਿਤਸਰ ਨੂੰ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 100 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਦੀਨਾਨਗਰ ਪੁਲਿਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਬੈਡਮਿੰਟਨ ਦੇ ਜ਼ਿਲ੍ਹਾ ਪੱਧਰੀ ਮੈਚ 'ਚ ਗੁਰਦਾਸਪੁਰ ਜ਼ੋਨ ਨੇ ਪ੍ਰਾਪਤ ਕੀਤਾ ਪਹਿਲਾ ਸਥਾਨ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-77ਵੀਂ ਜ਼ਿਲ੍ਹਾ ਸਕੂਲ ਖੇਡਾਂ 2026-27 ਦੇ ਬੈਡਮਿੰਟਨ ਅੰਡਰ 17 ਵਰਗ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਮੈਚ ਜੀ.ਐਸ.ਅਕਾਦਮੀ ਬਾਈਪਾਸ ਰੋਡ ਵਿਖੇ ਜ਼ਿਲ੍ਹਾ ਕੋਆਰਡੀਨੇਟਰ ਅਨੀਤਾ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਵਿਭਾਗ ਦੇ ਆਫੀਸ਼ਿਅਲ ਕੁਲਵੰਤ ਸਿੰਘ, ਸੁਖਵਿੰਦਰ ਕੌਰ ਡੀ ਪੀ ਅਤੇ ਸੁਨੀਲ ਕੁਮਾਰ ਅਤਰੀ ਪੀ ਟੀ ਟੀ ਦੀ ਅਗਵਾਈ ਵਿਚ ਕਰਵਾਈ ਗਏ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਸੀਨੀਅਰ ਆਪ ਆਗੂ ਸਿਮਰਜੀਤ ਸਿੰਘ ਉਰਫ ਸਾਬ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋ ਕੇ ਜਿਥੇ ਖਿਡਾਰਣਾਂ ਨਾਲ ਜਾਣ ਪਹਿਚਾਣ ਕੀਤੀ ਉਥੇ ਹੀ ਵਿਜੇਤਾ ਖਿਡਾਰਣਾਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਇਨ੍ਹਾ ਮੁਕਾਬਲਿਆ ਵਿੱਚ ਜ਼ਿਲ੍ਹਾ ਦੇ 8 ਜ਼ੋਨਾਂ ਬਟਾਲਾ, ਦੀਨਾਨਗਰ, ਹਰਚੋਵਾਲ, ਕੋਟਲੀ ਸੂਰਤ ਮੱਲੀ, ਧਾਰੀਵਾਲ, ਤਿਬੜ, ਘਣੀਏ ਕੇ ਬਾਂਗਰ ਤੇ ਗੁਰਦਾਸਪੁਰ ਦੀਆਂ ਟੀਮਾ ਨੇ ਭਾਗ ਲਿਆ। ਇਸ ਮੌਕੇ ਆਪ ਆਗੂ ਸਿਮਰਜੀਤ ਸਿੰਘ ਉਰਫ ਸਾਬ ਨੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਕੋਸ਼ਿਸ਼ ਕਰ ਰਹੀ ਹੈ ਅਤੇ ਖਿਡਾਰੀਆਂ ਨੂੰ ਸੁੱਖ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਪਿੰਡਾਂ ਤੱਕ ਖੇਡ ਸਮਾਨ ਪਹੁੰਚਾ ਕੇ ਸਰਕਾਰ ਖੇਡਾਂ ਨੂੰ ਪ੍ਰਫੁਲਿਤ ਕਰਨਾ ਚਾਹੁੰਦੀ ਹੈ। ਉਨ੍ਹਾ ਖਿਡਾਰੀਆਂ ਨੂੰ ਭਰੋਸਾ ਦਿੱਤਾ ਕਿ ਖੇਡਾਂ ਵਿੱਚ ਉਨ੍ਹਾ ਨੂੰ ਕਿਸੇ ਤਰ੍ਹਾ ਦੀ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਜ਼ਿਲ੍ਹਾ ਕੋਆਰਡੀਨੇਟਰ ਮੈਡਮ ਅਨੀਤਾ ਨੇ ਦੱਸਿਆ ਕਿ ਅੱਜ ਹੋਏ ਜ਼ਿਲ੍ਹਾ ਪੱਧਰੀ ਮੁਕਾਬਲੇ ਵਿੱਚ ਗੁਰਦਾਸਪੁਰ ਪਹਿਲੇ, ਬਟਾਲਾ ਦੂਸਰੇ ਜਦਕਿ ਕੋਟਲੀ ਸੂਰਤ ਮੱਲੀ ਤੇ ਤਿੱਬੜ ਜ਼ੋਨ ਤੀਸਰੇ ਸਥਾਨ 'ਤੇ ਰਿਹਾ। ਇਸ ਮੌਕੇ ਬੈਡਮਿੰਟਨ ਕੋਚ ਅਮਿਤ ਸਮੇਤ ਹੋਰ ਪ੍ਰਮੁੱਖ ਲੋਕ ਵੀ ਹਾਜ਼ਰ ਸਨ।

# ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ ਦੀ ਮੀਟਿੰਗ

## ਤਲਵੰਡੀ ਸਲੇਮ ਵਿਖੇ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ 'ਤੇ ਕਬਜ਼ੇ ਦੀ ਕੋਸ਼ਿਸ਼ ਦੀ ਨਿਖੇਧੀ

**ਸ਼ਾਹਕੋਟ (ਗਿਆਨ ਸੈਦਪੁਰੀ)**- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ ਦੀ ਅਹਿਮ ਮੀਟਿੰਗ ਸੁਸਾਇਟੀ ਦੇ ਦਫ਼ਤਰ ਅੱਪੂ ਆਰਟ ਪ੍ਰੈੱਸ ਸ਼ਾਹਕੋਟ ਵਿਖੇ ਹੋਈ। ਇਸ ਮੀਟਿੰਗ ਵਿਚ ਸਭ ਤੋਂ ਪਹਿਲਾਂ ਸੁਸਾਇਟੀ ਦੇ ਮੈਂਬਰ ਹਰਪ੍ਰੀਤ ਸਿੰਘ ਸਿੰਧੜ ਦੇ ਪਿਤਾ ਪ੍ਰੋ. ਗੁਰਚਰਨ ਸਿੰਘ ਸਿੰਧੜ ਦੀ ਬੀਤੇ ਦਿਨ ਅਮਰੀਕਾ ਵਿਚ ਹੋਈ ਮੌਤ 'ਤੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ੋਕ ਮਤਾ ਪਾਸ ਕੀਤਾ ਗਿਆ। ਇਸ ਉਪਰੰਤ ਇਨਕਲਾਬੀ ਕਵੀ ਅਵਤਾਰ ਪਾਸ਼ ਦੇ ਪਿੰਡ ਤਲਵੰਡੀ ਸਲੇਮ ਵਿਖੇ ਸਥਿਤ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਵਿਚ ਕਥਿਤ ਤੌਰ 'ਤੇ ਕੀਤੀ ਗਈ ਕਬਜ਼ਾ ਕਰਨ ਦੀ ਕੋਸ਼ਿਸ਼ ਖ਼ਿਲਾਫ਼ ਮਤਾ ਪਾਸ ਕੀਤਾ ਗਿਆ। ਇਸ ਮੌਕੇ ਉਕਤ ਯਾਦਗਾਰ ਅੰਦਰ ਕਬਜ਼ਾ ਕਰਨ ਦੀ ਨੀਅਤ ਨਾਲ ਲਾਏ ਗਏ ਪੰਘੂੜਿਆਂ ਅਤੇ ਓਪਨ ਜਿੰਮ ਨੂੰ ਹਟਾਉਣ ਲਈ ਚੱਲ ਰਹੇ ਸੰਘਰਸ਼ ਵਿਚ ਸੁਸਾਇਟੀ ਵੱਲੋਂ ਪੂਰਾ ਸਹਿਯੋਗ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ 9 ਸਤੰਬਰ ਨੂੰ ਤਲਵੰਡੀ ਸਲੇਮ ਵਿਖੇ ਅਵਤਾਰ ਪਾਸ਼ ਦੇ 76ਵੇਂ ਜਨਮਦਿਨ ਮੌਕੇ ਕਰਵਾਏ ਜਾਣ ਵਾਲੇ ਸਮਾਗਮ



ਵਿਚ ਵੱਧ ਤੋਂ ਵੱਧ ਗਿਣਤੀ ਵਿਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਪਾਸ਼ ਯਾਦਗਾਰੀ ਕੌਮਾਂਤਰੀ ਟਰੱਸਟ ਵੱਲੋਂ ਯਾਦਗਾਰੀ ਕੰਪਲੈਕਸ ਦਾ ਪਹਿਲਾ ਸਰੂਪ ਬਹਾਲ ਕਰਨ, ਯਾਦਗਾਰ ਦੀ ਮਾਲਕੀ ਸਰਕਾਰੀ ਤੌਰ 'ਤੇ ਟਰੱਸਟ ਦੇ ਨਾਂਅ ਕਰਨ ਅਤੇ ਇਸ ਜਗ੍ਹਾ ਨੂੰ ਸਰਕਾਰੀ ਤੌਰ 'ਤੇ ਪਾਸ਼-ਹੰਸ ਰਾਜ ਯਾਦਗਾਰ ਵਜੋਂ ਐਲਾਨਣ ਲਈ ਕੀਤੀ ਜਾ ਰਹੀ ਮੰਗ ਨੂੰ ਪੂਰਨ ਹਮਾਇਤ ਅਤੇ ਸਹਿਯੋਗ ਦੇਣ ਦਾ ਐਲਾਨ ਵੀ ਕੀਤਾ ਗਿਆ। ਮੀਟਿੰਗ ਦੌਰਾਨ ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਡਾ. ਨਰਿੰਦਰ ਦਭੋਲਕਰ ਦੀ ਯਾਦ ਵਿਚ ਤਰਕਸ਼ੀਲ ਭਵਨ ਬਰਨਾਲਾ ਵਿਚ 21 ਤੋਂ 23 ਅਗਸਤ ਤੱਕ ਲਗਾਏ ਜਾ ਰਹੇ ਪੁਸਤਕ ਮੇਲੇ ਅਤੇ ਤਿੰਨੋਂ ਦਿਨ ਚੱਲਣ ਵਾਲੇ ਵੱਖ ਵੱਖ ਵਿਸ਼ਿਆਂ 'ਤੇ ਵਿਚਾਰ ਚਰਚਾਵਾਂ, ਨਾਟਕਾਂ ਅਤੇ ਮੁਕਾਬਲਿਆਂ ਵਰਗੀਆਂ ਗਤੀਵਿਧੀਆਂ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਸ਼ਾਹਕੋਟ ਇਕਾਈ ਵੱਲੋਂ 27 ਸਤੰਬਰ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ 'ਤੇ ਸ਼ਾਹਕੋਟ ਵਿਚ ਸੈਮੀਨਾਰ ਕਰਵਾਉਣ ਅਤੇ ਮਸ਼ਾਲ ਮਾਰਚ ਕੱਢਣ ਸਬੰਧੀ ਚਰਚਾ ਕੀਤੀ ਗਈ ਅਤੇ ਸਾਲਾਨਾ ਤਰਕਸ਼ੀਲ ਮੇਲੇ ਦੀ ਰੂਪਰੇਖਾ ਉਲੀਕਣ ਸਬੰਧੀ ਵੀ ਸਲਾਹ ਮਸ਼ਵਰਾ ਕੀਤਾ ਗਿਆ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਸੁਸਾਇਟੀ ਦੇ ਸੂਬਾ ਕਮੇਟੀ ਮੈਂਬਰ ਸੁਖਵਿੰਦਰ ਬਾਗਪੁਰ, ਅਮਨਦੀਪ ਸਿੰਘ, ਪਾਲ ਬਾਗਪੁਰ, ਗੁਰਦੇਵ ਸਿੰਘ ਨਵਾਂ ਕਿਲਾ, ਜਿੰਦਰ ਬਾਗਪੁਰ, ਗੁਰਮੀਤ ਸਿੰਘ ਕੋਟਲੀ, ਬਿੱਟੂ ਰੂਪੇਵਾਲੀ, ਦੇਸ ਰਾਜ ਜਾਫ਼ਰਵਾਲ, ਡਾ. ਰੇਸ਼ਮ ਸਿੰਘ ਰੂਪੇਵਾਲੀ, ਡਾ. ਨਗਿੰਦਰ ਸਿੰਘ ਬਾਂਸਲ ਆਦਿ ਹਾਜ਼ਰ ਸਨ।

# ਸੜਕ ਹਾਦਸੇ 'ਚ ਔਰਤ ਦੀ ਮੌਤ, 3 ਜ਼ਖ਼ਮੀ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਦੇ ਸੁਜੋਵਾਲ ਕੱਟ ਨੇੜੇ ਵਾਪਰੇ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਔਰਤ ਦੀ ਮੌਤ ਹੋ ਗਈ, ਜਦਕਿ ਤਿੰਨ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ ਪੁਲਸ



ਮੌਕੇ 'ਤੇ ਪਹੁੰਚੀ ਅਤੇ ਘਟਨਾ ਦੀ ਜਾਂਚ ਸ਼ੁਰੂ ਕਰ ਦਿੱਤੀ। ?ਪ੍ਰਾਪਤ ਜਾਣਕਾਰੀ ਅਨੁਸਾਰ, ਇੱਕ ਸਵਿਫਟ ਕਾਰ ਜਿਸ ਨੂੰ ਕਸ਼ਮੀਰੀ ਲਾਲ ਵਾਸੀ ਰਾਮ ਨਗਰ (ਬਲਾਚੌਰ) ਚਲਾ ਰਿਹਾ ਸੀ, ਰੋਪੜ ਤੋਂ ਬਲਾਚੌਰ ਵੱਲ ਆ ਰਹੀ ਸੀ। ਜਦੋਂ ਕਾਰ ਸੁਜੋਵਾਲ ਕੱਟ ਨੇੜੇ ਪਹੁੰਚੀ ਅਤੇ ਕੱਟ ਤੋਂ ਮੋੜਨ ਲੱਗੀ ਤਾਂ ਪਿੱਛੋਂ ਆ ਰਹੀ ਇੱਕ ਹੋਰ ਸਵਿਫਟ ਕਾਰ ਜਿਸ ਨੂੰ ਸਤਵੀਰ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਮੱਖੋਵਾਲ ਚਲਾ ਰਿਹਾ ਸੀ, ਉਸ ਨਾਲ ਟਕਰਾ ਗਈ। ?ਟੱਕਰ ਤੋਂ ਬਾਅਦ ਸਤਵੀਰ ਸਿੰਘ ਦੀ ਕਾਰ ਬੇਕਾਬੂ ਹੋ ਕੇ ਅੱਗੇ ਜਾ ਰਹੇ ਹੀਰੋ ਸਪਲੈਂਡਰ ਮੋਟਰਸਾਈਕਲ ਨਾਲ ਜਾ ਟਕਰਾਈ। ਮੋਟਰਸਾਈਕਲ 'ਤੇ ਯੋਗਰਾਜ ਸਿੰਘ ਸਮੇਤ ਤਿੰਨ ਵਿਅਕਤੀ ਸਵਾਰ ਸਨ, ਜੋ ਹਾਦਸੇ ਵਿੱਚ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ। ?ਰਾਹਗੀਰਾਂ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਤੁਰੰਤ ਸੂਰੀ ਹਸਪਤਾਲ, ਬਲਾਚੌਰ ਪਹੁੰਚਾਇਆ ਗਿਆ। ਹਸਪਤਾਲ ਵਿੱਚ ਇਲਾਜ ਦੌਰਾਨ ਯੋਗਰਾਜ ਸਿੰਘ ਦੀ ਪਤਨੀ ਇੰਦਰਜੀਤ ਕੌਰ (ਵਾਸੀ ਮੋਹਰਾਂ) ਦੀ ਮੌਤ ਹੋ ਗਈ, ਜਦਕਿ ਬਾਕੀ ਜ਼ਖ਼ਮੀਆਂ ਦਾ ਇਲਾਜ ਜਾਰੀ ਹੈ। ਮੌਕੇ 'ਤੇ ਰਿਕਵਰੀ ਵਾਹਨ ਬੁਲਾ ਕੇ ਹਾਦਸਾਗ੍ਰਸਤ ਵਾਹਨਾਂ ਨੂੰ ਸੜਕ ਤੋਂ ਹਟਾਇਆ ਗਿਆ ਤੇ ਆਵਾਜਾਈ ਸੁਚਾਰੂ ਰੂਪ ਨਾਲ ਬਹਾਲ ਕਰਵਾਈ ਗਈ। ?ਘਟਨਾ ਦੀ ਅਗਲੇਰੀ ਕਾਰਵਾਈ ਲਈ ਸਿਟੀ ਬਲਾਚੌਰ ਦੇ ਡਿਊਟੀ ਅਫ਼ਸਰ ਏ.ਐਸ.ਆਈ. ਨਰੇਸ਼ ਕੁਮਾਰ ਮੌਕੇ 'ਤੇ ਪਹੁੰਚੇ ਅਤੇ ਮਾਮਲਾ ਆਪਣੇ ਹੱਥ ਵਿੱਚ ਲਿਆ। ਪੁਲਸ ਵੱਲੋਂ ਹਾਦਸੇ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਅਨੂੰਰੀਤ ਪਾਲ ਕੌਰ 'ਅਪਰਾਜੀਤਾ 2026' ਨਾਲ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)** ਔਰਤ-ਸ਼ਕਤੀ ਨੂੰ ਸਲਾਮ ਕਰਦੇ ਵਿਸ਼ੇਸ਼ ਸਨਮਾਨ ਸਮਾਰੋਹ 'ਸਨਮਾਰਗ ਅਪਰਾਜੀਤਾ 2026' ਦਾ ਆਯੋਜਨ ਬੰਗਾਲ ਐਨਰਜੀ ਵੱਲੋਂ ਕੋਲਕਾਤਾ ਦੇ ਜੇ.ਡਬਲਿਊ. ਮੈਰੀਅਟ



ਹੋਟਲ ਵਿਖੇ ਕੀਤਾ ਗਿਆ।ਇਸ ਸਮਾਰੋਹ ਦੌਰਾਨ ਦੇਸ਼ ਭਰ ਵਿੱਚ ਵੱਖ-ਵੱਖ ਖੇਤਰਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੀਆਂ ਸੱਤ ਪ੍ਰਮੁੱਖ ਮਹਿਲਾ ਸ਼ਖ਼ਸੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਇਨ੍ਹਾਂ ਸੱਤ ਵਿਸ਼ੇਸ਼ ਸ਼ਖ਼ਸੀਅਤਾਂ ਵਿੱਚ ਪੰਜਾਬ ਅਤੇ ਚੰਡੀਗੜ੍ਹ ਤੋਂ ਲੋਕ ਸਾਜ਼ ਅਤੇ ਸੰਗੀਤ ਦੇ ਖੇਤਰ ਵਿੱਚ ਵਿਲੱਖਣ ਯੋਗਦਾਨ ਪਾਉਣ ਵਾਲੀ ਅਨੂੰਰੀਤ ਪਾਲ ਕੌਰ ਨੂੰ 'ਮਿਊਜ਼ਿਕ ਜਿਊਰੀ ਅਪਰਾਜੀਤਾ 2026' ਸਨਮਾਨ ਲਈ ਚੁਣਿਆ ਗਿਆ।ਜ਼ਿਕਰਯੋਗ ਹੈ ਕਿ ਅਨੂੰਰੀਤ ਪਾਲ ਕੌਰ ਰੰਗਕਰਮੀ ਤੇ ਅਦਾਕਾਰ ਨਰਿੰਦਰ ਨੀਨਾ ਅਤੇ ਅਦਾਕਾਰਾ ਸੁਖਬੀਰ ਪਾਲ ਦੀ ਸਪੁੱਤਰੀ ਹੈ, ਜੋ ਲੋਕ ਸਾਜ਼ ਅਲਗੋਜ਼ਾ ਵਾਦਨ ਦੇ ਪਿੜ ਵਿੱਚ ਪਹਿਲੀ ਲੜਕੀ ਵਜੋਂ ਨਿੱਤਰੀ। ਅਨੂੰਰੀਤ ਪਾਲ ਕੌਰ ਨੇ ਅਲੋਪ ਹੋ ਰਹੇ ਪੰਜਾਬੀ ਲੋਕ ਸਾਜ਼ ਅਲਗੋਜ਼ੇ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਇਆ ਹੈ।ਅਲਗੋਜ਼ਾ ਵਾਦਨ ਦੇ ਖੇਤਰ ਵਿੱਚ ਉਸ ਦੀਆਂ ਪ੍ਰਾਪਤੀਆਂ ਨੇ ਨਾ ਸਿਰਫ਼ ਪੰਜਾਬੀ ਲੋਕ ਸਾਜ਼ਾਂ ਦੀ ਵਿਰਾਸਤ ਨੂੰ ਨਵੀਂ ਪਛਾਣ ਦਿੱਤੀ ਹੈ, ਸਗੋਂ ਮਹਿਲਾਵਾਂ ਲਈ ਵੀ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਅਨੂੰਰੀਤ ਪਾਲ ਕੌਰ ਦਾ ਨਾਮ ਇੰਡੀਆ ਬੁੱਕ ਆਫ਼ ਰਿਕਾਰਡਜ਼ ਵਿੱਚ ਦਰਜ ਹੈ। ਇਸ ਤੋਂ ਇਲਾਵਾ ਉਹ ਭਾਰਤ ਸਰਕਾਰ ਵੱਲੋਂ ਦਿੱਤੇ ਜਾਂਦੇ ਪ੍ਰਤਿਸ਼ਠਿਤ ਉਸਤਾਦ ਬਿਸਮਿਲਾਹ ਖ਼ਾਨ ਯੁਵਾ ਪੁਰਸਕਾਰ ਸਮੇਤ ਕਈ ਵੱਕਾਰੀ ਸਨਮਾਨ ਪ੍ਰਾਪਤ ਕਰ ਚੁੱਕੀ ਹੈ।ਨਰਿੰਦਰ ਨੀਨਾ ਨੇ ਕਿਹਾ ਕਿ 'ਅਪਰਾਜੀਤਾ 2026' ਸਨਮਾਨ ਮਿਲਣ 'ਤੇ ਪੰਜਾਬੀ ਲੋਕ ਸੰਗੀਤ ਅਤੇ ਲੋਕ ਸਾਜ਼ ਪ੍ਰੇਮੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਇਹ ਸਨਮਾਨ ਅਨੂੰਰੀਤ ਪਾਲ ਕੌਰ ਦੀ ਨਿੱਜੀ ਪ੍ਰਾਪਤੀ ਦੇ ਨਾਲ-ਨਾਲ ਪੰਜਾਬ ਦੀ ਅਮੀਰ ਲੋਕ ਸੰਗੀਤਕ ਵਿਰਾਸਤ ਅਤੇ ਅਲਗੋਜ਼ਾ ਵਾਦਨ ਦੀ ਪਰੰਪਰਾ ਲਈ ਵੀ ਮਾਣ ਵਾਲੀ ਗੱਲ ਹੈ।

# ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਬੰਦ ਦਾ ਜ਼ੋਰਦਾਰ ਸਮਰਥਨ

**ਜੈਂਤੀਪੁਰ (ਸੁਖਬੀਰ ਸਿੱਧੂ)**- ਪ੍ਰਧਾਨ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ ਸੰਸਥਾ ਪੰਜਾਬ ਨੇ ਬੰਦੀ ਸਿੰਘਾਂ ਦੀ ਰਿਹਾਈ ਲਈ 21 ਅਗਸਤ ਨੂੰ



ਹਵਾਰਾ ਕਮੇਟੀ ਵੱਲੋਂ ਪੰਜਾਬ ਬੰਦ ਦਾ ਜੋ ਸੱਦਾ ਦਿੱਤਾ ਗਿਆ ਹੈ ਉਸ ਦਾ ਜ਼ੋਰਦਾਰ ਸਮਰਥਨ ਕਰਦਿਆਂ ਕਿਹਾ ਕਿ ਅਮਨ ਸ਼ਾਂਤੀ ਨਾਲ ਪੰਜਾਬ ਬੰਦ ਕਰਕੇ ਰੋਸ ਦਾ ਪ੍ਰਗਟਾਵਾ ਵੱਖ ਵੱਖ ਕਸਬਿਆਂ ਪਿੰਡਾਂ ਸ਼ਹਿਰਾਂ ਵਿੱਚ ਕੀਤਾ ਜਾਵੇ।ਵੱਖ ਵੱਖ ਜੇਲ੍ਹਾਂ ਵਿੱਚ ਆਪਣੀਆਂ ਸਜ਼ਾਵਾਂ ਪੂਰੀਆ ਹੋਣ 'ਤੇ ਕਈ ਸਿੰਘਾਂ ਨੂੰ ਨਾ ਪੈਰੋਲ ਦੇਣਾ, ਨਾ ਹੀ ਰਿਹਾਅ ਕਰਨਾ ਗੈਰ ਸੰਵਿਧਾਨਕ ਹੈ।ਜਦ ਦੂਜੇ ਪਾਸੇ ਕਾਤਲ ਤੇ ਬਲਾਤਕਾਰ ਦੋਸ਼ੀ ਰਾਮ ਰਹੀਮ ਨੂੰ ਵੱਖ ਵੱਖ ਪੈਰੋਲਾਂ ਦੇ ਕੇ ਬਾਹਰ ਕੱਢਿਆ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜੋ ਭਾਈ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ ਦੇਣ ਲਈ ਪੰਜਾਬ ਦੇ ਗਵਰਨਰ ਤੇ ਪ੍ਰਧਾਨ ਮੰਤਰੀ ਮੋਦੀ ਨੂੰ ਪੱਤਰ ਲਿਖ ਕੇ ਪੈਰੋਲ 10 ਦਿਨ ਦੀ ਮੰਗ ਕਰਨਾ ਸ਼ਲਾਘਾਯੋਗ ਹੈ। ਬੰਦੀ ਸਿੰਘਾਂ ਦੀ ਰਿਹਾਈ ਤੁਰੰਤ ਹੋਣੀ ਚਾਹੀਦੀ ਹੈ।



# ਆਮ ਆਦਮੀ ਕਲੀਨਿਕ ਲਈ ਏ ਸੀ ਕੀਤਾ ਦਾਨ

**ਫਗਵਾੜਾ (ਡਾ. ਰਮਨ)**- ਪ੍ਰਿੰਸੀਪਲ ਗੁਰਮੀਤ ਸਿੰਘ ਪਲਾਹੀ ਦੀ ਪ੍ਰੇਰਨਾ ਸਦਕਾ ਐਨ ਆਰ ਆਈ ਵੀਰ ਪੰਮਾ ਸੱਲ੍ਹ, ਸੰਤੋਖ ਸੱਲ੍ਹ, ਸੁਖਵਿੰਦਰ ਸੱਲ੍ਹ, ਗੁਰਮੀਤ ਸਿੰਘ ਆਦਿ ਨੇ ਪਿੰਡ ਪਲਾਹੀ ਵਿਖੇ ਸਥਿਤ ਆਮ ਆਦਮੀ ਕਲੀਨਿਕ ਜਿੱਥੇ ਆਉਣ ਵਾਲੇ ਮਰੀਜ਼ਾਂ ਨੂੰ ਅੰਤ ਦੀ ਪੈ ਰਹੀ ਗਰਮੀ ਕਾਰਣ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਵਿਖੇ ਏ ਸੀ ਲਗਵਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਪੀ ਐਚ ਸੀ ਪਾਂਸ਼ਟ ਡਾ ਸਰਬਜੀਤ ਸਿੰਘ ਆਮ ਆਦਮੀ ਕਲੀਨਿਕ ਦੇ ਡਾਕਟਰ ਹਰਲੀਨ ਵਾਲੀਆ, ਐੱਸ ਆਈ ਗੁਰਮੇਲ ਸਿੰਘ, ਐੱਲ ਐੱਚ ਵੀ ਪ੍ਰੋਮਿਲਾ ਦੇਵੀ, ਕੋਮਲ, ਪ੍ਰੀਤੀ, ਜਸਪ੍ਰੀਤ ਅਤੇ ਹੋਰ ਸਟਾਫ ਨੇ ਐਨ ਆਰ ਆਈ ਵੀਰਾ ਵੱਲੋਂ ਕੀਤੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਕੇ ਧੰਨਵਾਦ ਕੀਤਾ।

# ਜੀ ਐੱਨ ਡੀ ਯੂ ਕਾਲਜ ਦੇ ਵਿਦਿਆਰਥੀ ਨੇ 'ਵਰਸਿਟੀ 'ਚ ਹਾਸਲ ਕੀਤਾ ਪਹਿਲਾ ਸਥਾਨ

**ਜਲੰਧਰ**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਲੱਧੇਵਾਲੀ ਰੋਡ ਜਲੰਧਰ ਦੇ ਬੀ.ਵੋਕ. ਜਰਨਲਿਜ਼ਮ ਐਂਡ ਫੋਟੋਗ੍ਰਾਫੀ ਪ੍ਰੋਗਰਾਮ ਦੇ ਵਿਦਿਆਰਥੀ ਯਤੀਰਾਜ ਭਗੋਤਰਾ ਨੇ ਆਪਣੀ ਸ਼ਾਨਦਾਰ ਅਕਾਦਮਿਕ ਕਾਰਗੁਜ਼ਾਰੀ ਨਾਲ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਯਤੀਰਾਜ ਭਗੋਤਰਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਇਸ ਪ੍ਰੋਗਰਾਮ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਕਾਲਜ ਅਤੇ ਪਰਿਵਾਰ ਦਾ ਨਾਮ ਰੌਸ਼ਨ ਕੀਤਾ ਹੈ। ਯਤੀਰਾਜ ਭਗੋਤਰਾ, ਵਿਜੇ ਕੁਮਾਰ ਭਗੋਤਰਾ ਦੇ ਸਪੁੱਤਰ ਹਨ ਅਤੇ ਉਹ ਸਾਲ 2021 ਤੋਂ 2024 ਦੇ ਬੈਚ ਦੇ ਵਿਦਿਆਰਥੀ ਰਹੇ ਹਨ। ਆਪਣੇ ਪੂਰੇ ਕੋਰਸ ਦੌਰਾਨ ਯਤੀਰਾਜ ਨੇ ਪੜ੍ਹਾਈ ਪ੍ਰਤੀ ਲਗਨ, ਨਿਰੰਤਰ ਮਿਹਨਤ ਅਤੇ ਸਮਰਪਣ ਦਾ ਪ੍ਰਦਰਸ਼ਨ ਕੀਤਾ। ਬੀ ਵੋਕ ਜਰਨਲਿਜ਼ਮ ਐਂਡ ਫੋਟੋਗ੍ਰਾਫੀ ਵਰਗੇ ਰਚਨਾਤਮਕ ਅਤੇ ਪੇਸ਼ੇਵਰ ਖੇਤਰ ਨਾਲ ਸੰਬੰਧਤ ਪ੍ਰੋਗਰਾਮ ਵਿੱਚ ਯੂਨੀਵਰਸਿਟੀ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਨਾ ਯਤੀਰਾਜ ਲਈ ਇੱਕ ਮਹੱਤਵਪੂਰਨ ਉਪਲਬਧੀ ਹੈ। ਇਸ ਮੌਕੇ 'ਤੇ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਾਲਜ ਦੇ ਓ ਐੱਸ ਡੀ ਪ੍ਰੋ. (ਡਾ.) ਨਵਜੋਤ ਨੇ ਯਤੀਰਾਜ ਭਗੋਤਰਾ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਖੁਸ਼ੀ ਅਤੇ ਮਾਣ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਯਤੀਰਾਜ ਦੀ ਸਫਲਤਾ ਉਸ ਦੀ ਨਿੱਜੀ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਇਸ ਦੇ ਨਾਲ ਹੀ ਇਹ ਕਾਲਜ ਵੱਲੋਂ ਵਿਦਿਆਰਥੀਆਂ ਵਿੱਚ ਅਕਾਦਮਿਕ ਉੱਤਮਤਾ, ਸਿਰਜਣਾਤਮਕਤਾ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਣ ਪੈਦਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਨੂੰ ਵੀ ਦਰਸਾਉਂਦੀ ਹੈ। ਪ੍ਰੋ. (ਡਾ.) ਨਵਜੋਤ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਅਜਿਹੀਆਂ ਪ੍ਰਾਪਤੀਆਂ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦੀਆਂ ਹਨ। ਉਨ੍ਹਾਂ ਯਤੀਰਾਜ ਦੀ ਸਫਲਤਾ ਨੂੰ ਇੱਕ ਮਿਸਾਲ ਦੱਸਦਿਆਂ ਕਿਹਾ ਕਿ ਮਿਹਨਤ, ਦ੍ਰਿੜ੍ਹ ਇਰਾਦੇ ਅਤੇ ਸਹੀ ਮਾਰਗਦਰਸ਼ਨ ਨਾਲ ਵਿਦਿਆਰਥੀ ਆਪਣੇ ਸੁਪਨਿਆਂ ਨੂੰ ਸਾਕਾਰ ਕਰ ਸਕਦੇ ਹਨ। ਉਨ੍ਹਾਂ ਅਧਿਆਪਕਾਂ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਵਿਦਿਆਰਥੀ ਨੂੰ ਅਕਾਦਮਿਕ ਅਤੇ ਪੇਸ਼ੇਵਰ ਹੁਨਰ ਵਿਕਸਤ ਕਰਨ ਲਈ ਲਗਾਤਾਰ ਮਾਰਗਦਰਸ਼ਨ ਦਿੱਤਾ। ਯਤੀਰਾਜ ਭਗੋਤਰਾ ਨੂੰ ਅਤੇ ਉਸਦੇ ਪਰਿਵਾਰ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਉਸ ਦੇ ਭਵਿੱਖ ਦੇ ਸਫ਼ਰ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ। ਯਤੀਰਾਜ ਭਗੋਤਰਾ ਦੀ ਇਸ ਪ੍ਰਾਪਤੀ ਨੇ ਇਹ ਵੀ ਦਰਸਾਇਆ ਹੈ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਜਲੰਧਰ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਅਤੇ ਆਪਣੀ ਪ੍ਰਤਿਭਾ ਨੂੰ ਨਿਖਾਰਨ ਲਈ ਉਚਿਤ ਮਾਹੌਲ ਪ੍ਰਦਾਨ ਕਰ ਰਿਹਾ ਹੈ।



# ਸੰਤ ਭਾਈ ਸ਼ੇਰ ਸਿੰਘ ਦੀ ਯਾਦ 'ਚ ਸਾਲਾਨਾ ਛਿੰਝ ਮੇਲਾ ਕਰਵਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਸਰਹਾਲਾ ਕਲਾਂ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਇਲਾਕੇ ਦੇ ਸਹਿਯੋਗ ਨਾਲ ਸੰਤ ਭਾਈ ਸ਼ੇਰ ਸਿੰਘ ਮੈਮੋਰੀਅਲ ਸਪੋਰਟਸ ਕਲੱਬ ਸਰਹਾਲਾ ਕਲਾਂ ਵੱਲੋਂ ਸਾਲਾਨਾ ਸ਼ਾਨਦਾਰ ਛਿੰਝ ਮੇਲਾ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਬਲਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਛਿੰਝ ਮੇਲੇ ਵਿੱਚ ਵੱਡੀ ਗਿਣਤੀ ਵਿੱਚ ਨਾਮੀ ਪਹਿਲਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਛਿੰਝ ਮੇਲੇ ਦੌਰਾਨ ਮੁੱਖ ਮਹਿਮਾਨ ਵਜੋਂ ਡਾਕਟਰ ਪਰਵਿੰਦਰ ਸੂਦ ਐਸ ਜੀ ਆਰ ਹਸਪਤਾਲ ਕੋਟ ਫਤੂਹੀ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸ਼ਿਰਕਤ ਕੀਤੀ ਅਤੇ ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ। ਉਨ੍ਹਾਂ ਨਾਲ ਕੁਲਵੰਤ ਸਿੰਘ ਗੁਰੂ ਕੀ ਰਸੋਈ ਫਗਵਾੜਾ, ਡਾਕਟਰ ਕ੍ਰਿਸ਼ਨ ਕੁਮਾਰ ਖਰੈੜ ਅੱਛਰਵਾਲ, ਡਾਕਟਰ ਮਨਪ੍ਰੀਤ ਸਿੰਘ ਕੋਟ ਫਤੂਹੀ, ਡਾਕਟਰ ਮਨਜੋਤ ਸਿੰਘ ਕੋਟ ਫਤੂਹੀ ਵਿਸ਼ੇਸ਼ ਤੌਰ 'ਤੇ ਪੁੱਜ ਕੇ ਸ਼ਿਰਕਤ ਕੀਤੀ।ਪਹਿਲੇ ਨੰਬਰ ਤੇ ਪੱਟਕੇ ਦੀ ਕੁਸ਼ਤੀ ਸਾਹਿਲ ਕੁਹਾਲੀ ਅਤੇ ਦਿਨੇਸ਼ ਗੁਲੀਆ ਵਿਚਕਾਰ ਕੁਸ਼ਤੀ ਕਰਵਾਈ ਗਈ।ਜਿਸ ਵਿੱਚ ਦਿਨੇਸ਼ ਗੁਲੀਆ ਜੇਤੂ ਰਿਹਾ।ਇਸੇ ਤਰ੍ਹਾਂ ਦੋ ਨੰਬਰ ਪੱਟਕੇ ਕੁਸ਼ਤੀ ਗਾਮਾ ਧੁਲੇਤਾ ਅਤੇ ਸ਼ੇਰਾਂ ਲੱਲੀਆ ਵਿਚਕਾਰ ਕਰਵਾਈ ਗਈ।ਜਿਸ ਵਿੱਚ ਗਾਮਾ ਧੁਲੇਤਾ ਜੇਤੂ ਰਿਹਾ।ਇਸੇ ਤਰ੍ਹਾਂ ਤਿੰਨ ਨੰਬਰ ਪੱਟਕੇ ਕੁਸ਼ਤੀ ਅਲੀ ਧੁਲੇਤਾ ਅਤੇ ਜਸ਼ਨ ਫਗਵਾੜਾ ਵਿਚਕਾਰ ਕਰਵਾਈ ਗਈ। ਜਿਸ ਵਿੱਚ ਜਸ਼ਨ ਫਗਵਾੜਾ ਜੇਤੂ ਰਿਹਾ। ਇਸ ਤਰ੍ਹਾਂ ਚਾਰ ਨੰਬਰ ਪੱਟਕੇ ਦੀ ਕੁਸ਼ਤੀ ਜੀਵਾ ਲੱਲੀਆਂ ਅਤੇ ਭਗਤ ਧਲੇਤਾ ਵਿਚਕਾਰ ਕਰਵਾਈ ਗਈ। ਜਿਸ ਵਿੱਚ ਭਗਤ ਧਲੇਤਾ ਜੇਤੂ ਰਿਹਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਪਹਿਲੇ ਨੰਬਰ 'ਤੇ ਪੱਟਕੇ ਕੁਸ਼ਤੀ ਦਿਨੇਸ਼ ਗੁਲੀਆ ਜੇਤੂ ਪਹਿਲਵਾਨ ਨੂੰ ਸਪਲੈਂਡਰ ਮੋਟਰਸਾਈਕਲ ਅਤੇ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।



# ਤੀਆਂ ਦਾ ਤਿਉਹਾਰ ਮਨਾਇਆ

**ਦੁਸਾਂਝ ਕਲਾਂ (ਸੁਰਿੰਦਰਪਾਲ ਕੁੱਕੂ)**:- ਪਿੰਡ ਇੰਦਣਾਂ ਕਲਾਸਕੇ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਂਈ ਬਾਬਾ ਬੁਲੰਦੀ ਸ਼ਾਹ ਜੀ ਕਾਦਰੀ ਦੇ ਦਰਬਾਰ ਸਵ. ਬੀਬੀ ਨਿਰਮਲ ਦੇਵੀ ਦੇ ਅਸਥਾਨ ਵਿਖੇ



ਤੀਆਂ ਧੀਆਂ ਦੀ ਪ੍ਰਬੰਧਕ ਕਮੇਟੀ ਵੱਲੋਂ ਤੀਆਂ ਦਾ ਤਿਉਹਾਰ ਮਨਾਇਆ ਗਿਆ। ਇਸ ਸਮੇਂ ਤੀਆਂ ਧੀਆਂ ਦੇ ਤਿਉਹਾਰ ਦਾ ਉਦਘਾਟਨ ਸਰਪੰਚ ਸ੍ਰੀਮਤੀ ਜਸਵੀਰ ਕੌਰ ਨੇ ਰੀਬਨ ਕੱਟ ਕੇ ਕੀਤਾ। ਇਸ ਸਮੇਂ ਸਰਪੰਚ ਸ੍ਰੀਮਤੀ ਜਸਵੀਰ ਕੌਰ ਨੇ ਦੱਸਿਆ ਕਿ ਪੱਛਮੀ ਪ੍ਰਭਾਵ ਕਾਰਨ ਅੱਜ ਦੀ ਨੌਜਵਾਨ ਪੀੜ੍ਹੀ ਆਪਣੇ ਸੱਭਿਆਚਾਰ ਨਾਲੋਂ ਦੂਰ ਹੁੰਦੀ ਜਾ ਰਹੀ ਹੈ, ਜਿਸ ਕਰਕੇ ਸਾਨੂੰ ਆਪਣੇ ਸੱਭਿਆਚਾਰ ਨੂੰ ਜਿਉਂਦਾ ਰੱਖਣ ਲਈ ਅਜਿਹੇ ਸੱਭਿਆਚਾਰਕ ਮੇਲੇ ਕਰਵਾਉਣੇ ਚਾਹੀਦੇ ਹਨ। ਇਸ ਮੌਕੇ ਤੀਆਂ ਧੀਆਂ ਦੇ ਤਿਉਹਾਰ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਨ ਸਰਪੰਚ ਜਸਵੀਰ ਕੌਰ, ਨਰੇਸ਼, ਸ਼ੁਮਨ, ਬਿੰਦਰ, ਅਮਰਜੀਤ, ਬਲਵੀਰ ਕੌਰ ਸਿੱਧੂ, ਚੀਰੋ, ਸ਼ੀਸ਼ੋ, ਸੰਮੀ, ਪਰਮਜੀਤ ਕੌਰ, ਕਾਂਤਾ, ਚਰਨਜੀਤ ਕੌਰ ਦੁਸਾਂਝ 'ਤੇ ਇਲਾਕਾ ਦੇ ਹੋਰ ਮੈਂਬਰ ਆਦਿ ਹਾਜ਼ਰ ਸਨ।

# ਸਤੌਜ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਐੱਨ ਪੀ ਐੱਸ ਮੁਲਾਜ਼ਮ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਸੀ.ਪੀ.ਐਫ ਕਰਮਚਾਰੀ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਵਲੋਂ ਸੰਯੁਕਤ ਰੂਪ ਵਿੱਚ ਬਣਾਏ ਪੁਰਾਣੀ ਪੈਨਸ਼ਨ ਬਹਾਲੀ ਮੰਚ ਵਲੋਂ 'ਆਪ' ਸਰਕਾਰ ਵੱਲੋਂ ਕੀਤੇ ਵਾਅਦੇ ਅਤੇ ਦਾਅਵਿਆਂ ਦੀ ਫੂਕ ਕੱਢਣ ਲਈ ਪਿੰਡ ਸਤੌਜ (ਸੰਗਰੂਰ) ਵਿਖੇ 23 ਅਗਸਤ ਦਿਨ ਐਤਵਾਰ ਨੂੰ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਇਸ ਰੈਲੀ ਵਿੱਚ ਕੋਟ ਫਤੂਹੀ ਬਲਾਕ ਤੋਂ ਵੀ ਵੱਡੀ ਗਿਣਤੀ ਵਿੱਚ ਐੱਨ.ਪੀ.ਐੱਸ ਮੁਲਾਜ਼ਮ ਸ਼ਾਮਿਲ ਹੋਣਗੇ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਹਰਮਨੋਜ ਕੁਮਾਰ ਅਤੇ ਅਜੇ ਕੁਮਾਰ ਨੇ ਕੀਤਾ।ਇਸ ਮੌਕੇ ਨਰਿੰਦਰ ਅਜਨੋਹਾ, ਉਂਕਾਰ ਸਿੰਘ, ਹਰਮਨੋਜ ਕੁਮਾਰ, ਅਜੇ ਕੁਮਾਰ, ਧਰਮਿੰਦਰ ਸਿੰਘ, ਸੁਖਜੀਵਨ ਸਿੰਘ, ਕਰਮਵੀਰ ਸਿੰਘ, ਕੁਲਵਿੰਦਰ ਸਿੰਘ, ਦਵਿੰਦਰ ਕੁਮਾਰ, ਅਨਿਲ ਕੁਮਾਰ, ਹਰਮਨਪ੍ਰੀਤ ਸਿੰਘ ਅਤੇ ਹਰਭਜਨ ਸਿੰਘ ਆਦਿ ਐੱਨ.ਪੀ.ਐੱਸ ਮੁਲਾਜ਼ਮ ਹਾਜ਼ਰ ਸਨ।



# ਐੱਸ ਡੀ ਕਾਲਜ 'ਚ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਸੰਪੰਨ

**ਸੁਲਤਾਨਪੁਰ ਲੋਧੀ (ਹਨੀ)** ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਮੈਡਮ ਕਸ਼ਮੀਰ ਕੌਰ ਦੀ ਅਗਵਾਈ ਹੇਠ ਪੰਜਾਬੀ ਵਿਭਾਗ ਵੱਲੋਂ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ।ਪ੍ਰਿੰਸੀਪਲ ਡਾਕਟਰ ਵੰਦਨਾ ਸ਼ੁਕਲਾ ਦਾ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ 'ਤੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਦੌਰਾਨ ਵਿਦਿਆਰਥਣਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਤੀਜ ਕੁਈਨ ਦੇ ਮੁਕਾਬਲੇ 'ਚ ਵਿਦਿਆਰਥਣਾਂ ਵੱਡੀ ਗਿਣਤੀ 'ਚ ਹਿੱਸਾ ਲੈਂਦੀਆਂ ਦਰਸ਼ਕਾਂ 'ਤੇ ਆਪਣੀ ਕਲਾ ਦੀ ਗਹਿਰੀ ਛਾਪ ਛੱਡੀ। ਬੀ.ਏ ਭਾਗ ਦੂਜਾ ਦੀ ਨੰਦਨੀ ਮਿਸ ਤੀਜ ਦੇ ਖਿਤਾਬ 'ਤੇ ਕਬਜ਼ਾ ਕਰਨ 'ਚ ਸਫਲ ਰਹੀ। ਬੀ. ਕਾਮ ਭਾਗ ਤੀਜਾ ਦੀ ਹਰਮੀਨ ਕੌਰ ਫਸਟ ਰਨਰਅਪ ਅਤੇ ਬੀ.ਏ ਭਾਗ ਦੂਜਾ ਦੀ ਮਨਮੀਤ ਕੌਰ ਸੈਕਿੰਡ ਰਨਰਅਪ ਰਹੀ। ਬੀ.ਸੀ.ਏ ਭਾਗ ਪਹਿਲਾ ਦੀ ਮਨਪ੍ਰੀਤ ਕੌਰ ਮਿਸ ਕਨਫੀਡੈਂਸ, ਜਦਕਿ ਬੀ.ਏ ਭਾਗ ਦੂਜਾ ਦੀ ਪ੍ਰੀਤਕਾ ਤੇ ਬੀ.ਏ ਭਾਗ ਤੀਜਾ ਦੀ ਹਰਮਨਪ੍ਰੀਤ ਕੌਰ ਸਾਂਝੇ ਤੌਰ 'ਤੇ ਮਿਸ ਪੰਜਾਬਣ ਦਾ ਖ਼ਿਤਾਬ ਹਾਸਲ ਕਰਨ 'ਚ ਸਫਲ ਰਾਹੀਆਂ। ਬੀ. ਕਾਮ ਭਾਗ ਪਹਿਲਾ ਦੀ ਤਰਨਜੀਤ ਕੌਰ ਨੇ ਬਿਊਟੀਫੁਲ ਸਮਾਈਲ, ਬੀ.ਏ ਭਾਗ ਤੀਜਾ ਦੀ ਪ੍ਰਭਜੋਤ ਕੌਰ ਨੇ ਬਿਊਟੀਫੁਲ ਆਈਜ਼ ਤੇ ਬਿਊਟੀਫੁਲ ਡਰੈਸ ਦੇ ਖ਼ਿਤਾਬ 'ਤੇ



ਕਬਜ਼ਾ ਕੀਤਾ। ਬੀ. ਕਾਮ ਭਾਗ ਤੀਜਾ ਦੀ ਜਸ਼ਨਪ੍ਰੀਤ ਕੌਰ ਸਿੰਪਲ ਸਿਟੀ ਦਾ ਖਿਤਾਬ ਹਾਸਲ ਕਰਨ 'ਚ ਕਾਮਯਾਬ ਰਹੀ।

ਜੇਤੂਆਂ ਨੂੰ ਸਨਮਾਨਤ ਕਰਨ ਉਪਰੰਤ ਵਿਦਿਆਰਥਣਾਂ ਦੇ ਰੂਬਰੂ ਹੁੰਦਿਆਂ ਪ੍ਰਿੰਸੀਪਲ ਡਾ.ਸ਼ੁਕਲਾ ਨੇ ਕਿਹਾ ਕਿ ਜੇਠ ਤੇ ਹਾੜ ਮਹੀਨੇ ਦੀ ਤਪਦੀ ਗਰਮੀ ਤੋਂ ਬਾਦ ਜਦ ਧਰਤੀ 'ਤੇ ਬਾਰਿਸ਼ ਦੀਆਂ ਬੂੰਦਾਂ ਟਿੱਪ ਟਿੱਪ ਡਿੱਗਦੀਆਂ ਹਨ ਤਾਂ ਉਹ ਧਰਤੀ ਮਾਂ ਦੀ ਪਿਆਸ ਤਾਂ ਬੁਝਾਉਂਦੀਆਂ ਹੀ ਹਨ, ਨਾਲ ਦੀ ਨਾਲ ਸਾਨੂੰ ਸਾਉਣ ਮਹੀਨੇ ਦੇ ਆਉਣ ਦਾ ਅਹਿਸਾਸ ਵੀ ਕਰਵਾਉਂਦੀਆਂ ਹਨ। ਉਹਨਾਂ ਸਮਾਗਮ ਦੀ ਸਫਲਤਾ ਲਈ ਮੈਡਮ ਕਸ਼ਮੀਰ ਕੌਰ ਨੂੰ ਵਧਾਈ ਦਿੱਤੀ।

ਮੰਚ ਸੰਚਾਲਨ ਬੀਏ ਭਾਗ ਤੀਜਾ ਦੀਆਂ ਵਿਦਿਆਰਥਣਾਂ ਨਵਜੋਤ ਕੌਰ ਤੇ ਅਮਨਦੀਪ ਕੌਰ ਨੇ ਸਾਂਝੇ ਤੌਰ ਤੇ ਕੀਤਾ।ਇਸ ਮੌਕੇ ਮੈਡਮ ਰਜਿੰਦਰ ਕੌਰ, ਮੈਡਮ ਰਜਨੀ ਬਾਲਾ, ਮੈਡਮ ਰਾਜਬੀਰ ਕੌਰ, ਮੈਡਮ ਸੁਨੀਤਾ ਕਲੇਰ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਅਕਾਲੀ ਦਲ ਛੱਡ ਕੇ ਜੋਗਾ ਸਿੰਘ ਕਾਂਗਰਸ 'ਚ ਸ਼ਾਮਲ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਪੰਜਾਬ ਦੀ ਸਿਆਸਤ ਵਿੱਚ ਚੱਲ ਰਹੇ ਜੋੜ-ਤੋੜ ਦੇ ਦੌਰ ਦਰਮਿਆਨ ਪਿੰਡ ਕੁਰਾਲੀ ਵਿਖੇ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ



ਮਿਲੀ, ਜਦੋਂ ਅਕਾਲੀ ਦਲ ਦੇ ਸੀਨੀਅਰ ਵਰਕਰ ਜੋਗਾ ਸਿੰਘ ਨੇ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਵਾਉਣ ਦੀ ਰਸਮ ਸਾਬਕਾ ਐੱਸ ਐੱਸ ਪੀ ਅਤੇ ਹਲਕਾ ਇੰਚਾਰਜ ਕਰਤਾਰਪੁਰ (ਕਾਂਗਰਸ) ਰਜਿੰਦਰ ਸਿੰਘ ਦੀ ਅਗਵਾਈ ਵਿੱਚ ਨਿਭਾਈ ਗਈ। ਇਸ ਮੌਕੇ ਜੋਗਾ ਸਿੰਘ ਨੂੰ ਬਲਾਕ-2 ਦਾ ਜੁਆਇੰਟ ਸੈਕਟਰੀ ਨਿਯੁਕਤ ਕੀਤਾ ਗਿਆ। ਇਸ ਮੌਕੇ ਸਰਦਾਰ ਰਜਿੰਦਰ ਸਿੰਘ ਨੇ ਜੋਗਾ ਸਿੰਘ ਦਾ ਕਾਂਗਰਸ ਪਰਵਾਰ ਵਿੱਚ ਸ਼ਾਮਲ ਹੋਣਾ ਦਾ ਸਵਾਗਤ ਕੀਤਾ ਉਨ੍ਹਾਂ ਕਿਹਾ, 'ਕਾਂਗਰਸ ਪਾਰਟੀ ਇੱਕ ਅਜਿਹਾ ਸਿਆਸੀ ਮੰਚ ਹੈ, ਜਿੱਥੇ ਹਰ ਉਸ ਮਿਹਨਤੀ ਵਰਕਰ ਦਾ ਮਾਣ-ਸਤਿਕਾਰ ਹੈ ਜੋ ਲੋਕ-ਹਿੱਤਾਂ ਦੀ ਗੱਲ ਕਰਦਾ ਹੈ ਅਤੇ ਸਮਾਜ ਦੀ ਬਿਹਤਰੀ ਲਈ ਸਮਰਪਿਤ ਹੈ। ਪਿੰਡ ਪੱਧਰ 'ਤੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨਾ ਇਸ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।'

ਨਵ-ਨਿਯੁਕਤ ਜੁਆਇੰਟ ਸੈਕਟਰੀ ਜੋਗਾ ਸਿੰਘ ਨੇ ਪਾਰਟੀ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮਿਲੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਲੋਕਾਂ ਦੀ ਸੇਵਾ ਨੂੰ ਆਪਣਾ ਮੁੱਖ ਟੀਚਾ ਬਣਾਉਣਗੇ।

ਇਸ ਮੌਕੇ ਮਨਜੀਤ ਸਿੰਘ ਸਾਬਕਾ ਸਰਪੰਚ ਕੁਰਾਲੀ, ਸੰਦੀਪ ਸੀਪਾ, ਬਲਵੀਰ ਸਿੰਘ ਨੰਬਰਦਾਰ, ਮੋਤਾ ਸਿੰਘ ਬਲਾਕ ਪ੍ਰਧਾਨ-2 ਸਮੇਤ ਇਲਾਕੇ ਦੇ ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਏ ਸੀ ਦਾ ਕੰਪ੍ਰੈਸ਼ਰ ਚੋਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ਼ਹਿਰ ਵਿੱਚ ਚੋਰੀ ਦੀਆਂ ਵਾਰਦਾਤਾਂ ਲਗਾਤਾਰ ਵੱਧ ਰਹੀਆਂ ਹਨ। ਤਾਜ਼ਾ ਮਾਮਲੇ ਵਿੱਚ ਬੱਸ ਸਟੈਂਡ ਰੋਡ ਸਥਿਤ ਮਿਊਂਸਿਪਲ ਕਾਰਪੋਰੇਸ਼ਨ ਦੀ ਦੁਕਾਨ ਨੰਬਰ 21 ਦੀ ਛੱਤ ਉੱਤੇ ਲੱਗਾ ਏਅਰ ਕੰਡੀਸ਼ਨਰ ਦਾ ਕੰਪ੍ਰੈਸਰ ਚੋਰ ਚੋਰੀ ਕਰਕੇ ਲੈ ਗਏ। ਇਹ ਦੁਕਾਨ ਸਿਵਲ ਹਸਪਤਾਲ ਦੀ ਪਿਛਲੀ ਸਾਈਡ ਨਾਲ ਲੱਗਦੀ ਹੈ। ਦੁਕਾਨ ਮਾਲਕ ਵਿਕਰਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਦੁਕਾਨ ਦੀ ਛੱਤ ਉੱਤੇ ਲੱਗਾ ਏ ਸੀ ਦਾ ਕੰਪ੍ਰੈਸਰ ਅਣਪਛਾਤੇ ਚੋਰ ਰਾਤ ਸਮੇਂ ਚੋਰੀ ਕਰਕੇ ਲੈ ਗਏ। ਉਨ੍ਹਾਂ ਦੱਸਿਆ ਕਿ ਚੋਰ ਕੰਪ੍ਰੈਸਰ ਨੂੰ ਕੁਝ ਦੂਰੀ ਤੱਕ ਲੈ ਗਏ ਅਤੇ ਸਿਵਲ ਹਸਪਤਾਲ ਦੇ ਪਿੱਛੇ ਝਾੜੀਆਂ ਵਿੱਚ ਜਾ ਕੇ ਉਸ ਨੂੰ ਤੋੜ ਦਿੱਤਾ। ਉੱਥੋਂ ਉਨ੍ਹਾਂ ਨੇ ਕੰਪ੍ਰੈਸਰ ਅੰਦਰ ਮੌਜੂਦ ਕੀਮਤੀ ਧਾਤੂ ਅਤੇ ਹੋਰ ਸਮਾਨ ਕੱਢ ਲਿਆ ਅਤੇ ਬਾਕੀ ਹਿੱਸਾ ਉੱਥੇ ਹੀ ਸੁੱਟ ਦਿੱਤਾ।

ਵਿਕਰਮ ਸ਼ਰਮਾ ਨੇ ਦੱਸਿਆ ਕਿ ਦੁਕਾਨਾਂ ਦੀਆਂ ਛੱਤਾਂ ਉੱਤੇ ਜਾਣ ਵਾਲੀਆਂ ਸੀੜ੍ਹੀਆਂ ਦਾ ਰਸਤਾ ਰਾਤ ਸਮੇਂ ਬੰਦ ਕਰ ਦਿੱਤਾ ਜਾਂਦਾ ਹੈ। ਇਸ ਕਾਰਨ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਚੋਰ ਪਿਛਲੀ ਕੰਧ ਟੱਪ ਕੇ ਛੱਤ ਉੱਤੇ ਪਹੁੰਚੇ ਅਤੇ ਵਾਰਦਾਤ ਨੂੰ ਅੰਜਾਮ ਦਿੱਤਾ। ਸਵੇਰੇ ਜਦੋਂ ਉਹ ਦੁਕਾਨ ਉੱਤੇ ਪਹੁੰਚੇ ਤਾਂ ਕੰਪ੍ਰੈਸਰ ਗਾਇਬ ਸੀ। ਆਸ-ਪਾਸ ਭਾਲ ਕਰਨ ਦੌਰਾਨ ਸਿਵਲ ਹਸਪਤਾਲ ਦੇ ਪਿੱਛੇ ਝਾੜੀਆਂ ਵਿੱਚ ਉਸ ਦੇ ਟੁੱਟੇ ਹੋਏ ਹਿੱਸੇ ਮਿਲੇ।

ਉਨ੍ਹਾਂ ਕਿਹਾ ਕਿ ਇਸ ਸਬੰਧੀ ਪੁਲਿਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ ਅਤੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਨ ਦੀ ਮੰਗ ਕੀਤੀ ਗਈ ਹੈ। ਇਸ ਮੌਕੇ ਵਿਕਰਮ ਸ਼ਰਮਾ, ਸਰਬਜੀਤ ਸਿੰਘ, ਜਗਤਾਰ ਸਿੰਘ, ਬਲਵਿੰਦਰ ਸਿੰਘ, ਕੁਲਵੰਤ, ਰਾਜਾ, ਸੰਦੀਪ ਕੁਮਾਰ, ਰਾਕੇਸ਼ ਕੁਮਾਰ ਅਤੇ ਵਰਿੰਦਰ ਸਿੰਘ ਬੇਦੀ ਹਾਜ਼ਰ ਸਨ।

# ਸੰਤ ਆਸ਼ਰਮ ਬਾਹੋਵਾਲ ਵਿਖੇ ਧਾਰਮਿਕ ਸਮਾਗਮ ਕਰਵਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਸ੍ਰੀ ਗੁਰੂ ਹਰਿਕ੍ਰਿਸ਼ਨ ਮਹਾਰਾਜ ਦੇ ਪ੍ਰਕਾਸ਼ ਉਤਸਵ ਦੇ ਸੰਬੰਧ ਵਿੱਚ ਸੰਤ ਆਸ਼ਰਮ ਪਿੰਡ ਬਾਹੋਵਾਲ ਵਿਖੇ ਧਾਰਮਿਕ ਸਮਾਗਮ ਇਸ ਅਸਥਾਨ ਦੀ ਮੁੱਖ ਸੰਚਾਲਕਾ



ਸੰਤ ਬੀਬੀ ਗੁਰਿੰਦਰ ਕੌਰ ਦੀ ਅਗਵਾਈ ਹੇਠ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਗਿਆ।ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਟੂਟੋਮਜ਼ਾਰੇ ਵਾਲੇ ਅਤੇ ਭਾਈ ਰਵਿੰਦਰ ਸਿੰਘ ਰਾਗੀ ਦੇ ਕੀਰਤਨੀ ਜਥੇ ਵਲੋਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਪਰਮਾਤਮਾ ਦੇ ਨਾਮ ਨਾਲ ਜੋੜਿਆ। ਬ੍ਰਹਮਲੀਨ ਸੰਤ ਬਾਬਾ ਰਣਜੀਤ ਸਿੰਘ ਦੇ ਪਰਉਪਕਾਰੀ ਕਾਰਜਾਂ ਨੂੰ ਯਾਦ ਕੀਤਾ ਗਿਆ। ਸੰਤ ਬੀਬੀ ਗੁਰਿੰਦਰ ਕੌਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸੰਤ ਮੇਜਰ ਦਾਸ ਹੱਲੂਵਾਲ, ਦਰਸ਼ਨ ਸਿੰਘ, ਸੰਤ ਅਜਮੇਰ ਸਿੰਘ ਬਾੜੀਆਂ, ਸੰਤ ਹਰੀ ਦਾਸ ਧੂਣੇ ਵਾਲੇ, ਸੁਰਿੰਦਰ ਕੌਰ, ਡਾਕਟਰ ਸ਼ਰਮਾ ਜੀ ਬੰਬੇਲੀ, ਰਾਜੂ ਜੀ, ਬਲਜੀਤ ਭਾਮ, ਪਵਨ ਮਾਹਿਲਪੁਰ, ਦਲਜੀਤ ਸਿੰਘ, ਸਰਦਾਰ ਭਗੀਰਥ ਸਿੰਘ, ਸੁਖਵਿੰਦਰ ਸਿੰਘ ਕਾਲਾ, ਦਵਿੰਦਰ ਕੌਰ, ਸੁਖਰਾਜ ਕੌਰ, ਸੋਨੀਆ, ਮਨਜੀਤ ਕੌਰ, ਚੇਤੂ ਮਹੇ ਸਮੇਤ ਪਿੰਡ ਬਾਹੋਵਾਲ ਨਿਵਾਸੀ ਅਤੇ ਇਸ ਅਸਥਾਨ ਤੇ ਆਉਂਦੀਆਂ ਸੰਗਤਾਂ ਹਾਜ਼ਰ ਸਨ।

# ਸਰਕਾਰ ਦੀਆਂ ਧੱਕੇਸ਼ਾਹੀਆਂ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ : ਸਿੱਧੂ

**ਫਿਲੌਰ (ਨਿਰਮਲ)**- ਪੰਜਾਬ ਸਰਕਾਰ ਦੀਆਂ ਧੱਕੇਸ਼ਾਹੀਆਂ ਖਿਲਾਫ ਟਰੱਕ ਯੂਨੀਅਨ ਫਿਲੌਰ ਦੇ ਪ੍ਰਧਾਨ ਰਣਜੀਤ ਸਿੰਘ ਸਿੱਧੂ ਜਲੰਧਰ ਡੀ ਸੀ ਦਫਤਰ ਧਰਨੇ 'ਚ ਸ਼ਾਮਲ ਹੋਣ ਲਈ ਕਾਫਲਾ ਨਾਲ



ਫਿਲੌਰ ਤੋਂ ਰਵਾਨਾ ਹੋਏ। ਉਨ੍ਹਾਂ ਇਸ ਮੌਕੇ ਪੰਜਾਬ ਸਰਕਾਰ 'ਤੇ ਰੋਸ ਜਾਹਰ ਕਰਦਿਆਂ ਸਰਕਾਰ ਆਪਣੀ ਮਰਜ਼ੀ ਨਾਲ ਟੈਕਸ ਵਧਾ ਰਹੀ ਹੈ ਤੇ ਡਿਊਆ 'ਚ ਢੋਆ ਢੁਆਈ ਟਰੈਕਟਰ ਟਰਾਲੀਆਂ ਤੇ ਕੰਟੇਨਰ ਦੇ ਨਾਲ ਕਾਰਵਾਈ ਕਰ ਰਹੀ ਹੈ ਤੇ ਜਿਨ੍ਹਾਂ ਮਾਲਕਾਂ ਨੇ ਟਰੱਕਾਂ ਤੇ ਲੱਖਾਂ ਰੁਪਏ ਖਰਚ ਕੀਤੇ ਹੋਏ ਹਨ, ਉਹ ਵਿਹਲੇ ਬੈਠੇ ਹਨ ਤੇ ਟਰੈਕਟਰ ਟਰਾਲੀਆਂ ਵਾਲਿਆਂ ਕੋਲ ਕੋਈ ਪਰਮਿਟ ਨਾ ਹੋਣ ਕਰਕੇ ਸਰਕਾਰ ਨੂੰ ਚੂਨਾ ਲਗਾ ਰਹੇ ਹਨ।ਇਸ ਮੌਕੇ ਪ੍ਰਧਾਨ ਰਣਜੀਤ ਸਿੰਘ ਸਿੱਧੂ, ਲਖਬੀਰ ਸਿੰਘ, ਭੁਪਿੰਦਰ ਸਿੰਘ ਸੋਨੂ, ਨਿਰਭੈ ਸਿੰਘ ਪਿੰਕਾ ਬਾਬਾ, ਮਾਲਕ ਤੇ ਟਰੱਕ ਡਰਾਈਵਰ ਭਾਰੀ ਗਿਣਤੀ ਚ ਸ਼ਾਮਲ ਸਨ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਸਵੀਂ ਦਾ ਦਿਹਾੜਾ ਭਲਕੇ

**ਮੁਹਾਲੀ (ਗੁਰਜੀਤ ਬਿੱਲਾ)**- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਵੀਂ ਦਾ ਸ਼ੁਭ ਦਿਹਾੜਾ 22 ਅਗਸਤ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦਸਿਆ ਕਿ ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ।

ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ , ਇੰਟਰਨੈਸ਼ਨਲ ਪੰਥਕ ਢਾਡੀ ਜੱਥੇ ਅਤੇ ਉਚ ਕੋਟੀ ਦੇ ਪੰਥ ਪਸਿੱਧ ਪ੍ਰਚਾਰਕ ਸੰਗਤਾਂ ਨੂੰ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਣਗੇ। ਇਸ ਦਿਨ ਵਿਸ਼ਾਲ ਅੰਮ੍ਰਿਤ ਸੰਚਾਰ ਦਾ ਆਯੋਜਨ ਸਵੇਰੇ 10 ਵਜੇ ਕੀਤਾ ਜਾਵੇਗਾ ਜੀ। ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ ਜੀ ।

# 28 ਨੂੰ ਪੰਥਕ ਕਾਨਫਰੰਸ 'ਚ ਸ਼ਾਮਲ ਹੋਣ ਲਈ ਵਰਕਰਾਂ 'ਚ ਭਾਰੀ ਉਤਸ਼ਾਹ : ਅਵਤਾਰ ਸੇਖੋਂ

**ਟਾਂਡਾ ਉੜਮੁੜ (ਮਿੱਥਲੇਸ਼ ਗਰਗ, ਜਸਵਿੰਦਰ ਸੰਧੂ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 28 ਅਗਸਤ ਰੱਖੜੀ ਪੂਰਨਿਮਾ ਨੂੰ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ



ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਬਾਬਾ ਬਕਾਲਾ ਸਾਹਿਬ ਵਿਖੇ ਕੀਤੀ ਜਾ ਰਹੀ ਇੱਕ ਪੰਥਕ ਕਾਨਫਰੰਸ ਵਿੱਚ ਸ਼ਾਮਲ ਹੋਣ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਅਕਾਲੀ ਦਲ ਵਾਰਿਸ ਦੇ ਹਲਕਾ ਟਾਂਡਾ ਇੰਚਾਰਜ ਅਤੇ ਜਿਲ੍ਹਾ ਪ੍ਰਧਾਨ ਅਵਤਾਰ ਸਿੰਘ ਸੇਖੋਂ ਦੀ ਅਗਵਾਈ ਵਿੱਚ ਪਿੰਡ ਸੈਨਪੁਰ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਅਕਾਲੀ ਦਲ ਦੇ ਵਰਕਰਾਂ ਤੋਂ ਇਲਾਵਾ ਪਿੰਡ ਨਿਵਾਸੀਆਂ ਨੇ ਭਾਗ ਲਿਆ।ਮੀਟਿੰਗ 'ਚ ਸ਼ਾਮਲ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਸਿੰਘ, ਮੀਤ ਪ੍ਰਧਾਨ ਮਨਦੀਪ ਸੈਨਪੁਰ, ਮਹਿੰਦਰ ਸਿੰਘ, ਅਮਰੀਕ ਸਿੰਘ ਫੌਜੀ, ਕਮਲ ਕੁਮਾਰ, ਪ੍ਰੇਮ ਕੁਮਾਰ, ਸੁਖਵਿੰਦਰ ਪਾਲ ਸਿੰਘ, ਸਰਬਜੀਤ ਸਿੰਘ, ਬਲਵਿੰਦਰ ਸਿੰਘ, ਸੋਨੂੰ, ਤਿਲਕ ਰਾਜ, ਬਲਵਿੰਦਰ ਕੁਮਾਰ, ਮਨਜੀਤ ਸਿੰਘ, ਬਲਵਿੰਦਰ ਸਿੰਘ ਸੱਬਰਵਾਲ, ਅਮਰੀਕ ਸਿੰਘ, ਰੋਹਿਤ, ਹਰਿੰਦਰ ਸਿੰਘ, ਗੁਰਦੀਪ ਸਿੰਘ, ਪਰਮਜੀਤ ਸਿੰਘ, ਦਲਜੀਤ ਸਿੰਘ, ਓਂਕਾਰ ਸਿੰਘ, ਮਨਜਿੰਦਰ ਸਿੰਘ, ਜਗੋਰੀ ਸਿੰਘ, ਨੰਦ ਸਿੰਘ, ਹਰਦੀਪ ਸਿੰਘ, ਸੁਰਜੀਤ ਸਿੰਘ ਅਤੇ ਗੰਦੀਦੀ ਤੋਂ ਇਲਾਵਾ ਹੋਰ ਅਕਾਲੀ ਵਰਕਰਾਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਅਵਤਾਰ ਸਿੰਘ ਸੇਖੋਂ ਨੇ ਕਿਹਾ ਕਿ ਬਾਬਾ ਬਕਾਲਾ ਸਾਹਿਬ ਵਿਖੇ 28 ਅਗਸਤ ਨੂੰ ਅਕਾਲੀ ਦਲ ਵਾਰਿਸ ਪੰਜਾਬ ਜਥੇਬੰਦੀ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਖਾਲਸਾ ਅਗਵਾਈ ਵਿੱਚ ਹੋ ਰਹੀ ਵਿਸ਼ਾਲ ਪੰਥਕ ਕਾਨਫਰੰਸ ਦੀ ਸਫ਼ਲਤਾ ਵਿੱਚ ਹੋਰ ਵਾਧਾ ਕਰਨ ਲਈ ਜ਼ਿਲ੍ਹਾ ਹੁਸ਼ਿਆਰਪੁਰ ਦੇ ਹਰ ਪਿੰਡ ਪਿੰਡ ਵਿੱਚ ਨੁੱਕੜ ਮੀਟਿੰਗਾਂ ਦਾ ਸਿਲਸਿਲਾ ਸ਼ੁਰੂ ਕੀਤਾ ਹੋਇਆ ਹੈ ਅਤੇ ਲੋਕਾਂ ਨੂੰ ਅਕਾਲੀ ਦਲ ਦੀਆਂ ਨੀਤੀਆਂ ਅਤੇ ਪ੍ਰਾਪਤੀਆਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।

# ਮਾਲ ਵਿਭਾਗ ਦੀ ਅਣਗਹਿਲੀ ਦਾ ਖਮਿਆਜ਼ਾ ਭੁਗਤ ਰਿਹਾ ਮਜ਼ਦੂਰ

**ਨੰਗਲ (ਸੁਰਜੀਤ ਸਿੰਘ ਢੇਰ)**- ਮਾਲ ਵਿਭਾਗ ਦੀ ਅਣਗਹਿਲੀ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਇਕ ਗਰੀਬ ਇਨਸਾਨ ਨੂੰ ਜੋ ਸਰਕਾਰੀ ਦਫ਼ਤਰਾਂ ਵਿੱਚ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜ਼ਬੂਰ ਹੋ ਗਿਆ ਹੈ।ਉਚ ਅਧਿਕਾਰੀਆਂ ਦੇ ਹੁਕਮਾਂ ਨੂੰ ਵੀ ਪਟਵਾਰੀ ਮਖੌਲ ਸਮਝਦਾ ਹੈ। ਇੱਥੇ ਤਾਰਾ ਚੰਦ ਪੁੱਤਰ ਚੰਗੀ ਰਾਮ ਵਾਸੀ ਕਲਸੇੜਾ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਰਕੇਸ਼ ਬਾਲੀ ਕਲਸੇੜਾ ਨੇ ਦੱਸਿਆ ਕਿ ਉਨ੍ਹਾਂ ਦੀ ਘਰੈਲੂ ਜ਼ਮੀਨ ਦਾ ਇੰਤਕਾਲ ਨੰ. 2770 ਮਿਤੀ 15/01/2020 ਅਤੇ ਫਰਦ ਬਦਰ ਨੰਬਰ 3 ਮਿਤੀ 06/01/2020 ਬਾਬਤ ਖਸਰਾ ਨੰਬਰ 179(0-19) ਪਿੰਡ ਕਲਸੇੜਾ ਹਦਬਸਤ ਨੰ: 236 ਦਾ ਅਮਲ ਵਰਤਮਾਨ ਜਮ੍ਹਾਂਬੰਦੀ ਸਾਲ 2023-2024 ਵਿਚ ਦਰਜ ਕਰਨ ਲਈ ਉਨ੍ਹਾਂ ਦਰਖਾਸਤ ਨੰਗਲ ਤਹਿਸੀਲਦਾਰ ਨੂੰ ਦਿੱਤੀ। ਪਰ ਮਹੀਨਾ ਬੀਤ ਜਾਣ ਤੇ ਵੀ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਨੇ ਦੱਸਿਆ ਕਿ ਖਸਰਾ ਨੰ: 179 (0-19) ਪਿੰਡ ਕਲਸੇੜਾ ਹਦਬਸਤ ਨੰ: 236 ਤਹਿ. ਨੰਗਲ ਵਿਚ ਮਾਲਕ ਹਿੱਸੇਦਾਰ ਹਾਂ ਅਤੇ ਇਹ ਜ਼ਮੀਨ ਮੈਨੂੰ, ਮੇਰੇ ਭਰਾਵਾਂ ਅਤੇ ਮੇਰੀ ਭਰਜਾਈ ਆਦਿ ਨੂੰ ਇੰਤਕਾਲ ਨੰ: 2770 ਮਿਤੀ 15/01/2020 ਰਾਹੀਂ ਹਾਸਲ ਹੋਈ ਸੀ। ਇਸ ਇੰਤਕਾਲ ਦਾ ਅਮਲ ਪਿਛਲੀ ਜਮ੍ਹਾਂਬੰਦੀ ਸਾਲ 2018-2019 ਵਿਚ ਹੋ ਚੁੱਕਾ ਹੈ। ਇਸੇ ਤਰ੍ਹਾਂ ਫਰਦ ਬਦਰ ਨੰ: 3 ਮਿਤੀ 06/01/2020 ਰਾਹੀਂ ਮੇਰੇ ਪਿਤਾ ਅਤੇ ਦਾਦੇ ਦਾ ਨਾਮ ਦਰੁਸਤ ਹੋਣ ਬਾਰੇ ਦਾ ਅਮਲ ਵੀ ਪਿਛਲੀ



ਜਮ੍ਹਾਂਬੰਦੀ ਸਾਲ 2018-2019 ਵਿਚ ਹੋ ਚੁੱਕਾ ਹੈ। ਪਰੰਤੂ ਵਰਤਮਾਨ ਜਮ੍ਹਾਂਬੰਦੀ ਸਾਲ 2023-24 ਵਿਚ ਉਪਰੋਕਤ ਇੰਤਕਾਲ ਨੰਬਰ 2770 ਅਤੇ ਫਰਦ ਬਦਰ ਨੰ: 3 ਦਾ ਅਮਲ ਹੋਣ ਤੋਂ ਰਹਿ ਗਿਆ ਹੈ। ਨਕਲ ਜਮ੍ਹਾਂਬੰਦੀ ਸਾਲ 2018-2019 ਅਤੇ 2023-24 ਨਾਲ ਨੱਥੀ ਹਨ। ਉਨ੍ਹਾਂ ਨੇ ਕਿਹਾ ਕਿ ਤਹਿਸੀਲਦਾਰ ਨੇ ਪਟਵਾਰੀ ਹਲਕਾ ਪਿੰਡ ਕਲਸੇੜਾ ਨੂੰ ਉਪਰੋਕਤ ਇੰਤਕਾਲ ਅਤੇ ਫਰਦ ਬਦਰ ਦਾ ਅਮਲ ਵਰਤਮਾਨ ਜਮ੍ਹਾਂਬੰਦੀ ਸਾਲ 2023-24 ਦੇ ਖਾਨਾ ਕਾਸ਼ਤ ਵਿਚ ਕਰਨ ਦਾ ਹੁਕਮ ਦਿੱਤਾ। ਪਰ ਮਹੀਨਾ ਬੀਤ ਜਾਣ ਤੇ ਵੀ ਕੋਈ ਅਮਲ ਨਹੀਂ ਹੋਇਆ। ਪਰ ਹੈਰਾਨੀ ਇਸ ਗੱਲ ਦੀ ਹੈ ਕਿ ਮਾਲ ਵਿਭਾਗ ਦੇ ਅਧਿਕਾਰੀਆਂ ਦੀ ਅਣਗਹਿਲੀ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ। ਤਾਰਾ ਚੰਦ, ਰਕੇਸ਼ ਬਾਲੀ ਕਲਸੇੜਾ ਨੇ ਡਿਪਟੀ ਕਮਿਸ਼ਨਰ ਰੂਪਨਗਰ ਨੂੰ ਅਪੀਲ ਕੀਤੀ ਕਿ ਉਹਨਾਂ ਨੂੰ ਇਨਸਾਫ ਦਿੱਤਾ ਜਾਵੇ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੀਆਂ ਖਿਡਾਰਨਾਂ ਸਨਮਾਨਤ

**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਮਾਗਮ ਦਾ ਆਯੋਜਨ ਸਕੂਲ ਡਾਇਰੈਕਟਰ



ਇੰਜ.ਹਰਨਿਆਮਤ ਕੌਰ ਦੀ ਅਗਵਾਈ 'ਚ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਕੂਲ ਦੀ ਵਾਲੀਬਾਲ ਅੰਡਰ 17 ਟੀਮ ਦੀਆਂ ਖਿਡਾਰਨਾਂ ਨੂੰ ਸੀ .ਬੀ ਐਸ ਈ ਵਾਲੀਬਾਲ ਕਲਸਟਰ 18 ਦੇ ਟੂਰਨਾਮੈਂਟ ਵਿੱਚ ਦੂਸਰਾ ਸਥਾਨ ਹਾਸਲ ਕਰਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ, ਇੰਜ.ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜ. ਹਰਨਿਆਮਤ ਕੌਰ ਅਤੇ ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ ਨੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਵਿਦਿਆਰਥੀਆਂ ਅਤੇ ਉਹਨਾਂ ਦੇ ਕੋਚ ਨੂੰ ਇਸ ਉਪਲਬਧੀ 'ਤੇ ਵਧਾਈ ਦਿੱਤੀ। ਇਸ ਮੌਕੇ ਜਸਵਿੰਦਰ ਸਿੰਘ, ਮੈਡਮ ਰੇਨੂੰ ਬਾਲਾ ਆਦਿ ਸਟਾਫ ਮੈਂਬਰ ਹਾਜ਼ਰ ਸਨ।

# ਕਿਰਤੀ ਕਿਸਾਨ ਯੂਨੀਅਨ ਦੀ 21 ਮੈਂਬਰੀ ਸੂਬਾ ਕਮੇਟੀ ਦੀ ਚੋਣ

**ਕਪੂਰਥਲਾ (ਮਨਜੀਤ ਮਾਨ)**- ਕਿਰਤੀ ਕਿਸਾਨ ਯੂਨੀਅਨ ਦਾ ਜ਼ਿਲੇ ਦੇ ਪਿੰਡ ਸੰਗੋਜਲਾ ਵਿਖੇ ਹੋਇਆ ਦੋ ਰੋਜ਼ਾ ਡੈਲੀਗੇਟ ਇਜਲਾਸ ਖੇਤੀ ਖੇਤਰ ਉੱਤੇ ਦੇਸੀ-ਵਿਦੇਸ਼ੀ ਕਾਰਪੋਰੇਟ ਦੇ ਹਮਲੇ ਅਤੇ ਭਾਜਪਾ ਵਲੋਂ ਲਾਗੂ ਕੀਤੇ ਜਾ ਰਹੇ ਫਾਸ਼ੀਵਾਦੀ ਤੇ ਕੇਂਦਰੀਕਰਨ ਦੇ ਏਜੰਡੇ



ਵਿਰੁੱਧ ਲਹਿਰ ਉਸਾਰਨ ਦੇ ਪ੍ਰਣ ਨਾਲ ਸਮਾਪਤ ਹੋ ਗਿਆ। ਇਸ ਦੋ ਰੋਜ਼ਾ ਇਜਲਾਸ ਵਿੱਚ ਸੂਬੇ ਦੇ 16 ਜ਼ਿਲ੍ਹਿਆਂ ਵਿੱਚੋਂ ਚੁਣੇ ਹੋਏ 336 ਡੈਲੀਗੇਟ ਸ਼ਾਮਲ ਹੋਏ ਜਿਨ੍ਹਾਂ ਨੇ ਭਰਵੇਂ ਵਿਚਾਰ ਵਟਾਂਦਰੇ ਮਗਰੋਂ ਭਵਿੱਖ ਦੇ ਮੁੱਦਿਆਂ ਦੀ ਨਿਸ਼ਾਨਦੇਹੀ ਕਰਦਿਆਂ ਜੱਥੇਬੰਦੀ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਠੋਸ ਕਾਰਜ ਉਲੀਕੇ ਹਨ। ਆਲ ਇੰਡੀਆ ਕਿਸਾਨ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਡਾ ਅਸ਼ੀਸ਼ ਮਿੱਤਲ ਕੇਂਦਰੀ ਨਿਗਰਾਨ ਵਜੋਂ ਇਜਲਾਸ ਵਿੱਚ ਸ਼ਾਮਲ ਹੋਏ। ਇਜਲਾਸ ਦੀ ਸਮੁੱਚੀ ਕਾਰਵਾਈ ਨਿਰਭੈ ਸਿੰਘ ਢੁੱਡੀਕੇ, ਸਤਬੀਰ ਸਿੰਘ ਅਤੇ ਜਤਿੰਦਰ ਸਿੰਘ ਛੀਨਾ ਦੇ ਪ੍ਰਧਾਨਗੀ ਮੰਡਲ ਵਲੋਂ ਚਲਾਈ ਗਈ। ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਅਤੇ ਰਾਮਿੰਦਰ ਸਿੰਘ ਪਟਿਆਲਾ ਨੇ ਸਰਗਰਮੀ ਦੀ ਮੁਲਾਂਕਣ ਰਿਪੋਰਟ ਪੇਸ਼ ਕੀਤੀ।ਇਜਲਾਸ ਨੇ 21 ਮੈਂਬਰੀ ਸੂਬਾ ਕਮੇਟੀ ਦੀ ਸਰਬਸੰਮਤੀ ਨਾਲ ਚੋਣ ਕੀਤੀ।ਜਿਸ ਵਿੱਚ ਸੱਤ ਅਹੁਦੇਦਾਰਾਂ ਅਧਾਰਿਤ ਸਕੱਤਰੇਤ ਸਮੇਤ ਆਲ ਇੰਡੀਆ ਕਿਸਾਨ ਮਜ਼ਦੂਰ ਸਭਾ ਦੇ 28 ਤੋਂ 30 ਸਤੰਬਰ ਨੂੰ ਹੋਣ ਵਾਲੇ ਆਲ ਇੰਡੀਆ ਇਜਲਾਸ ਵਾਸਤੇ 50 ਡੈਲੀਗੇਟ ਵੀ ਚੁਣੇ ਗਏ।ਨਵੀਂ ਚੁਣੀ ਸੂਬਾ ਕਮੇਟੀ ਨੇ ਨਿਰਭੈ ਸਿੰਘ ਢੁੱਡੀਕੇ ਅਤੇ ਰਾਜਿੰਦਰ ਸਿੰਘ ਦੀਪ ਸਿੰਘ ਵਾਲਾ ਨੂੰ ਦੁਬਾਰਾ ਫਿਰ ਸੂਬਾ ਪ੍ਰਧਾਨ ਅਤੇ ਜਨਰਲ ਸਕੱਤਰ ਚੁਣਿਆ ਹੈ। ਇਸ ਤੋਂ ਇਲਾਵਾ ਤਿੰਨ ਮੀਤ ਪ੍ਰਧਾਨ ਸਤਬੀਰ ਸਿੰਘ, ਜਤਿੰਦਰ ਸਿੰਘ ਛੀਨਾ ਅਤੇ ਹਰਮੇਸ਼ ਸਿੰਘ ਢੇਸੀ ਨੂੰ ਚੁਣਿਆ ਗਿਆ।ਜਸਵਿੰਦਰ ਸਿੰਘ ਝਬੇਲਵਾਲੀ ਨੂੰ ਸੂਬਾ ਖਜ਼ਾਨਚੀ ਅਤੇ ਰਾਮਿੰਦਰ ਸਿੰਘ ਪਟਿਆਲਾ ਨੂੰ ਮੁੜਕੇ ਸੂਬਾ ਪ੍ਰੈਸ ਸਕੱਤਰ ਚੁਣਿਆ ਗਿਆ ਹੈ।ਸੁਰਿੰਦਰ ਸਿੰਘ ਬੈਂਸ, ਸੰਤੋਖ ਸਿੰਘ ਸੰਧੂ, ਭੁਪਿੰਦਰ ਸਿੰਘ ਵੜੈਚ, ਜਰਨੈਲ ਸਿੰਘ ਜਹਾਂਗੀਰ, ਬਲਵਿੰਦਰ ਸਿੰਘ ਭੁੱਲਰ, ਤਰਸੇਮ ਸਿੰਘ ਬੰਨੇਮਲ, ਭੁਪਿੰਦਰ ਸਿੰਘ ਲੌਂਗੋਵਾਲ, ਸੁਖਦੇਵ ਸਿੰਘ ਸਹਿੰਸਰਾ, ਚਮਕੌਰ ਸਿੰਘ ਰੋਡੇ, ਸੁਖਚੈਨ ਸਿੰਘ, ਨਛੱਤਰ ਸਿੰਘ ਤਰਨਤਾਰਨ, ਬਲਜੀਤ ਸਿੰਘ ਲੰਡੇ ਰੋਡੇ ਅਤੇ ਜਗਤਾਰ ਸਿੰਘ ਭਿੰਡਰ (ਇਨਵਾਇਟੀ) ਨੂੰ ਸੂਬਾ ਕਮੇਟੀ ਮੈਂਬਰ ਚੁਣਿਆ ਗਿਆ।

# ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਮੁਲਾਜ਼ਮਾਂ ਦੀ ਤਨਖਾਹ 'ਚ ਵਾਧੇ ਦੀ ਮੰਗ

**ਫਿਲੌਰ (ਨਿਰਮਲ)**- ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਮੁਲਾਜ਼ਮਾਂ ਦੀ ਪਿਛਲੇ ਚਾਰ ਸਾਲਾਂ ਤੋਂ ਲਟਕ ਰਹੀ 20 ਫੀਸਦੀ ਤਨਖਾਹ ਵਾਧੇ ਦੀ ਮੰਗ ਸਬੰਧੀ ਬੀਤੇ ਦਿਨ ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਅਹਿਮ ਮੀਟਿੰਗ ਹੋਈ। ਵਿੱਤ ਮੰਤਰੀ ਨੇ ਸਬੰਧਤ ਵਿਭਾਗ ਨੂੰ ਦਸ ਦਿਨਾਂ ਅੰਦਰ ਮੰਗ ਲਾਗੂ ਕਰਨ ਦੀ ਸਖ਼ਤ ਹਦਾਇਤ ਦਿੱਤੀ ਹੈ।

ਯੂਨੀਅਨ ਦੇ ਸੂਬਾ ਪ੍ਰਧਾਨ ਜਸਮੇਲ ਸਿੰਘ ਦਿਓਲ ਅਤੇ ਜਨਰਲ ਸਕੱਤਰ ਗੁਰਜੰਟ ਸਿੰਘ ਖੰਨਾ ਨੇ ਦੱਸਿਆ ਕਿ ਹੁਣ ਤੱਕ ਸਿਹਤ ਮੰਤਰੀ, ਵਿੱਤ ਮੰਤਰੀ ਅਤੇ ਵਿਭਾਗੀ ਅਧਿਕਾਰੀਆਂ ਨਾਲ ਲਗਭਗ 70 ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਹਰ ਵਾਰ ਸਿਰਫ਼ ਭਰੋਸਾ ਹੀ ਦਿੱਤਾ ਗਿਆ ਹੈ।

ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਦਸ ਦਿਨਾਂ ਅੰਦਰ ਮੰਗ ਪੂਰੀ ਨਾ ਹੋਈ ਤਾਂ ਸੂਬੇ ਭਰ ਦੇ ਮੁਲਾਜ਼ਮ ਮੁਕੰਮਲ ਕੰਮ ਬੰਦ ਕਰਕੇ ਚੰਡੀਗੜ੍ਹ ਸਥਿਤ ਮੁੱਖ ਦਫ਼ਤਰ ਅੱਗੇ ਪੱਕਾ ਧਰਨਾ ਲਾਉਣਗੇ।

# ਬੂਟਿਆਂ ਦਾ ਲੰਗਰ ਲਗਾਉਣ 'ਤੇ ਪੰਜਾਬ ਮੰਡੀ ਬੋਰਡ ਕਰਮਚਾਰੀ ਯੂਨੀਅਨ ਸਨਮਾਨਤ



**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲੀ ਨੂੰ ਉਤਸ਼ਾਹਿਤ ਕਰਨ ਲਈ ਬੂਟਿਆਂ ਦਾ ਲੰਗਰ ਲਗਾਉਣ ਲਈ ਪੰਜਾਬ ਮੰਡੀ ਬੋਰਡ ਕਰਮਚਾਰੀ ਯੂਨੀਅਨ ਅਤੇ ਸੁਖਵਿੰਦਰ ਸਿੰਘ ਗਿੱਲ ਵਹੀਕਲ ਸੁਪਰਵਾਈਜ਼ਰ ਨੂੰ ਸਨਮਾਨਤ ਕੀਤਾ ਗਿਆ। ਯੂਨੀਅਨ ਅਤੇ ਸੁਖਵਿੰਦਰ ਸਿੰਘ ਗਿੱਲ ਵੱਲੋਂ ਸ. ਹਰਚੰਦ ਸਿੰਘ ਬਰਸਟ ਦੀ ਪ੍ਰੇਰਨਾ ਸਦਕਾ ਬੂਟਿਆਂ ਦਾ ਲੰਗਰ ਲਗਾ ਕੇ ਫ਼ਲਦਾਰ ਅਤੇ ਰਵਾਇਤੀ ਕਿਸਮਾਂ ਦੇ ਬੂਟੇ ਵੰਡੇ ਗਏ।ਇਸ ਮੌਕੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਵਿੱਚ ਰੁੱਖਾਂ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਬਰਸਾਤ ਦਾ ਮੌਸਮ ਬੂਟੇ ਲਗਾਉਣ ਲਈ ਸਭ ਤੋਂ ਵਧੀਆ ਸਮਾਂ ਹੁੰਦਾ ਹੈ, ਕਿਉਂਕਿ ਇਸ ਮੌਸਮ ਦੌਰਾਨ ਲਗਾਏ ਗਏ ਬੂਟੇ ਆਸਾਨੀ ਨਾਲ ਵਧਦੇ-ਫੁਲਦੇ ਹਨ। ਉਨ੍ਹਾਂ ਕਿਹਾ ਕਿ ਬੂਟੇ ਲਗਾਉਣ ਦੇ ਨਾਲ-ਨਾਲ ਉਹਨਾਂ ਦੀ ਸਾਂਭ-ਸੰਭਾਲ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਜ਼ਰੂਰੀ ਹੈ। ਬਰਸਟ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦੀਆਂ ਅਨੇਕਾਂ ਜ਼ਰੂਰਤਾਂ ਪੂਰੀਆਂ ਕਰਨ ਦੇ ਨਾਲ-ਨਾਲ ਵਾਤਾਵਰਣ ਨੂੰ ਸ਼ੁੱਧ ਰੱਖਣ ਵਿੱਚ ਵੀ ਅਹਿਮ ਯੋਗਦਾਨ ਪਾਉਂਦੇ ਹਨ। ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਹੈ।

# ਦਰਸ਼ਨ ਸਿੰਘ ਲੇਹਲ ਚੱਲ ਵਸੇ, ਸਸਕਾਰ ਅੱਜ

**ਜਲੰਧਰ (ਨ ਜ਼ ਸ)**-ਵਿਦਿਅਕ, ਧਾਰਮਿਕ ਸਮਾਜਿਕ, ਆਰਥਿਕ, ਭਾਈਚਾਰਕ ਵਿਰਾਸਤ ਦੀ ਮਜ਼ਬੂਤੀ, ਸਿੱਖਿਆ ਜਾਗਰੁਕਤਾ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਪ੍ਰਮੁੱਖ ਸੇਵਾਵਾਂ ਨਿਭਾਅ ਰਹੇ ਦਰਸ਼ਨ ਸਿੰਘ ਲੇਹਲ ਰੁਪਾਣਾ ਦੇ ਕੈਨੇਡਾ ਫੇਰੀ ਸਮੇਂ ਅਚਾਨਕ ਅਕਾਲ ਚਲਾਣਾ ਕਰ ਜਾਣ ਨਾਲ ਲੇਹਲ ਰਾਮਾ ਰੁਪਾਣਾ ਪਰਵਾਰ ਨੂੰ ਅਸਹਿ ਸਦਮਾ ਪਹੁੰਚਾ ਹੈ। ਗੁਰੂ ਹਰਿ ਰਾਇ ਖਾਲਸਾ ਸੀਨੀਅਰ ਸੈਕੰਡਰੀ



ਸਕੂਲ ਦੁਸਾਂਝ ਕਲਾਂ ਵਿੱਚ ਅਧਿਆਪਕ, ਪੰਜਾਬ ਨੈਸ਼ਨਲ ਬੈਂਕ ਵਿਚ ਸੀਨੀਅਰ ਮੈਨੇਜਰ ਅਤੇ ਦਰਬਾਰ ਬਾਬਾ ਹਾਥੀ ਰਾਮ ਜੀ ਪ੍ਰਬੰਧਕ ਕਮੇਟੀ ਗੁਣਾਚੌਰ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਚੁੱਕੇ ਦਰਸ਼ਨ ਸਿੰਘ ਲੇਹਲ ਰੁਪਾਣਾ ਕੁਝ ਸਮਾਂ ਪਹਿਲਾਂ ਹੀ ਕੈਨੇਡਾ ਵਿੱਚ ਆਪਣੇ ਬੱਚਿਆਂ ਕੋਲ ਗਏ ਸਨ। ਉਨ੍ਹਾਂ ਦਾ ਅੰਤਿਮ ਸਸਕਾਰ ਕੈਨੇਡਾ ਵਿੱਚ 21 ਅਗਸਤ ਸ਼ੁਕਰਵਾਰ ਦੁਪਹਿਰ 2.30 ਵਜੇ (ਭਾਰਤੀ ਸਮੇਂ ਮੁਤਾਬਿਕ 22 ਅਗਸਤ ਸ਼ੁੱਕਰਵਾਰ ਰਾਤ ਨੂੰ 2-30 ਵਜੇ) 1180299 ਗ੍ਰੈਂਡ ਪਰੇਅਰੀ ਏਬੀ ਵਿਖੇ ਕੀਤਾ ਜਾਵੇਗਾ। ਸਸਕਾਰ ਉਪਰੰਤ ਆਤਮਿਕ ਸ਼ਾਂਤੀ ਲਈ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 940292 ਸੀ ਐਸਟੀ ਗ੍ਰੈਂਡ ਪਰੇਅਰੀ ਏਬੀ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

ਦਰਸ਼ਨ ਸਿੰਘ ਲੇਹਲ ਰੁਪਾਣਾ ਦੇ ਅਚਾਨਕ ਅਕਾਲ ਚਲਾਣੇ ਤੇ ਦੇਸ਼ ਵਿਦੇਸ਼ ਦੀਆਂ ਵੱਖ ਵੱਖ ਧਾਰਮਿਕ ਸਮਾਜਿਕ ਸੱਭਿਆਚਾਰਕ ਰਾਜਨੀਤਕ ਸ਼ਖ਼ਸੀਅਤਾਂ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਦਰਸ਼ਨ ਸਿੰਘ ਲੇਹਲ ਨੇ ਸਮੁੱਚੀ ਜ਼ਿੰਦਗੀ ਕਿਰਤੀਆਂ, ਮੁਲਾਜ਼ਮਾਂ, ਦੇ ਹੱਕਾਂ ਲਈ ਸੰਘਰਸ਼ ਕੀਤਾ ਹੈ।




